ਮੰਗਲਵਾਰ, 28 ਅਪ੍ਰੈਲ, 2026
15 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 327

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 28 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਚੱਢਾ ਐਂਡ ਕੰਪਨੀ ਦੇ ਭਾਜਪਾ 'ਚ ਰਲੇਵੇਂ ਨੂੰ ਮਨਜ਼ੂਰੀ



**ਨਵੀਂ ਦਿੱਲੀ** : ਰਾਜ ਸਭਾ ਦੇ ਚੇਅਰਮੈਨ ਸੀ ਪੀ ਰਾਧਾਕ੍ਰਿਸ਼ਨਨ ਨੇ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਰਲੇਵੇਂ ਨੂੰ ਅਧਿਕਾਰਤ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਹੈ। ਇਸ ਫੈਸਲੇ ਨਾਲ ਰਾਜ ਸਭਾ ਵਿੱਚ 'ਆਪ' ਮੈਂਬਰਾਂ ਦੀ ਗਿਣਤੀ 10 ਤੋਂ ਘਟ ਕੇ ਸਿਰਫ 3 ਰਹਿ ਗਈ ਹੈ, ਜਦੋਂਕਿ ਭਾਜਪਾ ਦੀ ਤਾਕਤ 106 ਤੋਂ ਵਧ ਕੇ 113 ਹੋ ਗਈ ਹੈ।

ਰਾਜ ਸਭਾ ਦੀ ਵੈੱਬਸਾਈਟ ਅਨੁਸਾਰ ਹੁਣ ਸਦਨ ਵਿੱਚ ਸੱਤਾਧਾਰੀ ਐੱਨ ਡੀ ਏ ਦੀ ਕੁੱਲ ਗਿਣਤੀ 141 ਤੋਂ ਵਧ ਕੇ 148 ਹੋ ਗਈ ਹੈ। ਭਾਜਪਾ ਹੁਣ ਉਪਰਲੇ ਸਦਨ ਵਿੱਚ 123 ਦੇ ਬਹੁਮਤ ਦੇ ਅੰਕੜੇ ਦੇ ਬਹੁਤ ਨੇੜੇ ਪਹੁੰਚ ਗਈ ਹੈ। ਸੂਤਰਾਂ ਅਨੁਸਾਰ ਚੇਅਰਮੈਨ ਨੇ ਇਹ ਫੈਸਲਾ ਸੰਵਿਧਾਨ ਦੀ ਦਸਵੀਂ ਅਨੁਸੂਚੀ (ਦਲ-ਬਦਲੀ ਵਿਰੋਧੀ ਕਾਨੂੰਨ) ਤਹਿਤ ਲਿਆ ਹੈ, ਜੋ ਕਿ ਦੋ-ਤਿਹਾਈ ਮੈਂਬਰਾਂ ਦੇ ਇਕੱਠੇ ਜਾਣ 'ਤੇ ਰਲੇਵੇਂ ਦੀ ਇਜਾਜ਼ਤ ਦਿੰਦੀ ਹੈ। ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸੱਤ ਸਾਂਸਦਾਂ ਵਿੱਚ ਰਾਘਵ ਚੱਢਾ, ਸੰਦੀਪ ਪਾਠਕ, ਸਵਾਤੀ ਮਾਲੀਵਾਲ, ਹਰਭਜਨ ਸਿੰਘ, ਵਿਕਰਮਜੀਤ ਸਿੰਘ ਸਾਹਨੀ, ਅਸ਼ੋਕ ਮਿੱਤਲ ਅਤੇ ਰਾਜਿੰਦਰ ਗੁਪਤਾ ਸ਼ਾਮਲ ਹਨ। ਇਹ ਸਾਰੇ ਮੈਂਬਰ 'ਆਪ' ਦੀ ਰਾਜ ਸਭਾ ਇਕਾਈ ਦੀ ਕੁੱਲ ਤਾਕਤ ਦਾ ਦੋ-ਤਿਹਾਈ ਹਿੱਸਾ ਬਣਦੇ ਹਨ, ਜਿਸ ਕਾਰਨ ਇਨ੍ਹਾਂ ਦੀ ਮੈਂਬਰਸ਼ਿਪ ਰੱਦ ਹੋਣ ਤੋਂ ਬਚ ਗਈ ਹੈ।

ਦੂਜੇ ਪਾਸੇ, ਆਮ ਆਦਮੀ ਪਾਰਟੀ ਨੇ ਇਸ ਫੈਸਲੇ ਦਾ ਸਖਤ ਵਿਰੋਧ ਕੀਤਾ ਹੈ। ਪਾਰਟੀ ਨੇ ਚੇਅਰਮੈਨ ਨੂੰ ਪੱਤਰ ਲਿਖ ਕੇ ਇਨ੍ਹਾਂ ਮੈਂਬਰਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਕੀਤੀ ਸੀ। 'ਆਪ' ਨੇ ਕਪਿਲ ਸਿੱਬਲ ਵਰਗੇ ਕਾਨੂੰਨੀ ਮਾਹਰਾਂ ਦਾ ਹਵਾਲਾ ਦਿੰਦਿਆਂ ਤਰਕ ਦਿੱਤਾ ਕਿ ਵਿਧਾਇਕ ਜਾਂ ਸੰਸਦੀ ਦਲ ਦੇ ਰਲੇਵੇਂ ਤੋਂ ਪਹਿਲਾਂ ਸੰਬੰਧਤ ਸਿਆਸੀ ਪਾਰਟੀਆਂ ਦਾ ਆਪਸ ਵਿੱਚ ਰਲੇਵਾਂ ਹੋਣਾ ਜ਼ਰੂਰੀ ਹੈ।

ਹਾਲਾਂਕਿ, ਮਾਹਰ ਮਹਾਰਾਸ਼ਟਰ ਵਿੱਚ ਸ਼ਿਵ ਸੈਨਾ (ਸ਼ਿੰਦੇ ਧੜਾ) ਅਤੇ ਐੱਨ ਸੀ ਪੀ (ਅਜੀਤ ਪਵਾਰ ਧੜਾ) ਦੀ ਮਿਸਾਲ ਦੇ ਰਹੇ ਹਨ, ਜਿੱਥੇ ਦੋ-ਤਿਹਾਈ ਬਹੁਮਤ ਦੇ ਅਧਾਰ 'ਤੇ ਵੱਖ ਹੋਏ ਧੜਿਆਂ ਨੂੰ ਹੀ ਅਸਲੀ ਪਾਰਟੀ ਵਜੋਂ ਮਾਨਤਾ ਮਿਲੀ ਸੀ। ਇਸ ਘਟਨਾਕ੍ਰਮ ਨੇ ਪੰਜਾਬ ਅਤੇ ਦਿੱਲੀ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ।

## ਜੰਗ ਖਤਮ ਹੋਣ ਦੇ ਆਸਾਰ !

**ਤਹਿਰਾਨ** : ਈਰਾਨ ਅਤੇ ਅਮਰੀਕਾ-ਇਜ਼ਰਾਈਲ ਵਿਚਾਲੇ ਚੱਲ ਰਹੀ ਭਿਆਨਕ ਜੰਗ ਨੂੰ ਖਤਮ ਕਰਨ ਲਈ ਇੱਕ ਵੱਡੀ ਉਮੀਦ ਦੀ ਕਿਰਨ ਦਿਖਾਈ ਦਿੱਤੀ ਹੈ। ਰਿਪੋਰਟਾਂ ਮੁਤਾਬਕ ਈਰਾਨ ਨੇ ਪਾਕਿਸਤਾਨੀ ਵਿਚੋਲਿਆਂ ਰਾਹੀਂ ਅਮਰੀਕਾ ਨੂੰ ਇੱਕ ਨਵੀਂ 'ਸ਼ਾਂਤੀ ਪੇਸ਼ਕਸ਼' ਭੇਜੀ ਹੈ। ਇਸ ਤਜਵੀਜ਼ ਵਿੱਚ ਈਰਾਨ ਨੇ ਤੇਲ ਦੀ ਸਪਲਾਈ ਲਈ ਅਹਿਮ ਮੰਨੇ ਜਾਂਦੇ ਹਾਰਮੁਜ਼ ਜਲਡਮਰੂ ਨੂੰ ਮੁੜ ਖੋਲ੍ਹਣ ਅਤੇ ਜੰਗ ਨੂੰ ਪੂਰੀ ਤਰ੍ਹਾਂ ਖਤਮ ਕਰਨ ਦੀ ਗੱਲ ਕਹੀ ਹੈ।

ਇੱਕ ਰਿਪੋਰਟ ਮੁਤਾਬਕ ਈਰਾਨ ਨੇ ਸੁਝਾਅ ਦਿੱਤਾ ਹੈ ਕਿ ਵਿਵਾਦਤ ਪ੍ਰਮਾਣੂ ਵਾਰਤਾ ਨੂੰ ਫਿਲਹਾਲ ਬਾਅਦ ਵਾਲੇ ਪੜਾਅ ਲਈ ਮੁਲਤਵੀ ਕਰ ਦਿੱਤਾ ਜਾਵੇ, ਤਾਂ ਜੋ ਤੁਰੰਤ ਸ਼ਾਂਤੀ ਬਹਾਲ ਹੋ ਸਕੇ। ਈਰਾਨ ਲੰਮੇ ਸਮੇਂ ਤੋਂ ਯੂਰੇਨੀਅਮ ਨੂੰ ਭਰਪੂਰ ਕਰਨ ਦੇ ਆਪਣੇ ਅਧਿਕਾਰ ਨੂੰ ਮਾਨਤਾ ਦੇਣ ਦੀ ਮੰਗ ਕਰ ਰਿਹਾ ਹੈ। ਜਿੱਥੇ ਈਰਾਨ ਇਸ ਨੂੰ ਸ਼ਾਂਤਮਈ ਉਦੇਸ਼ਾਂ ਲਈ ਦੱਸਦਾ ਹੈ, ਉੱਥੇ ਹੀ ਪੱਛਮੀ ਦੇਸ਼ਾਂ ਨੂੰ ਖਦਸ਼ਾ ਹੈ ਕਿ ਈਰਾਨ ਪ੍ਰਮਾਣੂ ਹਥਿਆਰ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।

ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਆਪਣੇ ਹਾਲੀਆ ਇਸਲਾਮਾਬਾਦ ਦੌਰੇ ਨੂੰ ਬਹੁਤ ਸਾਰਥਕ ਅਤੇ ਸਫਲ ਦੱਸਿਆ ਹੈ। ਸੋਮਵਾਰ ਸਵੇਰੇ ਰੂਸ ਦੇ ਸ਼ਹਿਰ ਸੇਂਟ ਪੀਟਰਸਬਰਗ ਪਹੁੰਚਣ 'ਤੇ ਉਨ੍ਹਾ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਕਿਸਤਾਨ ਦੀ ਉੱਚ ਲੀਡਰਸ਼ਿਪ ਨਾਲ ਉਨ੍ਹਾ ਦਾ ਸਲਾਹ-ਮਸ਼ਵਰਾ ਬਹੁਤ ਵਧੀਆ ਰਿਹਾ। ਇਸ ਦੌਰੇ ਦਾ ਮੁੱਖ ਕੇਂਦਰ ਬਿੰਦੂ ਈਰਾਨ ਅਤੇ ਅਮਰੀਕਾ ਦਰਮਿਆਨ ਚੱਲ ਰਹੀ ਜੰਗ ਨੂੰ ਖਤਮ ਕਰਨ ਲਈ ਗੱਲਬਾਤ ਦੀ ਸੰਭਾਵਨਾ ਸੀ। ਅਰਾਗਚੀ ਨੇ ਦੱਸਿਆ ਕਿ ਪਾਕਿਸਤਾਨੀ ਆਗੂਆਂ ਨਾਲ ਹੋਈਆਂ ਬੈਠਕਾਂ ਦੌਰਾਨ ਖੇਤਰੀ ਸੁਰੱਖਿਆ ਅਤੇ ਅਮਰੀਕਾ ਨਾਲ ਹੋਣ ਵਾਲੇ ਦੂਜੇ ਦੌਰ ਦੀ ਗੱਲਬਾਤ ਦੇ ਏਜੰਡੇ 'ਤੇ ਗੰਭੀਰ ਚਰਚਾ ਕੀਤੀ ਗਈ। ਉਨ੍ਹਾ ਖਾਸ ਤੌਰ 'ਤੇ ਇਸ ਗੱਲ ਦਾ ਜ਼ਿਕਰ ਕੀਤਾ ਕਿ ਦੋਵਾਂ ਦੇਸ਼ਾਂ ਦੇ ਆਗੂਆਂ ਨੇ ਇਸ ਗੱਲ 'ਤੇ ਵਿਚਾਰ-ਵਟਾਂਦਰਾ ਕੀਤਾ ਕਿ ਗੱਲਬਾਤ ਕਿਸ ਦਿਸ਼ਾ ਵਿੱਚ ਅਤੇ ਕਿਹੜੀਆਂ ਸ਼ਰਤਾਂ ਅਧੀਨ ਅੱਗੇ ਵਧ ਸਕਦੀ ਹੈ। ਇਹ ਵਿਚਾਰ-ਵਟਾਂਦਰਾ ਅਜਿਹੇ ਸਮੇਂ ਹੋਇਆ ਹੈ, ਜਦੋਂ ਈਰਾਨ ਅਤੇ ਅਮਰੀਕਾ ਵਿਚਕਾਰ ਤਣਾਅ ਨੂੰ ਘੱਟ ਕਰਨ ਲਈ ਕੂਟਨੀਤਕ ਰਸਤੇ ਲੱਭੇ ਜਾ ਰਹੇ ਹਨ। ਇਸੇ ਦੌਰਾਨ ਏਸ਼ੀਆਈ ਬਾਜ਼ਾਰਾਂ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਲਗਾਤਾਰ ਦਾ ਉਛਾਲ ਦੇਖਿਆ ਗਿਆ। ਅਮਰੀਕੀ ਸਟਾਕ ਫਿਊਚਰਜ਼ ਵਿੱਚ ਨਿਰਾਸ਼ਾਜਨਕ ਗਿਰਾਵਟ ਦੇਖਣ ਨੂੰ ਮਿਲੀ।

## ਮੈਂ ਬਲਾਤਕਾਰੀ ਨਹੀਂ : ਟਰੰਪ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਕਰਸਪੌਂਡੈਂਟਸ ਐਸੋਸੀਏਸ਼ਨ ਦੇ ਰਾਤ ਦੇ ਖਾਣੇ ਦੌਰਾਨ ਹੋਈ ਗੋਲੀਬਾਰੀ ਤੋਂ ਬਾਅਦ ਪਹਿਲੀ ਵਾਰ ਆਪਣੀ ਚੁੱਪ ਤੋੜੀ ਹੈ। ਸੀ ਬੀ ਐੱਸ ਦੇ '60 ਮਿਨਿਟਸ' ਨੂੰ ਦਿੱਤੇ ਇੱਕ ਤਿੱਖੇ ਇੰਟਰਵਿਊ ਵਿੱਚ ਟਰੰਪ ਨੇ ਉਸ ਰਾਤ ਦੇ ਖੌਫਨਾਕ ਮੰਜ਼ਰ ਅਤੇ ਹਮਲਾਵਰ ਦੇ ਮੈਨੀਫੈਸਟੋ ਵਿੱਚ ਆਪਣੇ ਖਿਲਾਫ ਲਗਾਏ ਗਏ ਇਲਜ਼ਾਮਾਂ 'ਤੇ ਸਖਤ ਪ੍ਰਤੀਕਿਰਿਆ ਦਿੱਤੀ। ਟਰੰਪ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ, 'ਮੈਂ ਕੋਈ ਬਲਾਤਕਾਰੀ ਜਾਂ ਪੈਡੋਫਾਈਲ (ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਨ ਵਾਲਾ) ਨਹੀਂ ਹਾਂ। ਇਹ ਇੱਕ ਬਿਮਾਰ ਮਾਨਸਿਕਤਾ ਵਾਲੇ ਵਿਅਕਤੀ ਦੀਆਂ ਲਿਖਤਾਂ ਹਨ।'

ਜ਼ਿਕਰਯੋਗ ਹੈ ਕਿ ਵਾਸ਼ਿੰਗਟਨ ਹਿਲਟਨ ਹੋਟਲ ਵਿੱਚ ਚੱਲ ਰਹੇ ਸਾਲਾਨਾ ਡਿਨਰ ਦੌਰਾਨ ਇੱਕ ਬੰਦੂਕਧਾਰੀ ਨੇ ਗੋਲੀਆਂ ਚਲਾ ਦਿੱਤੀਆਂ ਸਨ, ਜਿਸ ਤੋਂ ਬਾਅਦ ਸੀਕਰੇਟ ਸਰਵਿਸ ਦੇ ਏਜੰਟਾਂ ਨੇ ਰਾਸ਼ਟਰਪਤੀ ਨੂੰ ਤੁਰੰਤ ਸਟੇਜ ਤੋਂ ਹਟਾ ਕੇ ਸੁਰੱਖਿਅਤ ਥਾਂ 'ਤੇ ਪਹੁੰਚਾਇਆ ਸੀ। ਟਰੰਪ ਨੇ ਦੱਸਿਆ ਕਿ ਜਦੋਂ ਗੋਲੀਆਂ ਚੱਲੀਆਂ ਤਾਂ ਉਹ ਘਬਰਾਏ ਨਹੀਂ ਸਨ। ਉਨ੍ਹਾ ਮੰਨਿਆ ਕਿ ਉਨ੍ਹਾ ਦੀ ਇਸ ਜ਼ਿੱਦ ਕਾਰਨ ਸੁਰੱਖਿਆ ਏਜੰਟਾਂ ਨੂੰ ਮੁਸ਼ਕਲ ਪੇਸ਼ ਆਈ। ਰਾਸ਼ਟਰਪਤੀ ਨੇ ਕਿਹਾ, 'ਮੈਂ ਉਨ੍ਹਾਂ ਲਈ ਕੰਮ ਆਸਾਨ ਨਹੀਂ ਕਰ ਰਿਹਾ ਸੀ। ਏਜੰਟ ਵਾਰ-ਵਾਰ ਮੈਨੂੰ ਜ਼ਮੀਨ 'ਤੇ ਲੇਟਣ ਲਈ ਕਹਿ ਰਹੇ ਸਨ। ਅਖੀਰ ਮੈਂ ਅਤੇ ਫਸਟ ਲੇਡੀ ਹੇਠਾਂ ਬੈਠ ਗਏ ਅਤੇ ਉਹ ਸਾਨੂੰ ਬਾਹਰ ਲੈ ਗਏ।'

ਇੰਟਰਵਿਊ ਦੌਰਾਨ ਜਦੋਂ ਹਮਲਾਵਰ ਦੇ ਮੈਨੀਫੈਸਟੋ (ਘੋਸ਼ਣਾ ਪੱਤਰ) ਦਾ ਹਵਾਲਾ ਦਿੱਤਾ ਗਿਆ, ਤਾਂ ਟਰੰਪ ਮੀਡੀਆ 'ਤੇ ਬੁਰੀ ਤਰ੍ਹਾਂ ਭੜਕ ਗਏ। ਉਨ੍ਹਾ ਪੱਤਰਕਾਰ ਨੂੰ 'ਘਿਣਾਉਣੇ ਲੋਕ' ਕਹਿੰਦਿਆਂ ਕਿਹਾ ਕਿ ਅਜਿਹੇ ਇਲਜ਼ਾਮਾਂ ਨੂੰ ਕੌਮੀ ਟੈਲੀਵਿਜ਼ਨ 'ਤੇ ਪੜ੍ਹਨਾ ਸ਼ਰਮਨਾਕ ਹੈ। ਟਰੰਪ ਨੇ ਕਿਹਾ, 'ਮੈਨੂੰ ਪਤਾ ਸੀ ਕਿ ਤੁਸੀਂ ਇਹ ਪੜ੍ਹੋਗੇ, ਕਿਉਂਕਿ ਤੁਸੀਂ ਲੋਕ ਘਟੀਆ ਹੋ। ਮੈਂ ਉਹ ਮੈਨੀਫੈਸਟੋ ਪੜ੍ਹਿਆ ਹੈ, ਉਹ ਬੰਦਾ ਮਾਨਸਿਕ ਰੋਗੀ ਹੈ। ਮੇਰਾ ਉਨ੍ਹਾਂ ਗੱਲਾਂ ਨਾਲ ਕੋਈ ਲੈਣਾ-ਦੇਣਾ ਨਹੀਂ ਅਤੇ ਮੈਂ ਸਾਰੇ ਮਾਮਲਿਆਂ ਵਿੱਚੋਂ ਬਰੀ ਹੋ ਚੁੱਕਾ ਹਾਂ।'

ਰਾਸ਼ਟਰਪਤੀ ਨੇ ਵ੍ਹਾਈਟ ਹਾਊਸ ਕਰਸਪੌਂਡੈਂਟਸ ਐਸੋਸੀਏਸ਼ਨ ਨੂੰ ਅਪੀਲ ਕੀਤੀ ਹੈ ਕਿ ਇਸ ਪ੍ਰੋਗਰਾਮ ਨੂੰ ਰੱਦ ਨਾ ਕੀਤਾ ਜਾਵੇ, ਸਗੋਂ ਅਗਲੇ 30 ਦਿਨਾਂ ਦੇ ਅੰਦਰ ਮੁੜ ਕਰਵਾਇਆ ਜਾਵੇ। ਉਨ੍ਹਾ ਕਿਹਾ ਕਿ ਕਿਸੇ ਇੱਕ ਸਿਰਫਿਰੇ ਵਿਅਕਤੀ ਕਾਰਨ ਅਜਿਹੇ ਵੱਡੇ ਸਮਾਗਮ ਰੁਕਣੇ ਨਹੀਂ ਚਾਹੀਦੇ। ਹਾਲਾਂਕਿ, ਉਨ੍ਹਾ ਆਪਣੇ ਅੰਦਾਜ਼ ਵਿੱਚ ਇਹ ਵੀ ਜੋੜਿਆ ਕਿ ਉਹ ਬਹੁਤ ਰੁੱਝੇ ਹੋਏ ਹਨ ਅਤੇ ਉਨ੍ਹਾ ਨੂੰ ਉੱਥੇ ਜਾਣ ਦੀ ਕੋਈ ਖਾਸ ਲੋੜ ਨਹੀਂ ਹੈ।

## ਪਹਿਲੀ ਤੋਂ ਬਾਅਦ ਬਿਜਲੀ ਕੱਟ ਨਹੀਂ ਲੱਗੇਗਾ : ਸੰਜੀਵ ਅਰੋੜਾ

**ਚੰਡੀਗੜ੍ਹ** : ਪੰਜਾਬ ਵਿੱਚ ਪਿਛਲੇ ਕੁਝ ਦਿਨਾਂ ਤੋਂ ਲੱਗ ਰਹੇ ਬਿਜਲੀ ਕੱਟਾਂ ਬਾਰੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਸੋਮਵਾਰ ਸਪੱਸ਼ਟ ਕੀਤਾ ਕਿ ਇਕ ਮਈ ਤੋਂ ਬਾਅਦ ਸੂਬੇ ਵਿੱਚ ਕੋਈ ਵੀ ਬਿਜਲੀ ਕੱਟ ਨਹੀਂ ਲੱਗੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਰੋੜਾ ਨੇ ਕਿਹਾ ਕਿ ਪੰਜਾਬ ਸਣੇ ਦੇਸ਼ ਭਰ ਵਿੱਚ ਅਪਰੈਲ ਮਹੀਨੇ ਵਿੱਚ ਪੈ ਰਹੀ ਭਾਰੀ ਗਰਮੀ ਕਰਕੇ ਬਿਜਲੀ ਦੀ ਮੰਗ ਇੱਕਦਮ ਵਧ ਗਈ, ਜਿਸ ਕਾਰਨ ਕਈ ਥਾਵਾਂ 'ਤੇ ਬਿਜਲੀ ਦੇ ਕੱਟ ਲੱਗੇ ਹਨ। ਇਸ ਵਾਰ ਅਪਰੈਲ ਮਹੀਨੇ ਵਿੱਚ ਹੀ ਬਿਜਲੀ ਦੀ ਮੰਗ 12 ਹਜ਼ਾਰ ਮੈਗਾਵਾਟ ਤੋਂ ਟੱਪ ਗਈ ਸੀ, ਜੋ ਕਿ ਅੱਜ ਤੱਕ ਕਦੇ ਵੀ ਨਹੀਂ ਹੋਈ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਬਿਜਲੀ ਵਿਭਾਗ ਵੱਲੋਂ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ ਸਾਰੀਆਂ ਤਿਆਰੀਆਂ ਕੀਤੀਆਂ ਗਈਆਂ ਹਨ। ਇਸੇ ਲਈ ਇੱਕ ਮਈ ਤੋਂ ਬਾਅਦ ਸੂਬੇ ਵਿੱਚ ਕੋਈ ਵੀ ਬਿਜਲੀ ਕੱਟ ਨਹੀਂ ਲੱਗਣ ਦਿੱਤਾ ਜਾਵੇਗਾ।

ਅਰੋੜਾ ਨੇ ਕਿਹਾ ਕਿ ਸੂਬੇ ਵਿੱਚ ਬਿਜਲੀ ਦੀ ਮੰਗ ਨੂੰ ਕੰਟਰੋਲ ਕਰਨ ਲਈ ਸਨਅਤੀ ਖੇਤਰ ਨੂੰ ਰਾਤ ਸਮੇਂ ਖੁੱਲ੍ਹੇ ਬਾਜ਼ਾਰ ਵਿੱਚੋਂ ਬਿਜਲੀ ਖਰੀਦਣ ਦੀ ਛੋਟ ਦਿੱਤੀ ਗਈ ਹੈ। ਇਸ ਦੌਰਾਨ ਸਰਕਾਰ ਵੱਲੋਂ ਕੋਈ ਵੀ ਵਾਧੂ ਚਾਰਜ ਨਹੀਂ ਵਸੂਲਿਆ ਜਾਵੇਗਾ। ਅਰੋੜਾ ਨੇ ਕਿਹਾ ਕਿ ਪੰਜਾਬ ਦੇ ਸਨਅਤਕਾਰ ਸ਼ਾਮ 6 ਵਜੇ ਤੋਂ ਸਵੇਰੇ 6 ਵਜੇ ਤੱਕ ਖੁੱਲ੍ਹੇ ਬਾਜ਼ਾਰ ਵਿੱਚੋਂ ਆਪਣੀ ਮਰਜ਼ੀ ਅਨੁਸਾਰ ਬਿਜਲੀ ਦੀ ਖਰੀਦ ਕਰ ਸਕਦੇ ਹਨ।

## ਮੋਦੀ ਨੇ ਕਾਲੀ ਮਾਤਾ ਦਾ ਸਹਾਰਾ ਲਿਆ

**ਕੋਲਕਾਤਾ** : ਪੱਛਮੀ ਬੰਗਾਲ 'ਚ ਚੋਣ ਪ੍ਰਚਾਰ ਸੋਮਵਾਰ ਖਤਮ ਹੋਣ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੋਟਰਾਂ ਨੂੰ ਇੱਕ ਖੁੱਲ੍ਹੇ ਪੱਤਰ ਵਿੱਚ ਇੱਕ ਅਧਿਆਤਮਕ ਭਾਸ਼ਣ ਦਿੱਤਾ। ਅਮਿਤ ਸ਼ਾਹ ਨੇ ਮੌਜੂਦਾ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਕੇਂਦਰੀ ਬਲਾਂ ਨਾਲ ਜੁੜੀ ਚੇਤਾਵਨੀ ਜਾਰੀ ਕੀਤੀ।

ਸੋਸ਼ਲ ਮੀਡੀਆ 'ਤੇ ਪ੍ਰਕਾਸ਼ਤ ਆਪਣੇ ਖੁੱਲ੍ਹੇ ਪੱਤਰ ਵਿੱਚ, ਮੋਦੀ ਨੇ ਹਿੰਦੂ ਦੇਵੀ ਕਾਲੀ ਨੂੰ ਪ੍ਰਾਰਥਨਾ ਕੀਤੀ, ਜਿਸ ਨੇ ਉਨ੍ਹਾ ਨੂੰ 'ਨਵੀਂ ਊਰਜਾ' ਨਾਲ ਭਰ ਦਿੱਤਾ। ਉਨ੍ਹਾ ਬੰਗਾਲ ਚੋਣ ਪ੍ਰਚਾਰ ਦੀ ਤੁਲਨਾ ਤੀਰਥ ਯਾਤਰਾ ਨਾਲ ਵੀ ਕੀਤੀ।

ਉਨ੍ਹਾ ਕਿਹਾ, 'ਇਸ ਚੋਣ ਦੌਰਾਨ ਮੈਂ ਬੰਗਾਲ ਵਿੱਚ ਇੱਕ ਵਿਲੱਖਣ ਊਰਜਾ ਦਾ ਅਨੁਭਵ ਕੀਤਾ ਹੈ। ਤੇਜ਼ ਗਰਮੀ ਅਤੇ ਏਨੀਆਂ ਰੈਲੀਆਂ ਤੋਂ ਬਾਅਦ ਮੈਨੂੰ ਇਸ ਬੰਗਾਲ ਚੋਣ ਵਿੱਚ ਥੋੜ੍ਹੀ ਜਿਹੀ ਵੀ ਥਕਾਵਟ ਮਹਿਸੂਸ ਨਹੀਂ ਹੋਈ। ਇਹ ਰੈਲੀਆਂ ਅਤੇ ਰੋਡ ਸ਼ੋਅ ਮੇਰੇ ਲਈ ਇੱਕ ਤੀਰਥ ਯਾਤਰਾ ਵਾਂਗ ਸਨ। ਜਦੋਂ ਮੈਂ ਮਾਂ ਕਾਲੀ ਦੇ ਭਗਤਾਂ ਵਿੱਚ ਗਿਆ, ਤਾਂ ਸ਼ਾਇਦ ਮਾਂ ਕਾਲੀ ਖੁਦ ਮੈਨੂੰ ਲਗਾਤਾਰ ਨਵੀਂ ਊਰਜਾ ਨਾਲ ਭਰ ਰਹੀ ਸੀ।' ਉਨ੍ਹਾ ਅੱਗੇ ਕਿਹਾ, 'ਮੈਂ ਇਹ ਵੀ ਦੇਖਿਆ ਕਿ ਹਰ ਕੋਈ—ਚਾਹੇ ਉਹ ਬੰਗਾਲ ਦੇ ਨੌਜਵਾਨ, ਔਰਤਾਂ, ਕਿਸਾਨ ਜਾਂ ਮਜ਼ਦੂਰ ਹੋਣ, ਇੱਕ ਵਿਕਸਤ ਬੰਗਾਲ ਲਈ ਕਿੰਨਾ ਬੇਸਬਰ ਹੈ। ਬੰਗਾਲ ਦੇ ਨੌਜਵਾਨ ਹੁਣ ਅੱਗੇ ਵਧਣ ਲਈ ਇੱਕ ਖੁੱਲ੍ਹਾ ਮੈਦਾਨ ਚਾਹੁੰਦੇ ਹਨ। ਧੀਆਂ ਇੱਕ ਖੁੱਲ੍ਹਾ ਅਸਮਾਨ ਅਤੇ ਸੁਰੱਖਿਆ ਚਾਹੁੰਦੀਆਂ ਹਨ। ਬੰਗਾਲ ਦਾ ਹਰ ਨਾਗਰਿਕ ਅਤੇ ਹਰ ਪਰਵਾਰ ਇੱਕ ਹੀ ਇਰਾਦੇ ਨਾਲ ਅੱਗੇ ਵਧ ਰਿਹਾ ਹੈ, ਹੁਣ ਬਦਲਾਅ ਦਾ ਸਮਾਂ ਹੈ। ਡਰ ਬਹੁਤ ਹੋ ਗਿਆ, ਹੁਣ ਸਾਨੂੰ ਵਿਸ਼ਵਾਸ ਦੀ ਲੋੜ ਹੈ, ਹੁਣ ਸਾਨੂੰ ਭਾਜਪਾ ਦੀ ਲੋੜ ਹੈ।'

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਵਿਧਾਨ ਸਭਾ ਚੋਣਾਂ ਲਈ ਰਾਜ ਵਿੱਚ ਤਾਇਨਾਤ ਕੇਂਦਰੀ ਬਲ ਚੋਣਾਂ ਤੋਂ ਬਾਅਦ ਘੱਟੋ-ਘੱਟ 60 ਦਿਨਾਂ ਤੱਕ ਉੱਥੇ ਰਹਿਣਗੇ, ਭਾਵੇਂ ਭਾਜਪਾ ਸੱਤਾ ਵਿੱਚ ਆ ਜਾਵੇ।

ਇੱਕ ਰੋਡ ਸ਼ੋਅ ਦੀ ਅਗਵਾਈ ਕਰਨ ਤੋਂ ਬਾਅਦ ਬੇਹਾਲਾ ਵਿੱਚ ਇੱਕ ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼ਾਹ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਵੋਟਾਂ ਪਾਉਣ ਅਤੇ ਦੀਦੀ ਦੇ 'ਗੁੰਡਿਆਂ' ਬਾਰੇ ਚਿੰਤਾ ਨਾ ਕਰਨ।

## ਭੁੱਲਰ ਤੇ ਸੰਗੀਆਂ 'ਤੇ ਈ ਡੀ ਦੇ ਛਾਪੇ

**ਚੰਡੀਗੜ੍ਹ** : ਈ ਡੀ ਨੇ ਸੋਮਵਾਰ ਪੰਜਾਬ ਪੁਲਸ ਦੇ ਸਾਬਕਾ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਵਿਰੁੱਧ ਦਰਜ ਮਨੀ ਲਾਂਡਰਿੰਗ ਦੇ ਮਾਮਲੇ ਵਿੱਚ ਵੱਡੀ ਕਾਰਵਾਈ ਕਰਦਿਆਂ ਪੰਜਾਬ ਅਤੇ ਚੰਡੀਗੜ੍ਹ ਵਿੱਚ ਸਥਿਤ ਉਸ ਦੇ 11 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਇਹ ਕਾਰਵਾਈ ਪ੍ਰੀਵੈਂਸ਼ਨ ਆਫ ਮਨੀ ਲਾਂਡਰਿੰਗ ਐਕਟ (ਪੀ ਐੱਮ ਐੱਲ ਏ) ਤਹਿਤ ਕੀਤੀ ਗਈ, ਜਿਸ ਵਿੱਚ ਭੁੱਲਰ ਦੇ ਨਜ਼ਦੀਕੀਆਂ ਅਤੇ ਕਥਿਤ ਤੌਰ 'ਤੇ ਬੇਨਾਮੀ ਜਾਇਦਾਦ ਰੱਖਣ ਵਾਲੇ ਵਿਅਕਤੀਆਂ ਦੇ ਟਿਕਾਣੇ ਵੀ ਸ਼ਾਮਲ ਹਨ।

ਈ ਡੀ ਦੀਆਂ ਟੀਮਾਂ ਨੇ ਸਵੇਰੇ ਇੱਕੋ ਵੇਲੇ ਚੰਡੀਗੜ੍ਹ, ਲੁਧਿਆਣਾ, ਪਟਿਆਲਾ, ਨਾਭਾ ਅਤੇ ਜਲੰਧਰ ਵਿੱਚ ਦਸਤਕ ਦਿੱਤੀ। ਜਾਂਚ ਦਾ ਮੁੱਖ ਮਕਸਦ ਭੁੱਲਰ ਵੱਲੋਂ ਕਥਿਤ ਤੌਰ 'ਤੇ ਇਕੱਠੀ ਕੀਤੀ ਗਈ ਆਮਦਨ ਦੇ ਸਰੋਤਾਂ ਤੋਂ ਵੱਧ ਜਾਇਦਾਦ ਅਤੇ ਰਿਸ਼ਵਤਖੋਰੀ ਰਾਹੀਂ ਕਮਾਏ ਗਏ ਪੈਸੇ ਦੀ ਤਲਾਸ਼ ਕਰਨਾ ਹੈ।

ਦੱਸਿਆ ਜਾ ਰਿਹਾ ਹੈ ਕਿ ਛਾਪੇਮਾਰੀ ਦੌਰਾਨ ਕਈ ਅਹਿਮ ਦਸਤਾਵੇਜ਼ ਅਤੇ ਡਿਜੀਟਲ ਸਬੂਤ ਕਬਜ਼ੇ ਵਿੱਚ ਲਏ ਗਏ ਹਨ। ਇਹ ਮਾਮਲਾ ਸੀ ਬੀ ਆਈ ਵੱਲੋਂ ਭੁੱਲਰ ਵਿਰੁੱਧ ਦਰਜ ਕੀਤੀ ਗਈ ਇੱਕ ਐੱਫ ਆਈ ਆਰ 'ਤੇ ਅਧਾਰਤ ਹੈ। ਭੁੱਲਰ 'ਤੇ ਇਲਜ਼ਾਮ ਹਨ ਕਿ ਉਸ ਨੇ ਰੋਪੜ ਰੇਂਜ ਦੇ ਡੀ ਆਈ ਜੀ ਵਜੋਂ ਤਾਇਨਾਤੀ ਦੌਰਾਨ ਇੱਕ ਸਕ੍ਰੈਪ ਡੀਲਰ ਤੋਂ ਇੱਕ ਅਪਰਾਧਕ ਮਾਮਲਾ ਸੁਲਝਾਉਣ ਦੇ ਬਦਲੇ ਵਿਚੋਲੇ ਰਾਹੀਂ ਮੋਟੀ ਰਿਸ਼ਵਤ ਮੰਗੀ ਸੀ। ਇਸੇ ਮਾਮਲੇ ਵਿੱਚ ਸੀ ਬੀ ਆਈ ਨੇ ਅਕਤੂਬਰ 2025 ਵਿੱਚ ਭੁੱਲਰ ਨੂੰ ਗ੍ਰਿਫਤਾਰ ਵੀ ਕੀਤਾ ਸੀ। ਈ ਡੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕਾਰਵਾਈ ਦਾ ਉਦੇਸ਼ ਅਪਰਾਧ ਦੀ ਕਮਾਈ ਦਾ ਪਤਾ ਲਗਾਉਣਾ ਅਤੇ ਇਹ ਸਪੱਸ਼ਟ ਕਰਨਾ ਹੈ ਕਿ ਰਿਸ਼ਵਤ ਦਾ ਪੈਸਾ ਕਿੱਥੇ ਅਤੇ ਕਿਸ ਤਰੀਕੇ ਨਾਲ ਨਿਵੇਸ਼ ਕੀਤਾ ਗਿਆ ਸੀ। ਜਾਂਚ ਏਜੰਸੀ ਨੂੰ ਸ਼ੱਕ ਹੈ ਕਿ ਕਈ ਜਾਇਦਾਦਾਂ ਭੁੱਲਰ ਦੇ ਅਸਲ ਨਾਂਅ ਦੀ ਬਜਾਏ ਹੋਰਨਾਂ ਦੇ ਨਾਂਅ 'ਤੇ ਖਰੀਦੀਆਂ ਗਈਆਂ ਹਨ, ਜਿਨ੍ਹਾਂ ਦੀ ਪਛਾਣ ਲਈ ਅਗਲੇਰੀ ਪੁੱਛਗਿੱਛ ਜਾਰੀ ਹੈ।

## ਕੇਜਰੀਵਾਲ ਦਾ ਜਸਟਿਸ ਸਵਰਨਕਾਂਤਾ ਸ਼ਰਮਾ ਖਿਲਾਫ ਸੱਤਿਆਗ੍ਰਹਿ

### ਮਾਨ ਸਣੇ ਪੰਜਾਬ ਦੀ ਲੀਡਰਸ਼ਿਪ ਵੱਲੋਂ ਪੂਰੀ ਹਮਾਇਤ



**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦਿੱਲੀ ਹਾਈ ਕੋਰਟ ਦੀ ਜੱਜ ਸਵਰਨਕਾਂਤਾ ਸ਼ਰਮਾ ਦੀ ਅਦਾਲਤ ਵਿੱਚ ਚੱਲ ਰਹੇ ਆਪਣੇ ਕੇਸ ਵਿੱਚ ਨਾ ਪੇਸ਼ ਹੋਣ ਅਤੇ ਨਾ ਹੀ ਕੋਈ ਦਲੀਲ ਰੱਖਣ ਦਾ ਵੱਡਾ ਫੈਸਲਾ ਲਿਆ ਹੈ। ਸੋਮਵਾਰ ਉਨ੍ਹਾ ਇਹ ਜਾਣਕਾਰੀ ਦਿੰਦਿਆਂ ਕਿਹਾ—ਜਸਟਿਸ ਸਵਰਨਕਾਂਤਾ ਸ਼ਰਮਾ ਤੋਂ ਨਿਆਂ ਮਿਲਣ ਦੀ ਮੇਰੀ ਉਮੀਦ ਟੁੱਟ ਚੁੱਕੀ ਹੈ। ਇਸ ਲਈ ਆਪਣੀ ਅੰਤਰ-ਆਤਮਾ ਦੀ ਆਵਾਜ਼ ਸੁਣਦੇ ਹੋਏ ਗਾਂਧੀ ਜੀ ਦੇ ਸਿਧਾਂਤਾਂ ਨੂੰ ਮੰਨਦੇ ਹੋਏ ਅਤੇ ਸੱਤਿਆਗ੍ਰਹਿ ਦੀ ਭਾਵਨਾ ਨਾਲ ਮੈਂ ਫੈਸਲਾ ਕੀਤਾ ਹੈ ਕਿ ਮੈਂ ਇਸ ਕੇਸ ਵਿੱਚ ਉਨ੍ਹਾ ਦੇ ਸਾਹਮਣੇ ਪੇਸ਼ ਨਹੀਂ ਹੋਵਾਂਗਾ ਅਤੇ ਕੋਈ ਦਲੀਲ ਵੀ ਨਹੀਂ ਰੱਖਾਂਗਾ। ਇਸ ਸੰਬੰਧੀ ਮੈਂ ਉਨ੍ਹਾ ਨੂੰ ਇਕ ਪੱਤਰ ਲਿਖ ਕੇ ਸੂਚਿਤ ਵੀ ਕਰ ਦਿੱਤਾ ਹੈ।

ਕੇਜਰੀਵਾਲ ਨੇ ਕਿਹਾ, 'ਮੈਂ ਹਿੱਤਾਂ ਦੇ ਟਕਰਾਅ ਕਾਰਨ ਜੱਜ ਸਵਰਨਕਾਂਤਾ ਸ਼ਰਮਾ ਨੂੰ ਮੇਰੇ ਕੇਸ ਤੋਂ ਖੁਦ ਹਟਣ ਦੀ ਬੇਨਤੀ ਕੀਤੀ ਸੀ, ਪਰ ਉਨ੍ਹਾ ਖੁਦ ਹੀ ਮੇਰੇ ਕੇਸ ਨੂੰ ਸੁਣਨ ਦਾ ਫੈਸਲਾ ਕੀਤਾ। ਇਸ ਕੇਸ ਵਿੱਚ ਜਸਟਿਸ ਸਵਰਨਕਾਂਤਾ ਸ਼ਰਮਾ, ਜੋ ਵੀ ਫੈਸਲਾ ਸੁਣਾਉਣਗੇ, ਉਸ 'ਤੇ ਮੈਂ ਆਪਣੇ ਕਾਨੂੰਨੀ ਅਧਿਕਾਰ ਦੀ ਵਰਤੋਂ ਕਰਨ ਲਈ ਸੁਤੰਤਰ ਹਾਂ।' ਇਸ ਦੇ ਨਾਲ ਹੀ ਉਨ੍ਹਾ ਸਪੱਸ਼ਟ ਕੀਤਾ ਕਿ ਮੈਨੂੰ ਨਿਆਂ ਪਾਲਿਕਾ 'ਤੇ ਪੂਰਾ ਭਰੋਸਾ ਹੈ ਅਤੇ ਮੈਂ ਉਸ ਦਾ ਪੂਰਾ ਸਤਿਕਾਰ ਕਰਦਾ ਹਾਂ, ਕਿਉਂਕਿ ਜਦੋਂ ਮੇਰੇ ਖਿਲਾਫ ਸਾਜ਼ਿਸ਼ਾਂ ਹੋਈਆਂ ਤਾਂ ਨਿਆਂ ਪਾਲਿਕਾ ਨੇ ਹੀ ਮੈਨੂੰ ਦੋਸ਼ ਮੁਕਤ ਕਰਕੇ ਨਿਆਂ ਦਿੱਤਾ ਸੀ।

ਉਹਨਾ ਕਿਹਾ, 'ਸਭ ਜਾਣਦੇ ਹਨ ਕਿ ਮੈਨੂੰ ਇੱਕ ਝੂਠੇ ਕੇਸ ਵਿੱਚ ਫਸਾਇਆ ਗਿਆ। ਮੈਨੂੰ ਜੇਲ੍ਹ ਭੇਜ ਦਿੱਤਾ ਗਿਆ। ਇੱਕ ਚੁਣੀ ਹੋਈ ਸਰਕਾਰ ਨੂੰ ਗਲਤ ਤਰੀਕੇ ਨਾਲ ਡੇਗ ਦਿੱਤਾ ਗਿਆ। ਸਾਨੂੰ ਕਈ ਮਹੀਨੇ ਜੇਲ੍ਹ ਵਿੱਚ ਰੱਖਿਆ ਗਿਆ, ਪਰ ਆਖਰਕਾਰ ਸੱਚ ਦੀ ਜਿੱਤ ਹੋਈ। 27 ਫਰਵਰੀ ਨੂੰ ਅਦਾਲਤ ਨੇ ਮੈਨੂੰ ਪੂਰੀ ਤਰ੍ਹਾਂ ਨਿਰਦੋਸ਼ ਘੋਸ਼ਿਤ ਕਰ ਦਿੱਤਾ। ਕੋਰਟ ਨੇ ਕਿਹਾ ਕਿ ਕੇਜਰੀਵਾਲ ਨਿਰਦੋਸ਼ ਹੈ ਅਤੇ ਕੇਜਰੀਵਾਲ ਨੇ ਕੋਈ ਭ੍ਰਿਸ਼ਟਾਚਾਰ ਨਹੀਂ ਕੀਤਾ। ਅਦਾਲਤ ਨੇ ਸੀ ਬੀ ਆਈ ਦੀ ਜਾਂਚ 'ਤੇ ਹੀ ਸਵਾਲ ਖੜ੍ਹੇ ਕਰ ਦਿੱਤੇ ਅਤੇ ਜਾਂਚ ਅਧਿਕਾਰੀ ਦੇ ਖਿਲਾਫ ਕਾਰਵਾਈ ਕਰਨ ਦੇ ਹੁਕਮ ਦੇ ਦਿੱਤੇ, ਪਰ ਸੱਚ ਦਾ ਰਸਤਾ ਆਸਾਨ ਨਹੀਂ ਹੁੰਦਾ। ਸੀ ਬੀ ਆਈ ਨੇ ਤੁਰੰਤ ਇਸ ਫੈਸਲੇ ਨੂੰ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਅਤੇ ਇਹ ਕੇਸ ਜਸਟਿਸ ਸਵਰਨਕਾਂਤਾ ਸ਼ਰਮਾ ਦੇ ਸਾਹਮਣੇ ਲੱਗ ਗਿਆ। ਉਦੋਂ ਮੇਰੇ ਮਨ ਵਿੱਚ ਇੱਕ ਬਹੁਤ ਵੱਡਾ ਸਵਾਲ ਉੱਠਿਆ ਕਿ ਕੀ ਉਨ੍ਹਾ ਦੇ ਸਾਹਮਣੇ ਮੈਨੂੰ ਨਿਆਂ ਮਿਲੇਗਾ? ਮੇਰੇ ਮਨ ਵਿੱਚ ਇਹ ਪ੍ਰਸ਼ਨ ਕਿਉਂ ਆਇਆ, ਇਸ ਦੇ ਕਈ ਕਾਰਨ ਹਨ, ਪਰ ਦੋ ਮੁੱਖ ਕਾਰਨ ਹਨ। ਪਹਿਲਾ ਕਾਰਨ ਇਹ ਹੈ ਕਿ ਆਰ ਐੱਸ ਐੱਸ ਦੀ ਜਿਸ ਵਿਚਾਰਧਾਰਾ ਵਾਲੀ ਸਰਕਾਰ ਨੇ ਝੂਠੇ ਇਲਜ਼ਾਮ ਲਗਾ ਕੇ ਮੈਨੂੰ ਜੇਲ੍ਹ ਪਾਇਆ, ਜੱਜ ਸਾਹਿਬਾ ਨੇ ਖੁਦ ਮੰਨਿਆ ਹੈ ਕਿ ਉਹ ਉਸ ਵਿਚਾਰਧਾਰਾ ਨਾਲ ਜੁੜੇ ਸੰਗਠਨ ਅਖਿਲ ਭਾਰਤੀ ਅਧਿਵਕਤਾ ਪ੍ਰੀਸ਼ਦ ਦੇ ਮੰਚਾਂ 'ਤੇ ਕਈ ਵਾਰ ਜਾਂਦੀ ਰਹੀ ਹੈ। ਮੈਂ ਅਤੇ ਆਮ ਆਦਮੀ ਪਾਰਟੀ ਉਸ ਵਿਚਾਰਧਾਰਾ ਦੇ ਕੱਟੜ ਵਿਰੋਧੀ ਹਾਂ। ਅਜਿਹੇ ਵਿੱਚ ਕੀ ਉਨ੍ਹਾ ਦੇ ਸਾਹਮਣੇ ਮੈਨੂੰ ਨਿਆਂ ਮਿਲ ਸਕਦਾ ਹੈ? ਦੂਜਾ ਕਾਰਨ ਹਿੱਤਾਂ ਦਾ ਟਕਰਾਅ ਹੈ। ਅਦਾਲਤ ਵਿੱਚ ਮੇਰੇ ਵਿਰੋਧ ਵਿੱਚ ਕੇਂਦਰ ਸਰਕਾਰ ਦੀ ਸੀ ਬੀ ਆਈ ਹੈ ਅਤੇ ਜਸਟਿਸ ਸਵਰਨਕਾਂਤਾ ਸ਼ਰਮਾ ਦੇ ਦੋਵੇਂ ਬੱਚੇ ਕੇਂਦਰ ਸਰਕਾਰ ਵਿੱਚ ਕੰਮ ਕਰਦੇ ਹਨ। ਉਨ੍ਹਾ ਦੇ ਦੋਵੇਂ ਬੱਚੇ ਕੇਂਦਰ ਸਰਕਾਰ ਦੇ ਵਕੀਲਾਂ ਦੇ ਪੈਨਲ ਵਿੱਚ ਹਨ। ਸਾਡੇ ਸਾਹਮਣੇ ਕੋਰਟ ਵਿੱਚ ਦੂਜੇ ਪਾਸੇ ਵਕੀਲ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਹਨ। ਤੁਸ਼ਾਰ ਮਹਿਤਾ ਦੋਵਾਂ ਬੱਚਿਆਂ ਨੂੰ ਕੇਸ ਦਿੰਦੇ ਹਨ। ਉਨ੍ਹਾਂ ਨੂੰ ਕਿੰਨੇ ਕੇਸ ਮਿਲਣਗੇ, ਕਿਹੜੇ ਕੇਸ ਮਿਲਣਗੇ, ਇਹ ਤੁਸ਼ਾਰ ਮਹਿਤਾ ਤੈਅ ਕਰਦੇ ਹਨ। ਭਾਰਤ ਸਰਕਾਰ ਦੇ ਪੈਨਲ ਵਿੱਚ ਲਗਭਗ 700 ਦੇ ਕਰੀਬ ਵਕੀਲ ਹਨ, ਪਰ ਜਸਟਿਸ ਸਵਰਨਕਾਂਤਾ ਸ਼ਰਮਾ ਦੇ ਬੇਟੇ ਸਭ ਤੋਂ ਵੱਧ ਕੇਸ ਪਾਉਣ ਵਾਲੇ ਵਕੀਲਾਂ ਵਿੱਚੋਂ ਇੱਕ ਹਨ। ਉਨ੍ਹਾਂ ਦੇ ਬੇਟੇ ਨੂੰ 2023 ਤੋਂ 2025 ਦੇ ਵਿਚਕਾਰ ਲਗਭਗ 5,904 ਕੇਸ ਮਿਲੇ। ਇਸ ਨਾਲ ਉਨ੍ਹਾ ਦੇ ਬੇਟੇ ਨੂੰ ਕਰੋੜਾਂ ਰੁਪਏ ਦੀ ਫੀਸ ਮਿਲੀ। ਅੱਜ ਦੀ ਤਰੀਕ ਵਿੱਚ ਉਨ੍ਹਾਂ ਬੱਚਿਆਂ ਦਾ ਭਵਿੱਖ ਅਤੇ ਕਮਾਈ ਦੋਵੇਂ ਕਾਫੀ ਹੱਦ ਤੱਕ ਤੁਸ਼ਾਰ ਮਹਿਤਾ 'ਤੇ ਨਿਰਭਰ ਹੈ। ਤਾਂ ਕਿਸੇ ਦੇ ਵੀ ਮਨ ਵਿੱਚ ਇਹ ਚਿੰਤਾ ਸੁਭਾਵਿਕ ਹੈ ਕਿ ਜੇਕਰ ਜੱਜ ਸਾਹਿਬਾ ਦੇ ਬੱਚਿਆਂ ਦੀ ਕਮਾਈ ਅਤੇ ਉਨ੍ਹਾਂ ਦਾ ਭਵਿੱਖ ਸਾਹਮਣੇ ਖੜ੍ਹਾ ਵਕੀਲ ਤੈਅ ਕਰ ਰਿਹਾ ਹੈ, ਤਾਂ ਕੀ ਜੱਜ ਸਾਹਿਬਾ ਉਸ ਵਕੀਲ ਦੇ ਖਿਲਾਫ ਫੈਸਲਾ ਦੇ ਸਕਣਗੇ?'

ਮੈਂ ਇਹ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਮੈਂ ਜਸਟਿਸ ਸਵਰਨਕਾਂਤਾ ਸ਼ਰਮਾ ਦਾ ਵੀ ਬਹੁਤ ਸਤਿਕਾਰ ਕਰਦਾ ਹਾਂ। ਮੈਨੂੰ ਉਨ੍ਹਾ ਜਾਂ ਉਨ੍ਹਾ ਦੇ ਪਰਵਾਰ ਤੋਂ ਕਿਸੇ ਵੀ ਕਿਸਮ ਦਾ ਕੋਈ ਨਿੱਜੀ ਇਤਰਾਜ਼ ਨਹੀਂ, ਪਰ ਨਿਆਂ ਦਾ ਇੱਕ ਬਹੁਤ ਵੱਡਾ ਸਿਧਾਂਤ ਹੈ ਕਿ ਨਿਆਂ ਸਿਰਫ਼ ਹੋਣਾ ਹੀ ਨਹੀਂ ਚਾਹੀਦਾ, ਸਗੋਂ ਹੁੰਦਾ ਹੋਇਆ ਦਿਖਣਾ ਵੀ ਚਾਹੀਦਾ ਹੈ। ਇਸ ਲਈ ਮੈਂ ਜਸਟਿਸ ਸਵਰਨਕਾਂਤਾ ਸ਼ਰਮਾ ਨੂੰ ਪੂਰੇ ਸਤਿਕਾਰ ਨਾਲ ਬੇਨਤੀ ਕੀਤੀ ਸੀ ਕਿ ਉਹ ਹਿੱਤਾਂ ਦੇ ਟਕਰਾਅ ਵਰਗੇ ਕਾਰਨਾਂ ਕਰਕੇ ਇਸ ਕੇਸ ਤੋਂ ਖੁਦ ਨੂੰ ਵੱਖ ਕਰ ਲੈਣ, ਪਰ ਉਨ੍ਹਾ ਮੇਰੀਆਂ ਦਲੀਲਾਂ ਖਾਰਜ ਕਰ ਦਿੱਤੀਆਂ ਅਤੇ ਫੈਸਲਾ ਦਿੱਤਾ ਕਿ ਉਹ ਖੁਦ ਹੀ ਇਹ ਕੇਸ ਸੁਣਨਗੇ।

ਅੱਜ ਮੇਰੇ ਸਾਹਮਣੇ ਸਭ ਤੋਂ ਆਸਾਨ ਰਸਤਾ ਹੈ ਕਿ ਮੈਂ ਉਨ੍ਹਾ ਦਾ ਹੁਕਮ ਮੰਨ ਲਵਾਂ ਅਤੇ ਇੱਕ ਵੱਡਾ ਵਕੀਲ ਖੜ੍ਹਾ ਕਰਕੇ

• ਬਾਕੀ ਸਫਾ 2 'ਤੇ

## ਭਾਜਪਾ ਨੂੰ ਰੋਕਣ ਲਈ ਖੱਬੀਆਂ ਧਿਰਾਂ ਵੱਲੋਂ ਸਾਂਝੇ ਸੰਘਰਸ਼ ਦਾ ਫੈਸਲਾ



**ਜਲੰਧਰ** : ਪੰਜਾਬ ਦੀਆਂ ਖਾਸ ਹਾਲਤਾਂ ਵਿੱਚ ਸੀ ਪੀ ਆਈ, ਸੀ ਪੀ ਆਈ (ਐੱਮ) ਅਤੇ ਸੀ ਪੀ ਆਈ (ਐੱਮ ਐਲ) ਲਿਬਰੇਸ਼ਨ ਵੱਲੋਂ ਸਾਂਝੀ ਮੀਟਿੰਗ ਗਦਰੀ ਭਾਈ ਰਤਨ ਸਿੰਘ ਹਾਲ ਜਲੰਧਰ ਵਿਖੇ ਗੁਰਮੀਤ ਸਿੰਘ ਬਖਤਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੁਖਵਿੰਦਰ ਸਿੰਘ ਸੇਖੋਂ, ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਮੇਜਰ ਸਿੰਘ ਭਿੱਖੀਵਿੰਡ ਸ਼ਾਮਲ ਹੋਏ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ ਦੇ ਸਿਆਸੀ ਹਾਲਾਤ ਜਲਦੀ ਨਾਲ ਬਦਲ ਰਹੇ ਹਨ। ਇਨ੍ਹਾਂ ਹਾਲਤਾਂ ਵਿੱਚ ਵਧ ਰਹੀ ਭਾਜਪਾ ਦੀ ਤਾਕਤ ਨੂੰ ਰੋਕਣ ਵਾਸਤੇ ਪੰਜਾਬ ਦੀਆਂ ਤਿੰਨ ਖੱਬੇ ਪੱਖੀ ਧਿਰਾਂ ਨੇ ਇਕੱਠੇ ਸੰਘਰਸ਼ ਕਰਨ ਦਾ ਪ੍ਰੋਗਰਾਮ ਬਣਾਇਆ ਹੈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਮੈਂਬਰੀ ਪੱਕੀ ਸੀ, ਪਰ ਕੇਂਦਰ ਸਰਕਾਰ ਨੇ ਬੋਰਡ 'ਚੋਂ ਪੰਜਾਬ ਦੇ ਹੱਕ ਖੋਹਣ ਵਾਸਤੇ ਸਥਾਈ ਮੈਂਬਰੀ ਖ਼ਤਮ ਕਰ ਦਿੱਤੀ ਹੈ। ਚੰਡੀਗੜ੍ਹ ਪੰਜਾਬ ਦੇ ਪਿੰਡਾਂ ਦੀ ਧਰਤੀ 'ਤੇ ਬਣਿਆ ਸੀ, ਪਰ ਚੰਡੀਗੜ੍ਹ ਪੰਜਾਬ ਨੂੰ ਦਿੱਤਾ ਨਾ ਗਿਆ, ਜਦੋਂ ਕਿ ਹੁਣ ਚੰਡੀਗੜ੍ਹ 'ਤੇ ਪੰਜਾਬ ਦਾ ਹੱਕ ਹੈ ਅਤੇ ਪੰਜਾਬ ਨੂੰ ਜਲਦੀ ਦੇਣ ਦਾ ਐਲਾਨ ਕੀਤਾ ਜਾਵੇ। ਪੰਜਾਬ ਦੇ ਪਾਣੀਆਂ ਦੀ ਵੰਡ ਵੇਲੇ ਵੀ ਪੰਜਾਬ ਨਾਲ ਧੱਕਾ ਕੀਤਾ ਗਿਆ, ਜੋ ਵੰਡ ਦਾ ਮਸਲਾ ਹੁਣ ਵੀ ਹੱਲ ਨਹੀਂ ਕੀਤਾ ਜਾ ਰਿਹਾ। ਪੰਜਾਬ ਦੇ ਦਰਿਆਵਾਂ ਦਾ ਪਾਣੀ ਪੰਜਾਬ ਨੂੰ ਦਿੱਤਾ ਜਾਵੇ। ਹਿੰਦ-ਪਾਕਿ ਦੇ ਬਾਰਡਰ ਤੋਂ ਹਿੰਦ ਦੇ ਅੰਦਰ ਨੂੰ 50 ਕਿਲੋਮੀਟਰ ਦੀ ਸੁਰੱਖਿਆ ਦੇ ਅਧਿਕਾਰ ਬੀ ਐੱਸ ਐੱਫ ਨੂੰ ਜੋ ਦਿੱਤੇ ਗਏ ਹਨ, ਉਹ ਵੀ ਕੇਂਦਰ ਸਰਕਾਰ ਵਾਪਸ ਨਹੀਂ ਲੈ ਰਹੀ। ਪੰਜਾਬ ਵਿੱਚ ਲਗਾਤਾਰ ਗੈਂਗਸਟਰਾਂ ਦਾ ਵਰਤਾਰਾ ਵਧਦਾ ਜਾ ਰਿਹਾ ਹੈ, ਜਿਸ ਕਰਕੇ ਫ਼ਿਰੌਤੀਆਂ ਦੀਆਂ ਘਟਨਾਵਾਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ। ਭਾਵ ਪੰਜਾਬ ਵਿੱਚ ਅਮਨ-ਕਾਨੂੰਨ ਦੀ ਹਾਲਤ ਬਹੁਤ ਵਿਗੜੀ ਹੋਈ ਹੈ। ਕੇਂਦਰ ਦੀ ਭਾਜਪਾ ਸਰਕਾਰ ਨੇ ਈਰਾਨ, ਅਮਰੀਕਾ ਤੇ ਇਜ਼ਰਾਈਲ ਦੀ ਜੰਗ ਵਿੱਚ ਕੋਈ ਉਸਾਰੂ ਰੋਲ ਅਦਾ ਨਹੀਂ ਕੀਤਾ, ਸਗੋਂ ਜੰਗ ਵਿੱਚ ਅਮਰੀਕਾ ਦਾ ਹੀ ਪੱਖ ਪੂਰਿਆ ਗਿਆ। ਮੀਟਿੰਗ 'ਚ ਕੇਂਦਰ ਸਰਕਾਰ ਦੀ ਇਸ ਨੀਤੀ ਦੀ ਨਿੰਦਾ ਕੀਤੀ ਗਈ। ਇਨ੍ਹਾਂ ਹਾਲਤਾਂ ਵਿੱਚ ਪੰਜਾਬ ਦੀਆਂ ਇਹ

• ਬਾਕੀ ਸਫਾ 2 'ਤੇ

## ਭਾਰਤ ਤੇ ਨਿਊ ਜ਼ੀਲੈਂਡ ਵਿਚਾਲੇ ਮੁਕਤ ਵਪਾਰ ਸਮਝੌਤੇ 'ਤੇ ਦਸਤਖਤ

**ਨਵੀਂ ਦਿੱਲੀ** : ਭਾਰਤ ਅਤੇ ਨਿਊ ਜ਼ੀਲੈਂਡ ਨੇ ਸੋਮਵਾਰ ਮੁਕਤ ਵਪਾਰ ਸਮਝੌਤੇ (ਐੱਫ ਟੀ ਏ) 'ਤੇ ਦਸਤਖਤ ਕੀਤੇ, ਜਿਸ ਦਾ ਉਦੇਸ਼ ਦੁਵੱਲੇ ਵਪਾਰ ਅਤੇ ਨਿਵੇਸ਼ ਨੂੰ ਹੁਲਾਰਾ ਦੇਣਾ ਹੈ। ਇਸ ਸਮਝੌਤੇ 'ਤੇ ਭਾਰਤ ਦੇ ਵਣਜ ਤੇ ਉਦਯੋਗ ਮੰਤਰੀ ਪਿਊਸ਼ ਗੋਇਲ ਅਤੇ ਨਿਊ ਜ਼ੀਲੈਂਡ ਦੇ ਵਪਾਰ ਤੇ ਨਿਵੇਸ਼ ਮੰਤਰੀ ਟੌਡ ਮੈਕਲੇ ਨੇ ਦਸਤਖਤ ਕੀਤੇ। ਸਮਝੌਤੇ ਤਹਿਤ ਨਿਊ ਜ਼ੀਲੈਂਡ ਨੂੰ ਬਰਾਮਦ ਕੀਤੇ ਜਾਣ ਵਾਲੇ ਭਾਰਤ ਦੇ 100 ਫੀਸਦੀ ਸਮਾਨ 'ਤੇ ਹੁਣ ਕੋਈ ਡਿਊਟੀ ਨਹੀਂ ਲੱਗੇਗੀ, ਜਿਸ ਵਿੱਚ ਸਾਰੀਆਂ ਵਸਤੂਆਂ ਅਤੇ ਉਤਪਾਦ ਸ਼ਾਮਲ ਹਨ। ਇਸ ਫੈਸਲੇ ਨਾਲ ਕੱਪੜਾ ਉਦਯੋਗ, ਚਮੜਾ, ਜੁੱਤੀਆਂ, ਗਹਿਣੇ, ਇੰਜੀਨੀਅਰਿੰਗ ਅਤੇ ਖਾਣ-ਪੀਣ ਦੀਆਂ ਚੀਜ਼ਾਂ ਬਣਾਉਣ ਵਾਲੇ ਖੇਤਰਾਂ ਵਿੱਚ ਮੁਕਾਬਲੇਬਾਜ਼ੀ ਮਜ਼ਬੂਤੀ ਨਾਲ ਵਧੇਗੀ। ਇਸ ਨਾਲ ਛੋਟੇ ਉਦਯੋਗਾਂ ਨੂੰ ਫਾਇਦਾ ਹੋਵੇਗਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣ ਦੀ ਵੱਡੀ ਉਮੀਦ ਹੈ।

## ਭਾਰਤ ਦੁਨੀਆ ਦਾ ਪੰਜਵਾਂ ਸਭ ਤੋਂ ਵੱਧ ਫੌਜੀ ਖਰਚ ਕਰਨ ਵਾਲਾ ਦੇਸ਼

**ਨਵੀਂ ਦਿੱਲੀ** : ਹਥਿਆਰਾਂ ਦੀ ਨਿਗਰਾਨੀ ਕਰਨ ਵਾਲੀ ਸੰਸਥਾ ਸਟਾਕਹੋਮ ਕੌਮਾਂਤਰੀ ਪੀਸ ਰਿਸਰਚ ਇੰਸਟੀਚਿਊਟ (ਐੱਸ ਆਈ ਪੀ ਆਰ ਆਈ) ਵੱਲੋਂ ਸੋਮਵਾਰ ਜਾਰੀ ਕੀਤੀ ਗਈ ਇੱਕ ਰਿਪੋਰਟ ਅਨੁਸਾਰ ਸਾਲ 2025 ਵਿੱਚ ਭਾਰਤ ਦੁਨੀਆ ਦਾ ਪੰਜਵਾਂ ਸਭ ਤੋਂ ਵੱਧ ਫੌਜੀ ਖਰਚਾ ਕਰਨ ਵਾਲਾ ਦੇਸ਼ ਰਿਹਾ ਹੈ। ਭਾਰਤ ਨੇ ਆਪਣੇ ਫੌਜੀ ਬਜਟ ਵਿੱਚ 8.9 ਫੀਸਦੀ ਦਾ ਵਾਧਾ ਕੀਤਾ ਹੈ, ਜਿਸ ਨਾਲ ਹੁਣ ਇਹ ਕੁੱਲ ਖਰਚਾ 92.1 ਅਰਬ ਡਾਲਰ ਤੱਕ ਪਹੁੰਚ ਗਿਆ ਹੈ। ਰਿਪੋਰਟ ਮੁਤਾਬਕ ਸਾਲ 2025 ਵਿੱਚ ਦੁਨੀਆ ਦਾ ਕੁੱਲ ਫੌਜੀ ਖਰਚਾ ਵਧ ਕੇ 2887 ਅਰਬ ਡਾਲਰ ਹੋ ਗਿਆ ਹੈ। ਇਹ ਲਗਾਤਾਰ 11ਵਾਂ ਸਾਲ ਹੈ ਜਦੋਂ ਫੌਜੀ ਖਰਚਿਆਂ ਵਿੱਚ ਵਾਧਾ ਦਰਜ ਕੀਤਾ ਗਿਆ ਹੈ। ਰਿਪੋਰਟ ਅਨੁਸਾਰ, 2025 ਵਿੱਚ ਸਭ ਤੋਂ ਵੱਧ ਖਰਚਾ ਕਰਨ ਵਾਲੇ ਪੰਜ ਪ੍ਰਮੁੱਖ ਦੇਸ਼ ਅਮਰੀਕਾ, ਚੀਨ, ਰੂਸ, ਜਰਮਨੀ ਅਤੇ ਭਾਰਤ ਹਨ। ਇਹ ਪੰਜੇ ਦੇਸ਼ ਮਿਲ ਕੇ ਪੂਰੀ ਦੁਨੀਆ ਦੇ ਕੁੱਲ ਫੌਜੀ ਖਰਚੇ ਦਾ 58 ਫੀਸਦੀ ਹਿੱਸਾ (ਕੁੱਲ 1,686 ਅਰਬ ਡਾਲਰ) ਖਰਚ ਕਰਦੇ ਹਨ। ਰਿਪੋਰਟ ਮੁਤਾਬਕ ਮਈ 2025 ਵਿੱਚ ਭਾਰਤ ਅਤੇ ਪਾਕਿਸਤਾਨ ਵਿਚਾਲੇ ਹੋਏ ਟਕਰਾਅ ਨੇ ਸਾਲ ਦੇ ਦੌਰਾਨ ਭਾਰਤ ਦੇ ਫੌਜੀ ਖਰਚੇ ਨੂੰ ਵਧਾ ਦਿੱਤਾ ਹੈ। ਇਸ ਟਕਰਾਅ ਵਿੱਚ ਲੜਾਕੂ ਜਹਾਜ਼ਾਂ, ਡਰੋਨਾਂ ਅਤੇ ਮਿਜ਼ਾਈਲਾਂ ਦੀ ਵਰਤੋਂ ਕੀਤੀ ਗਈ ਸੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪਾਕਿਸਤਾਨ ਦਾ ਫੌਜੀ ਖਰਚਾ ਸਾਲ 2025 ਵਿੱਚ 11 ਫੀਸਦੀ ਦੇ ਵਾਧੇ ਨਾਲ 11.9 ਅਰਬ ਡਾਲਰ ਤੱਕ ਪਹੁੰਚ ਗਿਆ ਹੈ। ਇਹ ਵਾਧਾ ਮੁੱਖ ਤੌਰ 'ਤੇ ਮਈ ਵਿੱਚ ਭਾਰਤ ਨਾਲ ਹੋਏ ਹਥਿਆਰਬੰਦ ਸੰਘਰਸ਼ ਤੋਂ ਬਾਅਦ ਚੀਨ ਨੂੰ ਦਿੱਤੇ ਗਏ ਨਵੇਂ ਲੜਾਕੂ ਜਹਾਜ਼ਾਂ ਅਤੇ ਮਿਜ਼ਾਈਲਾਂ ਦੇ ਆਰਡਰਾਂ ਕਰਕੇ ਹੋਇਆ ਹੈ। ਇਸ ਤੋਂ ਇਲਾਵਾ ਹਥਿਆਰਾਂ ਦੀ ਖਰੀਦ ਦੇ ਪੁਰਾਣੇ ਸਮਝੌਤਿਆਂ, ਜੋ ਹੁਣ ਪੂਰੇ ਹੋਣ ਵਾਲੇ ਹਨ, ਦੀਆਂ ਅਦਾਇਗੀਆਂ ਕਰਨਾ ਵੀ ਇਸ ਖਰਚੇ ਦੇ ਵਧਣ ਦਾ ਵੱਡਾ ਕਾਰਨ ਰਿਹਾ ਹੈ।

## ਅੱਜ-ਨਾਮਾ

ਜਿਹੜੇ ਲੋਕ ਦਰਿਆਵਾਂ ਨਜ਼ਦੀਕ ਰਹਿੰਦੇ,
ਸਾਲੋ-ਸਾਲ ਉਹ ਭੁਗਤਦੇ ਕਹਿਰ ਮੀਆਂ।
ਝੁੱਗੀਆਂ, ਢਾਣੀਆਂ ਤੇ ਪੱਛੜੇ ਪਿੰਡ ਸਾਰੇ,
ਛੋਟੇ-ਮੋਟੇ ਨਜ਼ਦੀਕ ਕੋਈ ਸ਼ਹਿਰ ਮੀਆਂ।
ਆਉਂਦੀ ਖਬਰ ਪਹਾੜਾਂ 'ਤੇ ਹੋਈ ਬਾਰਸ਼,
ਰਹਿਣ ਇਹ ਜਾਗਦੇ ਅੱਠੇ ਪਹਿਰ ਮੀਆਂ।
ਆਉਣਾ ਪਹਾੜੋਂ ਵੀ ਪਾਣੀ ਪੰਜਾਬ ਵੰਨੀਂ,
ਕਦੇ ਵੀ ਆ ਸਕਦੀ ਵੱਡੀ ਲਹਿਰ ਮੀਆਂ।
ਕੰਮ ਸਰਕਾਰਾਂ ਦਾ ਕੱਛੂ ਦੀ ਚਾਲ ਤੁਰਦਾ,
ਸਿਰੇ ਚੜ੍ਹਨ ਦੀ ਹੁੰਦੀ ਨਹੀਂ ਆਸ ਮੀਆਂ।
ਬੇਗਾਨੀ ਆਸ 'ਤੇ ਕਦੇ ਨਹੀਂ ਡੰਗ ਸਰਦੇ,
ਸਮਾਜੀ ਸਾਂਝ ਆ ਦਿੰਦੀ ਧਰਵਾਸ ਮੀਆਂ।

-ਤੀਸ ਮਾਰ ਖਾਂ

## ਹੜ੍ਹਾਂ ਤੋਂ ਬਚਾਅ ਲਈ ਐਂਫੀਬੀਅਸ ਮਸ਼ੀਨਾਂ ਦੀ ਖਰੀਦ ਨੂੰ ਮਨਜ਼ੂਰੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਹੜ੍ਹ ਸੁਰੱਖਿਆ ਪ੍ਰਬੰਧਾਂ ਸਮੀਖਿਆ ਕਰਦਿਆਂ ਪੰਜਾਬ ਦੇ ਹੜ੍ਹ ਰੋਕਥਾਮ ਅਤੇ ਰਾਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਉੱਨਤ ਐਂਫੀਬੀਅਸ ਮਸ਼ੀਨਾਂ (ਪਾਣੀ ਵਿੱਚ ਅਤੇ ਧਰਤੀ 'ਤੇ ਚੱਲਣ ਵਾਲੀਆਂ ਮਸ਼ੀਨਾਂ) ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਾਨਸੂਨ ਸੀਜ਼ਨ ਤੋਂ ਪਹਿਲਾਂ ਹੜ੍ਹਾਂ ਜਾਂ ਭਾਰੀ ਮੀਂਹ ਕਰਕੇ ਹੁੰਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਅਤੇ ਜਾਨ-ਮਾਲ ਦੀ ਰਾਖੀ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ।

ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮਾਨ ਨੇ ਕਿਹਾ ਕਿ ਹੜ੍ਹ ਰਾਹਤ ਕਾਰਜਾਂ ਨੂੰ ਸੁਚਾਰੂ ਅਤੇ ਮੁਸ਼ਕਲ ਰਹਿਤ ਢੰਗ ਨਾਲ ਚਲਾਉਣ ਲਈ ਪੰਜਾਬ ਸਰਕਾਰ ਵੱਲੋਂ ਨਹਿਰਾਂ ਅਤੇ ਨਾਲਿਆਂ (ਡਰੇਨਾਂ) ਦੀ ਸਫਾਈ ਵਾਸਤੇ ਐਂਫੀਬੀਅਸ ਮਸ਼ੀਨਾਂ ਖਰੀਦਣ ਦੀ ਸਹਿਮਤੀ ਦਿੱਤੀ ਗਈ ਹੈ।

ਉਹਨਾ ਕਿਹਾ ਕਿ ਮੈਂ ਹਾਲ ਹੀ ਵਿੱਚ ਫਿਨਲੈਂਡ ਦੀ ਆਪਣੀ ਫੇਰੀ ਦੌਰਾਨ ਇਸ ਮਸ਼ੀਨ ਨੂੰ ਕੰਮ ਕਰਦੇ ਦੇਖਿਆ ਸੀ, ਜਿੱਥੇ ਇਨ੍ਹਾਂ ਬਹੁ-ਮੰਤਵੀ ਮਸ਼ੀਨਾਂ ਦੀ ਪੂਰੇ ਢੁਕਵੇਂ ਤਰੀਕੇ ਨਾਲ ਵਰਤੋਂ ਕੀਤੀ ਜਾਂਦੀ ਹੈ।

ਉਨ੍ਹਾ ਕਿਹਾ, 'ਸੂਬੇ ਵਿੱਚ 1 ਜੂਨ ਤੋਂ ਝੋਨੇ ਦੀ ਬਿਜਾਈ ਸ਼ੁਰੂ ਕੀਤੀ ਜਾ ਰਹੀ ਹੈ, ਇਸ ਲਈ ਅਗਾਮੀ ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਭਾਖੜਾ ਡੈਮ ਤੋਂ ਵੱਧ ਤੋਂ ਵੱਧ ਪਾਣੀ ਛੱਡਿਆ ਜਾਣਾ ਚਾਹੀਦਾ ਹੈ। ਸੂਬੇ ਵਿੱਚ ਨਵੇਂ ਖਾਲਿਆਂ ਦੇ ਨਿਰਮਾਣ ਅਤੇ ਪੁਰਾਣਿਆਂ ਖਾਲਿਆਂ ਨੂੰ ਬਹਾਲ ਕਰਨ ਦਾ ਕੰਮ 31 ਮਈ ਤੱਕ ਮੁਕੰਮਲ ਹੋ ਜਾਵੇਗਾ, ਜਿਸ ਤੋਂ ਬਾਅਦ ਸਿੰਚਾਈ ਦੇ ਉਦੇਸ਼ਾਂ ਲਈ ਹੋਰ 5000 ਕਿਊਸਿਕ ਪਾਣੀ ਦੀ ਲੋੜ ਹੋਵੇਗੀ।' ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਬਰਿੰਦਰ ਕੁਮਾਰ ਗੋਇਲ, ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ, ਮੁੱਖ ਸਕੱਤਰ ਕੇ ਏ ਪੀ ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਕੈਨੇਡਾ 'ਚ ਬਜ਼ੁਰਗ ਸਿੱਖ 'ਤੇ ਨਸਲੀ ਹਮਲਾ



**ਟੋਰਾਂਟੋ** : ਕੈਨੇਡਾ ਦੇ ਓਨਟਾਰੀਓ ਸੂਬੇ ਵਿੱਚ ਨੌਜਵਾਨ ਨੇ ਬਜ਼ੁਰਗ ਸਿੱਖ ਨਾਲ ਨਸਲੀ ਵਿਤਕਰਾ ਕਰਦਿਆਂ ਹਮਲਾ ਕਰ ਦਿੱਤਾ। ਵੁੱਡਸਟਾਕ ਪੁਲਸ ਮੁਤਾਬਕ ਇਹ ਘਟਨਾ 22 ਅਪਰੈਲ ਦੀ ਹੈ, ਜਦੋਂ ਬਜ਼ੁਰਗ ਫੁੱਟਪਾਥ 'ਤੇ ਪੈਦਲ ਜਾ ਰਿਹਾ ਸੀ। ਇਸ ਦੌਰਾਨ ਨੌਜਵਾਨ ਨੇ ਉਸ ਨੂੰ ਧੱਕਾ ਦਿੱਤਾ ਅਤੇ 'ਮੇਰੇ ਦੇਸ਼ ਵਿੱਚੋਂ ਬਾਹਰ ਨਿਕਲ ਜਾਓ' ਵਰਗੇ ਨਸਲੀ ਸ਼ਬਦਾਂ ਅਤੇ ਗਾਲੀ-ਗਲੋਚ ਦੀ ਵਰਤੋਂ ਕੀਤੀ। ਪੁਲਸ ਨੇ ਇਸ ਨੂੰ ਨਫਰਤ ਤੋਂ ਪ੍ਰੇਰਤ ਹਮਲਾ ਕਰਾਰ ਦਿੱਤਾ ਹੈ। ਹਾਲਾਂਕਿ ਇਸ ਹਮਲੇ ਵਿੱਚ ਬਜ਼ੁਰਗ ਨੂੰ ਕੋਈ ਗੰਭੀਰ ਸਰੀਰਕ ਸੱਟ ਨਹੀਂ ਲੱਗੀ। ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਨੌਜਵਾਨ ਨੇ ਬਿਨਾਂ ਕਿਸੇ ਉਕਸਾਵੇ ਦੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਅਤੇ ਘਟਨਾ ਤੋਂ ਬਾਅਦ ਉਹ ਇੱਕ ਸਕੂਲ ਦੀ ਕੰਧ ਟੱਪ ਕੇ ਫਰਾਰ ਹੋ ਗਿਆ। ਇਸ ਘਟਨਾ ਦੀਆਂ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵੀ ਵਾਇਰਲ ਹੋ ਰਹੀਆਂ ਹਨ, ਜਿਸ ਵਿੱਚ ਨੌਜਵਾਨ ਵਾਰ-ਵਾਰ ਨਸਲੀ ਟਿੱਪਣੀਆਂ ਕਰਦਾ ਸੁਣਾਈ ਦਿੱਤਾ ਹੈ। ਪੁਲਸ ਨੇ ਕਾਰਵਾਈ ਕਰਦੇ ਹੋਏ ਮੁਲਜ਼ਮ ਨੌਜਵਾਨ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਉਸ 'ਤੇ ਕਈ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ। ਵੁੱਡਸਟਾਕ ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਭਾਈਚਾਰੇ ਵਿੱਚ ਅਜਿਹੀ ਨਫਰਤ ਲਈ ਕੋਈ ਥਾਂ ਨਹੀਂ ਹੈ। ਵਰਲਡ ਸਿੱਖ ਆਰਗਨਾਈਜ਼ੇਸ਼ਨ ਨੇ ਇਸ ਘਟਨਾ 'ਤੇ ਡੂੰਘੀ ਚਿੰਤਾ ਜਤਾਈ ਹੈ ਅਤੇ ਪੁਲਸ ਦੀ ਤੁਰੰਤ ਕਾਰਵਾਈ ਲਈ ਧੰਨਵਾਦ ਕਰਦਿਆਂ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖਤ ਕਦਮ ਚੁੱਕਣ ਦੀ ਮੰਗ ਕੀਤੀ ਹੈ।

# ਬਕਾਏ ਤੇ ਡੀ ਏ ਦੀ ਅਦਾਇਗੀ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਕੀਤੀ ਜਾਵੇ : ਮਕਸੂਦੜਾ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਸਰਕਾਰ ਪੈਨਸ਼ਨਰਜ਼ ਯੂਨੀਅਨ ਤਹਿਸੀਲ ਪਾਇਲ ਦੇ ਪ੍ਰਧਾਨ ਸੇਵਾ ਮੁਕਤ ਪ੍ਰਿੰਸੀਪਲ ਮੇਜਰ ਸਿੰਘ ਮਕਸੂਦੜਾ ਨੇ ਕਿਹਾ ਹੈ ਕਿ ਮਾਨਯੋਗ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਦੇ ਪੱਤਰ ਨੰਬਰ 03/01/2021-1ਐਫ.ਪੀ. 1/12 ਮਿਤੀ 18-02-2025 ਨੂੰ ਰੱਦ ਕਰਨ ਤੋਂ ਬਾਅਦ ਪੈਨਸ਼ਨਰਾਂ ਤੇ ਫੈਮਲੀ ਪੈਨਸ਼ਨਰਾਂ ਨੂੰ ਸੋਧੀ ਹੋਈ ਪੈਨਸ਼ਨ ਦੇ ਬਕਾਏ ਤੇ ਡੀ.ਏ. ਦੀ ਅਦਾਇਗੀ ਕਰਨਾ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਮਿਤੀ 01-01-2016 ਤੋਂ 30-06-2021 ਤੱਕ ਦੀ ਮਿਆਦ ਦੌਰਾਨ ਬਣਦੇ ਸਾਰੇ ਏਰੀਅਰ, ਡੀ. ਏ. ਸਮੇਤ, 85 ਸਾਲ ਤੋਂ ਉੱਪਰ ਦੇ ਪੈਨਸ਼ਨਰਾਂ ਵਾਂਗ ਸਾਰੇ ਪੈਨਸ਼ਨਰਾਂ ਤੇ ਫੈਮਲੀ ਪੈਨਸ਼ਨਰਾਂ ਨੂੰ ਦੋ ਮਹੀਨਿਆਂ ਦੇ ਅੰਦਰ, ਭਾਵ 30 ਜੂਨ 2026 ਤੱਕ ਅਦਾ ਕੀਤੇ ਜਾਣੇ ਚਾਹੀਦੇ ਹਨ।ਮੇਜਰ ਸਿੰਘ ਨੇ ਕਿਹਾ ਕਿ ਕੇਂਦਰੀ ਪੱਧਰ ’ਤੇ ਆਈ.ਏ.ਐੱਸ., ਆਈ.ਪੀ.ਐੱਸ. ਤੇ ਆਈ.ਐੱਫ.ਐੱਸ. ਅਧਿਕਾਰੀਆਂ ਨੂੰ ਇਸ ਦਾ ਭੁਗਤਾਨ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ, ਇਸ ਲਈ ਰਾਜ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਵੱਖਰਾ ਵਤੀਰਾ ਅਪਣਾਉਣਾ ਠੀਕ ਨਹੀਂ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਅਦਾਇਗੀ ਵਿੱਚ ਕੋਈ ਦੇਰੀ ਕੀਤੀ ਗਈ ਤਾਂ ਪੰਜਾਬ ਦੇ ਲੱਖਾਂ ਮੁਲਾਜ਼ਮ ਤੇ ਪੈਨਸ਼ਨਰ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਆਪਣਾ ਫੈਸਲਾ ਦੇਣਗੇ।ਇਸ ਮੌਕੇ ਪੰਜਾਬ ਰਾਜ ਪੈਨਸ਼ਨਰ ਮਹਾਂਸੰਘ ਦੇ ਆਗੂਆਂ ਵੱਲੋਂ ਮਾਨਯੋਗ ਹਾਈ ਕੋਰਟ ਦੇ 8 ਅਪ੍ਰੈਲ 2026 ਦੇ ਫੈਸਲੇ ਨੂੰ ਲਾਗੂ ਕਰਵਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸਰਾਹਨਾ ਕੀਤੀ ਗਈ।ਤਹਿਸੀਲ ਪਾਇਲ ਇਕਾਈ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਅਦਾਲਤ ਦੇ ਹੁਕਮਾਂ ਦੀ ਪੂਰੀ ਪਾਲਣਾ ਯਕੀਨੀ ਬਣਾਈ ਜਾਵੇ।

# ਪੰਜਾਬ ਦੇ ਗੱਦਾਰਾਂ ਨੂੰ ਪੰਜਾਬੀ ਕਦੇ ਮੁਆਫ਼ ਨਹੀਂ ਕਰਨਗੇ : ਚੇਅਰਮੈਨ ਮਾਨ



**ਬਠਿੰਡਾ (ਰਾਜੀਵ ਗੋਇਲ)**-ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਸੱਤ ਰਾਜ ਸਭਾ ਸੰਸਦਾਂ ਵੱਲੋਂ ਹਾਲ ਹੀ ਵਿੱਚ ਪੰਜਾਬ ਦੇ ਲੋਕਾਂ ਨਾਲ ਗੱਦਾਰੀ ਕਰਦੇ ਹੋਏ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣਾ ਬਹੁਤ ਹੀ ਦੁੱਖਦਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਭਲੀਭਾਂਤੀ ਜਾਣਦੇ ਹਨ ਕਿ ਬੀਜੇਪੀ ਕਿਵੇਂ ਈ ਡੀ ਤੇ ਹੋਰ ਏਜੰਸੀਆਂ ਰਾਹੀਂ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਡਰਾਉਂਦੀ ਤੇ ਦਬਾਅ ਬਣਾਉਂਦੀ ਹੈ ਅਤੇ ਉਨ੍ਹਾਂ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕਰਨ ਲਈ ਮਜਬੂਰ ਕਰਦੀ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦਾ ਪੰਜਾਬ ਵਿੱਚ ਦਿਨੋਂ-ਦਿਨ ਵਧਦਾ ਪ੍ਰਭਾਵ ਦੇਖ ਕੇ ਕੇਂਦਰ ਦੀ ਬੀਜੇਪੀ ਸਰਕਾਰ ਘਬਰਾਹਟ ਵਿੱਚ ਹੈ ਤੇ ਇਸੇ ਕਾਰਨ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਲਾਲਚ ਜਾਂ ਦਬਾਅ ਰਾਹੀਂ ਆਪਣੀ ਪਾਰਟੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ। ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਜਿਸ ਵੀ ਕਿਸੇ ਨੇ ਪੰਜਾਬ ਅਤੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ, ਉਹਨੂੰ ਪੰਜਾਬ ਦੇ ਲੋਕ ਕਦੇ ਮਾਫ ਨਹੀਂ ਕਰਦੇ ਤੇ ਸਮੇਂ ਆਉਣ ’ਤੇ ਮੂੰਹਤੋੜ ਜਵਾਬ ਦਿੰਦੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਪੰਜਾਬ ਦੀ ਜਨਤਾ ਐਸੇ ਲੋਕਾਂ ਨੂੰ ਕਰਾਰਾ ਜਵਾਬ ਦੇਵੇਗੀ। ਅੰਤ ਵਿੱਚ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਮਾਨ ਸਰਕਾਰ ਦੇ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ਤੇ ਪੂਰੇ ਪੰਜਾਬ ਵਿੱਚ ਮਾਨ ਸਰਕਾਰ ਵੱਲੋਂ ਕੀਤੇ ਗਏ ਲੋਕ-ਹਿੱਤ ਫੈਸਲਿਆਂ ਦੀ ਚਰਚਾ ਹੋ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ’ਚ ਫਿਰ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਡੇ ਬਹੁਮੱਤ ਨਾਲ ਬਣੇਗੀ।

# ‘ਆਪ’ ਨੇ ਛੇ ਰਾਜ ਸਭਾ ਮੈਂਬਰਾਂ ਦਾ ਪੁਤਲਾ ਫੂਕਿਆ : ਬਲਜਿੰਦਰ ਢਿੱਲੋਂ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਪਟਿਆਲਾ ਦੇ ਲੋਕ ਸਭਾ ਇੰਚਾਰਜ ਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਤੇ ਚੇਅਰਮੈਨ ਹਰਪਾਲ ਸਿੰਘ ਵਿਰਕ ਦੀ ਅਗਵਾਈ ਹੇਠ ਪੰਜਾਬ ਦੇ ਛੇ ਰਾਜ ਸਭਾ ਮੈਂਬਰ ਪਾਰਟੀ ਛੱਡ ਕੇ ਭਾਜਪਾ ’ਚ ਸ਼ਾਮਲ ਹੋਣ ਦੀ ਗੱਦਾਰੀ ਖਿਲਾਫ਼ ਪਾਰਟੀ ਦੇ ਸੈਂਕੜੇ ਅਹੁਦੇਦਾਰਾਂ ਅਤੇ ਵਲੰਟੀਅਰਾਂ ਨੇ ਜ਼ੋਰਦਾਰ ਮੁਜ਼ਾਹਰਾ ਕਰਕੇ ਖੰਡਾ ਚੌਕ ਵਿਖੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ।ਬਲਜਿੰਦਰ ਢਿੱਲੋਂ ਨੇ ਦੱਸਿਆ ਕਿ ਪੰਜਾਬ ਦੇ ਲੋਕਾਂ ਨਾਲ ਗੱਦਾਰੀ ਕਰਨ ਵਾਲੇ ਉਹ ਛੇ ਰਾਜ ਸਭਾ ਮੈਂਬਰਾਂ ਨੂੰ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿਧਾਨ ਸਭਾ ਮੈਂਬਰਾਂ ਨੇ ਚੁਣ ਕੇ ਰਾਜ ਸਭਾ ਵਿੱਚ ਭੇਜਿਆ ਸੀ, ਜਿਨ੍ਹਾਂ ਨੇ ਰਾਜ ਸਭਾ ਵਿੱਚ ਜਾ ਕੇ ਸਵਾ ਤਿੰਨ ਕਰੋੜ ਲੋਕਾਂ ਦੀ ਪ੍ਰਤੀਨਿਧਤਾ ਕਰਨੀ ਸੀ, ਪਰ ਉਨ੍ਹਾਂ ਭਾਜਪਾ ਨਾਲ ਮਿਲ ਕੇ ਵਿਸ਼ਵਾਸਘਾਤ ਕੀਤਾ ਹੈ। 2027 ’ਚ ਆਉਣ ਵਾਲੀ ਚੋਣਾਂ ਵਿੱਚ ਭਾਜਪਾ ਤੇ ਇਨ੍ਹਾਂ ਨੂੰ ਪੰਜਾਬ ਦੇ ਲੋਕ ਮੁਆਫ ਨਹੀਂ ਕਰਨਗੇ ਅਤੇ ਜਿਸ ਦਾ ਖਮਿਆਜਾ ਭਾਜਪਾ ਨੂੰ ਭੁਗਤਣਾ ਹੀ ਪਵੇਗਾ। ਚੇਅਰਮੈਨ ਹਰਪਾਲ ਵਿਰਕ ਨੇ ਕਿਹਾ ਕਿ ਇਹ ਲਾਲਚੀ ਰਾਜ ਸਭਾ ਮੈਂਬਰਾਂ ਨੂੰ ਭਾਜਪਾ ਨੇ ਖ਼ਰੀਦ ਲਿਆ ਹੈ। ਆਮ ਆਦਮੀ ਪਾਰਟੀ ਨੇ ਇਨ੍ਹਾਂ ਨੂੰ ਇਮਾਨਦਾਰ ਤੇ ਪੰਜਾਬ ਲੋਕ ਹਿੱਤੂ ਸਮਝ ਕੇ ਤੇ ਵਿਸ਼ਵਾਸ ਕਰਕੇ ਰਾਜ ਸਭਾ ਵਿੱਚ ਭੇਜਿਆ ਸੀ, ਪਰ ਇਨ੍ਹਾਂ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ ਤੇ ਆਮ ਆਦਮੀ ਪਾਰਟੀ ਦੀ ਪਿੱਠ ’ਚ ਛੁਰਾ ਮਾਰਿਆ ਹੈ।

# ਗੱਤਕਾ ਚੈਂਪੀਅਨਸ਼ਿਪ 3 ਤੱਕ ਕੋਟਕਪੂਰਾ ’ਚ : ਬਰਾੜ/ਢਿੱਲੋਂ



**ਕੋਟਕਪੂਰਾ (ਰਛਪਾਲ ਭੁੱਲਰ)**-ਗੱਤਕਾ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਗੱਤਕਾ ਐਸੋਸੀਏਸ਼ਨ ਜ਼ਿਲ੍ਹਾ ਫ਼ਰੀਦਕੋਟ ਦੇ ਸਹਿਯੋਗ ਨਾਲ 12ਵੀਂ ਰਾਜ ਗੱਤਕਾ ਚੈਂਪੀਅਨਸ਼ਿਪ 2026 (ਲੜਕੀਆਂ) 1 ਤੋਂ 3 ਮਈ ਤੱਕ ਬਾਬਾ ਫ਼ਰੀਦ ਗੁਰੂਕੁਲ ਗਰੁੱਪ ਆਫ਼ ਕਾਲਜਿਜ ਨੇੜੇ ਢਿੱਲਵਾਂ ਕੋਟਕਪੂਰਾ ਜ਼ਿਲ੍ਹਾ ਫ਼ਰੀਦਕੋਟ ’ਚ ਕਰਾਈ ਜਾ ਰਹੀ ਹੈ।ਉਕਤ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਇਹ ਤਿੰਨ ਰੋਜ਼ਾ ਚੈਂਪੀਅਨਸ਼ਿਪ ਸੂਬੇ ਭਰ ਦੀਆਂ ਉਨ੍ਹਾਂ ਹੋਣਹਾਰ ਖਿਡਾਰਨਾਂ ਨੂੰ ਇੱਕ ਢੁਕਵਾਂ ਮੰਚ ਪ੍ਰਦਾਨ ਕਰੇਗੀ, ਜੋ ਇਸ ਪ੍ਰਾਚੀਨ ਸਿੱਖ ਜੰਗਜੂ ਕਲਾ ਦੀ ਵਿਰਾਸਤ ਨੂੰ ਅੱਗੇ ਵਧਾ ਰਹੀਆਂ ਹਨ।ਇਹ ਪ੍ਰਤੀਯੋਗਤਾ ਯੁੱਧ ਕਲਾ, ਸਵੈ-ਜ਼ਾਬਤਾ, ਮਰਿਆਦਾ ਤੇ ਪ੍ਰੰਪਰਾ ਦਾ ਇੱਕ ਅਨੋਖਾ ਸੁਮੇਲ ਪੇਸ਼ ਕਰੇਗੀ।ਗੱਤਕਾ ਪ੍ਰਮੋਟਰ ਗਰੇਵਾਲ ਨੇ ਦੱਸਿਆ ਕਿ ਸਾਰੇ ਜ਼ਿਲ੍ਹਿਆਂ ਦੀਆਂ ਟੀਮਾਂ 1 ਮਈ ਨੂੰ ਨਿਰਧਾਰਤ ਸਥਾਨ ’ਤੇ ਪਹੁੰਚਣਗੀਆਂ ਤੇ ਮੁਕਾਬਲੇ 2 ਮਈ ਨੂੰ ਸਵੇਰੇ 9:00 ਵਜੇ ਉਦਘਾਟਨੀ ਸਮਾਰੋਹ ਦੌਰਾਨ ਵਿਧੀਵਤ ਰੂਪ ਵਿੱਚ ਆਰੰਭ ਹੋਣਗੇ।ਚੈਂਪੀਅਨਸ਼ਿਪ ਦਾ ਸਮਾਪਤੀ ਸਮਾਰੋਹ 3 ਮਈ ਨੂੰ ਹੋਵੇਗਾ, ਜਿਸ ਵਿੱਚ ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਦੇ ਤੌਰ ’ਤੇ ਸ਼ਿਰਕਤ ਕਰਨਗੇ।ਗੱਤਕਾ ਐਸੋਸੀਏਸ਼ਨ ਜ਼ਿਲ੍ਹਾ ਫ਼ਰੀਦਕੋਟ ਦੇ ਚੇਅਰਮੈਨ ਕੁਲਤਾਰ ਸਿੰਘ ਬਰਾੜ, ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਅਤੇ ਕੋਆਰਡੀਨੇਟਰ ਨਰਿੰਦਰਪਾਲ ਸਿੰਘ ਪਾਰਸ ਦੀ ਅਗਵਾਈ ਹੇਠ ਹੋਣ ਵਾਲੇ ਟੂਰਨਾਮੈਂਟ ਬਾਰੇ ਜਾਣਕਾਰੀ ਦਿੰਦਿਆਂ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਕੋਟਕਪੂਰਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਸਾਰੇ ਜ਼ਿਲ੍ਹਿਆਂ ਦੀਆਂ ਲੜਕੀਆਂ ਦੀਆਂ ਟੀਮਾਂ ਅੰਡਰ-14, 17, 19, 22 ਤੇ ਅੰਡਰ-25 ਉਮਰ ਵਰਗਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੀਆਂ, ਜਿਸ ਨਾਲ ਹਰ ਉਮਰ ਦੀਆਂ ਖਿਡਾਰਨਾਂ ਨੂੰ ਆਪਣੀ ਸਮਰੱਥਾ ਪਰਖਣ ਦਾ ਸੁਨਹਿਰੀ ਮੌਕਾ ਮਿਲੇਗਾ।ਗੱਤਕਾ ਐਸੋਸੀਏਸ਼ਨ ਆਫ਼ ਪੰਜਾਬ ਦੇ ਉਪ-ਪ੍ਰਧਾਨ ਸਰਬਜੀਤ ਸਿੰਘ ਸਮੇਤ ਕੋਚ ਹਰਸਿਮਰਨ ਸਿੰਘ ਤੇ ਸ਼ੈਰੀ ਸਿੰਘ ਨੇ ਦੱਸਿਆ ਕਿ ਸ੍ਰੇਸ਼ਟ ਪ੍ਰਦਰਸ਼ਨ ਕਰਨ ਵਾਲੀਆਂ ਸਾਰੀਆਂ ਜੇਤੂ ਟੀਮਾਂ ਤੇ ਉੱਤਮ ਖਿਡਾਰਨਾਂ ਨੂੰ ਮੈਡਲ ਅਤੇ ਸਰਟੀਫ਼ਿਕੇਟ ਪ੍ਰਦਾਨ ਕੀਤੇ ਜਾਣਗੇ।

# ਪੰਜਾਬ ਸਰਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਲਈ ਪੈਨਲ ਮੀਟਿੰਗ ਵਾਅਦੇ ਅਨੁਸਾਰ ਟ੍ਰੇਨਿੰਗ ਦਾ ਪ੍ਰਬੰਧ ਕਰੇ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਗੁਰਬਖਸ਼ ਸਿੰਘ ਯਾਦਗਾਰੀ ਹਾਲ ਵਿਖੇ ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੀ ਅਗਵਾਈ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ।ਇਸ ਸਮੇਂ ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਜ਼ਿਲ੍ਹਾ ਜਨਰਲ ਸਕੱਤਰ ਰਾਜਿੰਦਰ ਸਿੰਘ ਲੋਪੋ, ਬਲਾਕ ਪ੍ਰਧਾਨ ਗੁਰਮੇਲ ਮਾਨ ਦੌਲਤ, ਸਕੱਤਰ ਅਮਨਦੀਪ ਦੌਲਤ, ਚਮਕੌਰ ਸਿੰਘ ਖਾਈ ਤੇ ਬਲਾਕ ਆਗੂਆਂ ਵੱਲੋਂ ਕੈਲੰਡਰ ਰਿਲੀਜ਼ ਕੀਤਾ ਗਿਆ।ਚੇਅਰਮੈਨ ਸੋਹਣ ਸਿੰਘ ਸੈਦੋਕੇ ਨੇ 11 ਅਪ੍ਰੈਲ ਦੀ ਜਾਗੋ ਸਰਕਾਰ ਜਾਗੋ ਰੈਲੀ ਨੂੰ ਸਫ਼ਲ ਬਣਾਉਣ ਲਈ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਬਲਾਕ ਨਿਹਾਲ ਸਿੰਘ ਵਾਲਾ ਹਮੇਸ਼ਾ ਮੋਹਰੀ ਰਿਹਾ ਹੈ, ਚਾਹੇ ਰੋਸ ਮੁਜਾਹਰੇ ਹੋਣ, ਧਰਨੇ ਜਾਂ ਰੈਲੀਆਂ ਹੋਣ। ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਹਿੰਮਤਪੁਰਾ ਨੇ ਸਰਕਾਰਾਂ ਸਿਹਤ ਵਿਭਾਗ ਤੇ ਸਿਸਟਮ ਦੀਆਂ ਮਾੜੀਆਂ ਨੀਤੀਆਂ ਨੂੰ ਬਹੁਤ ਬਰੀਕੀ ਨਾਲ ਸਮਝਾਇਆ ਤੇ ਮੈਂਬਰ ਸਾਥੀਆਂ ਨੂੰ ਏਕਾ ਬਣਾਈ ਰੱਖਣ ਦੀ ਅਪੀਲ ਕੀਤੀ। ਜ਼ਿਲ੍ਹਾ ਜਰਨਲ ਸਕੱਤਰ ਰਜਿੰਦਰ ਸਿੰਘ ਲੋਪੋ ਨੇ ਦੱਸਿਆ ਕਿ ਕਿਸ ਤਰ੍ਹਾਂ ਸਮੇਂ-ਸਮੇਂ ’ਤੇ ਸਰਕਾਰਾਂ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਵਾਅਦਾਖਿਲਾਫ਼ੀ ਕੀਤੀ ਗਈ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਤੋਂ ਕੁੱਝ ਨਹੀਂ ਮੰਗਦੇ। ਅਸੀਂ ਆਪਣੇ ਰੋਜ਼ਗਾਰ ਆਪ ਚਲਾ ਰਹੇ ਹਾਂ। ਆਪਣੇ ਪਰਵਾਰ ਪਾਲ ਰਹੇ ਹਾਂ ਤੇ ਆਪਣੇ ਰੁਜ਼ਗਾਰਾਂ ਨੂੰ ਬਿਨਾਂ ਕਿਸੇ ਭੈਅ ਦੇ ਚੱਲਦੇ ਰੱਖਣ ਲਈ ਪਾਰਟ ਟਾਈਮ ਕੋਰਸ ਕਰਾ ਕੇ ਮੁੱਢਲੀਆਂ ਸਿਹਤ ਸੇਵਾਵਾਂ ਦੇਣ ਲਈ ਕਨੂੰਨੀ ਮਾਨਤਾ ਦੀ ਮੰਗ ਕਰ ਰਹੇ ਹਾਂ। ਸਾਥੀ ਰਣਧੀਰ ਸਿੰਘ ਮੀਨੀਆਂ ਮੀਟਿੰਗ ਵਿੱਚ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ ਅਤੇ ਆਪਣੇ ਤਜਰਬੇ ਦੇ ਅਧਾਰ ’ਤੇ ਸਰਕਾਰਾਂ ਉੱਪਰ ਟਿੱਪਣੀ ਕਰਦੇ ਹੋਏ ਕਿਹਾ ਸਰਕਾਰ ਚਾਹੇ ਕੋਈ ਵੀ ਆਈ ਹੋਵੇ, ਸਿਰਫ਼ ਮੀਟਿੰਗਾਂ ਤੱਕ ਸੀਮਤ ਰੱਖ ਕੇ ਸਾਡਾ ਮਸਲਾ ਠੰਢੇ ਬਸਤੇ ਵਿੱਚ ਪਾ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਸਾਡੀ ਏਕਤਾ ਦੇ ਬਦੌਲਤ ਸਾਡੇ ਰੁਜ਼ਗਾਰ ਟਿਕੇ ਹੋਏ ਹਨ ਜਥੇਬੰਦੀ ਪ੍ਰਤੀ ਇਮਾਨਦਾਰੀ ਨਾਲ ਸਮਰਪਤ ਹੋ ਕੇ ਵੱਡੇ ਸੰਘਰਸ਼ ਵਿੱਢਣ ਦੀ ਤਿਆਰੀ ਰੱਖੋ ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ ਨੇ ਬਲਾਕ ਨਿਹਾਲ ਸਿੰਘ ਵਾਲਾ ਦੇ ਸਾਰੇ ਜੁਝਾਰੂ ਸਾਥੀਆਂ ਦਾ ਧੰਨਵਾਦ ਕੀਤਾ ਤੇ ਕਿਹਾ ਬਲਾਕ ਨਿਹਾਲ ਸਿੰਘ ਵਾਲਾ ਦੇ ਸਾਥੀਆਂ ਨੇ ਭਰਵੀਂ ਹਾਜ਼ਰੀ ਨਾਲ ਕਾਫ਼ਲੇ ਦੇ ਰੂਪ ਵਿੱਚ ਰੈਲੀ ਵਿੱਚ ਸ਼ਾਮਲ ਹੋ ਕੇ ਏਕੇ ਦਾ ਝੰਡਾ ਗੱਡਿਆ ਹੈ।

# ਦੋ ਲੁਟੇਰਾ ਗਰੋਹਾਂ ਦੇ 9 ਮੈਂਬਰ ਹਥਿਆਰਾਂ ਸਮੇਤ ਗ੍ਰਿਫ਼ਤਾਰ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜ਼ਿਲ੍ਹਾ ਫਰੀਦਕੋਟ ਪੁਲਸ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ ਲੁੱਟ-ਖੋਹ ਦੀ ਤਾਕ ਵਿੱਚ ਬੈਠੇ ਦੋ ਵੱਖ-ਵੱਖ ਗਰੋਹਾਂ ਦੇ 9 ਮੈਂਬਰਾਂ ਨੂੰ ਤੇਜ਼ਧਾਰ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਇਹ ਕਾਰਵਾਈ ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੀ ਅਗਵਾਈ ਤੇ ਐੱਸ. ਪੀ. (ਇਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਦੀ ਰਹਿਨੁਮਾਈ ਹੇਠ ਥਾਣਾ ਸਦਰ ਫਰੀਦਕੋਟ ਤੇ ਥਾਣਾ ਸਾਦਿਕ ਦੀਆਂ ਪੁਲਸ ਟੀਮਾਂ ਵੱਲੋਂ ਅਮਲ ਵਿੱਚ ਲਿਆਂਦੀ ਗਈ।ਇੰਸਪੈਕਟਰ ਰਾਜੇਸ਼ ਕੁਮਾਰ ਦੀ ਨਿਗਰਾਨੀ ਹੇਠ ਚੌਕੀ ਗੋਲੇਵਾਲਾ ਦੇ ਇੰਚਾਰਜ ਸਹਾਇਕ ਥਾਣੇਦਾਰ ਸੁਖਪਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਇੱਕ ਗੁਪਤ ਸੂਚਨਾ ਦੇ ਅਧਾਰ ’ਤੇ ਡਰੇਨ ਦੇ ਪੁਲ ਕੋਲ ਬੰਦ ਪਈ ਫੈਕਟਰੀ ਪਿੱਛੇ ਛਾਪੇਮਾਰੀ ਕੀਤੀ।ਪੁਲਸ ਨੇ ਮੌਕੇ ’ਤੇ ਲੁੱਟ ਦੀ ਯੋਜਨਾ ਬਣਾ ਰਹੇ 5 ਮੁਲਜ਼ਮਾਂ ਪੱਪੂ ਸਿੰਘ, ਗੁਰਮੀਤ ਸਿੰਘ (ਦੋਵੇਂ ਵਾਸੀ ਬੇਗੂਆਲਾ), ਮਨਪ੍ਰੀਤ ਸਿੰਘ ਉਰਫ ਮੰਨੂ (ਫਰੀਦਕੋਟ), ਹਰਪ੍ਰੀਤ ਸਿੰਘ ਉਰਫ ਮੋਟਾ (ਕਾਬਲ ਵਾਲਾ) ਤੇ ਅਕਾਸ਼ਦੀਪ ਸਿੰਘ (ਡੱਲੇਵਾਲਾ) ਨੂੰ ਗ੍ਰਿਫ਼ਤਾਰ ਕੀਤਾ।ਮੁਲਜ਼ਮਾਂ ਕੋਲੋਂ 2 ਕੁਹਾੜੀਆਂ, 1 ਟੋਕਾ ਲੱਗੀ ਪਾਈਪ, 1 ਕਾਪਾ ਤੇ 1 ਲੋਹੇ ਦੀ ਪਾਈਪ ਬਰਾਮਦ ਹੋਈ।ਇਨ੍ਹਾਂ ਖਿਲਾਫ ਥਾਣਾ ਸਦਰ ਫਰੀਦਕੋਟ ਵਿਖੇ ਕੇਸ ਦਰਜ ਕੀਤਾ ਗਿਆ ਹੈ।ਜਾਂਚ ਦੌਰਾਨ ਸਾਹਮਣੇ ਆਇਆ ਕਿ ਇਨ੍ਹਾਂ ’ਤੇ ਪਹਿਲਾਂ ਵੀ ਨਸ਼ਾ ਤਸਕਰੀ ਦੇ 3 ਮੁਕੱਦਮੇ ਦਰਜ ਹਨ।ਦੂਜੇ ਮਾਮਲੇ ਵਿੱਚ ਥਾਣਾ ਸਾਦਿਕ ਦੇ ਮੁੱਖ ਅਫਸਰ ਗੁਰਲਾਲ ਸਿੰਘ ਦੀ ਨਿਗਰਾਨੀ ਹੇਠ ਸਹਾਇਕ ਥਾਣੇਦਾਰ ਬੇਅੰਤ ਸਿੰਘ ਨੇ ਜੰਡ ਸਾਹਿਬ ਤੋਂ ਮਰਾੜ ਨੂੰ ਜਾਂਦੇ ਰਸਤੇ ’ਤੇ ਛਾਪੇਮਾਰੀ ਕਰਕੇ 4 ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਪਛਾਣ ਜਗਦੇਵ ਸਿੰਘ, ਹੈਪੀ ਸਿੰਘ, ਲਵਜੀਤ ਸਿੰਘ ਤੇ ਅਕਾਸ਼ਦੀਪ ਸਿੰਘ (ਸਾਰੇ ਵਾਸੀ ਦੀਪ ਸਿੰਘ ਵਾਲਾ) ਵਜੋਂ ਹੋਈ ਹੈ।ਪੁਲਸ ਨੇ ਇਨ੍ਹਾਂ ਪਾਸੋਂ 1 ਕਿਰਪਾਨ, 1 ਖੰਡਾ ਤੇ 1 ਲੋਹੇ ਦੀ ਗੰਡਾਸੀ ਬਰਾਮਦ ਕੀਤੀ ਹੈ।ਪੁਲਸ ਅਨੁਸਾਰ ਇਨ੍ਹਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।ਪੁੱਛਗਿੱਛ ਦੌਰਾਨ ਕਈ ਹੋਰ ਅਹਿਮ ਖੁਲਾਸੇ ਤੇ ਵਾਰਦਾਤਾਂ ਦੇ ਸੁਲਝਣ ਦੀ ਉਮੀਦ ਹੈ।

# ਪਾਰਟੀ ਨਾਲ ਗ਼ੱਦਾਰੀ ਕਰਨ ਵਾਲੇ ਐੱਮ ਪੀ ਲੋਕਤੰਤਰ ਦੇ ਕਾਤਲ : ਸੰਧਵਾਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ, ਗੁਰਪ੍ਰੀਤ ਸਿੰਘ ਬੇਦੀ)**-ਆਮ ਆਦਮੀ ਪਾਰਟੀ ਨੂੰ ਛੱਡ ਕੇ ਵਿਰੋਧੀ ਧਿਰ ਨਾਲ ਹੱਥ ਮਿਲਾਉਣ ਵਾਲੇ ਰਾਜ ਸਭਾ ਮੈਂਬਰਾਂ ਖ਼ਿਲਾਫ਼ ਜ਼ਿਲ੍ਹੇ ਦੇ ਵੱਖ-ਵੱਖ ਸ਼ਹਿਰਾਂ ਵਿੱਚ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ।ਪਾਰਟੀ ਵਰਕਰਾਂ ਨੇ ਬਾਗੀ ਐੱਮ.ਪੀਜ਼ ਦੇ ਪੁਤਲੇ ਫੂਕਦਿਆਂ ਉਨ੍ਹਾਂ ਨੂੰ ‘ਲੋਕਤੰਤਰ ਦੇ ਕਾਤਲ’ ਤੇ ‘ਪੰਜਾਬ ਦੇ ਗ਼ੱਦਾਰ’ ਗਰਦਾਨਿਆ।ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਵਿਖੇ ਪ੍ਰਦਰਸ਼ਨ ਦੀ ਅਗਵਾਈ ਕਰਦਿਆਂ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਪੰਜਾਬ ’ਤੇ ਮਾੜੀ ਅੱਖ ਰੱਖਣ ਵਾਲਿਆਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਹੈ।ਉਨ੍ਹਾਂ ਭਾਜਪਾ ’ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਜੇਕਰ ਭਾਜਪਾ ਨੂੰ ਲੱਗਦਾ ਹੈ ਕਿ ਉਹ ਚੁਣੇ ਹੋਏ ਨੁਮਾਇੰਦਿਆਂ ਨੂੰ ਖ਼ਰੀਦ ਕੇ ਪੰਜਾਬ ’ਤੇ ਕਬਜ਼ਾ ਕਰ ਲਵੇਗੀ, ਤਾਂ ਇਹ ਉਨ੍ਹਾਂ ਦਾ ਵੱਡਾ ਵਹਿਮ ਹੈ।ਸੰਧਵਾਂ ਨੇ ਕਿਹਾ ਕਿ ਪਾਰਟੀ ਛੱਡ ਕੇ ਜਾਣ ਵਾਲੇ ਐੱਮ.ਪੀਜ਼ ਨੇ ਜਨਤਾ ਦੇ ਫ਼ਤਵੇ ਦਾ ਅਪਮਾਨ ਕੀਤਾ ਹੈ।ਫ਼ਰੀਦਕੋਟ ਦੇ ਘੰਟਾ ਘਰ ਚੌਕ ਵਿਖੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੀ ਅਗਵਾਈ ਹੇਠ ਵਰਕਰਾਂ ਨੇ ਰੋਸ ਪ੍ਰਗਟਾਇਆ।ਸੇਖੋਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਹੁਤ ਉਮੀਦਾਂ ਨਾਲ ਆਮ ਆਦਮੀ ਪਾਰਟੀ ਨੂੰ ਚੁਣਿਆ ਸੀ ਤੇ ਵਿਧਾਇਕਾਂ ਨੇ ਇਨ੍ਹਾਂ ਨੁਮਾਇੰਦਿਆਂ ਨੂੰ ਰਾਜ ਸਭਾ ਵਿੱਚ ਪੰਜਾਬ ਦੀ ਆਵਾਜ਼ ਬਣਨ ਲਈ ਭੇਜਿਆ ਸੀ।ਉਨ੍ਹਾਂ ਕਿਹਾ ਕਿ ਇਨ੍ਹਾਂ ਨੇ ਕੇਵਲ ਪਾਰਟੀ ਨਾਲ ਹੀ ਨਹੀਂ, ਸਗੋਂ ਪੰਜਾਬ ਦੀ ਜਨਤਾ ਨਾਲ ਗ਼ੱਦਾਰੀ ਕੀਤੀ ਹੈ।ਪਲਾਨਿੰਗ ਬੋਰਡ ਦੇ ਚੇਅਰਮੈਨ ਗੁਰਤੇਜ ਸਿੰਘ ਖੋਸਾ ਨੇ ਆਖਿਆ ਕਿ ਲੋਕਾਂ ਨੇ ਇਨ੍ਹਾਂ ਨੂੰ ਮਾਣ-ਸਤਿਕਾਰ ਦੇ ਕੇ ਉੱਚੇ ਅਹੁਦਿਆਂ ’ਤੇ ਪੁਚਾਇਆ ਸੀ, ਪਰ ਇਨ੍ਹਾਂ ਨੇ ਲੋਕ ਹਿੱਤਾਂ ਦੀ ਬਜਾਏ ਨਿੱਜੀ ਮੁਫ਼ਾਦਾਂ ਨੂੰ ਪਹਿਲ ਦਿੱਤੀ।ਇਸੇ ਤਰ੍ਹਾਂ ਜੈਤੋ ਵਿਖੇ ਚੇਅਰਮੈਨ ਲਛਮਣ ਸਿੰਘ ਭਗਤੂਆਣਾ ਤੇ ਚੇਅਰਮੈਨ ਗੋਬਿੰਦਰ ਸਿੰਘ ਆਹਲੂਵਾਲੀਆ ਦੀ ਅਗਵਾਈ ਹੇਠ ਪੁਤਲੇ ਫੂਕੇ ਗਏ।

# ਕਾਂਗਰਸੀ ਆਗੂ ਦੌਲਤਪੁਰ ਨੂੰ ਵਿਦੇਸ਼ੀ ਨੰਬਰਾਂ ਤੋਂ ਮਿਲੀ ਧਮਕੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਪਾਰਟੀ ਦੇ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਇੱਥੇ ਪੱਤਰਕਾਰਾਂ ਨਾਲ ਰੂ-ਬ-ਰੂ ਹੁੰਦਿਆਂ ਆਪਣੀ ਜਾਨ ਨੂੰ ਖ਼ਤਰਾ ਹੋਣ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਸਨਸਨੀਖੇਜ਼ ਖੁਲਾਸਾ ਕਰਦਿਆਂ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਉਨ੍ਹਾਂ ਨੂੰ ਗੈਂਗਸਟਰਾਂ ਵੱਲੋਂ ਲਗਾਤਾਰ ਡਰਾਉਣੀਆਂ ਕਾਲਾਂ ਆ ਰਹੀਆਂ ਹਨ।ਹਰਦੀਪ ਸਿੰਘ ਦੌਲਤਪੁਰ ਨੇ ਦੱਸਿਆ ਕਿ ਉਨ੍ਹਾਂ ਨੂੰ ਵਿਦੇਸ਼ੀ ਨੰਬਰਾਂ ਤੋਂ ਫੋਨ ਕਰਕੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ।ਧਮਕੀ ਦੇਣ ਵਾਲਿਆਂ ਨੇ ਬੇਹੱਦ ਖ਼ੌਫ਼ਨਾਕ ਲਹਿਜ਼ੇ ਵਿੱਚ ਕਿਹਾ ਹੈ ਕਿ ਉਹ ਉਨ੍ਹਾਂ ਦੇ ‘ਚਿੱਟੇ ਕੁੜਤੇ-ਪਜਾਮੇ ਨੂੰ ਖ਼ੂਨ ਨਾਲ ਲੱਥਪੱਥ’ ਕਰ ਦੇਣਗੇ।ਇੰਨਾ ਹੀ ਨਹੀਂ, ਗੈਂਗਸਟਰਾਂ ਨੇ ਵਿਅੰਗਮਈ ਢੰਗ ਨਾਲ ਉਨ੍ਹਾਂ ਨੂੰ ਆਪਣੀ ਸਕਾਰਪਿਓ ਕਾਰ ਨੂੰ ‘ਬੁਲੇਟ ਪਰੂਫ਼’ ਕਰਵਾਉਣ ਦੀ ਸਲਾਹ ਵੀ ਦਿੱਤੀ ਹੈ।ਫੋਨ ਕਰਨ ਵਾਲੇ ਵਿਅਕਤੀ ਨੇ ਹੰਕਾਰ ਵਿੱਚ ਕਿਹਾ ਕਿ ਦੌਲਤਪੁਰ ਦੇ ਡੱਬ ਵਿੱਚ ਲੱਗਿਆ 45 ਬੋਰ ਦਾ ਪਿਸਤੌਲ ਉਨ੍ਹਾਂ ਦਾ ਬਚਾਅ ਨਹੀਂ ਕਰ ਸਕੇਗਾ।ਆਗੂ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਗੈਂਗਸਟਰਾਂ ਵੱਲੋਂ ਉਨ੍ਹਾਂ ਦੇ ਨਿੱਜੀ ਜੀਵਨ ’ਤੇ ਵੀ ਨਜ਼ਰ ਰੱਖੀ ਜਾ ਰਹੀ ਹੈ।ਧਮਕੀ ਦੇਣ ਵਾਲੇ ਨੇ ਇੱਥੋਂ ਤੱਕ ਕਹਿ ਦਿੱਤਾ ਕਿ, ‘ਅਸੀਂ ਤਾਂ ਚੁੱਪ ਹਾਂ ਕਿਉਂਕਿ ਤੇਰਾ ਬੱਚਾ ਹਾਲੇ ਛੋਟਾ ਹੈ।’ ਦੌਲਤਪੁਰ ਨੇ ਦੋਸ਼ ਲਾਇਆ ਕਿ ਫਰਜ਼ੀ ਨੰਬਰ ਪਲੇਟਾਂ ਵਾਲੀਆਂ ਗੱਡੀਆਂ ਅਕਸਰ ਉਨ੍ਹਾਂ ਦੇ ਘਰ ਦੇ ਬਾਹਰ ਤੇ ਰਸਤਿਆਂ ਵਿੱਚ ਰੇਕੀ ਕਰਦੀਆਂ ਦੇਖੀਆਂ ਗਈਆਂ ਹਨ, ਜੋ ਕਿ ਸਿੱਧੇ ਤੌਰ ’ਤੇ ਉਨ੍ਹਾਂ ਦੇ ਪਰਵਾਰ ਨੂੰ ਦਹਿਸ਼ਤ ਵਿੱਚ ਪਾਉਣ ਦੀ ਕੋਸ਼ਿਸ਼ ਹੈ।ਹਰਦੀਪ ਸਿੰਘ ਦੌਲਤਪੁਰ ਨੇ ਸਥਾਨਕ ਪੁਲਸ ਦੀ ਢਿੱਲੜ ਕਾਰਜਗੁਜ਼ਾਰੀ ’ਤੇ ਗਹਿਰੀ ਨਾਰਾਜ਼ਗੀ ਜ਼ਾਹਰ ਕੀਤੀ।ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੀਆਂ ਘਟਨਾਵਾਂ ਤੇ ਧਮਕੀਆਂ ਬਾਰੇ ਸਮੇਂ-ਸਮੇਂ ’ਤੇ ਪੁਲਸ ਪ੍ਰਸ਼ਾਸਨ ਨੂੰ ਲਿਖਤੀ ਤੇ ਜ਼ਬਾਨੀ ਸੂਚਿਤ ਕੀਤਾ ਗਿਆ ਹੈ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ।ਉਨ੍ਹਾਂ ਸਵਾਲ ਕੀਤਾ ਕਿ ਜੇਕਰ ਕਿਸੇ ਸਿਆਸੀ ਆਗੂ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ, ਤਾਂ ਉਸ ਦਾ ਜ਼ਿੰਮੇਵਾਰ ਕੌਣ ਹੋਵੇਗਾ?

## ਪੁਲਸ ਦੀ ਢਿੱਲੜ ਕਾਰਗੁਜ਼ਾਰੀ ’ਤੇ ਚੁੱਕੇ ਸਵਾਲ

ਉਨ੍ਹਾਂ ਮੁੱਖ ਮੰਤਰੀ ਤੇ ਡੀ.ਜੀ.ਪੀ. ਪੰਜਾਬ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ ਤੇ ਉਨ੍ਹਾਂ ਦੀ ਤੇ ਉਨ੍ਹਾਂ ਦੇ ਪਰਵਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।

# ਵਿੱਤ ਮੰਤਰੀ ਦੀ ਕੋਠੀ ਅੱਗੇ ਧਰਨਾ ਪਹਿਲੀ ਨੂੰ

**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਆਗੂ ਹਰਬੰਸ ਸਿੰਘ ਦਿੜ੍ਹਬਾ ਤੇ ਮਿਸ਼ਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਵਿੱਚ ਬੈਰਸੀਆਣਾ ਗੁਰੂਘਰ ਵਿਖੇ ਕੀਤੀ ਗਈ। ਬਲਾਕ ਦਾ ਛਿਮਾਹੀ ਫੰਡ ਇਕੱਠਾ ਕਰਨ ਤੇ ਇਕਾਈਆਂ ਦੇ ਹਿਸਾਬ-ਕਿਤਾਬ ਕਰਕੇ ਪਿੰਡਾਂ ਦੀਆਂ ਸਾਂਝੀਆਂ ਥਾਂਵਾਂ ’ਤੇ ਲਾਉਣ ਦੀ ਹਦਾਇਤ ਕੀਤੀ ਗਈ। ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਨੇ ਦੱਸਿਆ ਕਿ ਪਿਛਲੇ ਦਿਨੀਂ ਸਮਾਜ ਸੇਵੀ ਵਕੀਲ ਐਨ ਕੇ ਜੀਤ ਜੋ ਪਿਛਲੇ ਦਿਨੀਂ ਇਸ ਦੁਨੀਆ ਨੂੰ ਅਲਵਿਦਾ ਆਖ ਗਏ ਹਨ, ਉਨ੍ਹਾਂ ਦਾ ਸ਼ਰਧਾਂਜਲੀ ਸਮਾਗਮ ਬਠਿੰਡਾ ਵਿਖੇ ਕੀਤਾ ਜਾ ਰਿਹਾ ਹੈ। ਐਨ ਕੇ ਜੀਤ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਲੋਕ ਲਹਿਰ ਦੇ ਲੇਖੇ ਲਾਇਆ ਹੈ। ਇਸ ਲਈ ਉਨ੍ਹਾਂ ਦੇ ਅੰਤਮ ਅਰਦਾਸ ਵਿੱਚ ਵਿੱਚ ਵਧ-ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇਗੀ ਤੇ 1 ਮਈ ਨੂੰ ਮਜ਼ਦੂਰ ਦਿਵਸ ਉੱਤੇ ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਵੱਲੋਂ ਵਿੱਤ ਮੰਤਰੀ ਹਰਪਾਲ ਚੀਮਾ ਦੀ ਕੋਠੀ ਸੰਗਰੂਰ ਅੱਗੇ ਧਰਨਾ ਦਿੱਤਾ ਜਾ ਰਿਹਾ ਹੈ, ਉਸ ਵਿੱਚ ਵੀ ਜਥੇਬੰਦੀ ਵੱਲੋਂ ਮੁਲਾਜ਼ਮਾਂ ਦੀ ਡਟਵੀਂ ਸਪੋਰਟ ਕੀਤੀ ਜਾਵੇਗੀ ਤੇ ਪੰਜਾਬ ਵਿੱਚ ਜੋ ਬਿਜਲੀ ਦੇ ਲੰਮੇ ਲੰਮੇ ਘੱਟ ਲਾਏ ਜਾ ਰਹੇ ਹਨ, ਇਸ ਦਾ ਜਥੇਬੰਦੀ ਵੱਲੋਂ ਸਖਤ ਨੋਟਿਸ ਲਿਆ ਜਾਵੇਗਾ, ਕਿਉਂਕਿ 24 ਘੰਟੇ ਵਾਲੀ ਬਿਜਲੀ ਦੀ ਸਪਲਾਈ ਰਾਤ ਨੂੰ 4 ਤੋਂ 5 ਘੰਟੇ ਦਾ ਕੱਟ ਲਾਇਆ ਜਾਂਦਾ ਹੈ, ਜਿਸ ਕਰਕੇ ਪੂਰੇ ਪੰਜਾਬ ਵਿੱਚ ਹਾਹਾਕਾਰ ਮੱਚੀ ਹੋਈ ਹੈ। ਜੇਕਰ ਸਰਕਾਰ ਨੇ ਬਿਜਲੀ ਦੀ ਸਪਲਾਈ 24 ਘੰਟੇ ਅਤੇ ਖੇਤਾਂ ਵਾਲੀ ਬਿਜਲੀ ਅੱਠ ਘੰਟੇ ਨਾ ਦਿੱਤੀ ਤਾਂ ਆਉਣ ਵਾਲੇ ਸਮੇਂ ਵਿੱਚ ਜ਼ਿਲ੍ਹਾ ਪੱਧਰ ’ਤੇ ਵੱਡਾ ਸੰਘਰਸ਼ ਕੀਤਾ ਜਾਵੇਗਾ।

# 30 ਤੱਕ ਮੁਆਵਜ਼ਾ ਨਾ ਮਿਲਣ ’ਤੇ 4 ਨੂੰ ਸਾਰੇ ਟੋਲ ਅਣਮਿੱਥੇ ਸਮੇਂ ਲਈ ਫਰੀ ਕੀਤੇ ਜਾਣਗੇ : ਅਜ਼ਾਦ ਕਿਸਾਨ ਮੋਰਚਾ



**ਜ਼ੀਰਾ (ਨਰਿੰਦਰ ਅਨੇਜਾ)**-ਅਜ਼ਾਦ ਕਿਸਾਨ ਮੋਰਚਾ ਪੰਜਾਬ ਵੱਲੋਂ ਮੀਟਿੰਗ ਦੌਰਾਨ ਕਈ ਵੱਡੇ ਫ਼ੈਸਲੇ ਤੇ ਐਲਾਨ ਕੀਤੇ ਗਏ ਹਨ।ਮੋਰਚੇ ਦੇ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਅਬਾਦਕਾਰ ਕਿਸਾਨਾਂ ਨੂੰ 30 ਅਪ੍ਰੈਲ ਤੱਕ ਮੁਆਵਜ਼ਾ ਜਾਰੀ ਨਾ ਕੀਤਾ ਗਿਆ ਤਾਂ 4 ਮਈ ਤੋਂ ਪੰਜਾਬ ਭਰ ਦੇ ਸਾਰੇ ਟੋਲ ਪਲਾਜ਼ਿਆਂ ਨੂੰ ਅਨਮਿੱਥੇ ਸਮੇਂ ਲਈ ਮੁਫ਼ਤ ਕਰ ਦਿੱਤਾ ਜਾਵੇਗਾ।

ਇਸ ਮੌਕੇ ਮੋਰਚੇ ਨੇ ਮੱਲਾਂਵਾਲਾ ਤੋਂ ਘਰਿਆਲਾ ਸਟੇਸ਼ਨ ਵੱਲ ਬਣ ਰਹੀ ਰੇਲਵੇ ਲਾਈਨ ਲਈ ਜ਼ਮੀਨ ਦੇਣ ਵਾਲੇ ਕਿਸਾਨਾਂ ਲਈ ਸਵਾ ਕਰੋੜ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦੀ ਮੰਗ ਵੀ ਰੱਖੀ। ਆਗੂਆਂ ਦਾ ਕਹਿਣਾ ਹੈ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਜ਼ਮੀਨ ਦਾ ਯੋਗ ਮੁੱਲ ਮਿਲਣਾ ਚਾਹੀਦਾ ਹੈ, ਹੜ੍ਹਾਂ ਕਾਰਨ ਕਿਸਾਨਾਂ ਦੀ ਜ਼ਮੀਨ ਵਿੱਚ ਪਈ ਰੇਤ ਚੁੱਕਣ ਦੀ ਇਜਾਜ਼ਤ ਦਿੱਤੀ ਜਾਵੇ, ਬੀ ਬੀ ਐੱਮ ਬੀ ’ਚੋਂ ਪੰਜਾਬ ਦੀ ਭਾਗੀਦਾਰੀ ਖਤਮ ਕਰਨ ਦੀ ਨਿੰਦਾ, ਮੁੜ ਬਹਾਲ ਕਰਨ ਦੀ ਮੰਗ, ਇਸ ਤੋਂ ਇਲਾਵਾ, ਪੰਜਾਬ ਵਿੱਚ ਲਗਾਤਾਰ ਹੋ ਰਹੀਆਂ ਬਿਜਲੀ ਕੱਟਾਂ ’ਤੇ ਨਾਰਾਜ਼ਗੀ ਜ਼ਾਹਰ ਕਰਦਿਆਂ ਮੋਰਚੇ ਨੇ ਕਿਹਾ ਕਿ ਜੇ ਇਸ ਸਮੱਸਿਆ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ 10 ਮਈ ਨੂੰ ਸੂਬੇ ਭਰ ਵਿੱਚ ਬਿਜਲੀ ਵਿਭਾਗ ਦੇ ਐਕਸੀਅਨ ਦਫ਼ਤਰਾਂ ਦਾ ਘਿਰਾਓ ਕੀਤਾ ਜਾਵੇਗਾ।

ਮੋਰਚੇ ਦੇ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ ਤੇ ਜ਼ਰੂਰਤ ਪੈਣ ’ਤੇ ਹੋਰ ਤਿੱਖੇ ਕਦਮ ਵੀ ਚੁੱਕੇ ਜਾਣਗੇ। ਮੀਟਿੰਗ ਦੀ ਪ੍ਰਧਾਨਗੀ ਸਤਨਾਮ ਸਿੰਘ ਹਰੀਕੇ, ਜਸਬੀਰ ਸਿੰਘ ਆਹਲੂਵਾਲੀਆ, ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਕੀਤੀ। ਇਸ ਮੌਕੇ ਸੁੱਖ ਗਿੱਲ ਮੋਗਾ ਬੀਕੇਯੂ ਤੋਤੇਵਾਲ, ਸਤਨਾਮ ਸਿੰਘ ਸੰਧੂ ਹਰੀਕੇ ਬੀਕੇਯੂ ਮਝੈਲ, ਜਸਬੀਰ ਸਿੰਘ ਆਹਲੂਵਾਲੀਆ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ, ਪਰਮਜੀਤ ਸਿੰਘ ਜੱਬੋਵਾਲ ਪੰਜਾਬ ਕਿਸਾਨ ਯੂਨੀਅਨ ਬਾਗੀ, ਨਛੱਤਰ ਸਿੰਘ ਸ਼ੇਰੇ ਪੰਜਾਬ ਕਿਸਾਨ-ਮਜ਼ਦੂਰ ਮੋਰਚਾ, ਸਾਰਜ ਸਿੰਘ ਬੰਬ ਬੀਕੇਯੂ ਬੰਬ, ਸਵਰਨ ਸਿੰਘ ਕੋਟ ਕਰੋੜ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੀਪ ਸਿੱਧੂ, ਜਗਮੀਤ ਸਿੰਘ ਜੱਗਾ ਇਨਸਾਫ ਟੀਮ, ਸੁਖਦੀਪ ਸਿੰਘ ਖਾਲਸਾ ਸਰਬੱਤ ਦਾ ਭਲਾ ਮੰਚ ਪੰਜਾਬ, ਸ਼ਰਨਜੀਤ ਸਿੰਘ ਸਰਾਂ ਆਲ ਇੰਡੀਆ ਕਿਸਾਨ ਯੂਨੀਅਨ, ਤਰਨਜੀਤ ਸਿੰਘ ਨਿਮਾਣਾ ਅੰਨਦਾਤਾ ਕਿਸਾਨ ਯੂਨੀਅਨ, ਭੁਪਿੰਦਰ ਸਿੰਘ ਕੋਟ ਦੁੱਨਾ ਭਾਰਤੀ ਕਿਸਾਨ ਯੂਨੀਅਨ ਏਕਤਾ ਮਾਲਵਾ, ਲਖਵਿੰਦਰ ਸਿੰਘ ਸੌਂਟੀ ਭਾਰਤੀ ਕਿਸਾਨ ਯੂਨੀਅਨ ਅੰਮ੍ਰਿਤਸਰ ਹਾਜ਼ਰ ਸਨ।

# ਰੇਲਗੱਡੀ ’ਚੋਂ ਮਿਲੇ 12 ਸਾਲਾ ਬੱਚੇ ਨੂੰ ਸੁਰੱਖਿਅਤ ਮਾਪਿਆਂ ਹਵਾਲੇ ਕੀਤਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਭਾਰਤੀ ਰੇਲਵੇ ਦੇ ਫਿਰੋਜ਼ਪੁਰ ਮੰਡਲ ਅਧੀਨ ਅੰਮ੍ਰਿਤਸਰ ਦੀਆਂ ਦੋ ਮਹਿਲਾ ਟਿਕਟ ਚੈਕਿੰਗ ਸਟਾਫ਼ ਮੈਂਬਰਾਂ ਨੇ ਆਪਣੀ ਡਿਊਟੀ ਦੇ ਨਾਲ-ਨਾਲ ਇਨਸਾਨੀਅਤ ਦੀ ਮਿਸਾਲ ਪੇਸ਼ ਕੀਤੀ ਹੈ। ਬੀਤੇ ਦਿਨ ਅੰਮ੍ਰਿਤਸਰ-ਜੈਨਗਰ ਕਲੋਨ ਸਪੈਸ਼ਲ ਟਰੇਨ ਵਿੱਚ ਚੈਕਿੰਗ ਦੌਰਾਨ ਇਕ 12 ਸਾਲਾ ਨਾਬਾਲਗ ਬੱਚਾ ਇਕੱਲਾ ਸਫ਼ਰ ਕਰਦਾ ਪਾਇਆ ਗਿਆ। ਟੀਟੀਆਈ ਪੂਜਾ ਸ਼ਰਮਾ ਤੇ ਸ਼ਸ਼ੀ ਬਾਲਾ ਦੀ ਤੱਤਪਰਤਾ ਸਦਕਾ ਇਸ ਬੱਚੇ ਨੂੰ ਅੰਬਾਲਾ ਕੈਂਟ ਵਿਖੇ ਆਰਪੀਐੱਫ ਦੇ ਸਹਿਯੋਗ ਨਾਲ ਸੁਰੱਖਿਅਤ ਉਸ ਦੇ ਪਰਿਵਾਰ ਤੱਕ ਪਹੁੰਚਾਇਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਗੱਡੀ ਸੰਖਿਆ 04652 ਅੰਮ੍ਰਿਤਸਰ-ਜੈਨਗਰ ਕਲੋਨ ਸਪੈਸ਼ਲ ਵਿਚ ਡਿਊਟੀ ਦੌਰਾਨ ਅੰਮ੍ਰਿਤਸਰ ਦੀਆਂ ਟੀਟੀਆਈ ਪੂਜਾ ਸ਼ਰਮਾ ਤੇ ਸ਼ਸ਼ੀ ਬਾਲਾ ਸਲੀਪਰ ਕੋਚ ਵਿੱਚ ਟਿਕਟਾਂ ਦੀ ਚੈਕਿੰਗ ਕਰ ਰਹੀਆਂ ਸਨ। ਚੈਕਿੰਗ ਦੌਰਾਨ ਉਨ੍ਹਾਂ ਦੀ ਨਜ਼ਰ ਇੱਕ 12 ਸਾਲਾ ਲੜਕੇ ’ਤੇ ਪਈ ਜੋ ਬਿਲਕੁਲ ਇਕੱਲਾ ਬੈਠਾ ਸੀ। ਜਦੋਂ ਮਹਿਲਾ ਸਟਾਫ਼ ਨੇ ਬੱਚੇ ਕੋਲੋਂ ਉਸ ਦੇ ਮਾਪਿਆਂ ਜਾਂ ਰਿਸ਼ਤੇਦਾਰਾਂ ਬਾਰੇ ਪੁੱਛਗਿੱਛ ਕੀਤੀ, ਤਾਂ ਉਹ ਕੋਈ ਵੀ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ। ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਦੋਵਾਂ ਮਹਿਲਾ ਮੁਲਾਜ਼ਮਾਂ ਨੇ ਤੁਰੰਤ ਵਪਾਰਕ ਕੰਟਰੋਲ ਫਿਰੋਜ਼ਪੁਰ ਨੂੰ ਸੂਚਿਤ ਕੀਤਾ। ਰੇਲਵੇ ਅਧਿਕਾਰੀਆਂ ਦੇ ਨਿਰਦੇਸ਼ਾਂ ਤੇ ਆਪਸੀ ਤਾਲਮੇਲ ਤੋਂ ਬਾਅਦ ਬੱਚੇ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਉਸ ਨੂੰ ਅੰਬਾਲਾ ਕੈਂਟ ਸਟੇਸ਼ਨ ’ਤੇ ਉਤਾਰਿਆ ਗਿਆ ਤੇ ਉੱਥੇ ਮੌਜੂਦ ਮਹਿਲਾ ਆਰਪੀਐੱਫ ਸਟਾਫ਼ ਦੇ ਹਵਾਲੇ ਕਰ ਦਿੱਤਾ ਗਿਆ। ਰੇਲਵੇ ਪੁਲਸ ਵੱਲੋਂ ਬੱਚੇ ਦੇ ਪਰਵਾਰ ਨਾਲ ਸੰਪਰਕ ਕੀਤਾ ਗਿਆ ਤੇ ਅੱਜ ਲੋੜੀਂਦੀ ਕਾਰਵਾਈ ਤੋਂ ਬਾਅਦ ਬੱਚੇ ਨੂੰ ਸੁਰੱਖਿਅਤ ਉਸ ਦੇ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਬਸੰਤ ਕੁਮਾਰ ਨੇ ਇਸ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਟਿਕਟ ਚੈਕਿੰਗ ਸਟਾਫ਼ ਨੇ ਆਪਣੀ ਡਿਊਟੀ ਨਿਭਾਉਂਦੇ ਹੋਏ ਬਹੁਤ ਹੀ ਜ਼ਿੰਮੇਵਾਰੀ ਤੇ ਚੌਕਸੀ ਦਾ ਸਬੂਤ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਕਾਰਜ ਰੇਲਵੇ ਦੇ ਅਕਸ ਨੂੰ ਜਨਤਾ ਵਿੱਚ ਹੋਰ ਉੱਚਾ ਚੁੱਕਦੇ ਹਨ।

## ਅੰਮ੍ਰਿਤਸਰ ਦੀਆਂ ਦੋ ਮਹਿਲਾ ਟੀ ਟੀ ਆਈਜ਼ ਨੇ ਪੇਸ਼ ਕੀਤੀ ਮਿਸਾਲ

# ਸਫਾ 1 ਦੇ ਬਾਕੀ...

## ਕੇਜਰੀਵਾਲ ਦਾ ਜਸਟਿਸ ...

ਉਨ੍ਹਾ ਦੇ ਸਾਹਮਣੇ ਆਪਣਾ ਕੇਸ ਲੜਾਂ, ਪਰ ਇਹ ਮੁੱਦਾ ਹੁਣ ਸਿਰਫ਼ ਮੇਰੇ ਕੇਸ ਦਾ ਨਹੀਂ, ਸਗੋਂ ਆਮ ਲੋਕਾਂ ਦੇ ਨਿਆਂ ਪ੍ਰਣਾਲੀ ’ਤੇ ਭਰੋਸੇ ਦਾ ਹੈ। ਅਜਿਹੀ ਦੁਬਿਧਾ ਦੇ ਮੌਕੇ ’ਤੇ ਬਾਪੂ ਨੇ ਸਾਨੂੰ ਸੱਤਿਆਗ੍ਰਹਿ ਦਾ ਰਸਤਾ ਦਿਖਾਇਆ ਹੈ। ਬਾਪੂ ਨੇ ਕਿਹਾ ਸੀ ਕਿ ਜਦੋਂ ਵੀ ਕਿਸੇ ਬੇਇਨਸਾਫ਼ੀ ਦਾ ਸਾਹਮਣਾ ਕਰੋ ਤਾਂ ਉਸ ਦਾ ਪਹਿਲਾ ਕਦਮ ਵਿਰੋਧ ਨਹੀਂ, ਸਗੋਂ ਗੱਲਬਾਤ ਹੋਣਾ ਚਾਹੀਦਾ ਹੈ। ਆਪਣੀ ਗੱਲ ਬੇਇਨਸਾਫ਼ੀ ਕਰਨ ਵਾਲੇ ਦੇ ਸਾਹਮਣੇ ਪੂਰੀ ਨਿਮਰਤਾ ਨਾਲ ਰੱਖਣੀ ਚਾਹੀਦੀ ਹੈ ਅਤੇ ਉਸ ਨੂੰ ਸੁਧਾਰਨ ਦਾ ਪੂਰਾ ਮੌਕਾ ਦੇਣਾ ਚਾਹੀਦਾ ਹੈ। ਸਾਰੀਆਂ ਕੋਸ਼ਿਸ਼ਾਂ ਦੇ ਬਾਅਦ ਵੀ ਜੇਕਰ ਨਿਆਂ ਨਾ ਮਿਲੇ ਤਾਂ ਅੰਤਰ-ਆਤਮਾ ਦੀ ਆਵਾਜ਼ ਸੁਣੋ। ਜੇਕਰ ਅੰਤਰ-ਆਤਮਾ ਦੀ ਆਵਾਜ਼ ਕਹਿੰਦੀ ਹੈ ਕਿ ਨਿਆਂ ਨਹੀਂ ਹੋਇਆ ਤਾਂ ਸ਼ਾਂਤੀ ਅਤੇ ਨਿਮਰਤਾ ਨਾਲ ਸੱਤਿਆਗ੍ਰਹਿ ਕਰਨਾ ਚਾਹੀਦਾ ਹੈ। ਫਿਰ ਉਸ ਦੇ ਜੋ ਵੀ ਨਤੀਜੇ ਹੋਣ, ਉਹ ਖਿੜੇ ਮੱਥੇ ਪ੍ਰਵਾਨ ਕਰਨੇ ਚਾਹੀਦੇ ਹਨ। ਇਸ ਪੂਰੇ ਘਟਨਾਕ੍ਰਮ ਵਿੱਚ ਬੇਇਨਸਾਫ਼ੀ ਕਰਨ ਵਾਲੇ ਵਿਅਕਤੀ ਪ੍ਰਤੀ ਕਿਸੇ ਵੀ ਕਿਸਮ ਦੀ ਨਫ਼ਰਤ ਜਾਂ ਗੁੱਸਾ ਨਹੀਂ ਹੋਣਾ ਚਾਹੀਦਾ।ਮੈਂ ਵੀ ਗੱਲਬਾਤ ਨਾਲ ਸ਼ੁਰੂਆਤ ਕੀਤੀ। ਪੂਰੀ ਨਿਸ਼ਠਾ ਅਤੇ ਨਿਮਰਤਾ ਨਾਲ ਜਸਟਿਸ ਸਵਰਨਕਾਂਤਾ ਸ਼ਰਮਾ ਦੇ ਸਾਹਮਣੇ ਆਪਣੀ ਗੱਲ ਰੱਖੀ। ਉਨ੍ਹਾ ਨੂੰ ਇਸ ਕੇਸ ਤੋਂ ਵੱਖ ਹੋਣ ਲਈ ਬੇਨਤੀ ਕੀਤੀ। ਮੈਂ ਗੁਜ਼ਾਰਿਸ਼ ਕੀਤੀ ਕਿ ਮੇਰਾ ਕੇਸ ਹਾਈ ਕੋਰਟ ਦੇ ਕਿਸੇ ਵੀ ਹੋਰ ਜੱਜ ਦੁਆਰਾ ਸੁਣ ਲਿਆ ਜਾਵੇ, ਪਰ ਉਨ੍ਹਾ ਮੇਰੀ ਪ੍ਰਾਰਥਨਾ ਅਸਵੀਕਾਰ ਕਰ ਦਿੱਤੀ। ਉਨ੍ਹਾ ਫੈਸਲਾ ਦਿੱਤਾ ਕਿ ਉਹ ਆਪਣੇ ਆਪ ਨੂੰ ਇਸ ਮਾਮਲੇ ਤੋਂ ਵੱਖ ਨਹੀਂ ਕਰਨਗੇ ਅਤੇ ਇਹ ਕੇਸ ਉਹ ਖੁਦ ਹੀ ਸੁਣਨਗੇ। ਉਨ੍ਹਾ ਵੱਲੋਂ ਦਿੱਤੇ ਗਏ ਇਸ ਫੈਸਲੇ ਨਾਲ ਮੈਂ ਪੂਰੀ ਨਿਮਰਤਾ ਸਹਿਤ ਅਸਹਿਮਤ ਹਾਂ। ਇਸ ਪੂਰੇ ਘਟਨਾਕ੍ਰਮ ਤੋਂ ਬਾਅਦ ਮੇਰਾ ਖਦਸ਼ਾ ਹੋਰ ਡੂੰਘਾ ਹੋ ਗਿਆ ਹੈ ਕਿ ਕੀ ਉਨ੍ਹਾ ਸਾਹਮਣੇ ਮੈਨੂੰ ਨਿਆਂ ਮਿਲੇਗਾ? ਬਾਪੂ ਦੇ ਦਿਖਾਏ ਰਸਤੇ ’ਤੇ ਚੱਲਦੇ ਹੋਏ ਸੱਤਿਆਗ੍ਰਹਿ ਦੀ ਭਾਵਨਾ ਨਾਲ ਹੁਣ ਮੈਂ ਫੈਸਲਾ ਕੀਤਾ ਹੈ ਕਿ ਮੈਂ ਇਸ ਕੇਸ ਵਿੱਚ ਜਸਟਿਸ ਸਵਰਨਕਾਂਤਾ ਸ਼ਰਮਾ ਦੀ ਅਦਾਲਤ ਵਿੱਚ ਨਾ ਤਾਂ ਖੁਦ ਪੇਸ਼ ਹੋਵਾਂਗਾ ਅਤੇ ਨਾ ਹੀ ਮੇਰੀ ਤਰਫੋਂ ਕੋਈ ਵਕੀਲ ਪੈਰਵੀ ਕਰੇਗਾ। ਜਸਟਿਸ ਸਵਰਨਕਾਂਤਾ ਸ਼ਰਮਾ ਜੋ ਵੀ ਫੈਸਲਾ ਸੁਣਾਉਣਗੇ, ਉਸ ’ਤੇ ਸਮਾਂ ਆਉਣ ’ਤੇ ਮੇਰੇ ਜੋ ਵੀ ਕਾਨੂੰਨੀ ਅਧਿਕਾਰ ਹਨ, ਜਿਵੇਂ ਸੁਪਰੀਮ ਕੋਰਟ ਵਿੱਚ ਚੁਣੌਤੀ ਦੇਣਾ ਆਦਿ, ਉਹ ਸਾਰੇ ਕਦਮ ਚੁੱਕਣ ਲਈ ਮੈਂ ਸੁਤੰਤਰ ਹਾਂ।

ਆਮ ਆਦਮੀ ਪਾਰਟੀ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਜਸਟਿਸ ਸਵਰਨਕਾਂਤਾ ਸ਼ਰਮਾ ਦੀ ਅਦਾਲਤ ਵਿੱਚ ਪੇਸ਼ ਨਾ ਹੋਣ ਦੇ ਫੈਸਲੇ ਦਾ ਜ਼ੋਰਦਾਰ ਸਮਰਥਨ ਕੀਤਾ ਹੈ। ਪਾਰਟੀ ਨੇ ਇਸ ਨੂੰ ਸੱਚਾਈ, ਸਵੈ-ਮਾਣ ਅਤੇ ਗਾਂਧੀਵਾਦੀ ਸੱਤਿਆਗ੍ਰਹਿ ਦੇ ਫਲਸਫੇ ਵਿੱਚ ਰਚਿਆ ਹੋਇਆ ਇੱਕ ਸਿਧਾਂਤਕ ਕਦਮ ਕਰਾਰ ਦਿੱਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ‘ਅਰਵਿੰਦ ਕੇਜਰੀਵਾਲ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਇਨਸਾਫ਼ ਅਤੇ ਸਵੈ-ਮਾਣ ਲਈ ਇਨਸਾਨ ਨੂੰ ਸਭ ਕੁਝ ਕੁਰਬਾਨ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਜਦੋਂ ਨਿਆਂ ਪਾਲਿਕਾ ਦੀ ਨਿਰਪੱਖਤਾ ’ਤੇ ਸਵਾਲ ਉੱਠਦੇ ਹਨ, ਤਾਂ ਜਨਤਾ ਦਾ ਵਿਸ਼ਵਾਸ ਡੋਲ ਜਾਂਦਾ ਹੈ। ਅਸੀਂ ਸਾਰੇ ਉਨ੍ਹਾ ਦੇ ਨਾਲ ਚਟਾਨ ਵਾਂਗ ਖੜ੍ਹੇ ਹਾਂ।’

‘ਆਪ’ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਕਿਹਾ, ‘ਜਦੋਂ ਨਿਆਂ ’ਤੇ ਸਿਆਸੀ ਪਰਛਾਵੇਂ ਪੈਂਦੇ ਹਨ, ਤਾਂ ਸੱਚ ਅਤੇ ਨਿਰਪੱਖਤਾ ਦੋਵਾਂ ਦਾ ਨੁਕਸਾਨ ਹੁੰਦਾ ਹੈ। ਭਾਜਪਾ ਅਤੇ ਇਸ ਦੇ ਵਿਚਾਰਧਾਰਕ ਤਾਣੇ-ਬਾਣੇ ਨਾਲ ਜੁੜੇ ਮਾਮਲਿਆਂ ਵਿੱਚ ਨਿਰਪੱਖਤਾ ’ਤੇ ਸ਼ੱਕ ਪੈਦਾ ਹੋਣਾ ਸੁਭਾਵਿਕ ਹੈ।’ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਬਿਜਲੀ ਮੰਤਰੀ ਸੰਜੀਵ ਅਰੋੜਾ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ, ਲਾਲ ਚੰਦ ਕਟਾਰੂ ਚੱਕ, ਹਰਦੀਪ ਸਿੰਘ ਮੁੰਡੀਆਂ ਅਤੇ ਹਰਭਜਨ ਸਿੰਘ ਈ ਟੀ ਓ ਨੇ ਵੀ ਇਸੇ ਤਰ੍ਹਾਂ ਦੇ ਵਿਚਾਰ ਪ੍ਰਗਟ ਕਰਦਿਆਂ ਕੇਜਰੀਵਾਲ ਨਾਲ ਇਕਜੁੱਟਤਾ ਪ੍ਰਗਟਾਈ ਅਤੇ ਸੱਚ ਤੇ ਨਿਆਂ ਦੀ ਲੜਾਈ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

## ਭਾਜਪਾ ਨੂੰ ਰੋਕਣ ਲਈ...

ਤਿੰਨ ਕਮਿਊਨਿਸਟ ਧਿਰਾਂ ਜਲਦੀ ਹੀ ਅਗਲੀ ਮੀਟਿੰਗ ਕਰਕੇ ਲੋਕਾਂ ਨੂੰ ਪੰਜਾਬ ਤੇ ਕੇਂਦਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਲਾਮਬੰਦ ਕਰਨ ਲਈ ਪ੍ਰੋਗਰਾਮ ਕਰਨਗੀਆਂ।ਖੱਬੀਆਂ ਧਿਰਾਂ ਨੇ ਹੈਰਾਨੀ ਪ੍ਰਗਟ ਕੀਤੀ ਕਿ ਪੰਜਾਬ ਦੀਆਂ ਸਰਕਾਰ ਵਿਰੋਧੀ ਧਿਰਾਂ ਪੰਜਾਬ ਦੇ ਉਕਤ ਮਸਲਿਆਂ ਦੇ ਵਿਰੋਧ ਤੋਂ ਬਿਨਾਂ ਹੀ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਜਿੱਤ ਕੇ ਸਰਕਾਰ ਬਣਾਉਣਾ ਚਾਹੁੰਦੀਆਂ ਹਨ, ਅਜਿਹੀ ਸੋਚ ਗਲਤ ਹੈ। ਵਿਰੋਧੀ ਧਿਰਾਂ ਨੂੰ ਲੋਕ-ਪੱਖੀ ਮਸਲਿਆਂ ਨੂੰ ਲੈ ਕੇ ਅੱਗੇ ਆਉਣਾ ਚਾਹੀਦਾ ਹੈ।

# ਕਾਨੂੰਨ ਵਿਵਸਥਾ ਮਜ਼ਬੂਤ ਕਰਨ ਲਈ ਖੰਨਾ ਪੁਲਸ ਦੀ ਕ੍ਰਾਈਮ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਸੀਨੀਅਰ ਸੁਪਰਿੰਟੈਂਡੈਂਟ ਆਫ ਪੁਲਸ ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐੱਸ ਪੀ (ਹੈੱਡਕੁਆਰਟਰ) ਹਰਪਿੰਦਰ ਕੌਰ ਗਿੱਲ ਵੱਲੋਂ ਜ਼ਿਲ੍ਹੇ ਦੇ ਜੀ.ਓਜ਼, ਐੱਸ.ਐੱਚ.ਓਜ਼ ਤੇ ਵੱਖ-ਵੱਖ ਯੂਨਿਟਾਂ ਦੇ ਇੰਚਾਰਜਾਂ ਨਾਲ ਇੱਕ ਅਹਿਮ ਕ੍ਰਾਈਮ ਮੀਟਿੰਗ ਕੀਤੀ ਗਈ।ਮੀਟਿੰਗ ਦਾ ਮੁੱਖ ਉਦੇਸ਼ ਜ਼ਿਲ੍ਹੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰਨਾ ਤੇ ਅਪਰਾਧਿਕ ਗਤੀਵਿਧੀਆਂ ’ਤੇ ਰੋਕ ਲਗਾਉਣਾ ਸੀ। ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਵਾਪਰ ਰਹੀਆਂ ਵੱਖ-ਵੱਖ ਕਿਸਮ ਦੀਆਂ ਅਪਰਾਧਕ ਘਟਨਾਵਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਅਧਿਕਾਰੀਆਂ ਵੱਲੋਂ ਆਪੋ-ਆਪਣੇ ਇਲਾਕਿਆਂ ਦੀ ਕ੍ਰਾਈਮ ਸਥਿਤੀ ਬਾਰੇ ਰਿਪੋਰਟ ਪੇਸ਼ ਕੀਤੀ ਗਈ, ਜਿਸ ਦੇ ਆਧਾਰ ’ਤੇ ਮੌਜੂਦਾ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਲੰਬਿਤ ਮਾਮਲਿਆਂ ਦੇ ਤੁਰੰਤ ਨਿਪਟਾਰੇ, ਨਸ਼ਿਆਂ ਵਿਰੁੱਧ ਚੱਲ ਰਹੀਆਂ ਮੁਹਿੰਮਾਂ ਨੂੰ ਹੋਰ ਤੇਜ਼ ਕਰਨ ਤੇ ਗੈਂਗਸਟਰ ਗਤੀਵਿਧੀਆਂ ’ਤੇ ਸਖ਼ਤ ਨਿਗਰਾਨੀ ਰੱਖਣ ’ਤੇ ਜ਼ੋਰ ਦਿੱਤਾ ਗਿਆ।ਇਸ ਦੇ ਨਾਲ ਹੀ ਅਪਰਾਧਾਂ ’ਤੇ ਪ੍ਰਭਾਵਸ਼ਾਲੀ ਕਾਬੂ ਪਾਉਣ ਲਈ ਤਿਆਰ ਕੀਤੇ ਗਏ ਐਕਸ਼ਨ ਪਲਾਨ ਬਾਰੇ ਵੀ ਚਰਚਾ ਕੀਤੀ ਗਈ।ਐੱਸਪੀ ਹਰਪਿੰਦਰ ਕੌਰ ਗਿੱਲ ਨੇ ਹਾਜ਼ਰ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਇਲਾਕਿਆਂ ਵਿੱਚ ਪੈਟਰੋਲਿੰਗ ਨੂੰ ਹੋਰ ਮਜ਼ਬੂਤ ਕੀਤਾ ਜਾਵੇ, ਸ਼ੱਕੀ ਵਿਅਕਤੀਆਂ ’ਤੇ ਨਿਗਰਾਨੀ ਵਧਾਈ ਜਾਵੇ ਤੇ ਲੋਕਾਂ ਨਾਲ ਸਾਂਝ ਬਣਾਈ ਰੱਖਦੇ ਹੋਏ ਕਾਨੂੰਨ-ਵਿਵਸਥਾ ਨੂੰ ਸੁਚਾਰੂ ਬਣਾਇਆ ਜਾਵੇ।ਮੀਟਿੰਗ ਦੇ ਅੰਤ ਵਿੱਚ ਅਧਿਕਾਰੀਆਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਤੇ ਮੁਸਤੈਦੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।

# ਭਾਜਪਾ ਤੇ ‘ਆਪ’ ਕਦੇ ਵੀ ਪੰਜਾਬ ਦਾ ਭਲਾ ਨਹੀਂ ਕਰ ਸਕਦੀਆਂ : ਹਰਦਿਆਲ ਕੰਬੋਜ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਤੇ ਭਾਜਪਾ ਇਕੋ ਥਾਲੀ ਦੇ ਚੱਟੇ-ਵੱਟੇ ਹਨ।ਇਹ ਪਾਰਟੀਆਂ ਪੰਜਾਬ ਵਿਰੋਧੀ ਹਨ ਤੇ ਕਦੇ ਵੀ ਪੰਜਾਬ ਦਾ ਭਲਾ ਨਹੀਂ ਕਰ ਸਕਦੀਆਂ। ਉਨ੍ਹਾਂ ਕਿਹਾ ਕਿ ਜਿੱਥੇ ਭਾਜਪਾ ਦੇਸ਼ ਦਾ ਕਚੂੰਬਰ ਕੱਢ ਰਹੀ ਹੈ, ਉਥੇ ‘ਆਪ’ ਨੇਤਾ ਪੰਜਾਬ ਦੇ ਹਿੱਤਾਂ ਦੀ ਥਾਂ ਸਿਰਫ ਆਪਣੇ ਫਾਇਦਿਆਂ ਨੂੰ ਦੇਖਦੇ ਹਨ।ਹਰਦਿਆਲ ਕੰਬੋਜ ਨੇ ਕਿਹਾ ਕਿ ‘ਆਪ’ ਸਰਕਾਰ ਪੰਜਾਬ ਨੂੰ ਚਲਾਉਣ ਵਿੱਚ ਪੂਰੀ ਤਰ੍ਹਾਂ ਨਾਕਾਮ ਸਿੱਧ ਹੋਈ ਹੈ, ਉਥੇ ਹੀ ਭਾਜਪਾ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪੰਜਾਬ ਵਿੱਚ ਇਸ ਵੇਲੇ ਸਿਧਾਂਤਾਂ ਦੀ ਰਾਜਨੀਤੀ ਖ਼ਤਮ ਹੋ ਗਈ ਹੈ।ਉਨ੍ਹਾਂ ਕਿਹਾ ਕਿ ਜਿਹੜੇ ਆਗੂ ਕੱਲ੍ਹ ਤੱਕ ਇਕ-ਦੂਜੇ ਨੂੰ ਕੋਸਦੇ ਸੀ, ਅੱਜ ਕੁਰਸੀ ਖ਼ਾਤਰ ਭਾਜਪਾ ਤੇ ‘ਆਪ’ ਵਿੱਚ ਸ਼ਾਮਲ ਹੋ ਕੇ ਪੰਜਾਬੀਆਂ ਦੇ ਅੱਖਾਂ ਵਿੱਚ ਘੱਟਾ ਪਾ ਰਹੇ ਹਨ, ਜਿਨ੍ਹਾਂ ਨੂੰ ਪੰਜਾਬ ਦੇ ਲੋਕ ਕਦੇ ਵੀ ਮੁਆਫ ਨਹੀਂ ਕਰਨਗੇ।ਉਨਾ ਕਿਹਾ ਕਿ ਮੌਜੂਦਾ ਸਰਕਾਰ ਸਿਰਫ਼ ਇਸ਼ਤਿਹਾਰਾਂ ਤੱਕ ਸੀਮਤ ਹੈ, ਜਦ ਕਿ ਜ਼ਮੀਨੀ ਪੱਧਰ ’ਤੇ ਕਾਨੂੰਨ ਵਿਵਸਥਾ ਤੇ ਵਿਕਾਸ ਦਾ ਬੁਰਾ ਹਾਲ ਹੈ।ਉਨਾ ਕਿਹਾ ਕਿ ਕਾਂਗਰਸ ਪਾਰਟੀ ਹੀ ਸਿਰਫ ਇਕ ਮਾਤਰ ਅਜਿਹੀ ਪਾਰਟੀ ਹੈ, ਜੋਕਿ ਪੰਜਾਬ ਨੂੰ ਮੁੜ ਵਿਕਾਸ ਦੀ ਲੀਹ ’ਤੇ ਲਿਆ ਸਕਦੀ ਹੈ।ਉਨ੍ਹਾ ਸਪੱਸ਼ਟ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਇਨ੍ਹਾਂ ਗੁੰਮਰਾਹਕੁਨ ਪਾਰਟੀਆਂ ਨੂੰ ਚੱਲਦਾ ਕਰਨਗੇ ਤੇ ਕਾਂਗਰਸ ਦੀ ਵਾਪਸੀ ਕਰਵਾ ਕੇ ਆਪਣੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਗੇ।

# ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਸੰਬੰਧੀ ਸੋਧ ਬਿੱਲ ਪਾਸ ਹੋਣ ’ਤੇ ਸਪੀਕਰ ਦਾ ਸਨਮਾਨ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਸਬੰਧੀ ਸੋਧ ਬਿੱਲ ਪਾਸ ਹੋਣ ਦੇ ਮੌਕੇ ’ਤੇ ਜ਼ਿਲ੍ਹਾ ਫਰੀਦਕੋਟ ਦੇ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਪੀਕਰ ਸੰਧਵਾਂ ਗੁਰਦੁਆਰਾ ਸਾਹਿਬ ਪਿੰਡ ਭੈਰੋ ਭੱਟੀ, ਡੱਗੋ ਰੋਮਾਣਾ, ਦਾਨਾ ਰੋਮਾਣਾ ਤੇ ਟਹਿਣਾ ਵਿਖੇ ਪਹੁੰਚੇ, ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਪਿੰਡ ਵਾਸੀਆਂ ਤੇ ਸੰਗਤਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਸਨਮਾਨਤ ਕੀਤਾ ਗਿਆ।ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਦੇ ਸਿਰਮੌਰ ਤੇ ਮਨੁੱਖਤਾ ਲਈ ਰਾਹ ਦਰਸਾਉਣ ਵਾਲੇ ਹਨ ਤੇ ਉਨ੍ਹਾਂ ਦੇ ਸਤਿਕਾਰ ਦੀ ਰੱਖਿਆ ਕਰਨਾ ਸਾਡਾ ਸਾਂਝਾ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬਾਨ ਦੀ ਮਹਾਨਤਾ ਤੇ ਸਤਿਕਾਰ ਨੂੰ ਕਾਇਮ ਰੱਖਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨਾਲ ਜੁੜੇ ਮਾਮਲਿਆਂ ਵਿੱਚ ਸੰਗਤਾਂ ਦੀ ਭਾਵਨਾ ਦਾ ਪੂਰਾ ਸਨਮਾਨ ਕੀਤਾ ਜਾਵੇਗਾ ਤੇ ਸਰਕਾਰ ਹਮੇਸ਼ਾ ਪੰਥਕ ਮਰਯਾਦਾ ਤੇ ਧਾਰਮਿਕ ਕਦਰਾਂ-ਕੀਮਤਾਂ ਦੀ ਰੱਖਿਆ ਲਈ ਵਚਨਬੱਧ ਹੈ।

# ਡੀ ਬੀ ਯੂ ਦੇ ਪ੍ਰੋਫੈਸਰ ਡਾ. ਅਜੇ ਗੁਪਤਾ ਐਕਸੀਲੈਂਸ ਪੁਰਸਕਾਰ ਨਾਲ ਸਨਮਾਨਤ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਅਜੇ ਕੁਮਾਰ ਗੁਪਤਾ ਨੂੰ ਵਿਸ਼ਵ ਧਰਤੀ ਦਿਵਸ ਦੇ ਮੌਕੇ ’ਤੇ ਆਈਸੀਏਆਰ-ਸੈਂਟਰਲ ਐਗਰੋਫੋਰੈਸਟਰੀ ਰਿਸਰਚ ਇੰਸਟੀਚਿਊਟ (ਸੀਏਐਫਆਰਆਈ), ਝਾਂਸੀ ਵਿਖੇ ਆਯੋਜਤ ਇੱਕ ਸਮਾਰੋਹ ਦੌਰਾਨ ਅਕਾਦਮਿਕ ਤੇ ਖੋਜ ਵਿੱਚ ਉੱਤਮਤਾ ਲਈ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਹ ਪੁਰਸਕਾਰ ‘ਵਾਤਾਵਰਣ ਸਥਿਰਤਾ, ਜਲਵਾਯੂ ਪ੍ਰਬੰਧਨ ਤੇ ਬਾਇਓਟੈਕਨਾਲੋਜੀ ਵਿੱਚ ਸਰਹੱਦਾਂ’ ’ਤੇ ਦੋ-ਰੋਜ਼ਾ ਰਾਸ਼ਟਰੀ ਕਾਨਫਰੰਸ ਦੇ ਸਮਾਪਤੀ ਸੈਸ਼ਨ ਵਿੱਚ ਪੇਸ਼ ਕੀਤਾ ਗਿਆ। ਪ੍ਰੋ. ਗੁਪਤਾ ਨੇ ਮੁੱਖ ਮਹਿਮਾਨ ਡਾ. ਏ. ਕੇ. ਸਿੰਘ, ਰਾਣੀ ਲਕਸ਼ਮੀ ਬਾਈ ਸੈਂਟਰਲ ਐਗਰੀਕਲਚਰਲ ਯੂਨੀਵਰਸਿਟੀ, ਝਾਂਸੀ ਦੇ ਵਾਈਸ ਚਾਂਸਲਰ, ਨਵੀਂ ਦਿੱਲੀ ਦੇ ਧਰਤੀ ਵਿਗਿਆਨ ਮੰਤਰਾਲੇ ਦੇ ਸਲਾਹਕਾਰ ਡਾ. ਨਿਲੋਏ ਖਰੇ, ਨਵੀਂ ਦਿੱਲੀ ਦੇ ਡਾਇਰੈਕਟਰ ਆਈ.ਸੀ.ਏ.ਆਰ.-ਸੀ.ਏ.ਐਫ.ਆਰ.ਆਈ. ਡਾ. ਏ. ਅਰੁਣਾਚਲਮ ਤੇ ਨਵੀਂ ਦਿੱਲੀ ਦੇ ਪ੍ਰਧਾਨ ਸੇਵ ਦ ਐਨਵਾਇਰਮੈਂਟ ਤੇ ਸਾਬਕਾ ਐਡੀਸ਼ਨਲ ਡਾਇਰੈਕਟਰ ਡੀ.ਆਰ.ਡੀ.ਓ. ਡਾ. ਕਸ਼ਿਪਰਾ ਮਿਸ਼ਰਾ ਤੋਂ ਮਾਨਤਾ ਪ੍ਰਾਪਤ ਕੀਤੀ।ਕਾਨਫਰੰਸ ਵਿੱਚ ‘ਸਾਡੀ ਸ਼ਕਤੀ ਬਨਾਮ ਸਾਡਾ ਗ੍ਰਹਿ’ ਥੀਮ ਹੇਠ ਦੇਸ਼ ਭਰ ਤੋਂ 200 ਤੋਂ ਵੱਧ ਡੈਲੀਗੇਟਸ ਇਕੱਠਾ ਹੋਏ, ਜਿਸ ਵਿੱਚ ਮੁੱਖ ਵਾਤਾਵਰਣ ਚੁਣੌਤੀਆਂ ਤੇ ਟਿਕਾਊ ਹੱਲਾਂ ’ਤੇ ਚਰਚਾ ਕੀਤੀ ਗਈ।ਪੁਰਸਕਾਰ ਪ੍ਰਾਪਤ ਕਰਨ ਤੋਂ ਇਲਾਵਾ, ਪ੍ਰੋ. ਗੁਪਤਾ ਨੇ ਵਾਤਾਵਰਣ ਤੇ ਜਲਵਾਯੂ ਮੁੱਦਿਆਂ ’ਤੇ ਸੱਦਾ ਪੱਤਰ ਲੈਕਚਰ ਦੇ ਕੇ ਅਕਾਦਮਿਕ ਤੌਰ ’ਤੇ ਯੋਗਦਾਨ ਪਾਇਆ।ਯਮੁਨਾ ਨਦੀ ਦੇ ਪ੍ਰਦੂਸ਼ਣ ’ਤੇ ਉਨ੍ਹਾਂ ਦੀ ਦਸਤਾਵੇਜ਼ੀ ਫਿਲਮ ਵੀ ਦਿਖਾਈ ਗਈ, ਜਿਸ ਵਿੱਚ ਵਾਤਾਵਰਣ ਸੰਬੰਧੀ ਚਿੰਤਾਵਾਂ ਵੱਲ ਧਿਆਨ ਖਿੱਚਿਆ ਗਿਆ।

# ਲੋਕਾਂ ਦੇ ਫ਼ਤਵੇ ਨਾਲ ਗ਼ੱਦਾਰੀ ਕਰਨ ਵਾਲਿਆਂ ਨੂੰ ਜਨਤਾ ਕਦੇ ਮੁਆਫ਼ ਨਹੀਂ ਕਰੇਗੀ : ਰਣਜੋਧ ਹਡਾਣਾ



**ਸਨੌਰ/ਦੇਵੀਗੜ੍ਹ (ਰਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਨੂੰ ਪਿੱਠ ਦਿਖਾ ਕੇ ਭਾਜਪਾ ਵਿੱਚ ਸ਼ਾਮਲ ਹੋਣ ਦੇ ਫ਼ੈਸਲੇ ਵਿਰੁੱਧ ਹਲਕਾ ਸਨੌਰ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ। ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਇਕੱਲੇ ਹੋਏ ‘ਆਪ’ ਆਗੂਆਂ ਅਤੇ ਵਲੰਟੀਅਰਾਂ ਨੇ ਹਲਕਾ ਸਨੌਰ ਵਿੱਚ ਵੱਖ-ਵੱਖ ਥਾਂਵਾਂ ’ਤੇ ਇਨ੍ਹਾਂ ਮੈਂਬਰਾਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਉਨ੍ਹਾਂ ਦੇ ਪੁਤਲੇ ਸਾੜੇ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਦੁਧਨ ਸਾਧਾਂ, ਸ਼ਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਕੌਂਸਲ ਦੇਵੀਗੜ੍ਹ, ਸਰਬਜੀਤ ਸਿੰਘ ਨੈਣਾਂ ਚੇਅਰਮੈਨ, ਹਰਪ੍ਰੀਤ ਸਿੰਘ ਘੁਮਾਣ ਵਾਈਸ ਚੇਅਰਮੈਨ, ਗੁਰਪ੍ਰੀਤ ਸਿੰਘ ਸਰਪੰਚ, ਅਮਰ ਸੰਘੇੜਾ ਯੂਥ ਪ੍ਰਧਾਨ, ਗੁਰਪ੍ਰੀਤ ਸਿੰਘ ਗੋਪੀ ਜਿਲ੍ਹਾ ਪ੍ਰੀਸ਼ਦ ਮੈਂਬਰ ਤੋਂ ਇਲਾਵਾ ਤੇ ਵੱਖ-ਵੱਖ ਵਾਰਡਾਂ ਦੇ ਕੌਂਸਲਰ, ਬਲਾਕ ਪ੍ਰਧਾਨ, ਸਰਪੰਚ ਤੇ ਵੱਡੀ ਗਿਣਤੀ ਵਿੱਚ ‘ਆਪ’ ਆਗੂ ਤੇ ਪਾਰਟੀ ਵਰਕਰ ਹਾਜ਼ਰ ਸਨ। ਰੋਸ ਪ੍ਰਦਰਸ਼ਨ ਦੌਰਾਨ ਹੱਥਾਂ ’ਚ ਪੋਸਟਰ ਫੜ ਕੇ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਇਹ ਰਾਜ ਸਭਾ ਮੈਂਬਰ ਆਮ ਆਦਮੀ ਪਾਰਟੀ ਦੀ ਬਦੌਲਤ ਤੇ ਲੋਕਾਂ ਦੇ ਵਿਸ਼ਵਾਸ ਸਦਕਾ ਉੱਚੇ ਅਹੁਦਿਆਂ ਤੱਕ ਪਹੁੰਚੇ ਸਨ।ਉਨ੍ਹਾਂ ਕਿਹਾ, ਜਿਸ ਪਾਰਟੀ ਨੇ ਇਨ੍ਹਾਂ ਨੂੰ ਪਛਾਣ ਦਿੱਤੀ, ਉਸੇ ਨਾਲ ਧੋਖਾ ਕਰਕੇ ਭਾਜਪਾ ਵਿੱਚ ਸ਼ਾਮਲ ਹੋਣਾ ਸਿਆਸੀ ਮੰਦਭਾਗੀ ਅਤੇ ਗ਼ੱਦਾਰੀ ਦੀ ਸਭ ਤੋਂ ਵੱਡੀ ਮਿਸਾਲ ਹੈ।ਇਸ ਤੋਂ ਵੱਡੀ ਨੀਚਤਾ ਹੋਰ ਕੀ ਹੋ ਸਕਦੀ ਹੈ।ਹਡਾਣਾ ਨੇ ਭਾਜਪਾ ’ਤੇ ਵਰ੍ਹਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਲੋਕਤੰਤਰ ਦਾ ਘਾਣ ਕਰ ਰਹੀ ਹੈ ਤੇ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਲਾਲਚ ਜਾਂ ਡਰਾ-ਧਮਕਾ ਕੇ ਆਪਣੇ ਵੱਲ ਖਿੱਚ ਰਹੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਮੌਕਾਪ੍ਰਸਤ ਆਗੂਆਂ ਦੇ ਜਾਣ ਨਾਲ ਆਮ ਆਦਮੀ ਪਾਰਟੀ ਨੂੰ ਕੋਈ ਫ਼ਰਕ ਨਹੀਂ ਪਵੇਗਾ, ਕਿਉਂਕਿ ਪਾਰਟੀ ਦੀ ਅਸਲ ਤਾਕਤ ਇਸ ਦੇ ਇਮਾਨਦਾਰ ਵਲੰਟੀਅਰ ਅਤੇ ਜਨਤਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : **nawanzamana@gmail.com** * **Web : www.nawanzamana.in**

# ਪੰਜਾਬ ਸਟੇਟ ਮਿਨਿਸਟਰੀਅਲ ਸਰਵਿਸਜ਼ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਵਿੱਢਣ ਦਾ ਐਲਾਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਪੰਜਾਬ ਸਟੇਟ ਮਿਨਿਸਟਰੀਅਲ ਸਰਵਿਸਜ਼ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਸੂਬਾਈ ਅਤੇ ਜ਼ਿਲ੍ਹਾ ਆਗੂਆਂ ਨੇ ਭਾਗ ਲੈ ਕੇ ਮੌਜੂਦਾ ਹਾਲਾਤ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਅਗਲੇ ਸੰਘਰਸ਼ ਲਈ ਮਹੱਤਵਪੂਰਨ ਫ਼ੈਸਲੇ ਲਏ।ਮੀਟਿੰਗ ਦੌਰਾਨ ਬੁਲਾਰਿਆਂ ਨੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਰਵੱਈਏ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਉਚ ਅਦਾਲਤਾਂ ਵੱਲੋਂ ਦਿੱਤੇ ਗਏ ਮੁਲਾਜ਼ਮ ਹਿਤੈਸ਼ੀ ਫ਼ੈਸਲੇ ਲਾਗੂ ਕਰਨ ਵਿੱਚ ਸਰਕਾਰ ਟਾਲਮਟੋਲ ਕਰ ਰਹੀ ਹੈ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨੂੰ ਜਲਦੀ ਲਾਗੂ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰ ਨੂੰ ਕਰੜਾ ਜਵਾਬ ਦਿੱਤਾ ਜਾਵੇਗਾ।ਮੀਟਿੰਗ ਵਿੱਚ ਇਹ ਫ਼ੈਸਲਾ ਵੀ ਲਿਆ ਗਿਆ ਕਿ 5 ਮਈ ਤੋਂ 8 ਮਈ ਦੇ ਵਿਚਕਾਰ ਕਿਸੇ ਇੱਕ ਦਿਨ ਜ਼ਿਲ੍ਹਾ ਪੱਧਰੀ ਜਨਰਲ ਅਜਲਾਸ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਨੇੜਲੇ ਜ਼ਿਲ੍ਹਿਆਂ ਦੇ ਸੂਬਾਈ ਆਗੂ ਵੀ ਸ਼ਿਰਕਤ ਕਰਨਗੇ।ਇਨ੍ਹਾਂ ਅਜਲਾਸਾਂ ਵਿੱਚ ਸੰਘਰਸ਼ ਨੂੰ ਤੇਜ਼ ਕਰਨ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਰਣਨੀਤੀ ਤਿਆਰ ਕੀਤੀ ਜਾਵੇਗੀ।ਇਸ ਤੋਂ ਇਲਾਵਾ 15 ਮਈ 2026 ਨੂੰ ਸੰਗਰੂਰ ਵਿੱਚ ਸੂਬਾ ਅਤੇ ਜ਼ਿਲ੍ਹਾ ਲੀਡਰਸ਼ਿਪ ਵੱਲੋਂ ਕਾਲੇ ਚੋਲੇ ਪਾ ਕੇ ਪੰਜਾਬ ਦੇ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਦੇ ਘਰ ਵੱਲ ਸੰਕੇਤਕ ਰੋਸ ਮਾਰਚ ਕੀਤਾ ਜਾਵੇਗਾ ਅਤੇ ਘਿਰਾਓ ਕੀਤਾ ਜਾਵੇਗਾ।ਇਸ ਮੌਕੇ ਅਗਲੇ ਸੰਘਰਸ਼ਕਾਰੀ ਕਦਮਾਂ ਦਾ ਵੀ ਐਲਾਨ ਕੀਤਾ ਜਾਵੇਗਾ, ਜਿਸ ਵਿੱਚ ਕਲਮ ਛੋੜ ਹੜਤਾਲ ਅਤੇ ਕੈਬਨਿਟ ਸਬ ਕਮੇਟੀ ਮੈਂਬਰਾਂ ਦੇ ਘਰਾਂ ਦਾ ਘਿਰਾਓ ਵੀ ਸ਼ਾਮਿਲ ਹੋ ਸਕਦਾ ਹੈ।ਯੂਨੀਅਨ ਨੇ ਆਉਣ ਵਾਲੀਆਂ ਨਗਰ ਕੌਂਸਲ ਅਤੇ ਨਿਗਮ ਚੋਣਾਂ ਦੌਰਾਨ ਵੀ ਸਰਕਾਰ ਖ਼ਿਲਾਫ਼ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਹੈ।ਚੋਣ ਪ੍ਰਚਾਰ ਦੇ ਆਖਰੀ ਦਿਨ ਜ਼ਿਲ੍ਹਾ ਪੱਧਰ 'ਤੇ ਕਾਲੇ ਝੰਡਿਆਂ ਨਾਲ ਮੋਟਰਸਾਈਕਲ ਮਾਰਚ ਕੱਢੇ ਜਾਣਗੇ।ਵੋਟਾਂ ਦੇ ਦਿਨ ਕਲੈਰੀਕਲ ਕਰਮਚਾਰੀ ਕਾਲੇ ਬਿੱਲੇ ਲਾ ਕੇ ਚੋਣ ਡਿਊਟੀ ਕਰਨਗੇ ਅਤੇ ਹੋਰ ਜਥੇਬੰਦੀਆਂ ਨੂੰ ਵੀ ਇਸ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਜਾਵੇਗੀ।ਇਸ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਸਬੰਧੀ ਸੂਬਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖਟੜਾ (ਸੂਬਾ ਪ੍ਰਧਾਨ ਸਿੱਖਿਆ ਵਿਭਾਗ) ਨੇ ਇਹ ਜਾਣਕਾਰੀ ਦਿੱਤੀ।ਇਸ ਮੀਟਿੰਗ ਵਿੱਚ ਸੂਬਾ ਚੇਅਰਮੈਨ ਰਘਬੀਰ ਸਿੰਘ ਬਡਵਾਲ, ਵਾਈਸ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਅਨੀਰੁਧ ਮੋਦਗਿਲ, ਨਰਿੰਦਰ ਸ਼ਰਮਾ ਐਡੀਸ਼ਨਲ ਜਨਰਲ ਸਕੱਤਰ ਸਿੱਖਿਆ ਵਿਭਾਗ ਪੰਜਾਬ ਪਿੱਪਲ ਸਿੰਘ ਸਿੱਧੂ (ਫਿਰੋਜ਼ਪੁਰ) ਅਤੇ ਖੁਸ਼ਕਰਨਜੀਤ ਸਿੰਘ (ਮੁਕਤਸਰ) ਦੋਵੇਂ ਸੂਬਾ ਸੀਨੀਅਰ ਮੀਤ ਪ੍ਰਧਾਨ, ਅਮਿਤ ਅਰੋੜਾ ਸੂਬਾ ਵਧੀਕ ਜਨਰਲ ਸਕੱਤਰ ਅਤੇ ਸੂਬਾ ਪ੍ਰਧਾਨ ਬੀ ਐਂਡ ਆਰ ਵਿਭਾਗ, ਤੇਜਿੰਦਰ ਸਿੰਘ ਨੰਗਲ ਸੂਬਾ ਮੁਖ ਸਲਾਹਕਾਰ ਅਤੇ ਸੂਬਾ ਪ੍ਰਧਾਨ ਤੇ ਨਰਿੰਦਰ ਸਿੰਘ ਚੀਮਾ ਸੂਬਾ ਜਨਰਲ ਸਕੱਤਰ ਦੋਵੇਂ ਪੰਜਾਬ ਰਾਜ ਜ਼ਿਲ੍ਹਾ (ਡੀਸੀ) ਦਫਤਰ ਕਰਮਚਾਰੀ ਯੂਨੀਅਨ, ਸਚਿਨ ਕੁਮਾਰ, ਜਤਿੰਦਰ ਕੁਮਾਰ, ਨਰੇਸ਼ ਕੁਮਾਰ ਪਠਾਨਕੋਟ ਆਦਿ ਸ਼ਾਮਿਲ ਹੋਏ।



## ਇੱਟ ਮਾਰ ਕੇ ਜ਼ਖ਼ਮੀ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਤਿੱਬੜ ਪੁਲਸ ਨੇ ਇਟ ਮਾਰ ਕੇ ਜ਼ਖ਼ਮੀ ਕਰਨ ਵਾਲੇ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅੰਸ਼ ਮਸੀਹ ਪੁੱਤਰ ਜਤਿੰਦਰ ਮਸੀਹ ਵਾਸੀ ਦਾਰਾਪੁਰ ਨੇ ਦੱਸਿਆ ਕਿ ਉਹ ਕਰੀਬ ਇਕ ਹਫਤੇ ਤੋਂ ਆਪਣੀ ਭੂਆ ਪਰਮਜੀਤ ਪਤਨੀ ਚੰਦਾ ਮਸੀਹ ਵਾਸੀ ਭੁੱਲੇਚੱਕ ਰਹਿ ਰਿਹਾ ਹੈ। 21 ਮਾਰਚ ਨੂੰ ਕਰੀਬ ਰਾਤ 8 ਵਜੇ ਦੇ ਕਰੀਬ ਮੈਂ ਘਰ ਦੀ ਛੱਤ ਉਤੇ ਲੱਗੀ ਟੁੱਟੀ 'ਤੇ ਹੱਥ ਮੂੰਹ ਧੋਹ ਰਿਹਾ ਸੀ ਕਿ ਬੰਟੀ, ਸੋਢੀ ਪੁੱਤਰਾਨ ਬਿੱਟੂ, ਕਾਲੂ ਪੁੱਤਰ ਸਾਬੀ ਵਾਸੀ ਭੁੱਲੇਚੱਕ ਆਪਣੀ ਘਰ ਦੇ ਛੱਤ ਉਤੇ ਖੜੇ ਸਨ ਤਾਂ ਮੇਰੀ ਭੂਆ ਦੀ ਨੂੰਹ ਵੀ ਕੋਠੇ 'ਤੇ ਆ ਗਈ ਜਿਸ ਨੂੰ ਉਕਤ ਵਿਅਕਤੀ ਮਜ਼ਾਕ ਕਰਨ ਲੱਗ ਪਏ। ਜਦ ਮੈਂ ਉਨ੍ਹਾਂ ਨੂੰ ਮਜ਼ਾਕ ਕਰਨ ਤੋਂ ਰੋਕਿਆ ਤਾਂ ਕਥਿਤ ਦੋਸ਼ੀਆਂ ਨੇ ਅੱਖ 'ਤੇ ਇਟ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ। ਥਾਣਾ ਤਿੱਬੜ ਪੁਲਸ ਨੇ ਜ਼ਖ਼ਮੀ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਅਕਾਲੀ ਆਗੂ ਸੁਖਵੰਤ ਸਿੰਘ ਸਰਾਓ, ਗੁਰਵਿੰਦਰ ਸਿੰਘ ਭੁਟਾਲ ਭਾਜਪਾ 'ਚ ਸ਼ਾਮਲ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਲਗਾਤਾਰ ਮਿਲ ਰਹੇ ਰਾਜਨੀਤਿਕ ਝਟਕਿਆਂ ਦੇ ਦਰਮਿਆਨ ਇੱਕ ਹੋਰ ਮਹੱਤਵਪੂਰਨ ਘਟਨਾਕ੍ਰਮ ਸਾਹਮਣੇ ਆਇਆ ਜਦੋਂ ਪਾਰਟੀ ਦੇ ਸੀਨੀਅਰ ਉਪ ਪ੍ਰਧਾਨ ਸੁਖਵੰਤ ਸਿੰਘ ਸਰਾਓ ਨੇ ਪਾਰਟੀ ਨੂੰ ਅਲਵਿਦਾ ਆਖਦਿਆਂ ਆਪਣੇ ਸਮਰਥਕਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਵਿਧੀਵਤ ਸ਼ਾਮਲ ਹੋ ਗਏ। ਚੰਡੀਗੜ੍ਹ ਵਿੱਚ ਬੀਤੇ ਦਿਨ ਹੋਏ ਇੱਕ ਸਮਾਗਮ ਦੌਰਾਨ ਭਾਜਪਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਕੁਮਾਰ ਦੀ ਹਾਜ਼ਰੀ ਵਿੱਚ ਉਨ੍ਹਾਂ ਨੇ ਪਾਰਟੀ ਦੀ ਮੈਂਬਰਸ਼ਿਪ ਪ੍ਰਾਪਤ ਕੀਤੀ। ਇਸ ਮੌਕੇ ਸਾਬਕਾ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ (ਡੀ ਡੀ ਪੀ ਓ) ਗੁਰਵਿੰਦਰ ਸਿੰਘ ਭੁਟਾਲ ਵੀ ਭਾਜਪਾ ਵਿੱਚ ਸ਼ਾਮਲ ਹੋ ਗਏ।

## ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਤਹਿਸੀਲ ਖਡੂਰ ਸਾਹਿਬ ਦੀ ਜਨਰਲ ਬਾਡੀ ਦੀ ਅਹਿਮ ਮੀਟਿੰਗ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਤਹਿਸੀਲ ਖਡੂਰ ਸਾਹਿਬ ਦੀ ਜਨਰਲ ਬਾਡੀ ਦੀ ਮੀਟਿੰਗ ਤਹਿਸੀਲ ਪ੍ਰਧਾਨ ਮਨਜੀਤ ਸਿੰਘ ਬੱਗੂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿਚ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ ਵੀ ਹਾਜ਼ਰ ਹੋਏ।ਮੀਟਿੰਗ ਨੂੰ ਉਪਰੋਕਤ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਆਪ ਸਰਕਾਰ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਦੀ ਮਸਲੇ ਹੱਲ ਕਰਨ 'ਚ ਬੁਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਕੇਂਦਰ ਦੀ ਮੋਦੀ ਸਰਕਾਰ ਦੀ ਬੀ ਟੀਮ ਵਜੋਂ ਕੰਮ ਕਰ ਰਹੀ ਹੈ। ਪੰਜਾਬ ਦੇ ਮਸਲੇ ਹੱਲ ਕਰਨ ਦੀ ਥਾਂ ਉਨ੍ਹਾਂ ਨੂੰ ਉਲਝਾਇਆ ਜਾ ਰਿਹਾ ਹੈ।ਨੌਜਵਾਨਾਂ, ਮੁਲਾਜ਼ਮਾ ਤੋਂ ਇਲਾਵਾ ਹਰ ਵਰਗ ਇਨ੍ਹਾਂ ਦੀਆਂ ਨੀਤੀਆਂ ਤੋਂ ਦੁਖੀ ਹੈ। ਪੰਜਾਬ ਅੰਦਰ ਲੁੱਟਾਂ ਖੋਹਾਂ, ਕਤਲੋਗਾਰਤ, ਦਿਨ-ਦਿਹਾੜੇ ਸ਼ਰੇਆਮ ਗੋਲੀਆਂ ਚਲਦੀਆਂ ਹਨ।ਆਗੂਆਂ ਨੇ ਕਿਹਾ ਕਿ ਪੁਲਸ ਹਾਕਮ ਧਿਰ ਦੀ ਪੁਸ਼ਤਪਨਾਹੀ ਕਰਦੀ ਹੈ ਅਤੇ ਲੋਕਾਂ ਨੂੰ ਇਨਸਾਫ ਨਹੀਂ ਮਿਲ ਰਿਹਾ।ਆਗੂਆਂ ਨੇ ਦੱਸਿਆ ਕਿ 1 ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜਾ ਤਰਨ ਤਾਰਨ ਵਿਖੇ ਮਨਾਇਆ ਜਾ ਰਿਹਾ ਅਤੇ ਹਰ ਸਾਲ ਦੀ ਤਰ੍ਹਾਂ ਵਿੱਛੜ ਚੁੱਕੇ ਸ਼ਹੀਦਾਂ ਨੂੰ ਯਾਦ ਕਰਨ ਲਈ 19 ਮਈ ਨੂੰ ਤਰਨ ਤਾਰਨ ਵਿਖੇ ਪ੍ਰਭਾਵਸ਼ਾਲੀ ਸਮਾਗਮ ਕੀਤਾ ਜਾ ਰਿਹਾ ਹੈ ਜਿਸ ਲਈ ਪਾਰਟੀ ਵਰਕਰਾਂ, ਹਮਦਰਦਾਂ ਨੂੰ ਤਿਆਰੀਆਂ ਵਿਚ ਜੁੱਟ ਜਾਣ ਦਾ ਸੱਦਾ ਦਿੱਤਾ।ਪਾਰਟੀ ਦੇ ਤਹਿਸੀਲ ਸਕੱਤਰ ਸੁਲੱਖਣ ਸਿੰਘ ਤੁੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਤੇ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਦੇ ਕਥਿਤ ਇਸ਼ਾਰਿਆਂ ਤੇ ਗੋਇੰਦਵਾਲ ਦੀ ਪੁਲਿਸ ਵੱਲੋਂ ਸ਼ਰੇਆਮ ਧੱਕੇਸ਼ਾਹੀ ਕੀਤੀ ਜਾ ਰਹੀ ਹੈ।ਮਹੀਨਿਆਂ ਬੱਧੀ ਦਿੱਤੀਆਂ ਦਰਖਾਸਤਾਂ ਨੂੰ ਠੰਡੇ ਬਸਤੇ ਵਿੱਚ ਪਾ ਦਿੱਤਾ ਹੈ ਜਿਸ ਵਿਰੁੱਧ 12 ਮਈ ਨੂੰ ਗੋਇੰਦਵਾਲ ਥਾਣੇ ਅੱਗੇ ਧਰਨਾ ਦਿੱਤਾ ਜਾਵੇਗਾ।ਇਸ ਮੌਕੇ ਰੇਸ਼ਮ ਸਿੰਘ ਫੈਲੋਕੇ, ਦਾਰਾ ਸਿੰਘ ਮੁੰਡਾ ਪਿੰਡ, ਜਸਬੀਰ ਸਿੰਘ ਵੈਰੋਵਾਲ, ਸਿੰਘ ਬਾਣੀਆ, ਜੋਗਿੰਦਰ ਸਿੰਘ ਖਡੂਰ ਸਾਹਿਬ ਆਦਿ ਆਗੂ ਹਾਜ਼ਰ ਸਨ।



# ਐਕਟਿਵਾ ਸਵਾਰ ਪਤੀ, ਪਤਨੀ ਤੇ ਧੀ ਦੀ ਭਿਆਨਕ ਸੜਕ ਹਾਦਸੇ 'ਚ ਮੌਤ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਇਥੋਂ ਨਜ਼ਦੀਕੀ ਪਿੰਡ ਘਨਸ਼ਾਮਪੁਰ ਅਤੇ ਪਿੰਡ ਤਨੇਲ ਦੇ ਵਿਚਕਾਰ ਭਿਆਨਕ ਸੜਕ ਹਾਦਸੇ ਵਿੱਚ ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਮੌਤ ਹੋ ਜਾਣ ਦਾ ਦੁਖਦਾਇਕ ਸਮਾਚਾਰ ਪ੍ਰਾਪਤ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮਹਿਤਾ ਦੀ ਤਰਫ਼ੋਂ ਆ ਰਹੀ ਇਕ ਕਾਲੇ ਰੰਗ ਦੀ ਕਰੇਟਾ ਕਾਰ ਪੀਬੀ 10 ਜੇ.ਸੀ. 2009 ਅਤੇ ਐਕਟਿਵਾ ਸਕੂਟਰੀ ਦੀ ਟੱਕਰ ਦੌਰਾਨ ਭਿਆਨਕ ਸੜਕ ਹਾਦਸੇ ਵਿਚ ਐਕਟਿਵਾ ਚਾਲਕ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਦੋ ਔਰਤਾਂ ਨੇ ਹਸਪਤਾਲ ਵਿੱਚ ਦਮ ਤੋੜ ਦਿੱਤਾ। ਮ੍ਰਿਤਕਾਂ ਦੀ ਪਹਿਚਾਣ ਰੇਸ਼ਮ ਸਿੰਘ ਪੁੱਤਰ ਗਿਆਨ ਸਿੰਘ, ਸੀਮਾ ਪਤਨੀ ਰੇਸ਼ਮ ਸਿੰਘ, ਕਵਲਜੀਤ ਕੌਰ ਪੁੱਤਰੀ ਰੇਸ਼ਮ ਸਿੰਘ ਵਾਸੀ ਪਿੰਡ ਬਲੜ੍ਹਵਾਲ, ਜ਼ਿਲ੍ਹਾ ਗੁਰਦਾਸਪੁਰ ਵਜੋਂ ਹੋਈ ਹੈ।ਮ੍ਰਿਤਕ ਰੇਸ਼ਮ ਸਿੰਘ ਦੇ ਸਪੁੱਤਰ ਅਭਿਸ਼ੇਕ ਸਿੰਘ ਦੇ ਪੁਲਸ ਨੂੰ ਦਿੱਤੇ ਬਿਆਨਾਂ ਮੁਤਾਬਿਕ ਉਹ ਪਰਿਵਾਰ ਸਮੇਤ ਪਿੰਡ ਭੋਏਵਾਲ ਵਿਖੇ ਰਿਸ਼ਤੇਦਾਰੀ ਵਿੱਚ ਆਏ ਸਨ ਜਿੱਥੋਂ ਉਹ ਦੂਸਰੀ ਰਿਸ਼ਤੇਦਾਰ ਪਿੰਡ ਭੱਟੀਕੇ ਵਿਖੇ ਜਾ ਰਹੇ ਸਨ। ਇਹ ਹਾਦਸਾ ਭੋਏਵਾਲ ਦੇ ਰਸਤੇ ਤੋਂ ਘਨਸ਼ਾਮਪੁਰ ਵੱਲ ਨੂੰ ਮੁੜਦੇ ਸਮੇਂ ਹਾਈਵੇ ਤੇ ਵਾਪਰਿਆ ਹੈ। ਟੱਕਰ ਇੰਨੀ ਭਿਆਨਕ ਸੀ ਕਿ ਐਕਟਿਵਾ ਪਿੱਛੇ ਬੈਠੀਆਂ ਦੋ ਔਰਤਾਂ ਵਿਚ ਇੱਕ ਦੀ ਬਾਂਹ ਸਰੀਰ ਤੋਂ ਅਲੱਗ ਹੋ ਗਈ ਅਤੇ ਦੂਸਰੀ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਮੌਕੇ 'ਤੇ ਪਹੁੰਚੀ ਸੜਕ ਸੁਰੱਖਿਆ ਫੋਰਸ ਦੇ ਕਰਮਚਾਰੀਆਂ ਅਤੇ ਥਾਣਾ ਮਹਿਤਾ ਦੀ ਪੁਲਸ ਵੱਲੋਂ ਜ਼ਖ਼ਮੀ ਔਰਤਾਂ ਨੂੰ ਬਟਾਲਾ ਸਿਵਲ ਹਸਪਤਾਲ ਭੇਜ ਦਿੱਤਾ ਸੀ ਜਿਥੇ ਇਲਾਜ ਦੌਰਾਨ ਮਾਂ ਧੀ ਨੇ ਵੀ ਦਮ ਤੋੜਿਆ ਹੈ।ਕਰੇਟਾ ਕਾਰ ਚਾਲਕ ਦੀ ਪਹਿਚਾਣ ਗੁਰਵਿੰਦਰ ਸਿੰਘ ਪੁੱਤਰ ਗੱਜਣ ਸਿੰਘ ਪਿੰਡ ਮੱਤੇਵਾਲ ਅਤੇ ਗੁਰਜੰਟ ਸਿੰਘ ਵਾਸੀ ਨਿੱਬਰਵਿੰਡ ਵਜੋਂ ਹੋਈ ਹੈ। ਪੁਲਸ ਮੁਤਾਬਕ ਗੁਰਵਿੰਦਰ ਸਿੰਘ ਨੂੰ ਮੌਕੇ ਤੋਂ ਗ੍ਰਿਫਤਾਰ ਕਰ ਲਿਆ ਅਤੇ ਗੁਰਜੰਟ ਸਿੰਘ ਵਾਸੀ ਨਿੱਬਰਵਿੰਡ ਮੌਕੇ ਤੋਂ ਫਰਾਰ ਦੱਸਿਆ ਜਾਂਦਾ ਰਿਹਾ ਹੈ। ਥਾਣਾ ਮਹਿਤਾ ਚੌਕ ਪੁਲਸ ਤਫਤੀਸ਼ੀ ਏਐੱਸਆਈ ਬਲਕਾਰ ਸਿੰਘ ਮੁਤਾਬਕ ਜੁਰਮ 106-28-125 ਬੀਐੱਨਐੱਸ ਐਕਟ ਤਹਿਤ ਪਰਚਾ ਦਰਜ ਕਰ ਲਿਆ ਗਿਆ ਹੈ, ਪੋਸਟਮਾਰਟਮ ਉਪਰੰਤ ਲਾਸ਼ਾਂ ਪਰਿਵਾਰ ਨੂੰ ਸੌਂਪ ਦਿੱਤੀਆਂ ਹਨ। ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਆਗਾਮੀ ਚੋਣਾਂ ਨੂੰ ਲੈ ਕੇ ਮਜੀਠੀਆ ਨੇ ਅਕਾਲੀ ਵਰਕਰਾਂ ਨਾਲ ਕੀਤਾ ਵਿਚਾਰ-ਵਟਾਂਦਰਾ

**ਮਜੀਠਾ (ਸੋਇਮ ਆਨੰਦ)**

ਸਾਬਕਾ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਪਿੰਡ ਆਬਾਦੀ ਵਰਪਾਲ ਸੋਹੀਆਂ ਕਲਾਂ ਵਿਖੇ ਨੌਜਵਾਨ ਅਕਾਲੀ ਆਗੂ ਜੋਬਨਪ੍ਰੀਤ ਸਿੰਘ ਗਿੱਲ ਦੇ ਗ੍ਰਿਹ ਵਿਖੇ ਅਕਾਲੀ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ ਜਿਸ ਵਿਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਸਬੰਧ ਵਿਚ ਵਿਚਾਰ ਚਰਚਾ ਕੀਤੀ ਗਈ ਅਤੇ ਚੋਣਾਂ ਵਾਸਤੇ ਰਣਨੀਤੀ ਤਿਆਰ ਕੀਤੀ।ਮਜੀਠੀਆ ਨੇ ਵਰਕਰਾਂ ਨੂੰ ਕਿਹਾ ਕਿ ਚੋਣਾਂ ਦੌਰਾਨ ਕਿਸੇ ਨੂੰ ਧੱਕੇਸ਼ਾਹੀ ਨਹੀਂ ਕਰਨ ਦਿੱਤੀ ਜਾਵੇਗੀ।ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਮਜੀਠੀਆ ਨੇ ਹਾਲ ਹੀ ਵਿਚ ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਛੱਡਣ ਦੇ ਸਵਾਲ ਤੇ ਜਵਾਬ ਦਿੰਦੇ ਹੋਏ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਹੁਣ ਕਹਿ ਰਹੇ ਹਨ ਕਿ ਪਾਰਟੀ ਛੱਡਣ ਵਾਲੇ ਆਗੂ ਮਾੜੇ ਅਤੇ ਕੁਰੱਪਟ ਸਨ ਜਿਸ ਕਰਕੇ ਉਹ ਕੱਟੜ ਇਮਾਨਦਾਰ ਪਾਰਟੀ ਛੱਡ ਗਏ ਹਨ। ਅਗਰ ਇਹ ਵਿਅਕਤੀ ਖਰਾਬ ਅਤੇ ਕਰੱਪਟ ਸਨ ਤਾਂ ਇਨ੍ਹਾਂ ਨੂੰ ਰਾਜ ਸਭਾ ਦੇ ਮੈਂਬਰ ਕਿਉਂ ਅਤੇ ਕਿਹੜੇ ਹਾਲਾਤ ਵਿਚ ਬਣਾਇਆ ਗਿਆ ਜਦਕਿ ਇਨ੍ਹਾਂ ਵਿੱਚੋਂ ਤਾਂ ਬਹੁਤੇ ਪੰਜਾਬ ਨਾਲ ਸਬੰਧਤ ਵੀ ਨਹੀਂ ਸਨ।ਮਜੀਠੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿਚ ਸਭ ਕੁਝ ਠੀਕ ਨਹੀਂ ਚੱਲ ਰਿਹਾ। ਪਾਰਟੀ ਵਿਚ ਵੱਡੇ ਪੱਧਰ 'ਤੇ ਬਗਾਵਤ ਹੋਣੀ ਸ਼ੁਰੂ ਹੋ ਗਈ ਹੈ, ਜਿਸ ਦਾ ਆਉਂਦੇ ਦਿਨਾਂ ਵਿਚ ਖੁਲਾਸਾ ਹੋ ਜਾਵੇਗਾ। ਇਸ ਮੌਕੇ ਮਜੀਠੀਆ ਦੇ ਨਾਲ ਕੁਲਜੀਤ ਸਿੰਘ ਬਰਾੜ, ਗਗਨਦੀਪ ਸਿੰਘ ਭਕਨਾ ਦੋਵੇਂ ਸਿਆਸੀ ਸਕੱਤਰ ਮਜੀਠੀਆ, ਜੋਬਨਪ੍ਰੀਤ ਸਿੰਘ ਗਿੱਲ, ਮੁਖਵੰਤ ਸਿੰਘ ਗਿੱਲ, ਅਮਰਪ੍ਰੀਤ ਸਿੰਘ, ਲਵਪ੍ਰੀਤ ਸਿੰਘ ਪੰਚ, ਪਲਵਿੰਦਰ ਸਿੰਘ, ਹਰਜੀਤ ਸਿੰਘ, ਮਾਸਟਰ ਬਲਦੇਵ ਸਿੰਘ, ਮਾਸਟਰ ਬਲਰਾਜ ਸਿੰਘ, ਗੁਰਪ੍ਰੀਤ ਸਿੰਘ, ਰਸ਼ਪਾਲ ਸਿੰਘ ਗਿੱਲ, ਨਿਰਮਲ ਸਿੰਘ ਦੋਧੀ, ਦਿਲਬਾਗ ਸਿੰਘ ਗਿੱਲ, ਗੁਰਉਪਕਾਰ ਸਿੰਘ, ਮਾਸਟਰ ਜਸਪਾਲ ਸਿੰਘ, ਲਖਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਨੰਬਰਦਾਰ, ਸੋਨੂੰ ਕੰਬੋਜ, ਬੱਬੂ ਕੰਬੋਜ਼, ਮੰਨਾ ਕੰਬੋਜ, ਗੁਰਮੇਜ ਸਿੰਘ, ਰਾਜਾ ਗਿੱਲ, ਬਿੱਕਾ ਪਟਵਾਰੀ, ਦੀਪ ਸੋਹੀ, ਹਰਿੰਦਰ ਸਿੰਘ ਕੈਰੋਂ, ਬਾਬਾ ਜਸਬੀਰ ਸਿੰਘ ਆਦਿ ਅਕਾਲੀ ਵਰਕਰ ਹਾਜ਼ਰ ਸਨ।



# ਐਡਵੋਕੇਟ ਸੇਖਵਾਂ ਤੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੇ ਮਸੀਹ ਚੌਕ ਦਾ ਨੀਂਹ ਪੱਥਰ ਰੱਖਿਆ

**ਧਾਰੀਵਾਲ (ਤਰਲੋਕ ਬੱਗਾ)**- ਕਮਿਸ਼ਨ ਕੈਥੋਲਿਕ ਚਰਚ ਡਾਇਸਸ ਆਫ ਜਲੰਧਰ ਦੇ ਡਾਕਟਰ ਰਕੇਸ਼ ਵਿਲੀਅਮ, ਐਡਵੋਕੇਟ ਪਾਲ ਸੰਧੂ, ਪੀਟਰ ਮੱਟੂ, ਸਾਬਾ ਭੱਟੀ, ਸੋਨੂੰ ਰੰਧਾਵਾ ਰਣੀਆਂ ਸਮੇਤ ਸਮੁੱਚੇ ਕ੍ਰਿਸ਼ਚੀਅਨ ਨੌਜਵਾਨਾਂ ਵੱਲੋਂ ਤਰੀਜਾ ਨਗਰ ਮੋੜ ਧਾਰੀਵਾਲ ਵਿੱਚ ਵੱਡਾ ਇੱਕਠ ਕੀਤਾ ਗਿਆ ਜਿਸ ਦੌਰਾਨ ਘੱਟ ਗਿਣਤੀ ਪੰਜਾਬ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਅਤੇ ਆਮ ਆਦਮੀ ਪਾਰਟੀ ਸੂਬਾ ਸੱਕਤਰ ਅਤੇ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਕ੍ਰਿਸ਼ਚੀਅਨ ਸਮਾਜ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ ਸੂਬਾ ਪੱਧਰੀ ਕ੍ਰਿਸਮਸ ਡੇਅ ਮਨਾਉਣ ਦੌਰਾਨ ਕੀਤੇ ਐਲਾਨ ਤਹਿਤ ਧਾਰੀਵਾਲ ਵਿਖੇ ਮਸੀਹ ਚੌਕ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਮੌਕੇ ਚੇਅਰਮੈਨ ਜਤਿੰਦਰ ਗੌਰਵ ਨੇ ਪੰਜਾਬ ਸਰਕਾਰ ਅਤੇ ਖਾਸਕਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਉਪਰਾਲਿਆਂ ਸਦਕਾ ਮਸੀਹ ਸਮਾਜ ਨੂੰ ਤਰੀਜਾ ਨਗਰ ਧਾਰੀਵਾਲ ਵਿਖੇ ਮਸੀਹ ਚੌਕ ਬਣਾਉਣ ਦਾ ਤੋਹਫਾ ਦਿੱਤਾ ਹੈ ।ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਹਰੇਕ ਧਰਮ ਦਾ ਬਰਾਬਰ ਸਤਿਕਾਰ ਕਰਦੇ ਹਨ ਅਤੇ ਹਰੇਕ ਵਿਅਕਤੀ ਦੀਆਂ ਧਾਰਮਿਕ ਭਾਵਨਾਵਾਂ ਦੀ ਕਦਰ ਕਰਦੇ ਹਨ।



# ਰਾਤ ਨੂੰ ਬਿਜਲੀ ਕੱਟ ਨਾ ਲਾਇਆ ਜਾਵੇ : ਦਦੇਹਰ

**ਸਰਹਾਲੀ ਕਲਾਂ/ਚੋਹਲਾ ਸਾਹਿਬ /(ਰਮਨ ਚੱਢਾ)**-ਪਿਛਲੇ ਕਈ ਦਿਨਾਂ ਤੋਂ ਸਰਹਾਲੀ ਨੌਸ਼ਹਿਰਾ ਇਲਾਕੇ ਵਿੱਚ ਰਾਤ ਨੂੰ ਬਿਜਲੀ ਬੰਦ ਕਰ ਦਿੱਤੀ ਜਾਂਦੀ ਹੈ।ਗਰਮੀ ਬਹੁਤ ਵਧ ਗਈ ਹੈ ਤੇ ਮੱਛਰਾਂ ਦੀ ਵੀ ਭਰਮਾਰ ਹੋ ਗਈ।ਇਸ ਕਰਕੇ ਰਾਤ ਸਮੇਂ ਬਿਜਲੀ ਬਿਨਾਂ ਸੌਣਾ ਬਹੁਤ ਔਖਾ ਹੋ ਗਿਆ ਹੈ।ਸਵੇਰ ਸਮੇਂ ਠੰਡਕ ਹੋਣ ਕਾਰਨ ਨੀਂਦ ਜ਼ੋਰ ਪਾਉਂਦੀ ਹੈ ਪਰ ਕੰਮ ਧੰਦਿਆਂ ਤੇ ਜਾਣ ਲਈ ਉਠਣਾ ਮਜਬੂਰੀ ਹੁੰਦੀ ਹੈ।ਇਸ ਕਾਰਨ ਇਲਾਕੇ ਦੇ ਲੋਕ ਬਹੁਤ ਪ੍ਰੇਸ਼ਾਨ ਹਨ।ਪ੍ਰੈੱਸ ਨੂੰ ਇਹ ਬਿਆਨ ਜਾਰੀ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਇਲਾਕਾ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਨੇ ਕਿਹਾ ਕਿ ਰਾਤ ਦੇ ਬਿਜਲੀ ਕੱਟ ਤੁਰੰਤ ਬੰਦ ਕੀਤੇ ਜਾਣ।ਜਿਸ ਤਰ੍ਹਾਂ ਦਿਨ ਵੇਲੇ ਲਗਾਤਾਰ ਬਿਜਲੀ ਸਪਲਾਈ ਜਾਰੀ ਰਹਿੰਦੀ ਹੈ ਉਸੇ ਤਰ੍ਹਾਂ ਰਾਤ ਨੂੰ ਬਿਜਲੀ ਸਪਲਾਈ ਜਾਰੀ ਰੱਖੀ ਜਾਵੇ ਤਾਂ ਕਿ ਸਵੇਰੇ ਸਕੂਲ ਜਾਣ ਵਾਲੇ ਬੱਚੇ ਰਾਤ ਆਪਣੀ ਨੀਂਦ ਪੂਰੀ ਕਰ ਸਕਨ।



# ਸੱਚਰ ਵੱਲੋਂ ਕਾਂਗਰਸੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ

## ਦੱਸਿਆ 'ਆਪ' ਦੇ ਸਵਾ ਚਾਰ ਸਾਲ ਦੇ ਰਾਜ ਤੋਂ ਪੰਜਾਬ ਦੇ ਲੋਕ ਖੁਸ਼ ਨਹੀਂ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਵਿਧਾਨ ਸਭਾ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਹਲਕੇ ਦੇ ਪਿੰਡ ਨਾਗ ਖੁਰਦ ਵਿਖੇ ਠੇਕੇਦਾਰ ਜਗੀਰ ਸਿੰਘ ਦੇ ਗ੍ਰਿਹ ਵਿਖੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਵਿੱਚ ਬਦਲਾਅ ਦੇ ਨਾਂ 'ਤੇ ਬਣੀ ਆਮ ਆਦਮੀ ਪਾਰਟੀ ਦੇ ਵੱਡੇ ਸੱਤ ਆਗੂਆਂ ਤੇ ਰਾਜ ਸਭਾ ਦੇ ਮੈਂਬਰਾਂ ਨੇ ਪੰਜਾਬ ਦੀ ਰਾਜਨੀਤੀ ਵਿੱਚ ਵੱਡਾ ਬਦਲਾਅ ਕਰ ਦਿੱਤਾ। ਸੱਚਰ ਨੇ ਕਿਹਾ ਕਿ ਅਸੀਂ ਪੰਜਾਬ ਦੇ ਸੂਝਵਾਨ ਲੋਕਾਂ ਨੂੰ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਮਝਾਉਣ ਦਾ ਪੂਰਾ ਯਤਨ ਕੀਤਾ ਸੀ ਕਿ ਇਸ ਪਾਰਟੀ ਦਾ ਕੋਈ ਵਜੂਦ ਨਹੀਂ, ਇਸ ਨੇ ਰੇਤ ਦੇ ਪਹਾੜ ਵਾਂਗ ਜਲਦ ਠੁੱਸ ਹੋ ਜਾਣਾ ਹੈ ਪਰ ਪੰਜਾਬ ਦੇ ਭੋਲੇ ਭਾਲੇ ਲੋਕ ਇਨ੍ਹਾਂ ਦੇ ਝੂਠੇ ਲਾਰਿਆਂ ਤੇ ਵਾਅਦਿਆਂ ਵਿੱਚ ਆ ਗਏ ਤੇ ਰਿਕਾਰਡ ਤੋੜ ਸੀਟਾਂ ਨਾਲ ਜਿਤਾ ਕੇ ਇਨ੍ਹਾਂ ਦੀ ਸਰਕਾਰ ਬਣਾ ਦਿੱਤੀ। ਸਵਾ ਚਾਰ ਸਾਲਾਂ 'ਚ ਕਿਸੇ ਨੇ ਸੁੱਖ ਦਾ ਸਾਹ ਨਹੀਂ ਲਿਆ। ਅਰਾਜਕਤਾ ਫੈਲ ਗਈ, ਸੂਬਾ ਕਰਜ਼ੇ ਦੇ ਬੋਝ ਥੱਲੇ ਹੈ। ਇਸ ਮੌਕੇ ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜਪਾਲ ਸਿੰਘ, ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ, ਮੈਂਬਰ ਗੁਰਿੰਦਰ ਸਿੰਘ ਨਾਗ ਕਲਾਂ, ਜੈਮਲ ਸਿੰਘ, ਪ੍ਰਧਾਨ ਸਿੰਘ, ਤਰਸੇਮ ਸਿੰਘ, ਨਰਿੰਦਰ ਸਿੰਘ, ਦਲਜੀਤ ਸਿੰਘ, ਰਮਨਬੀਰ ਸਿੰਘ, ਸਰਬਜੀਤ ਸਿੰਘ, ਅਮਰ ਸਿੰਘ, ਰੂੜ ਸਿੰਘ, ਸੋਨਾ ਸਿੰਘ, ਦਲਬੀਰ ਸਿੰਘ, ਕਰਨਬੀਰ ਸਿੰਘ, ਜਗਮਾਨ ਸਿੰਘ, ਦਲਜੋਧ ਸਿੰਘ, ਹਰਜੀਤ ਸਿੰਘ, ਸਰਬਜੀਤ ਸਿੰਘ, ਇੰਦਰ ਮਸੀਹ, ਗੁਰਪਾਲ ਸਿੰਘ ਸੇਠ, ਪਰਵੇਜ਼ ਮਸੀਹ, ਸੁਲੱਖਣ ਸਿੰਘ, ਡਾ. ਸਖਵਿੰਦਰ ਸਿੰਘ, ਡਾ. ਮੋਹਨ ਸਿੰਘ, ਨਰਿੰਦਰ ਸਿੰਘ ਕੰਬੋਜ, ਪਰਮਜੀਤ ਸਿੰਘ, ਅਨੋਖ ਸਿੰਘ, ਕੁਲਵੰਤ ਸਿੰਘ, ਰਣਜੀਤ ਸਿੰਘ ਮੱਜਵਿੰਡ, ਯੂਥ ਆਗੂ ਸੰਨੀ ਕੱਥੂਨੰਗਲ ਖੁਰਦ, ਸੁਖਵਿੰਦਰ ਸਿੰਘ ਆਰਮ, ਲਾਡੀ ਮਜੀਠਾ, ਵਿਜੇ ਕੁਮਾਰ, ਬਲਵਿੰਦਰ ਸਿੰਘ ਲੁੱਧੜ ਤੇ ਹੋਰ ਵੀ ਆਗੂ ਹਾਜ਼ਰ ਸਨ।

# 376028 ਮੀਟਰਕ ਟਨ ਕਣਕ ਦੀ ਆਮਦ 'ਚੋਂ 368171 ਮੀਟਰਕ ਟਨ ਦੀ ਲਿਫਟਿੰਗ ਹੋਈ : ਡੀਸੀ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 376028 ਮੀਟਰਕ ਟਨ ਕਣਕ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 368171 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਫਸਲ ਦੀ ਚੁਕਾਈ ਵੀ ਜਾਰੀ ਹੈ।ਕਿਸਾਨਾਂ ਦੇ ਖਾਤਿਆਂ ਵਿੱਚ 833 ਕਰੋੜ 18 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 95 ਫੀਸਦ ਬਣਦੀ ਹੈ।ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਫਸਲ ਦੀ ਖਰੀਦ ਤੇ ਚੁਕਾਈ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ ਅਤੇ ਨਿਰਧਾਰਿਤ ਸਮੇਂ ਅੰਦਰ ਕਿਸਾਨਾਂ ਦੀ ਫਸਲ ਦੀ ਅਦਾਇਗੀ ਵੀ ਸੁਨਿਸ਼ਚਿਤ ਕੀਤੀ ਗਈ ਹੈ।ਦੱਸਣਯੋਗ ਹੈ ਕਿ ਪਨਗਰੇਨ ਵੱਲੋਂ 104994 ਮੀਟਰਕ ਟਨ, ਮਾਰਕਫੈੱਡ ਵੱਲੋਂ 99852 ਮੀਟਰਕ ਟਨ, ਪਨਸਪ ਵੱਲੋਂ 87910 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 63901 ਅਤੇ ਐੱਫ ਸੀ ਆਈ ਵਲੋਂ 11514 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

# 20 ਪਾਸਟਰਾਂ ਨੂੰ ਬੀ. ਮਿੰਨ ਬਾਈਬਲ ਕੋਰਸ ਦੇ ਸਰਟੀਫਿਕੇਟ ਵੰਡੇ



**ਧਾਰੀਵਾਲ (ਮਨਿੰਦਰ ਵਿੱਕੀ)**

ਸਰਵ ਇੰਡੀਆ ਮਨਿਸਟਰੀ ਵੱਲੋਂ ਜਿਸ ਦੇ ਪ੍ਰਧਾਨ ਸੈਮੂਏਲ ਅਬਨੇਜ਼ਰ ਦੀ ਅਗਵਾਈ ਹੇਠ ਭਾਰਤ ਅਤੇ ਕੁਝ ਹੋਰ ਦੇਸ਼ਾਂ ਵਿੱਚ ਪਾਸਟਰਾਂ ਨੂੰ ਬਾਈਬਲ ਸਟੱਡੀ ਅਤੇ ਧਾਰਮਿਕ ਸੇਵਾ ਨੂੰ ਸੁੱਚਜੇ ਢੰਗ ਨਾਲ ਕਰਨ ਲਈ ਸ਼ੁਰੂ ਕੀਤੇ ਕੋਰਸਾਂ ਦੀ ਲੜੀ ਵੱਲੋਂ ਪੰਜਾਬ ਵਿੱਚ ਜਿਸ ਦੇ ਇੰਚਾਰਜ ਬਿਸ਼ਪ ਡਾਕਟਰ ਸ਼ੇਖ ਰੰਧਾਵਾ ਹਨ, ਦੀ ਅਗਵਾਈ ਹੇਠ ਤਿੰਨ ਸਾਲਾ ਬੀ. ਮਿੰਨ ਬਾਈਬਲ ਕੋਰਸ ਫਤਿਹਗੜ੍ਹ ਚੂੜੀਆਂ ਵਿੱਚ ਵੀ ਬਿਸ਼ਪ ਸੈਮੂਏਲ ਸੋਨੀ ਦੇ ਚਰਚ ਵਿੱਚ ਪਾਸਟਰ ਸਹਿਬਾਨ ਨੂੰ ਉਕਤ ਕੋਰਸ ਕਰਵਾਇਆ ਗਿਆ ਜਿਸ ਵਿੱਚ ਲਗਭਗ 20 ਪਾਸਟਰਾਂ ਨੇ ਭਾਗ ਲਿਆ ।ਇਨ੍ਹਾਂ ਤਿਨ੍ਹਾਂ ਸਾਲਾਂ ਵਿੱਚ ਬਾਈਬਲ ਸਟੱਡੀ ਟੀਚਰ ਪਾਸਟਰ ਲੱਖਬੀਰ ਮੱਟੂ ਨੇ ਪਾਸਟਰਾਂ ਨੂੰ ਸਟੱਡੀ ਕਰਵਾਈ ਅਤੇ ਤਿੰਨ ਸਾਲ ਪੂਰੇ ਹੋਣ 'ਤੇ ਪਾਸਟਰਾਂ ਨੂੰ ਬੀ. ਮਿੰਨ ਡਿਗਰੀ ਦੇ ਸਰਟੀਫਿਕੇਟ ਵੰਡੇ ਗਏ।ਇਹ ਬਾਈਬਲ ਕੋਰਸ 2022 ਤੋਂ ਸ਼ੁਰੂ ਹੋਇਆ ਸੀ, 2025 ਵਿੱਚ ਸਮਾਪਤ ਹੋਇਆ ਸੀ।ਅਜਿਹੇ ਕੋਰਸ ਪੰਜਾਬ ਵਿੱਚ ਵੱਖ-ਵੱਖ ਜਗ੍ਹਾ 'ਤੇ ਪਾਸਟਰਾਂ ਨੂੰ ਬਾਈਬਲ ਸਬੰਧੀ ਜਾਣਕਾਰੀ ਦੇਣ ਲਈ ਆਯੋਜਿਤ ਕੀਤੇ ਜਾ ਰਹੇ ਹਨ ਜਿਸ ਵਿੱਚ ਸਿਰਫ ਪਾਸਟਰ ਹੀ ਭਾਗ ਲੈ ਸਕਦੇ ਹਨ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਕਰਵਾਏ ਇੰਟਰ ਹਾਊਸ ਸਲੋਕ ਪਾਠ ਮੁਕਾਬਲੇ

**ਧਾਰੀਵਾਲ, (ਮਨਦੀਪ ਵਿੱਕੀ)**

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਇੰਟਰ ਹਾਊਸ ਸਲੋਕ ਪਾਠ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਚਾਰੇ ਹਾਊਸ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਵਧੀਆ ਢੰਗ ਨਾਲ ਸਲੋਕ ਪੇਸ਼ ਕੀਤੇ।ਅਜੀਤ ਹਾਊਸ ਦੇ ਵਿਦਿਆਰਥੀਆਂ ਨੇ ਵੰਦਨਾ ਮੰਤਰ, ਜੁਝਾਰ ਹਾਊਸ ਨੇ ਮਹੱਲਾ 9, ਜ਼ੋਰਾਵਰ ਹਾਊਸ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਸਲੋਕ ਨਾਨਕ ਚਿੰਤਾ ਮਤਿ ਕਰਹੁ ਅਤੇ ਫਤਹਿ ਹਾਊਸ ਨੇ ਗਾਇਤਰੀ ਮੰਤਰ ਪੇਸ਼ ਕੀਤਾ।ਇਸ ਮੌਕੇ ਪ੍ਰਿੰਸੀਪਲ ਕਿਰਨ ਕੇਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੇ ਇਸ ਸ਼ਲੋਕ ਪਾਠ ਮੁਕਾਬਲੇ ਵਿੱਚ ਸ਼ਾਮਲ ਹੋ ਕੇ ਮੈਨੂੰ ਬਹੁਤ ਖੁਸ਼ੀ ਹੋ ਰਹੀ ਹੈ।ਇਸ ਤਰ੍ਹਾਂ ਦੇ ਕਾਰਜ ਸਾਡੇ ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਅਤੇ ਆਤਮਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸ਼ਲੋਕ ਸਿਰਫ਼ ਸ਼ਬਦ ਨਹੀਂ ਹੁੰਦੇ, ਇਹ ਸਾਨੂੰ ਜੀਵਨ ਦੇ ਸਹੀ ਮਾਰਗ ਤੇ ਚਲਣ ਦੀ ਪ੍ਰੇਰਨਾ ਦਿੰਦੇ ਹਨ।ਮੈਂ ਸਾਰੇ ਵਿਦਿਆਰਥੀਆਂ ਦੀ ਪ੍ਰਸਤੁਤੀ ਤੋਂ ਬਹੁਤ ਪ੍ਰਭਾਵਿਤ ਹਾਂ। ਤੁਸੀਂ ਸਾਰੇ ਨੇ ਬੜੀ ਮਿਹਨਤ, ਆਤਮ ਵਿਸ਼ਵਾਸ ਅਤੇ ਸਾਫ਼ ਉਚਾਰਣ ਨਾਲ ਸ਼ਲੋਕ ਪੇਸ਼ ਕੀਤੇ ਹਨ।ਇਹ ਤੁਹਾਡੇ ਉਦਮ ਅਤੇ ਲਗਨ ਦਾ ਸਪੱਸ਼ਟ ਪ੍ਰਮਾਣ ਹੈ।ਉਨ੍ਹਾਂ ਨੇ ਕਿਹਾ ਕਿ ਮੁਕਾਬਲੇ ਸਿਰਫ਼ ਜਿੱਤਣ ਲਈ ਨਹੀਂ ਹੁੰਦੇ, ਸਗੋਂ ਸਿੱਖਣ ਅਤੇ ਆਪਣੇ ਆਪ ਨੂੰ ਨਿਖਾਰਣ ਲਈ ਹੁੰਦੇ ਹਨ।ਇਸ ਤਰ੍ਹਾਂ ਦੇ ਮੰਚ ਤੁਹਾਡੇ ਵਿਸ਼ਵਾਸ ਨੂੰ ਵਧਾਉਂਦੇ ਹਨ ਅਤੇ ਤੁਹਾਡੀ ਪ੍ਰਤਿਭਾ ਨੂੰ ਸਾਹਮਣੇ ਲਿਆਉਂਦੇ ਹਨ।



# ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵੱਖ-ਵੱਖ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਦੇ ਐੱਸ. ਆਈ. ਸੋਮ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਗੁਰਦਾਸਪੁਰ ਤੋਂ ਸੋਨੂੰ ਮਸੀਹ ਪੁੱਤਰ ਯੂਸਫ ਮਸੀਹ ਵਾਸੀ ਹਯਾਤ ਨਗਰ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਮੋਟਰਸਾਈਕਲ ਨੰਬਰੀ ਪੀ.ਬੀ.02. ਏ.ਟੀ. 4824 ਮਾਰਕਾ ਸਪਲੈਂਡਰ ਸਮੇਤ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 7 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਦੇ ਏ. ਐੱਸ. ਆਈ. ਅਜੇਪਾਲ ਸਿੰਘ ਨੇ ਸਮੇਤ ਪੁਲਸ ਪਾਰਟੀ ਟੀ. ਪੁਆਇੰਟ ਪੁਲ ਮੰਗਲ ਹੁਸੈਨ ਤੋਂ ਸੂਰਜ ਮਸੀਹ ਪੁੱਤਰ ਕਸ਼ਮੀਰ ਮਸੀਹ ਵਾਸੀ ਲੰਗਾਹ ਜੱਟਾ ਥਾਣਾ ਸਦਰ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਪੁਰਾਣਾ ਸ਼ਾਲਾ ਦੇ ਏ.ਐੱਸ.ਆਈ. ਰਾਕੇਸ ਕੁਮਾਰ ਸਮੇਤ ਪੁਲਸ ਪਾਰਟੀ ਧੁੱਸੀ ਬੰਨ੍ਹ ਪੁਲੀ ਭੈਣੀ ਮੀਲਵਾਂ ਵਿਖੇ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਕਿ ਇਕ ਨਾ-ਮਾਲੂਮ ਮੋਨਾ ਵਿਅਕਤੀ ਮੋਟਰਸਾਈਕਲ ਨੰਬਰ ਪੀਬੀ 06.ਏ.ਐੱਚ.6574 ਮਾਰਕਾ ਸਪਲੈਂਡਰ 'ਤੇ ਆਉਂਦਾ ਦਿਖਾਈ ਦਿੱਤਾ ਜਿਸ ਨੂੰ ਪੁਲਸ ਪਾਰਟੀ ਨੇ ਰੁਕਣ ਦਾ ਇਸ਼ਾਰਾ ਕੀਤੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਹੀ ਮੋਟਰਸਾਈਕਲ ਸੁੱਟ ਕੇ ਖਤਾਂ ਵੱਲ ਨੂੰ ਭੱਜਣ ਵਿਚ ਕਾਮਯਾਬ ਹੋ ਗਿਆ। ਉਕਤ ਵਿਅਕਤੀ ਤੋਂ 30 ਹਜ਼ਾਰ ਐੱਮ.ਐੱਲ. ਨਜਾਇਜ਼ ਸ਼ਰਾਬ ਅਤੇ ਮੋਟਰਸਾਈਕਲ ਬਰਾਮਦ ਹੋਇਆ ਹੈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਰੇਹੜੀਆਂ 'ਤੇ ਵਜਦੇ ਉੱਚੀ ਆਵਾਜ਼ 'ਚ ਸਪੀਕਰਾਂ ਤੋਂ ਲੋਕ ਬੇਹੱਦ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**

ਸੜਕਾਂ ਕੰਢੇ ਲੱਗੀਆਂ ਫਲ-ਫ਼ਰੂਟ ਅਤੇ ਸਬਜ਼ੀਆਂ ਦੀਆਂ ਰੇਹੜੀਆਂ 'ਤੇ ਸਪੀਕਰ ਲਗਾ ਕੇ ਉੱਚੀ-ਉੱਚੀ ਆਵਾਜ਼ ਰਾਹੀਂ ਫਰੂਟ ਆਦਿ ਵੇਚਣ 'ਤੇ ਪੰਜਾਬ ਸਰਕਾਰ ਵੱਲੋਂ ਪਾਬੰਦੀ ਲਗਾਉਣ ਦੇ ਬਾਵਜੂਦ ਵੀ ਕੁਝ ਰੇਹੜੀਆਂ ਵਾਲੇ ਨਿਡਰ ਹੋ ਕੇ ਅਜਿਹਾ ਕਰਕੇ ਜਿੱਥੇ ਕਾਨੂੰਨ ਦੀ ਉਲੰਘਣਾ ਕਰ ਰਹੇ ਹਨ ਉਥੇ ਨੇੜਲੇ ਘਰਾਂ ਵਿੱਚ ਰਹਿੰਦੇ ਲੋਕਾਂ, ਦੁਕਾਨਦਾਰਾਂ ਤੇ ਰਾਹਗੀਰਾਂ ਦੀ ਪ੍ਰੇਸ਼ਾਨੀ ਦਾ ਕਾਰਨ ਬਣ ਰਹੇ ਹਨ। ਕੁਝ ਰੇਹੜੀ ਵਾਲਿਆਂ ਨੂੰ ਮਨ੍ਹਾ ਕਰਨ 'ਤੇ ਉਹ ਝਗੜਾ ਕਰਨ 'ਤੇ ਉਤਰ ਆਉਂਦੇ ਹਨ। ਅਜਿਹੀਆਂ ਰੇਹੜੀਆਂ ਜ਼ਿਆਦਾਤਰ ਸੁੱਕਾ ਤਲਾਬ, ਲਾਇਬ੍ਰੇਰੀ ਰੋਡ ਤੋਂ ਹਨੂੰਮਾਨ ਚੌਕ ਦੇ ਨਜ਼ਦੀਕ ਲੱਗਦੀਆਂ ਹਨ। ਲੋਕਾਂ ਦਾ ਕਹਿਣਾ ਹੈ ਕਿ ਖਾਸ ਕਰ ਅਜਿਹੀਆਂ ਰੇਹੜੀਆਂ ਲਾਇਬ੍ਰੇਰੀ ਰੋਡ ਸਥਿਤ ਬਾਟਾ ਸ਼ੋਅ ਰੂਮ ਨੇੜੇ ਜ਼ਿਆਦਾ ਦੇਰ ਤੱਕ ਖੜੀਆਂ ਰਹਿੰਦੀਆਂ ਹਨ ਅਤੇ ਰੇਹੜੀਆਂ 'ਤੇ ਸਪੀਕਰਾਂ ਵਿਚ ਟੇਪਾਂ ਫਿੱਟ ਕਰਕੇ ਉੱਚੀ-ਉੱਚੀ ਆਵਾਜ਼ਾਂ ਭਰ ਕੇ ਆਲੂ 100 ਰੁਪਏ ਦੇ 10 ਕਿਲੋ ਅਤੇ ਪਿਆਜ਼ 100 ਰੁਪਏ ਦੇ ਪੰਜ ਕਿਲੋ ਵੇਚਣ ਦੀਆਂ ਟੇਪਾਂ ਲਗਾਤਾਰ ਵੱਜਦੀਆਂ ਰਹਿੰਦੀਆਂ ਹਨ। ਜ਼ਿਕਰਯੋਗ ਹੈ ਕਿ ਇਨ੍ਹਾਂ ਸੜਕਾਂ 'ਤੇ ਸਾਰਾ ਦਿਨ ਕਈ-ਕਈ ਵਾਰ ਪੁਲਸ ਦੇ ਪੀ. ਸੀ. ਆਰ. ਮੁਲਾਜ਼ਮ ਮੋਟਰਸਾਈਕਲਾਂ 'ਤੇ ਲੰਘਦੇ ਰਹਿੰਦੇ ਹਨ ਪਰ ਉਹ ਵੀ ਇਨ੍ਹਾਂ ਆਵਾਜ਼ਾਂ ਵੱਲ ਧਿਆਨ ਨਹੀਂ ਦਿੰਦੇ। ਇਨ੍ਹਾਂ ਆਵਾਜ਼ਾਂ ਕਾਰਨ ਕਈ ਵਾਰ ਸਕੂਟਰ ਸਵਾਰਾਂ ਦਾ ਧਿਆਨ ਸਕੂਟਰ ਚਲਾਉਣ ਵਲੋਂ ਹਟ ਕੇ ਇਨ੍ਹਾਂ ਰੇਹੜੀਆਂ ਵੱਲ ਚਲਾ ਜਾਂਦਾ ਹੈ ਅਤੇ ਉਹ ਹਾਦਸੇ ਦਾ ਸ਼ਿਕਾਰ ਹੋ ਜਾਂਦੇ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਥਾਣਾ ਸਿਟੀ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਇਸ ਮਾਮਲੇ ਵੱਲ ਧਿਆਨ ਦੇ ਕੇ ਅਜਿਹਾ ਕਰਨ ਵਾਲੇ ਰੇਹੜੀ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਉਹ ਅਜਿਹਾ ਕਰਨ ਤੋਂ ਬਾਜ਼ ਆ ਸਕਨ।



# ਸੱਤਿਆ ਭਾਰਤੀ ਸਕੂਲ 'ਚ ਸਕੂਲ ਲੀਡਰਸ਼ਿਪ ਕੌਂਸਲ ਦੀ ਚੋਣ ਹੋਈ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਸੱਤਿਆ ਭਾਰਤੀ ਸਕੂਲ ਚਵਿੰਡਾ ਦੇਵੀ ਵਿੱਚ ਵਿਦਿਆਰਥੀਆਂ ਵਿੱਚ ਲੀਡਰਸ਼ਿਪ ਦੇ ਗੁਣਾਂ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਲੀਡਰਸ਼ਿਪ ਕੌਂਸਲ ਦੀ ਚੋਣ ਕਰਵਾਈ ਗਈ।ਇਸ ਚੋਣ ਪ੍ਰਕਿਰਿਆ ਰਾਹੀਂ ਜਸਮੀਤ ਕੌਰ ਨੂੰ ਹੈੱਡ ਗਰਲ ਅਤੇ ਨੂਰਦੀਪ ਸਿੰਘ ਨੂੰ ਹੈੱਡ ਬੁਆਏ ਚੁਣਿਆ ਗਿਆ।ਹਾਊਸ ਕੈਪਟਨ ਵਜੋਂ ਲਵਦੀਪ ਕੌਰ, ਹਰਲੀਨ ਕੌਰ ਅਤੇ ਹਰ ਨੂਰ ਕੌਰ ਦੀ ਚੋਣ ਕੀਤੀ ਗਈ।ਸਕੂਲ ਬੈਸਟ ਫ੍ਰੈਂਡ ਵਜੋਂ ਹਰਲੀਨਪ੍ਰੀਤ ਅਤੇ ਨਾਜਦੀਪ ਸਿੰਘ ਨੂੰ ਜ਼ਿੰਮੇਵਾਰੀ ਸੌਂਪੀ ਗਈ। ਇਸ ਤੋਂ ਇਲਾਵਾ ਜਸਲੀਨ ਕੌਰ ਅਤੇ ਆਸ਼ਰ ਮਸੀਹ ਨੂੰ ਕਲਚਰਲ ਪ੍ਰੀਫੈਕਟ, ਜਦਕਿ ਮਨਕੀਰਤ ਸਿੰਘ ਅਤੇ ਜਸਕੀਰਤ ਕੌਰ ਨੂੰ ਸਪੋਰਟਸ ਪ੍ਰੀਫੈਕਟ ਚੁਣਿਆ ਗਿਆ।ਸਕੂਲ ਦੀ ਪ੍ਰਿੰਸੀਪਲ ਸੁਖਬੀਰ ਕੌਰ ਅਤੇ ਸਾਰੇ ਸਟਾਫ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਲਾਡਰਸ਼ਿਪ ਦੇ ਗੁਣਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਨਾਲ ਨਿਭਾਉਣ ਲਈ ਉਤਸ਼ਾਹਿਤ ਕੀਤਾ।

# ਆਸ਼ਾ ਵਰਕਰ ਸਿਹਤ ਸੰਭਾਲ ਢਾਂਚੇ ਦੀ ਮਜ਼ਬੂਤ ਕੜੀ : ਸਿਵਲ ਸਰਜਨ

**ਮੁਹਾਲੀ (ਗੁਰਜੀਤ ਬਿੱਲਾ)**

ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਆਸ਼ਾ ਦਿਵਸ ਮਨਾਇਆ ਗਿਆ, ਜਿਸ ਦੌਰਾਨ ਆਸ਼ਾ ਵਰਕਰਾਂ ਦਾ ਸਨਮਾਨ ਕੀਤਾ ਗਿਆ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਆਸ਼ਾ ਵਰਕਰਾਂ ਅਤੇ ਆਸ਼ਾ ਫ਼ੈਸੀਲੀਟੇਟਰਾਂ ਦੁਆਰਾ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਵਿਚ ਪਾਏ ਗਏ ਵੱਡਮੁੱਲੇ ਯੋਗਦਾਨ ਸਦਕਾ ਉਨ੍ਹਾਂ ਦਾ ਸਨਮਾਨ ਕਰਨ ਲਈ ਇਹ ਦਿਨ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰਾਂ ਦੁਆਰਾ ਆਪੋ-ਆਪਣੇ ਖੇਤਰ ਦੀਆਂ ਆਸ਼ਾ ਵਰਕਰਾਂ ਨੂੰ ਮੁੱਖ ਸਿਹਤ ਕੇਂਦਰ ਵਿਚ ਉਚੇਚੇ ਤੌਰ 'ਤੇ ਬੁਲਾਇਆ ਗਿਆ ਤੇ ਸਨਮਾਨ ਵਜੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਤੇ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ ਗਿਆ।

ਡਾ. ਜੈਨ ਨੇ ਕਿਹਾ ਕਿ ਆਸ਼ਾ ਮਾਨਤਾ ਪ੍ਰਾਪਤ ਸਮਾਜਕ ਕਾਰਕੁਨ ਹੈ, ਜਿਹੜੀ ਘਰ-ਘਰ ਜਾ ਕੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕਰਦੀ ਹੈ ਅਤੇ ਸਰਕਾਰੀ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਲੋਕਾਂ ਨੂੰ ਪ੍ਰੇਰਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਸਿਹਤ ਸੰਭਾਲ ਢਾਂਚ ਨੂੰ ਮਜ਼ਬੂਤ ਕਰਨ ਵਿਚ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਕਈ ਵਾਰ ਚੁਣੌਤੀਪੂਰਨ ਹਾਲਾਤ ਵਿਚ ਵੀ ਕੰਮ ਕਰਦੀ ਹੈ। ਉਨ੍ਹਾਂ ਦਸਿਆ ਕਿ ਆਸ਼ਾ ਦੇ ਸਮਰਪਣ ਅਤੇ ਅਣਥੱਕ ਯਤਨਾਂ ਨੂੰ ਮਾਨਤਾ ਦੇਣ ਲਈ ਪੰਜਾਬ ਸਰਕਾਰ ਵਲੋਂ ਹਰ ਸਾਲ 27 ਅਪ੍ਰੈਲ ਨੂੰ ਆਸ਼ਾ ਦਿਵਸ ਮਨਾਉਣ ਦਾ ਫ਼ੈਸਲਾ ਕੀਤਾ ਗਿਆ ਹੈ ਜਿਸ ਤਹਿਤ ਵਧੀਆ ਸਿਹਤ ਸੇਵਾਵਾਂ ਦੇਣ ਲਈ ਵਿੱਤੀ ਸਾਲ ਵਿਚ ਸਭ ਤੋਂ ਵੱਧ ਇਨਸੈਂਟਿਵ ਲੈਣ ਵਾਲੀਆਂ ਪਹਿਲੀਆਂ ਤਿੰਨ ਆਸ਼ਾ ਵਰਕਰਾਂ ਨੂੰ ਸਨਮਾਨਤ ਕੀਤਾ ਗਿਆ ਹੈ।



# ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾਈ ਸਾਲਾਨਾ ਇਕੱਤਰਤਾ

## ਪੰਜਾਬ 'ਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਪਾਸ ਕਰਵਾਉਣ ਲਈ ਜਨਤਕ ਮੁਹਿੰਮ ਚਲਾਉਣ ਦਾ ਕੀਤਾ ਫੈਸਲਾ





**ਬਰਨਾਲਾ (ਰਜਿੰਦਰ ਬਰਾੜ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾਈ ਸਾਲਾਨਾ ਇਕੱਤਰਤਾ ਤਰਕਸ਼ੀਲ ਭਵਨ ਬਰਨਾਲਾ ਵਿਖੇ ਹੋਈ ਜਿਸ ਵਿੱਚ ਸੂਬਾ ਕਮੇਟੀ ਮੁਖੀਆਂ ਅਤੇ ਪੰਜਾਬ ਦੇ ਵੱਖ-ਵੱਖ ਜ਼ੋਨਾਂ ਅਤੇ ਇਕਾਈਆਂ ਦੇ 120 ਆਗੂਆਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਪਾਸ ਕਰਵਾਉਣ ਲਈ ਜਨਤਕ ਮੁਹਿੰਮ ਚਲਾਉਣ, ਤਰਕਸ਼ੀਲ ਲਹਿਰ ਨੂੰ ਜੱਥੇਬੰਦਕ ਪੱਧਰ ਤੇ ਹੋਰ ਮਜ਼ਬੂਤ ਕਰਨ ਅਤੇ ਤਰਕਸ਼ੀਲ ਸਾਹਿਤ ਨੂੰ ਵੱਡੇ ਪੱਧਰ 'ਤੇ ਸਮਾਜ ਦੇ ਹਰ ਵਰਗ ਦੇ ਲੋਕਾਂ ਤੱਕ ਪਹੁੰਚਾਉਣ ਸਬੰਧੀ ਫੈਸਲੇ ਕੀਤੇ ਗਏ। ਇਸ ਮੌਕੇ ਕੇਂਦਰ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਮਰਦਮਸ਼ੁਮਾਰੀ ਦੇ ਫਾਰਮ ਵਿੱਚ ਗ਼ੈਰ ਧਾਰਮਿਕ ਲੋਕਾਂ ਲਈ 'ਕੋਈ ਧਰਮ ਨਹੀਂ' ਕਾਲਮ ਸ਼ਾਮਿਲ ਕਰਨਾ ਯਕੀਨੀ ਬਣਾਇਆ ਜਾਵੇ। ਇਕੱਤਰਤਾ ਦੇ ਪਹਿਲੇ ਸੈਸ਼ਨ ਵਿੱਚ ਸੁਸਾਇਟੀ ਦੇ ਵੱਖ-ਵੱਖ ਵਿਭਾਗਾਂ ਦੇ ਸੂਬਾਈ ਮੁਖੀਆਂ ਵੱਲੋਂ ਪਿਛਲੇ ਇੱਕ ਸਾਲ ਦੀ ਕਾਰਗੁਜ਼ਾਰੀ ਦੀਆਂ ਰਿਪੋਰਟਾਂ ਪੇਸ਼ ਕੀਤੀਆਂ ਗਈਆਂ ਜਿਨ੍ਹਾਂ ਉਤੇ ਬਹਿਸ ਕਰਦੇ ਹੋਏ ਤਰਕਸ਼ੀਲ ਆਗੂਆਂ ਨੇ ਜੱਥੇਬੰਦਕ ਮਜ਼ਬੂਤੀ ਲਈ ਜਿੱਥੇ ਜ਼ੋਨ ਅਤੇ ਇਕਾਈਆਂ ਦੀਆਂ ਨਿਯਮਤ ਮੀਟਿੰਗਾਂ ਤੇ ਸਿਖਲਾਈ ਵਰਕਸ਼ਾਪਾਂ ਕਰਨ ਅਤੇ ਸੂਬਾਈ ਕਾਰਜ ਵਿਉਂਤਬੰਦੀ ਨੂੰ ਸਮੇਂ ਸਿਰ ਲਾਗੂ ਕਰਨ ਉਤੇ ਜ਼ੋਰ ਦਿੱਤਾ ਉਥੇ ਹੀ ਨੌਜਵਾਨਾਂ, ਵਿਦਿਆਰਥੀਆਂ, ਔਰਤਾਂ ਅਤੇ ਅਧਿਆਪਕਾਂ ਨੂੰ ਤਰਕਸ਼ੀਲ ਸੁਸਾਇਟੀ ਨਾਲ ਜੋੜਨ ਦੀ ਵਿਸ਼ੇਸ਼ ਮੁਹਿੰਮ ਚਲਾਉਣ ਦਾ ਕਾਰਜ ਵੀ ਉਲੀਕਿਆ ਗਿਆ।ਇਸ ਤੋਂ ਪਹਿਲਾਂ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਨੇ ਹਾਜ਼ਰ ਡੈਲੀਗੇਟਾਂ ਅਤੇ ਦਰਸ਼ਕਾਂ ਨੂੰ ਜੀ ਆਇਆਂ ਕਿਹਾ। ਦੂਜੇ ਸੈਸ਼ਨ ਦੌਰਾਨ ਆਗੂਆਂ ਨੇ ਕਿਹਾ ਕਿ ਲੋਕਾਂ ਵਿੱਚ ਤਰਕਸ਼ੀਲ ਸਾਹਿਤ ਪੜ੍ਹਨ ਦੀ ਰੁਚੀ ਪੈਦਾ ਕਰਨ ਲਈ ਤਰਕਸ਼ੀਲ ਸਾਹਿਤ ਵੈਨ ਨੂੰ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਲਿਜਾਣ ਦੇ ਇਲਾਵਾ ਪੰਜਾਬ ਵਿੱਚ ਲਗਦੇ ਪੁਸਤਕ ਮੇਲਿਆਂ ਵਿੱਚ ਸ਼ਮੂਲੀਅਤ ਕਰਨ ਦੀ ਵੀ ਵੱਡੀ ਲੋੜ ਹੈ।ਤਰਕਸ਼ੀਲ ਮੈਗਜ਼ੀਨ ਨੂੰ ਹਰ ਪਿੰਡ, ਕਸਬੇ, ਲਾਇਬ੍ਰੇਰੀ, ਦਫਤਰ ਅਤੇ ਕਾਰਖਾਨਿਆਂ ਤਕ ਪਹੁੰਚਾਉਣ ਲਈ ਵਿਸ਼ੇਸ਼ ਯਤਨ ਜੁਟਾਉਣੇ ਚਾਹੀਦੇ ਹਨ।ਆਗੂਆਂ ਵੱਲੋਂ ਅਗਲੇ ਸਾਲ ਤੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦਾ ਪੈਟਰਨ ਬਦਲਣ ਸਬੰਧੀ ਵੀ ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਗੱਲ ਉਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਕਿ ਤਰਕਸ਼ੀਲ ਸੁਸਾਇਟੀ ਨੇ ਮਰਨ ਉਪਰੰਤ ਸਰੀਰ ਦਾਨ, ਅੱਖਾਂ ਦਾਨ ਅਤੇ ਅੰਗ ਦਾਨ ਕਰਨ ਦੀ ਮੁਹਿੰਮ ਦੇ ਨਾਲ ਨਾਲ ਸਮਾਜ ਵਿੱਚ ਪਾਖੰਡੀ ਬਾਬਿਆਂ ਵੱਲੋਂ ਕੀਤੀ ਜਾਂਦੀ ਲੁੱਟ, ਫਜ਼ੂਲ ਖਰਚੀ ਦੇ ਰੂੜੀਵਾਦੀ ਰਸਮਾਂ ਰਿਵਾਜਾਂ ਅਤੇ ਦਾਜ ਦਹੇਜ, ਨਸ਼ਿਆਂ ਦੀਆਂ ਸਮਾਜਿਕ ਬੁਰਾਈਆਂ ਵਿਰੁੱਧ ਵੱਖ-ਵੱਖ ਵਰਗਾਂ ਦੇ ਲੋਕਾਂ ਵਿੱਚ ਵਿਗਿਆਨਕ ਸੋਚ ਫੈਲਾਉਣ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ।ਇਸ ਵਿਚਾਰ ਚਰਚਾ ਵਿੱਚ ਤਰਕਸ਼ੀਲ ਆਗੂਆਂ ਮਾਸਟਰ ਪਰਮਵੇਦ ਸੰਗਰੂਰ, ਸੁਰਜੀਤ ਟਿੱਬਾ, ਅਜੀਤ ਪ੍ਰਦੇਸੀ, ਜਸਵਿੰਦਰ ਫਗਵਾੜਾ, ਹੇਮ ਰਾਜ ਸਟੈਨੋ, ਸੁਖਦੇਵ ਫਗਵਾੜਾ, ਜਸਵੰਤ ਜੀਰਖ, ਸੁਖਵਿੰਦਰ ਬਾਗਪੁਰ, ਰਾਜਪਾਲ ਬਠਿੰਡਾ, ਜਸਵੰਤ ਮੋਹਾਲੀ, ਰਾਜੇਸ਼ ਅਕਲੀਆ, ਰਾਮ ਸਵਰਨ ਲੱਖੇਵਾਲੀ, ਸੁਮੀਤ ਅੰਮ੍ਰਿਤਸਰ, ਜਗਦੀਸ਼ ਰਾਏਪੁਰ ਡੱਬਾ, ਜੋਗਿੰਦਰ ਕੁੱਲੇਵਾਲ, ਬਲਰਾਜ ਮੌੜ, ਗੁਰਪ੍ਰੀਤ ਸ਼ਹਿਣਾ, ਜੁਝਾਰ ਲੌਂਗੋਵਾਲ, ਕੁਲਜੀਤ ਫਾਜ਼ਿਲਕਾ, ਪਰਵੀਨ ਜੰਡਵਾਲਾ, ਕੁਲਵੰਤ ਕੌਰ, ਅੰਮ੍ਰਿਤ ਰਿਸ਼ੀ, ਪ੍ਰਿੰ. ਮੇਲਾ ਰਾਮ, ਹਰਚੰਦ ਭਿੰਡਰ, ਧਰਮ ਪਾਲ ਲੁਧਿਆਣਾ, ਗੁਰਮੀਤ ਖਰੜ, ਸਤਪਾਲ ਸਲੋਹ, ਪਰਮਜੀਤ ਜਲੰਧਰ, ਕੈਪਟਨ ਮਾਨਾਂਵਾਲਾ, ਗਿਆਨ ਸਿੰਘ, ਪ੍ਰਿੰ. ਜੋਗਾ ਸਿੰਘ, ਪ੍ਰਿੰ. ਮਨਜੀਤ ਸਿੰਘ, ਜਸਵੀਰ ਸੋਨੀ, ਜਿੰਦਰ ਬਾਗਪੁਰ, ਪਾਲ ਬਾਗਪੁਰ, ਵਿਸ਼ਵ ਕਾਂਤ, ਅਸ਼ੋਕ ਰੋਪੜ, ਰਾਮ ਕੁਮਾਰ ਪਟਿਆਲਾ, ਗਗਨ ਰਾਮਪੁਰਾ ਸੁਰਿੰਦਰ ਪਾਲ ਫਗਵਾੜਾ ਪੂਰਨ ਸਿੰਘ ਆਦਿ ਨੇ ਹਿੱਸਾ ਲਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵਿੰਦਰ ਨਗਾਰੀ, ਸੀਤਾ ਰਾਮ ਬਾਲਦ ਕਲਾਂ, ਸ਼ਮਸ਼ੇਰ ਨੂਰਪੁਰ, ਹਰਦੀਪ ਖਿਲਚੀਆਂ, ਦਮਨਜੀਤ ਕੌਰ, ਪਰਮਜੀਤ ਕੌਰ ਜੋਧਪੁਰ, ਬਲਜਿੰਦਰ ਸ਼ਾਹਬਾਜ਼ਪੁਰ, ਸੁਰੇਸ਼ ਪਠਾਨੀਆਂ, ਮਾਸਟਰ ਸੁਰਜੀਤ ਮੁਹਾਲੀ, ਸ਼ੈਲੇਂਦਰ ਮੁਹਾਲੀ, ਸੁਰਿੰਦਰ ਮਲੂਕਪੁਰੀ ਅਤੇ ਸੁਖਵਿੰਦਰ ਗੋਗਾ ਆਦਿ ਸ਼ਾਮਿਲ ਸਨ।

ਨਵਾਂ ਜ਼ਮਾਨਾ
ਮੰਗਲਵਾਰ, 28 ਅਪ੍ਰੈਲ 2026

# ਕਾਰਜਪਾਲਿਕਾ ਤੇ ਨਿਆਂਪਾਲਿਕਾ ਦੀ ਸੰਵੇਦਨਹੀਣਤਾ

*ਪਿਛਲੇ 12 ਸਾਲਾਂ ਵਿੱਚ, ਇਸ ਦੇਸ਼ ਦੇ ਲੱਗਭੱਗ ਹਰ ਵਰਗ, ਹਰ ਜਾਤੀ ਅਤੇ ਹਰ ਸਮੂਹ ਨੇ ਮਹਿਸੂਸ ਕੀਤਾ ਹੋਵੇਗਾ ਕਿ ਜਦੋਂ ਵੀ ਉਨ੍ਹਾਂ ਨੇ ਜਥੇਬੰਦ ਹੋ ਕੇ ਸਰਕਾਰ ਤੋਂ ਕੁਝ ਮੰਗਿਆ ਹੈ ਜਾਂ ਕੁਝ ਬਦਲਾਅ ਕਰਨ ਦੀ ਮੰਗ ਕੀਤੀ ਹੈ, ਤਾਂ ਸਰਕਾਰ ਨੇ ਸੁਣਨ ਤੋਂ ਇਨਕਾਰ ਕਰ ਦਿੱਤਾ ਹੈ। ਇਹ ਭਾਰਤ ਦਾ ਸਭ ਤੋਂ ਵੱਡਾ ਸੰਕਟ ਹੈ। ਕਿਸੇ ਵੀ 'ਨੁਮਾਇੰਦਾ ਜਮਹੂਰੀਅਤ' ਦੀ ਸਭ ਤੋਂ ਵੱਡੀ ਹਾਰ ਇਸੇ ਵਿੱਚ ਹੈ ਕਿ ਇਸ ਦੇ ਨਿਵਾਸੀਆਂ ਨੂੰ ਸੁਣਨ ਤੋਂ ਹੀ ਇਨਕਾਰ ਕਰ ਦਿੱਤਾ ਜਾਵੇ। ਇੱਕਪਾਸੜ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਅਤੇ ਇੱਕਪਾਸੜ ਅਖਬਾਰੀ ਕਾਲਮ ਬਾਕਾਇਦਾ ਚੱਲਦੇ ਹਨ, ਪਰ ਜਦੋਂ ਲੋਕ ਸਰਕਾਰ ਤੋਂ ਕੋਈ ਮੰਗ ਕਰਦੇ ਹਨ, ਆਪਣੀਆਂ ਤਕਲੀਫਾਂ ਸਾਂਝੀਆਂ ਕਰਦੇ ਹਨ ਅਤੇ ਹੱਲ ਚਾਹੁੰਦੇ ਹਨ, ਤਾਂ ਸਰਕਾਰ ਬੋਲੀ ਹੋ ਜਾਂਦੀ ਹੈ।*

*8 ਨਵੰਬਰ, 2016 ਨੂੰ ਬਿਨਾਂ ਕਿਸੇ ਸੰਸਦੀ ਬਹਿਸ ਦੇ 500 ਅਤੇ 1000 ਰੁਪਏ ਦੇ ਨੋਟਾਂ ਨੂੰ ਅਚਾਨਕ ਬੰਦ ਕਰ ਦਿੱਤਾ ਗਿਆ। ਦੇਸ਼ ਦੇ ਸਭ ਤੋਂ ਵਧੀਆ ਅਰਥਸ਼ਾਸਤਰੀਆਂ ਦੇ ਵਿਰੋਧ ਨੂੰ ਨਰਿੰਦਰ ਮੋਦੀ ਸਰਕਾਰ ਨੇ ਨਜ਼ਰਅੰਦਾਜ਼ ਕਰ ਦਿੱਤਾ। ਨਤੀਜਾ ਇਹ ਹੋਇਆ ਕਿ ਪੂਰਾ ਦੇਸ਼ ਬੈਂਕਾਂ ਅਤੇ ਏ ਟੀ ਐੱਮ ਦੇ ਬਾਹਰ ਲਾਈਨਾਂ ਵਿੱਚ ਖੜ੍ਹਾ ਹੋਣ ਲਈ ਮਜਬੂਰ ਹੋ ਗਿਆ। 100 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ, ਪਰ ਸਰਕਾਰ ਨੇ ਕਦੇ ਵੀ ਅਫਸੋਸ ਪ੍ਰਗਟ ਨਹੀਂ ਕੀਤਾ। ਬਾਅਦ ਵਿੱਚ ਰਿਜ਼ਰਵ ਬੈਂਕ ਆਫ ਇੰਡੀਆ ਦੇ ਅੰਕੜਿਆਂ ਨੇ ਵੀ ਸਾਬਤ ਕੀਤਾ ਕਿ ਜਿਸ ਕਾਲੇ ਧਨ ਨੂੰ ਕਢਾਉਣ ਲਈ ਨੋਟਬੰਦੀ ਲਾਗੂ ਕੀਤੀ ਗਈ ਸੀ, ਅਸਲ ਵਿੱਚ ਉਹ ਮੌਜੂਦ ਹੀ ਨਹੀਂ ਸੀ। ਇਸ ਦੇ ਸਿਰਫ ਦੋ ਅਰਥ ਸਨ : ਜਾਂ ਤਾਂ ਦੇਸ਼ ਵਿੱਚ ਕੋਈ ਕਾਲਾ ਧਨ ਨਹੀਂ ਸੀ ਜਾਂ ਸਰਕਾਰ ਨੇ ਨੋਟਬੰਦੀ ਦੀ ਆੜ ਵਿੱਚ ਕੁਝ ਚੋਣਵੇਂ ਲੋਕਾਂ ਦੇ ਅਰਬਾਂ ਰੁਪਏ ਦੇ ਕਾਲੇ ਧਨ ਨੂੰ ਚਿੱਟਾ ਕਰ ਦਿੱਤਾ।*

*ਸਤੰਬਰ 2020 ਵਿੱਚ, ਸੰਸਦ ਵੱਲੋਂ ਬਿਨਾਂ ਕਿਸੇ ਵਿਆਪਕ ਚਰਚਾ ਦੇ ਤਿੰਨ ਖੇਤੀਬਾੜੀ ਕਾਨੂੰਨ ਪਾਸ ਕੀਤੇ ਗਏ ਅਤੇ ਦੇਸ਼ ਦੇ ਕਿਸਾਨਾਂ 'ਤੇ ਮੜ੍ਹ ਦਿੱਤੇ ਗਏ। ਲੱਗਭੱਗ ਇੱਕ ਸਾਲ ਤੱਕ ਲੱਖਾਂ ਕਿਸਾਨ ਸਰਦੀਆਂ, ਗਰਮੀਆਂ ਅਤੇ ਪੱਤਝੜ ਵਿੱਚ ਸੜਕਾਂ 'ਤੇ ਰਹੇ। ਸਰਕਾਰ ਨੇ ਨਾ ਸਿਰਫ ਉਨ੍ਹਾਂ ਨੂੰ ਨਜ਼ਰਅੰਦਾਜ਼ ਕੀਤਾ, ਸਗੋਂ ਉਨ੍ਹਾਂ ਨੂੰ ਖਾਲਿਸਤਾਨੀ ਵੀ ਕਿਹਾ, ਉਨ੍ਹਾਂ ਦੇ ਸੋਸ਼ਲ ਮੀਡੀਆ ਅਕਾਊਂਟ ਬਲਾਕ ਕੀਤੇ, ਉਨ੍ਹਾਂ ਦੇ ਰਸਤੇ ਵਿੱਚ ਸੜਕਾਂ 'ਤੇ ਕਿੱਲ ਲਗਾਏ, ਇੰਟਰਨੈੱਟ ਕੱਟ ਦਿੱਤਾ ਅਤੇ ਬੈਰੀਕੇਡ ਲਗਾਏ। ਇਸ ਪੂਰੇ ਅੰਦੋਲਨ ਦੌਰਾਨ 700 ਤੋਂ ਵੱਧ ਕਿਸਾਨ ਮਾਰੇ ਗਏ। ਦੁਨੀਆ ਭਰ ਵਿੱਚ ਨਿੰਦਾ ਦਾ ਸਾਹਮਣਾ ਕਰਦਿਆਂ ਸਰਕਾਰ ਨੇ ਖੇਤੀਬਾੜੀ ਕਾਨੂੰਨ ਵਾਪਸ ਲੈ ਲਏ, ਪਰ ਅੱਜ ਤੱਕ ਐੱਮ ਐੱਸ ਪੀ ਦੀ ਗਰੰਟੀ ਦੇਣ ਵਾਲਾ ਕਾਨੂੰਨ ਨਹੀਂ ਬਣਾਇਆ।*

*ਮਈ 2023 ਵਿੱਚ ਮਨੀਪੁਰ 'ਚ ਔਰਤਾਂ ਨਾਲ ਬੇਰਹਿਮੀ ਨਾਲ ਬਲਾਤਕਾਰ ਕੀਤਾ ਗਿਆ, ਉਨ੍ਹਾਂ ਨੂੰ ਨੰਗੇ ਕਰਕੇ ਪਰੇਡ ਕੀਤੀ ਗਈ, ਅਤੇ ਮੈਤੇਈ ਅਤੇ ਕੁੱਕੀ ਭਾਈਚਾਰੇ ਦੁਸ਼ਮਣ ਬਣ ਗਏ। ਹਿੰਸਾ ਸ਼ੁਰੂ ਹੋਣ ਤੋਂ ਬਾਅਦ 28 ਮਹੀਨਿਆਂ ਤੱਕ ਪ੍ਰਧਾਨ ਮੰਤਰੀ ਨੇ ਪ੍ਰੇਸ਼ਾਨ ਮਨੀਪੁਰ ਦਾ ਦੌਰਾ ਨਹੀਂ ਕੀਤਾ, ਕਦੇ ਵੀ ਵਿਰੋਧੀ ਧਿਰ ਨਾਲ ਸਲਾਹ ਨਹੀਂ ਕੀਤੀ ਅਤੇ ਮਨੀਪੁਰ ਦੇ ਲੋਕਾਂ ਦੀਆਂ ਆਵਾਜ਼ਾਂ ਨੂੰ ਨਜ਼ਰਅੰਦਾਜ਼ ਕੀਤਾ। ਅੱਜ ਵੀ ਉਹੀ ਸਥਿਤੀ ਜਾਰੀ ਹੈ।*

*ਹਾਲ ਹੀ ਵਿੱਚ ਲੱਗਭੱਗ 200 ਸੰਸਦ ਮੈਂਬਰਾਂ ਨੇ ਲੋਕ ਸਭਾ ਸਪੀਕਰ ਅੱਗੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਉਨ੍ਹਾ ਦੇ ਅਹੁਦੇ ਤੋਂ ਹਟਾਉਣ ਲਈ ਇੱਕ ਪ੍ਰਸਤਾਵ ਪੇਸ਼ ਕੀਤਾ, ਜਿਸ ਨੂੰ ਬਿਨਾਂ ਕਿਸੇ ਸਪੱਸ਼ਟੀਕਰਨ ਦੇ ਰੱਦ ਕਰ ਦਿੱਤਾ ਗਿਆ। ਇਸ ਦਾ ਮਤਲਬ ਹੈ ਕਿ ਜਦੋਂ ਦੇਸ਼ ਭਰ ਦੇ 200 ਸੰਸਦ ਮੈਂਬਰ ਇਕੱਠੇ ਬੋਲਦੇ ਹਨ, ਉਨ੍ਹਾਂ ਦੀ ਸੁਣਵਾਈ ਨਹੀਂ ਹੋ ਰਹੀ, ਤਾਂ ਆਮ ਲੋਕਾਂ ਦਾ ਕੀ ਹੋਵੇਗਾ?*

*ਕਾਰਜਪਾਲਿਕਾ ਬੇਪਰਵਾਹ ਉਦੋਂ ਹੀ ਹੁੰਦੀ ਹੈ ਜਦੋਂ ਨਿਆਂਪਾਲਿਕਾ ਨਿਆਂ ਲਈ ਦਰਵਾਜ਼ੇ ਬੰਦ ਕਰ ਦਿੰਦੀ ਹੈ। ਦਿੱਲੀ ਦੰਗਿਆਂ ਦੇ ਮਾਮਲਿਆਂ ਵਿੱਚ, ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਪੰਜ ਸਾਲਾਂ ਤੋਂ ਬਿਨਾਂ ਮੁਕੱਦਮੇ ਦੇ ਜੇਲ੍ਹ ਵਿੱਚ ਹਨ, ਫਿਰ ਵੀ ਉਨ੍ਹਾਂ ਨੂੰ ਜ਼ਮਾਨਤ ਨਹੀਂ ਮਿਲ ਰਹੀ। ਕੀ ਇਹ ਸਮਝਣਾ ਇੰਨਾ ਮੁਸ਼ਕਲ ਹੈ ਕਿ ਸਰਕਾਰ ਉਮਰ ਖਾਲਿਦ ਨੂੰ ਰਿਹਾਅ ਨਹੀਂ ਕਰਨਾ ਚਾਹੁੰਦੀ? ਪਰ ਕੀ ਸਰਕਾਰ ਇਹ ਫੈਸਲਾ ਕਰੇਗੀ ਕਿ ਕਿਸ ਨੂੰ 'ਜੀਉਣ ਦਾ ਅਧਿਕਾਰ' ਦਿੱਤਾ ਜਾਵੇਗਾ? ਇੱਕ ਅਜਿਹਾ ਅਧਿਕਾਰ ਜੋ ਹਰ ਹਾਲਤ ਵਿੱਚ ਭਾਰੀ ਪੈਣਾ ਚਾਹੀਦਾ ਹੈ। ਕੀ ਕਿਸੇ ਨੂੰ ਵੀ 'ਰਾਸ਼ਟਰੀ ਸੁਰੱਖਿਆ' ਦੇ ਬਹਾਨੇ ਅਣਮਿੱਥੇ ਸਮੇਂ ਲਈ ਜੇਲ੍ਹ ਵਿੱਚ ਰੱਖਿਆ ਜਾ ਸਕਦਾ ਹੈ? ਮੁਕੱਦਮਾ ਸ਼ੁਰੂ ਨਾ ਕਰਨਾ ਸਰਕਾਰ ਦੀ ਨਾਕਾਮੀ ਹੈ, ਉਮਰ ਖਾਲਿਦ ਦੀ ਨਹੀਂ। ਇਹ ਕਿਹੜਾ ਨਿਆਂਇਕ ਸਿਧਾਂਤ ਹੈ, ਜੋ ਆਪਣੀਆਂ ਕਮੀਆਂ ਦਾ ਠੀਕਰਾ ਦੂਜਿਆਂ ਸਿਰ ਭੰਨਦਾ ਹੈ?*

*ਪੱਛਮੀ ਬੰਗਾਲ ਵਿੱਚ ਐੱਸ ਆਈ ਆਰ ਦੇ ਨਾਂਅ 'ਤੇ ਲੱਖਾਂ ਲੋਕਾਂ ਨੂੰ ਵੋਟ ਦੇ ਅਧਿਕਾਰ ਤੋਂ ਮਹਿਰੂਮ ਕਰ ਦਿੱਤਾ ਗਿਆ। ਇੱਕ ਪੱਖਪਾਤੀ ਚੋਣ ਕਮਿਸ਼ਨ ਨੂੰ ਆਪਣੀ ਮਰਜ਼ੀ ਚਲਾਉਣ ਅਤੇ ਪੂਰੇ ਲੋਕਤੰਤਰ ਨੂੰ ਹਾਈਜੈਕ ਕਰਨ ਦਾ ਅਧਿਕਾਰ ਦੇਣ ਨਾਲ ਨਿਆਂਪਾਲਿਕਾ ਦੀ ਸਾਖ ਨੂੰ ਢਾਹ ਲੱਗ ਰਹੀ ਹੈ। ਜੋ ਲੋਕਤੰਤਰ ਨੂੰ ਹੋਰ ਵੀ ਕਮਜ਼ੋਰ ਕਰੇਗੀ। ਇਹ ਸਪੱਸ਼ਟ ਹੈ ਕਿ ਇੱਕ ਖਾਸ ਕਿਸਮ, ਇੱਕ ਖਾਸ ਵਿਚਾਰਧਾਰਾ ਅਤੇ ਇੱਕ ਖਾਸ ਪਾਰਟੀ ਦੀ ਸਰਕਾਰ ਸਥਾਪਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਇਹ ਰਸਤਾ ਸਿਰਫ ਤਾਨਾਸ਼ਾਹੀ ਵੱਲ ਲਿਜਾਂਦਾ ਹੈ। ਅਸਲ ਵਿੱਚ ਤਾਨਾਸ਼ਾਹੀ ਦਾ ਰਸਤਾ ਬਾਕੀ ਸੰਸਥਾਵਾਂ ਦੇ ਰੀੜ੍ਹ-ਵਿਹੂਣੀਆਂ ਜਾਂ ਫਿਰ ਆਗਿਆਕਾਰੀ ਹੋਣ ਤੋਂ ਲੰਘਦਾ ਹੈ। ਨਿਆਂਪਾਲਿਕਾ ਲੋਕਤੰਤਰ ਦਾ ਸਭ ਤੋਂ ਪਵਿੱਤਰ ਸਥਾਨ ਹੁੰਦਾ ਹੈ, ਜਿਸ 'ਤੇ ਨਾਗਰਿਕ ਅੰਨ੍ਹੇਵਾਹ ਭਰੋਸਾ ਕਰਦੇ ਹਨ। ਜੱਜ ਤਾਂ ਰਿਟਾਇਰ ਹੋ ਜਾਂਦੇ ਹਨ, ਪੈਨਸ਼ਨਾਂ ਅਤੇ ਰਿਟਾਇਰਮੈਂਟ ਤੋਂ ਬਾਅਦ ਦੇ ਹੋਰ ਲਾਭ ਪ੍ਰਾਪਤ ਕਰਦੇ ਹਨ, ਕੁਝ ਰਾਜ ਸਭਾ ਪਹੁੰਚਦੇ ਹਨ ਅਤੇ ਪ੍ਰਧਾਨ ਮੰਤਰੀ ਖੁਦ ਪੂਜਾ ਕਰਨ ਲਈ ਕਿਸੇ ਦੇ ਘਰ ਜਾਂਦੇ ਹਨ, ਪਰ ਲੋਕਤੰਤਰ 'ਐਕਸਪਾਇਰ' ਹੋ ਚੁੱਕਾ ਹੁੰਦਾ ਹੈ। ਭਾਰਤ ਅਜੇ ਇਸ ਮੁਕਾਮ 'ਤੇ ਨਹੀਂ ਪਹੁੰਚਿਆ, ਪਰ ਜਿਸ ਤਰ੍ਹਾਂ ਭਾਰਤ ਸਰਕਾਰ ਬੇਸ਼ਰਮੀ ਨਾਲ ਦੇਸ਼ ਦੀ ਸੁਪਰੀਮ ਕੋਰਟ ਨੂੰ ਅਣਡਿੱਠ ਕਰ ਰਹੀ ਹੈ, ਭਾਰਤ 'ਚ ਇਹ ਦਿਨ ਦੇਖਣ ਨੂੰ ਮਿਲ ਸਕਦਾ ਹੈ। ਸੰਵਿਧਾਨ ਅਤੇ ਭਾਰਤ ਦੇ ਲੋਕਾਂ ਨੂੰ ਨਜ਼ਰਅੰਦਾਜ਼ ਕਰਨ ਦੀ ਕੀਮਤ ਪੂਰੇ ਦੇਸ਼ ਨੂੰ ਭੁਗਤਣੀ ਪੈ ਸਕਦੀ ਹੈ, ਇਸ ਲਈ ਇਸ ਤੋਂ ਬਚਣਾ ਚਾਹੀਦਾ ਹੈ।*

# ਔਰਤਾਂ ਲਈ ਸਿਧਾਂਤਕ ਸਮਝ ਬਹੁਤ ਜ਼ਰੂਰੀ



ਨਰਿੰਦਰ ਸੋਹਲ

ਔਰਤਾਂ ਲਈ ਸਿਧਾਂਤਕ ਸਮਝ ਬਹੁਤ ਜ਼ਰੂਰੀ ਹੈ, ਜੋ ਉਹਨਾਂ ਨੂੰ ਆਪਣੀ ਗੁਲਾਮੀ ਦੇ ਆਰਥਿਕ, ਸਮਾਜਿਕ ਅਤੇ ਵਿਚਾਰਧਾਰਕ ਕਾਰਨਾਂ ਨੂੰ ਸਮਝਣ ਵਿੱਚ ਮਦਦ ਕਰਦੀ ਹੈ। ਸਿਧਾਂਤਕ ਸਮਝ ਹੀ ਔਰਤਾਂ ਨੂੰ ਆਪਣੇ ਹੱਕਾਂ ਅਤੇ ਸਰਮਾਏਦਾਰੀ ਨਿਜ਼ਾਮ ਵਿੱਚ ਔਰਤ ਦੀ ਸਥਿਤੀ ਨੂੰ ਸਮਝਣ ਦੇ ਯੋਗ ਬਣਾਉਂਦੀ ਹੈ। ਔਰਤਾਂ ਸਿਰਫ ਸਰੀਰਕ ਗੁਲਾਮ ਨਹੀਂ, ਸਗੋਂ ਉਹ ਆਰਥਿਕ ਅਤੇ ਸਮਾਜਿਕ ਗੁਲਾਮੀ ਵੀ ਹੰਢਾ ਰਹੀਆਂ ਹਨ। ਸਿਧਾਂਤਕ ਸਮਝ ਰਾਹੀਂ ਹੀ ਲਿੰਗਕ ਵਿਤਕਰੇ ਅਤੇ ਵਧੀਕੀਆਂ ਦੇ ਅਸਲ ਕਾਰਨਾਂ ਨੂੰ ਸਮਝਿਆ ਜਾ ਸਕਦਾ ਹੈ। ਸਮਾਜਿਕ ਅਤੇ ਸਿਆਸੀ ਜਾਗਰੂਕਤਾ ਔਰਤਾਂ ਨੂੰ ਸਮਾਜਿਕ ਬਰਾਬਰੀ, ਔਰਤਾਂ ਲਈ ਰਾਖਵਾਂਕਰਨ ਬਿੱਲ ਅਤੇ ਸਿਆਸੀ ਹੱਕਾਂ ਵਰਗੇ ਮੁੱਦਿਆਂ 'ਤੇ ਜਾਗਰੂਕ ਕਰਦੀ ਹੈ, ਜਿਸ ਨਾਲ ਉਹ ਆਪਣੇ ਹੱਕਾਂ ਲਈ ਆਵਾਜ਼ ਉਠਾ ਸਕਦੀਆਂ ਹਨ। ਔਰਤਾਂ ਨੂੰ ਆਪਣੇ 'ਤੇ ਹੁੰਦੇ ਜ਼ੁਲਮਾਂ ਅਤੇ ਵਿਤਕਰੇ ਨੂੰ ਸਮਝਣ ਅਤੇ ਉਹਨਾਂ ਦੇ ਖਿਲਾਫ ਲੜਨ ਲਈ ਸਿਧਾਂਤਕ ਗਿਆਨ ਹੋਣਾ ਅਤਿਅੰਤ ਜ਼ਰੂਰੀ ਹੈ।

ਇਸੇ ਤਹਿਤ ਪੰਜਾਬ ਇਸਤਰੀ ਸਭਾ ਵੱਲੋਂ ਭੈਣ ਜੀ ਮੁਹਿੰਦਰ ਸਾਂਬਰ ਅਤੇ ਸ਼ੀਲਾ ਦੀਦੀ ਜੀ ਨੂੰ ਸਮਰਪਿਤ ਔਰਤਾਂ ਦਾ ਸੂਬਾ ਪੱਧਰੀ ਸਿਧਾਂਤਕ ਸਕੂਲ 10 ਤੋਂ 12 ਅਪ੍ਰੈਲ ਚੰਡੀਗੜ੍ਹ ਅਜੇ ਭਵਨ ਵਿੱਚ ਲਗਾਇਆ ਗਿਆ, ਜਿਸ ਵਿੱਚ 14 ਜ਼ਿਲ੍ਹਿਆਂ ਤੋਂ 42 ਔਰਤਾਂ ਨੇ ਹਿੱਸਾ ਲਿਆ। ਪਹਿਲੇ ਸੈਸ਼ਨ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਰਜਿੰਦਰਪਾਲ ਕੌਰ, ਸੂਬਾ ਚੇਅਰਪਰਸਨ ਕੁਸ਼ਲ ਭੌਰਾ, ਸੋਨੀਆ ਸਾਂਬਰ ਅਤੇ ਫਾਜ਼ਿਲਕਾ ਦੀ ਪ੍ਰਧਾਨ ਸੁਮਿੱਤਰਾ ਨੇ ਕੀਤੀ। ਸਕੂਲ ਦਾ ਉਦਘਾਟਨ ਸਾਬਕਾ ਸੂਬਾ ਸਕੱਤਰ ਬੰਤ ਸਿੰਘ ਬਰਾੜ ਵੱਲੋਂ ਕੀਤਾ ਗਿਆ। ਉਹਨਾਂ ਔਰਤਾਂ ਦੇ ਸਕੂਲ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਆਪਣੀ ਸੋਚ ਨੂੰ ਤਿੱਖਾ ਕੀਤਾ ਜਾਵੇ। ਖਾਸ ਕਰਕੇ ਜਦੋਂ ਔਰਤਾਂ ਬਹੁਤ ਮੁਸ਼ਕਲ ਦੌਰ 'ਚੋਂ ਲੰਘ ਰਹੀਆਂ ਹਨ ਤਾਂ ਔਰਤਾਂ ਵਿੱਚ ਸਮਾਜਿਕ ਬੁਰਾਈਆਂ ਨਾਲ ਲੜਨ ਵਾਸਤੇ ਜੋਸ਼ ਭਰਨਾ ਜ਼ਰੂਰੀ ਹੈ। ਇਹ ਜੋਸ਼ ਤਿੱਖੀ ਸੋਚ ਨਾਲ ਹੀ ਆ ਸਕਦਾ ਹੈ। ਉਹਨਾ ਨੇ ਪਾਰਟੀ ਦੇ ਜਨਤਕ ਸੰਗਠਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਹਨਾ ਕਿਹਾ ਕਿ ਕਿਸ ਤਰ੍ਹਾਂ ਸਮਾਜ ਵਿੱਚ ਹਰ ਵਰਗ ਦੀਆਂ ਆਪਣੀਆਂ ਸਮੱਸਿਆਵਾਂ ਹਨ ਅਤੇ ਉਸ ਵਾਸਤੇ ਹਰ ਵਰਗ ਦੀ ਆਪਣੀ ਜਨਤਕ ਜਥੇਬੰਦੀ ਹੋਣੀ ਜ਼ਰੂਰੀ ਹੈ। ਇਹ ਜਨਤਕ ਜਥੇਬੰਦੀਆਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਮੈਦਾਨ ਵਿੱਚ ਉਤਰਦੀਆਂ ਹਨ ਤੇ ਉਹਨਾਂ ਦੇ ਕੀਤੇ ਗਏ ਕਾਰਜਾਂ ਕਰਕੇ ਲੋਕ ਉਹਨਾਂ ਨਾਲ ਜੁੜਦੇ ਹਨ। ਲੋਕ ਘੋਲਾਂ ਵਿੱਚੋਂ ਹੀ ਅੱਗੇ ਪਾਰਟੀ ਕਾਡਰ ਨਿਕਲਦਾ ਹੈ।

ਇਸ ਉਪਰੰਤ ਸਿੱਖਿਆ ਵਿਭਾਗ ਦੇ ਮੁਖੀ ਹਰਦੇਵ ਸਿੰਘ ਅਰਸ਼ੀ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਔਰਤਾਂ ਨੇ ਆਪਣੇ-ਆਪ ਨੂੰ ਸਕੂਲ ਲਗਾਉਣ ਲਈ ਲਾਮਬੰਦ ਕੀਤਾ ਹੈ, ਜਿਸ ਲਈ ਪੰਜਾਬ ਦੀ ਹਰ ਨੁੱਕਰ ਤੋਂ ਔਰਤਾਂ ਗਿਆਨ ਹਾਸਲ ਕਰਨ ਦੀ ਚਾਹਤ ਲੈ ਕੇ ਏਨੀ ਦੂਰ ਆਈਆਂ ਹਨ। ਅਸੀਂ ਆਸ ਕਰਦੇ ਹਾਂ ਕਿ ਔਰਤਾਂ ਇੱਥੋਂ ਸਿਧਾਂਤਕ ਤੌਰ 'ਤੇ ਲਾਮਬੰਦ ਹੋ ਕੇ ਆਪਣੇ ਖੇਤਰ ਵਿੱਚ ਸਰਗਰਮੀ ਵਧਾਉਣਗੀਆਂ।

ਸਕੂਲ ਦੇ ਪਹਿਲੇ ਦਿਨ ਮੁੱਖ ਅਧਿਆਪਕ ਅਨਿਲ ਰਾਜਿਮਵਾਲੇ ਸਨ। ਜਿਨ੍ਹਾਂ ਦਿੱਲੀ ਤੋਂ ਇਕ ਦਿਨ ਪਹਿਲਾਂ ਹੀ ਆ ਕੇ ਮੋਰਚਾ ਸੰਭਾਲ ਲਿਆ ਸੀ ਕਿ ਕਿਧਰੇ ਲੇਟ ਨਾ ਹੋ ਜਾਣ। ਉਹਨਾ ਦੇ ਪੜ੍ਹਾਉਣ ਦੇ ਢੰਗ ਵਿੱਚ ਏਨੀ ਸਾਦਗੀ ਅਤੇ ਡੂੰਘਾਈ ਸੀ ਕਿ ਲਗਾਤਾਰ ਕਈ ਘੰਟੇ ਬੈਠ ਕੇ ਵੀ ਔਰਤਾਂ ਉਕਤਾਈਆਂ ਨਹੀਂ, ਨਾ ਹੀ ਕੋਈ ਉੱਠ ਕੇ ਗਿਆ। ਉਹਨਾ ਕਮਿਊਨਿਸਟ ਪਾਰਟੀ, ਲਾਲ ਝੰਡੇ ਦੇ ਜਨਮ, ਮਈ ਦਿਵਸ ਦੇ ਇਤਿਹਾਸ ਅਤੇ ਪਾਰਟੀ ਪ੍ਰੋਗਰਾਮ ਬਾਰੇ ਬੜੇ ਵਿਸਥਾਰ ਨਾਲ ਦੱਸਿਆ ਕਿ ਕੋਈ ਵੀ ਪਾਰਟੀ ਪ੍ਰੋਗਰਾਮ ਬਣਾਏ ਬਿਨਾਂ ਸਹੀ ਢੰਗ ਨਾਲ ਚੱਲ ਨਹੀਂ ਸਕਦੀ। ਸਾਡਾ ਦੇਸ਼ ਕਿਹੜੀਆਂ ਲੀਹਾਂ 'ਤੇ ਚੱਲੇ, ਉਸ ਵਾਸਤੇ ਪ੍ਰੋਗਰਾਮ ਬਣਾਉਣਾ ਜ਼ਰੂਰੀ ਹੈ। ਕਮਿਊਨਿਸਟ ਪਾਰਟੀ ਨੇ ਆਜ਼ਾਦੀ ਤੋਂ ਬਾਅਦ ਦੇਸ਼ ਦੇ ਵਿਕਾਸ ਵਾਸਤੇ ਵੀ ਪ੍ਰੋਗਰਾਮ ਬਣਾਇਆ ਸੀ ਅਤੇ ਕਾਂਗਰਸ ਨੇ ਕਮਿਊਨਿਸਟ ਪਾਰਟੀ ਦੀ ਮਦਦ ਨਾਲ ਵਿਕਾਸ ਦੀ ਲੀਹ 'ਤੇ ਪੈਰ ਰੱਖਿਆ ਸੀ।

ਦੂਜੇ ਸੈਸ਼ਨ ਵਿੱਚ ਐਡਵੋਕੇਟ ਅਸ਼ਵਨੀ ਬਖਸ਼ੀ ਨੇ ਫਿਰਕਾਪ੍ਰਸਤੀ ਅਤੇ ਫਾਸ਼ੀਵਾਦ 'ਤੇ ਲੈਕਚਰ ਦਿੱਤਾ। ਉਹਨਾ ਦੱਸਿਆ ਕਿ ਫਿਰਕਾਪ੍ਰਸਤੀ ਦੀਆਂ ਜੜ੍ਹਾਂ ਸਦੀਆਂ ਪੁਰਾਣੀਆਂ ਹਨ ਅਤੇ ਬ੍ਰਿਟਿਸ਼ ਸਾਮਰਾਜ ਨੇ ਆਪਣਾ ਸਾਮਰਾਜ ਕਾਇਮ ਰੱਖਣ ਲਈ ਲੋਕਾਂ ਨੂੰ ਧਰਮਾਂ ਦੇ ਨਾਂਅ 'ਤੇ ਵੰਡਿਆ। ਦੰਗੇ ਕਰਵਾਏ, ਲੱਖਾਂ ਲੋਕ ਮਰਵਾਏ ਅਤੇ ਦੇਸ਼ ਦਾ ਬਹੁਤ ਉਜਾੜਾ ਕੀਤਾ। ਜਦੋਂ ਅੰਗਰੇਜ਼ ਦੇਸ਼ ਛੱਡ ਕੇ ਚਲੇ ਗਏ ਤਾਂ ਸਾਡਾ ਦੇਸ਼ ਬੁਰੀ ਤਰ੍ਹਾਂ ਫਿਰਕਿਆਂ ਵਿੱਚ ਵੰਡਿਆ ਹੋਇਆ ਸੀ, ਜਿਸ ਨੂੰ ਆਰ ਐੱਸ ਐੱਸ ਆਪਣਾ ਮਕਸਦ ਹਾਸਲ ਕਰਨ ਲਈ ਵਰਤ ਰਹੀ ਹੈ। ਫਿਰਕਾਪ੍ਰਸਤੀ ਅਤੇ ਫਾਸ਼ੀਵਾਦ ਉਹ ਹਥਿਆਰ ਹਨ, ਜੋ ਦੇਸ਼ ਦੀ ਸੱਭਿਆਚਾਰਕ ਸਾਂਝ ਨੂੰ ਤੋੜਦੇ ਹਨ ਅਤੇ ਦੇਸ਼ ਦੀ ਆਰਥਿਕ ਅਤੇ ਰਾਜਨੀਤਕ ਸਥਿਤੀ ਨੂੰ ਵਿਗਾੜਦੇ ਹਨ। ਇਸ ਦਾ ਸਿੱਧਾ ਅਸਰ ਔਰਤਾਂ 'ਤੇ ਪੈਂਦਾ ਹੈ, ਜਿਨ੍ਹਾਂ ਦੇ ਘਰ ਤਬਾਹ ਹੋ ਜਾਂਦੇ ਹਨ ਅਤੇ ਪਰਵਾਰਕ ਮੈਂਬਰ ਮਾਰੇ ਜਾਂਦੇ ਹਨ। ਇੱਜ਼ਤ ਵੀ ਤਾਰ-ਤਾਰ ਕਰ ਦਿੱਤੀ ਜਾਂਦੀ ਹੈ।

ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੂਮੈਨ ਦੇ ਨੈਸ਼ਨਲ ਜਨਰਲ ਸਕੱਤਰ ਨਿਸ਼ਾ ਸਿੱਧੂ ਨੇ ਆਪਣੀ ਗੱਲ ਕਰਦਿਆਂ ਕਿਹਾ ਕਿ ਸਮਾਜ ਵਿੱਚ ਔਰਤਾਂ ਬਹੁਤ ਪੀੜਤ ਹਨ ਅਤੇ ਵੱਖ-ਵੱਖ ਸਮੱਸਿਆਵਾਂ ਨਾਲ ਜੂਝ ਰਹੀਆਂ ਹਨ। ਉਹਨਾਂ ਨੂੰ ਸੰਗਠਨਾਂ ਵਿੱਚ ਲਿਆਉਣਾ ਬਹੁਤ ਜ਼ਰੂਰੀ ਹੈ, ਤਾਂ ਕਿ ਉਹ ਚੇਤਨਤਾ ਨਾਲ ਆਪਣੇ ਹੱਕ ਪ੍ਰਾਪਤ ਕਰਨ ਦੀ ਲੜਾਈ ਲੜ ਸਕਣ। ਇਸ ਲਈ ਸੰਗਠਨ ਮਜ਼ਬੂਤ ਬਣਾਉਣ ਲਈ ਵਧੇਰੇ ਯਤਨਸ਼ੀਲ ਹੋਣਾ ਪਵੇਗਾ। ਨਿਸ਼ਾ ਸਿੱਧੂ ਨੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਅਤੇ ਪੰਜਾਬ ਇਸਤਰੀ ਸਭਾ ਵੱਲੋਂ ਕੀਤੇ ਜਾਂਦੇ ਕਾਰਜਾਂ ਦਾ ਵੀ ਵਰਨਣ ਕੀਤਾ। ਉਹਨਾ ਪੰਜਾਬ ਦੀ ਲੀਡਰਸ਼ਿਪ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬ ਇਸਤਰੀ ਸਭਾ ਵੱਲੋਂ ਕੀਤੀ ਜਾਂਦੀ ਸਰਗਰਮੀ ਤਸੱਲੀਬਖਸ਼ ਹੈ। ਅਖੀਰ ਵਿੱਚ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਔਰਤਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦੇ ਹੋਏ ਹਰ ਕਿਸਮ ਦੀ ਮਦਦ ਦੇਣ ਦਾ ਵਾਅਦਾ ਕੀਤਾ। ਸਕੂਲ ਦੇ ਵੱਖ-ਵੱਖ ਸੈਸ਼ਨਾਂ ਦੀ ਪ੍ਰਧਾਨਗੀ ਕਿਰਨਬੀਰ ਵਲਟੋਹਾ, ਤ੍ਰਿਪਤ ਕਾਲੀਆ, ਸਦੇਸ਼ ਕੁਮਾਰੀ ਅਤੇ ਸੰਤੋਸ਼ ਬਰਾੜ ਨੇ ਕੀਤੀ।

ਸਕੂਲ ਵਿੱਚ ਹਾਜ਼ਰ ਔਰਤਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਸਕੂਲ ਵਾਰ-ਵਾਰ ਲੱਗਣੇ ਚਾਹੀਦੇ ਹਨ। ਜਿਨ੍ਹਾਂ ਨੌਜਵਾਨ ਲੜਕੀਆਂ ਨੇ ਪਹਿਲੀ ਵਾਰ ਸਕੂਲ ਲਗਾਇਆ ਸੀ, ਉਹਨਾਂ ਕਿਹਾ ਕਿ ਸਾਨੂੰ ਇੱਥੇ ਆ ਕੇ ਬਹੁਤ ਕੁੱਝ ਸਿੱਖਣ ਨੂੰ ਮਿਲਿਆ ਹੈ। ਔਰਤਾਂ ਨਾਲ ਹੁੰਦੀ ਬੇਇਨਸਾਫੀ ਅਤੇ ਵਾਪਰਦੀਆਂ ਹਿੰਸਕ ਘਟਨਾਵਾਂ ਪਿੱਛੇ ਕੀ ਕਾਰਨ ਹਨ, ਇਸ ਦਾ ਪਤਾ ਤਾਂ ਹੁਣ ਲੱਗਾ ਹੈ। ਉਹਨਾ ਏਥੋਂ ਤੱਕ ਵੀ ਕਿਹਾ ਕਿ ਜੋ ਔਰਤਾਂ ਅਜਿਹੀ ਸਿਧਾਂਤਕ ਸਮਝ ਰੱਖਦੀਆਂ ਹਨ, ਉਹਨਾਂ ਦੇ ਘਰਾਂ ਦਾ ਮਾਹੌਲ ਵੱਖਰਾ ਹੁੰਦਾ ਹੈ। ਜਿੱਥੇ ਬੱਚੇ ਕਿਸੇ ਸੰਕੀਰਨ ਸੋਚ ਦਾ ਸ਼ਿਕਾਰ ਨਹੀਂ ਹੁੰਦੇ, ਸਗੋਂ ਵਿਸ਼ਾਲ ਸੋਚ ਦੇ ਧਾਰਨੀ ਬਣਦੇ ਹਨ। ਦੇਸ਼ ਵਿੱਚ ਜਿਸ ਤਰ੍ਹਾਂ ਜਵਾਨੀ ਨੂੰ ਕੱਟੜਤਾ ਦਾ ਪਾਠ ਪੜ੍ਹਾਇਆ ਜਾ ਰਿਹਾ, ਉਹ ਬਹੁਤ ਖਤਰਨਾਕ ਹੈ। ਅਜਿਹੇ ਦੌਰ ਵਿੱਚ ਸਿਧਾਂਤਕ ਸਮਝ ਹੋਰ ਵੀ ਜ਼ਰੂਰੀ ਹੈ।

ਅਖੀਰ ਵਿੱਚ ਪੰਜਾਬ ਇਸਤਰੀ ਸਭਾ ਦੇ ਸੂਬਾ ਪ੍ਰਧਾਨ ਰਜਿੰਦਰਪਾਲ ਕੌਰ ਨੇ ਹਰਦੇਵ ਸਿੰਘ ਅਰਸ਼ੀ, ਨਿਰਮਲ ਧਾਲੀਵਾਲ, ਬੰਤ ਬਰਾੜ ਅਤੇ ਵੱਖ-ਵੱਖ ਵਿਸ਼ਿਆਂ ਦੇ ਮਾਹਰ ਅਧਿਆਪਕਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਸਕੂਲ ਨੂੰ ਸਫਲ ਬਣਾਉਣ ਵਿੱਚ ਅਹਿਮ ਰੋਲ ਨਿਭਾਇਆ। ਸਕੂਲ ਦੇ ਪ੍ਰਬੰਧਾਂ ਵਿੱਚ ਸਹਿਯੋਗ ਦੇਣ ਵਾਲੇ ਸਾਥੀ ਮੁਹਿੰਦਰ ਪਾਲ, ਦਫਤਰ ਇੰਚਾਰਜ ਲਾਲੀ, ਸੁਭਾਸ਼ ਅਤੇ ਵਿਜੇ ਕੁਮਾਰ ਦਾ ਵੀ ਧੰਨਵਾਦ ਕੀਤਾ ਗਿਆ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸੂਬਾ ਸਕੱਤਰ ਨਰਿੰਦਰ ਸੋਹਲ ਵੱਲੋਂ ਨਿਭਾਈ ਗਈ। ਇਸ ਮੌਕੇ ਵੱਖ-ਵੱਖ ਜ਼ਿਲ੍ਹਿਆਂ ਦੀਆਂ ਆਗੂ ਭੈਣਾਂ ਨਸੀਬ ਕੌਰ, ਜੋਗਿੰਦਰ ਕੌਰ, ਵੀਨਾ ਜੰਮੂ, ਹਰਜੀਤ ਢੰਡੀਆਂ, ਪ੍ਰੇਮ ਲਤਾ, ਸੁਰਜੀਤ ਕਾਲੜਾ, ਗੁਰਬਖਸ਼ ਰਾਹੋਂ, ਪਰਮਜੀਤ ਕੌਰ, ਬਲਜੀਤ ਗਦਾਈਆ, ਖੁਸ਼ਪਿੰਦਰ ਮਾਨਸਾ, ਰਵੀ ਕਾਂਤਾ, ਸ਼ਵਿੰਦਰ ਕੌਰ, ਰਣਜੀਤ ਕੌਰ, ਅਮਰਜੀਤ ਬਠਿੰਡਾ, ਵੰਦਨਾ ਬਰਾੜ, ਜਸ਼ਨਪਰੀਤ ਕੌਰ, ਸਵਰਨ ਕੌਰ, ਅਰਸ਼ਦੀਪ, ਉਪਦੇਸ਼ ਕੌਰ, ਸੁਮਿੱਤਰਾ ਖਾਈ ਅਤੇ ਕੰਵਲਜੀਤ ਕੌਰ ਆਦਿ ਆਗੂ ਹਾਜ਼ਰ ਸਨ।

# ਸੰਪਰਕ : 94641-13255

# ਜਨ-ਗਣਨਾ 2027: ਸੈੱਲ਼ਫ-ਇਨੂਮਰੇਸ਼ਨ ਕੀ ਹੈ, ਕਿਵੇਂ ਕਰੀਏ



ਸੁਖਰਾਜ ਸਿੰਘ ਬੁੱਟਰ

ਭਾਰਤ ਵਿੱਚ 16 ਸਾਲਾਂ ਦੇ ਲੰਮੇ ਅੰਤਰਾਲ ਤੋਂ ਬਾਅਦ ਜਨ-ਗਣਨਾ ਦਾ ਕੰਮ ਸ਼ੁਰੂ ਹੋ ਗਿਆ ਹੈ। ਭਾਰਤ ਦੀ ਇਹ 16ਵੀਂ ਜਨ-ਗਣਨਾ ਅਤੇ ਆਜ਼ਾਦੀ ਤੋਂ ਬਾਅਦ ਅੱਠਵੀਂ ਜਨ-ਗਣਨਾ ਹੈ, ਜੋ ਦੁਨੀਆ ਦੀ ਸਭ ਤੋਂ ਵੱਡੀ ਗਣਨਾ ਕਾਰਵਾਈ ਹੈ, ਜਿਸ ਵਿੱਚ 30 ਲੱਖ ਤੋਂ ਵੱਧ ਗਣਕ, ਨਿਗਰਾਨ ਅਤੇ ਅਧਿਕਾਰੀ ਸ਼ਾਮਲ ਹੋਣਗੇ। ਇਸ ਵਾਰ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਪਹਿਲੀ ਵਾਰ ਜਨ-ਗਣਨਾ ਪੂਰੀ ਤਰ੍ਹਾਂ ਡਿਜੀਟਲ ਤਰੀਕੇ ਨਾਲ ਕੀਤੀ ਜਾਵੇਗੀ ਅਤੇ ਨਾਗਰਿਕ 16 ਭਾਸ਼ਾਵਾਂ ਵਿੱਚ ਉਪਲੱਬਧ ਸੁਰੱਖਿਅਤ ਔਨਲਾਈਨ ਪੋਰਟਲ ਰਾਹੀਂ ਆਪਣੇ ਆਪ ਜਾਣਕਾਰੀ ਭਰ ਸਕਦੇ ਹਨ। ਇਸ ਸੁਵਿਧਾ ਨੂੰ ਸੈੱਲ਼ਫ-ਇਨੂਮਰੇਸ਼ਨ (Self-Enumeration) ਕਿਹਾ ਜਾਂਦਾ ਹੈ। ਇਹ ਸਹੂਲਤ ਐਡੀਸ਼ਨਲ ਹੈ। ਜੇਕਰ ਤੁਸੀਂ ਆਨਲਾਈਨ ਨਾ ਭਰ ਸਕੋ ਤਾਂ ਗਣਨਾ ਅਧਿਕਾਰੀ ਘਰ ਆ ਕੇ ਭਰਵਾਏਗਾ। ਡਾਟਾ ਪੂਰੀ ਤਰ੍ਹਾਂ ਸੁਰੱਖਿਅਤ ਹੈ ਅਤੇ ਗੋਪਨੀਯਤਾ ਦੀ ਗਾਰੰਟੀ ਹੈ।

**ਸੈੱਲ਼ਫ ਇਨੂਮਰੇਸ਼ਨ ਦੀ ਮਹੱਤਤਾ**

ਇਸ ਨਾਲ ਗਣਨਾ ਅਧਿਕਾਰੀਆਂ ਦਾ ਸਮਾਂ ਬਚਦਾ ਹੈ ਅਤੇ ਪੂਰੀ ਪ੍ਰਕਿਰਿਆ ਤੇਜ਼ ਹੋ ਜਾਂਦੀ ਹੈ। ਇਹ ਭਾਰਤ ਨੂੰ ਡਿਜੀਟਲ ਭਾਰਤ ਵੱਲ ਇੱਕ ਵੱਡਾ ਕਦਮ ਹੈ। ਪਹਿਲਾਂ ਲੱਖਾਂ ਕਰਮਚਾਰੀ ਮਹੀਨਿਆਂ ਤੱਕ ਹਰ ਘਰ ਜਾਂਦੇ ਸਨ। ਹੁਣ ਲੋਕ ਆਪ ਡਾਟਾ ਪਾ ਕੇ ਸਰਕਾਰ ਦਾ ਸਮਾਂ, ਪੈਸਾ ਅਤੇ ਮਿਹਨਤ ਬਚਾ ਸਕਦੇ ਹਨ। ਸਹੀ ਅਤੇ ਜਦੋਂ ਵਿਅਕਤੀ ਖੁਦ ਆਪਣੀ ਜਾਣਕਾਰੀ ਭਰਦਾ ਹੈ ਤਾਂ ਗਲਤੀ ਦਾ ਚਾਂਸ ਘੱਟ ਹੁੰਦਾ ਹੈ। ਨਾਲ ਹੀ, ਕਿਸੇ ਤੀਜੇ ਵਿਅਕਤੀ ਦੀ ਦਖਲਅੰਦਾਜ਼ੀ ਨਹੀਂ ਹੋਣ ਕਾਰਨ ਡਾਟਾ ਵਧੇਰੇ ਪਾਰਦਰਸ਼ੀ ਅਤੇ ਭਰੋਸੇਮੰਦ ਬਣਦਾ ਹੈ। ਡਾਟਾ ਗੁਪਤ ਹੁੰਦਾ ਹੈ, ਜਿਸ ਨਾਲ ਨਿੱਜੀ ਜਾਣਕਾਰੀ ਸੁਰੱਖਿਅਤ ਰਹਿੰਦੀ ਹੈ। ਆਨਲਾਈਨ ਸਿਸਟਮ ਹੋਣ ਕਰਕੇ ਡਾਟਾ ਸਿੱਧਾ ਕੇਂਦਰੀ ਡਾਟਾਬੇਸ ਵਿੱਚ ਪਹੁੰਚਦਾ ਹੈ। ਇਸ ਨਾਲ ਮਰਦ-ਮਸ਼ੁਮਾਰੀ ਦੇ ਨਤੀਜੇ ਕੁਝ ਹੀ ਮਹੀਨਿਆਂ ਵਿੱਚ ਆ ਸਕਦੇ ਹਨ, ਨਾ ਕਿ ਸਾਲਾਂ ਬਾਅਦ। ਲੱਖਾਂ ਟਨ ਕਾਗਜ਼ ਦੀ ਬਚਤ ਹੋਵੇਗੀ, ਜੋ ਵਾਤਾਵਰਨ ਲਈ ਬਹੁਤ ਫਾਇਦੇਮੰਦ ਹੈ।

**ਰਾਸ਼ਟਰੀ ਵਿਕਾਸ ਲਈ ਮਹੱਤਵਪੂਰਨ**

ਸਹੀ ਸੈਨਸਸ ਡਾਟਾ ਸਰਕਾਰੀ ਯੋਜਨਾਵਾਂ (ਜਿਵੇਂ ਰਾਸ਼ਨ, ਘਰ, ਸਿੱਖਿਆ, ਸਿਹਤ), ਚੋਣ ਖੇਤਰਾਂ ਦੀ ਤਸਦੀਕ ਅਤੇ ਆਰਥਿਕ ਯੋਜਨਾਬੰਦੀ ਲਈ ਬੁਨਿਆਦੀ ਹੈ। ਇਸ ਨਾਲ ਪੰਜਾਬ ਅਤੇ ਦੇਸ਼ ਦੀ ਸੱਚੀ ਤਸਵੀਰ ਉਭਰਦੀ ਹੈ, ਜਿਸ ਨਾਲ ਵਿਕਾਸ ਤੇਜ਼ ਹੁੰਦਾ ਹੈ।

**ਸੈੱਲਫ ਐਨੂਮਰੇਸ਼ਨ ਕੀ ਹੈ?**

ਸੈੱਲਫ ਐਨੂਮਰੇਸ਼ਨ ਇੱਕ ਆਨਲਾਈਨ ਸਹੂਲਤ ਹੈ, ਜਿਸ ਰਾਹੀਂ ਘਰ ਦਾ ਕੋਈ ਵੀ ਇੱਕ ਮੈਂਬਰ ਆਪਣੇ ਘਰ ਅਤੇ ਪਰਵਾਰ ਦੀਆਂ ਜਾਣਕਾਰੀਆਂ ਆਪਣੇ ਸਮੇਂ ਅਨੁਸਾਰ ਭਰ ਸਕਦਾ ਹੈ। ਇਸ ਤੋਂ ਬਾਅਦ ਇੱਕ ਯੂਨੀਕ 12 ਅੰਕਾਂ ਦੀ ਸੈੱਲਫ ਐਨੂਮਰੇਸ਼ਨ ਆਈ ਡੀ (SEID) ਮਿਲਦੀ ਹੈ, ਜੋ ਗਣਨਾ ਅਧਿਕਾਰੀ (Enumerator) ਨੂੰ ਦੱਸਣੀ ਪੈਂਦੀ ਹੈ ਤਾਂ ਜੋ ਉਹ ਤਸਦੀਕ ਕਰਕੇ ਡਾਟਾ ਅੰਤਿਮ ਰੂਪ ਦੇ ਸਕੇ। ਇਹ ਘਰ-ਘਰ ਜਾਣ ਵਾਲੀ ਤਕਨੀਕ ਨੂੰ ਤੇਜ਼ ਅਤੇ ਆਸਾਨ ਬਣਾਉਂਦੀ ਹੈ। ਪੋਰਟਲ 16 ਭਾਸ਼ਾਵਾਂ ਵਿੱਚ ਉਪਲੱਬਧ ਹੈ, ਜਿਸ ਵਿੱਚ ਪੰਜਾਬੀ ਵੀ ਸ਼ਾਮਲ ਹੈ। ਸੈੱਲਫ ਐਨੂਮਰੇਸ਼ਨ ਕਿਵੇਂ ਕਰੀਏ? (ਕਦਮ-ਦਰ-ਕਦਮ ਪ੍ਰਕਿਰਿਆ) ਸੈੱਲਫ ਐਨੂਮਰੇਸ਼ਨ ਬਹੁਤ ਆਸਾਨ ਹੈ ਅਤੇ ਲਗਭਗ 15-20 ਮਿੰਟ ਲੈਂਦੀ ਹੈ। ਮੋਬਾਈਲ, ਟੈਬ, ਲੈਪਟਾਪ ਜਾਂ ਡੈਸਕਟਾਪ 'ਤੇ ਕੀਤੀ ਜਾ ਸਕਦੀ ਹੈ। ਪੋਰਟਲ ਖੋਲ੍ਹੋ: ਆਪਣੇ ਬ੍ਰਾਊਜ਼ਰ ਵਿੱਚ ਅਧਿਕਾਰਤ ਵੈੱਬਸਾਈਟ https://se.census.gov.in ਖੋਲ੍ਹੋ।

**ਰਾਜ ਚੁਣੋ ਅਤੇ ਕੈਪਚਾ ਭਰੋ:** ਡਰਾਪਡਾਊਨ ਮੀਨੂ ਤੋਂ ਆਪਣਾ ਰਾਜ/ਯੂਨੀਅਨ ਟੈਰੀਟਰੀ (ਪੰਜਾਬ) ਚੁਣੋ। ਕੈਪਚਾ ਕੋਡ ਭਰੋ ਅਤੇ Verify & Proceed 'ਤੇ ਕਲਿੱਕ ਕਰੋ।

**ਘਰ ਦੇ ਮੁਖੀ ਦਾ ਨਾਂਅ ਅਤੇ ਮੋਬਾਈਲ ਨੰਬਰ ਭਰੋ:** ਘਰ ਦੇ ਮੁਖੀ (Head of Household) ਦਾ ਨਾਮ ਦਾਖਲ ਕਰੋ (ਇਹ ਬਾਅਦ ਵਿੱਚ ਬਦਲਿਆ ਨਹੀਂ ਜਾ ਸਕਦਾ)। ਆਪਣਾ 10-ਅੰਕੀ ਮੋਬਾਈਲ ਨੰਬਰ ਅਤੇ ਈਮੇਲ ਆਈ ਡੀ ਭਰੋ। Verify & Proceed 'ਤੇ ਕਲਿੱਕ ਕਰੋ।

OTP **ਵੈਰੀਫਿਕੇਸ਼ਨ:** ਤੁਹਾਡੇ ਮੋਬਾਈਲ 'ਤੇ ਆਉਣ ਵਾਲਾ 6-ਅੰਕੀ OTP ਭਰੋ। ਫਿਰ ਆਪਣੀ ਪਸੰਦੀਦਾ ਭਾਸ਼ਾ (ਪੰਜਾਬੀ ਵੀ ਉਪਲਬਧ) ਚੁਣੋ ਅਤੇ ਅੱਗੇ ਵਧੋ। ਘਰ ਦੀ ਲੋਕੇਸ਼ਨ ਮਾਰਕ ਕਰੋ: ਨਕਸ਼ੇ ਤੇ ਆਪਣੇ ਘਰ ਦੀ ਸਥਿਤੀ ਚਿੰਨ੍ਹਿਤ ਕਰੋ (ਮਾਰਕਰ ਲਗਾਓ)। ਇਸ ਤੋਂ ਬਾਅਦ ਘਰ ਦੀਆਂ ਬੁਨਿਆਦੀ ਵੇਰਵਿਆਂ (Census House Details) ਭਰੋ, ਜਿਵੇਂ ਘਰੇਲੂ ਜਾਣਕਾਰੀ: ਮਕਾਨ ਦੀ ਕਿਸਮ (ਪੱਕਾ, ਕੱਚਾ), ਪਾਣੀ, ਬਿਜਲੀ, ਸ਼ੌਚਾਲਯ ਆਦਿ। ਇਹ ਭਾਗ ਧਿਆਨ ਨਾਲ ਭਰੋ ਤਾਂ ਜੋ ਜਾਣਕਾਰੀ ਸਹੀ ਰਹੇ। ਫਾਰਮ ਸਬਮਿਟ ਕਰੋ। ਤੁਹਾਨੂੰ ਇੱਕ ਯੂਨੀਕ Self-Enumeration ID (SEID) 12 ਅੰਕਾਂ ਦੀ ਮਿਲੇਗੀ, ਜੋ ਮੋਬਾਈਲ SMS ਜਾਂ ਈਮੇਲ 'ਤੇ ਵੀ ਆਵੇਗੀ। ਇਸ ਨੂੰ ਸੁਰੱਖਿਅਤ ਰੱਖੋ। ਗਣਨਾ ਅਧਿਕਾਰੀ ਨੂੰ SEID ਦੱਸੋ, ਜਦੋਂ ਘਰ ਗਣਨਾ ਅਧਿਕਾਰੀ ਆਵੇਗਾ। ਉਹ ਤਸਦੀਕ ਕਰਕੇ ਡਾਟਾ ਅੰਤਿਮ ਰੂਪ ਦੇਵੇਗਾ। ਇਸ ਨਾਲ ਤੁਹਾਡਾ ਡਾਟਾ ਸ਼ਾਮਲ ਹੋ ਜਾਵੇਗਾ।

**ਅੰਤ ਵਿੱਚ ਅਪੀਲ:** ਧੋਖਾਧੜੀ ਤੋਂ ਬਚੋ। ਪੰਜਾਬ ਵਾਸੀਓ, ਆਪਣੀ ਜਨਗਣਨਾ ਖੁਦ ਭਰੋ! ਪੰਜਾਬ ਵਿੱਚ ਇਸ ਦੀ ਮਿਆਦ 30 ਅਪ੍ਰੈਲ ਤੋਂ 14 ਮਈ ਤੱਕ ਹੈ। ਇਸ ਨਾਲ ਤੁਸੀਂ ਆਪਣੇ ਰਾਜ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਓਗੇ। ਵਧੇਰੇ ਜਾਣਕਾਰੀ ਲਈ-ਅਧਿਕਾਰਤ ਵੈੱਬਸਾਈਟ https://se.census.gov.in ਜਾਂ https://censusindia.gov.in ਵੇਖੋ। ਟਿਊਟੋਰੀਅਲ ਵੀਡੀਓ ਵੀ ਉਪਲੱਬਧ ਹਨ।

# ਸੰਪਰਕ : 94177-31810

# ਵਿਧਾਨ ਸਭਾ ਚੋਣਾਂ 'ਚ ਕੀ ਹੋਵੇਗਾ ਹਾਕਮ ਪਾਰਟੀਆਂ ਦਾ ਰੋਲ



ਗੁਰਮੀਤ ਸਿੰਘ ਬਖਤਪੁਰਾ

2027 ਦੀਆਂ ਪੰਜਾਬ ਚੋਣਾਂ ਦਾ ਸਮਾਂ ਜਿਵੇਂ-ਜਿਵੇਂ ਨੇੜੇ ਆ ਰਿਹਾ ਹੈ, ਹਾਕਮ ਪਾਰਟੀਆਂ ਦੇ ਆਗੂਆਂ ਦੀ ਨੀਂਦ ਹਰਾਮ ਹੋਈ ਪਈ ਹੈ। ਸਮੁੱਚੀਆਂ ਹਾਕਮ ਪਾਰਟੀਆਂ ਨੇ ਇੱਕ ਤਰ੍ਹਾਂ ਨਾਲ ਸਰਗਰਮ ਚੋਣ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਸੱਤਾ ਇਹਨਾਂ ਆਗੂਆਂ ਲਈ ਪੈਸੇ, ਤਾਕਤ ਅਤੇ ਰੁਤਬੇ ਦੀ ਏਡੀ ਵੱਡੀ ਖਾਣ ਬਣ ਚੁੱਕੀ ਹੈ ਕਿ ਇਹ ਆਗੂ ਆਪਣੇ ਤਰਲੇਨੁਮਾ ਭਾਸ਼ਣਾਂ ਵਿੱਚ ਸਤਾ ਪ੍ਰਾਪਤੀ ਲਈ ਲੋਕਾਂ ਅੱਗੇ ਲੇਲ੍ਹੜੀਆਂ ਕੱਢਦੇ ਸੁਣੇ ਅਤੇ ਦੇਖੇ ਜਾ ਸਕਦੇ ਹਨ, ਭਾਵੇਂ ਕਿ ਉਨ੍ਹਾਂ ਕੋਲ ਪੰਜਾਬ ਦੇ ਲੋਕਾਂ ਅਤੇ ਪੰਜਾਬ ਲਈ ਕਹਿਣ ਵਾਸਤੇ ਕੁਝ ਵੀ ਨਵਾਂ ਨਹੀਂ। ਇਹ ਹਾਕਮ ਪਾਰਟੀਆ ਪੰਜਾਬ ਦੇ ਰਾਜਨੀਤਕ ਮੁੱਦਿਆ ਅਤੇ ਪੰਜਾਬ ਦੀ ਆਰਥਿਕ ਬਰਬਾਦੀ ਦਾ ਕੋਈ ਠੋਸ ਬਦਲ ਪੇਸ਼ ਕਰਨ ਦੀ ਥਾਂ ਛੋਟੀਆਂ ਛੋਟੀਆਂ ਰਾਹਤਾਂ ਦੇਣ ਦੇ ਵਾਅਦਿਆਂ ਨੂੰ ਵੱਡਾ ਕਾਰਨਾਮਾ ਦੱਸਣ ਦੀ ਦੁਹਾਈ ਪਾਰਿਆ ਪਾ ਰਹੀਆਂ ਹਨ, ਪਰ ਇਸ ਤੋਂ ਪਹਿਲਾਂ ਪੰਜਾਬੀਆਂ ਤੋਂ ਸਰਕਾਰ ਬਣਾਉਣ ਦੀ ਗਾਰੰਟੀ ਦੀ ਮੰਗ ਕਰ ਰਹੀਆ ਹਨ, ਹਾਲਾਂਕਿ ਪੰਜਾਬ ਦੀ ਸੱਤਾ ਲਈ ਤਰਲੋਮੱਛੀ ਹੋ ਰਹੀਆਂ ਇਹ ਸਮੁੱਚੀਆਂ ਪਾਰਟੀਆਂ ਪੰਜਾਬ ਵਿੱਚ ਇਕੱਲੇ-ਇਕੱਲੇ ਜਾਂ ਸਾਂਝੇ ਤੌਰ 'ਤੇ ਕਈ ਵਾਰ ਪੰਜਾਬ ਦੀ ਸੱਤਾ ਭੋਗ ਚੁੱਕੀਆ ਹਨ, ਪਰ ਇਸ ਦੇ ਬਾਵਜੂਦ ਹਾਏ ਸੱਤਾ, ਹਾਏ ਸੱਤਾ ਦਾ ਰੋਣਾ ਰੋਂਦਿਆਂ ਮਗਰਮੱਛ ਦੇ ਹੰਝੂ ਵਹਾ ਰਹੀਆਂ ਹਨ। 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿਸ ਤਰ੍ਹਾਂ ਪੰਜਾਬ ਦੀ ਜਨਤਾ ਨੇ ਇੱਕਮੁੱਠ ਹੋ ਕੇ ਪੰਜਾਬ ਦੀਆਂ ਰਵਾਇਤੀ ਪਾਰਟੀਆਂ ਦੇ ਵੱਡੇ ਵੱਡੇ ਰਾਜਨੀਤਕ ਬੋਹੜ ਪੁੱਟ ਸੁੱਟੇ ਸਨ।

ਹੁਣ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ ਖੇਮੇ ਵਿੱਚ ਜਾਣ ਪਿੱਛੋਂ ਪੰਜਾਬ ਦੀ ਰਾਜਨੀਤੀ ਵਿੱਚ ਵੱਡੇ ਸਵਾਲ ਖੜੇ ਹੋ ਗਏ ਹਨ। ਭਾਰਤੀ ਜਨਤਾ ਪਾਰਟੀ 2027 ਦੀਆਂ ਚੋਣਾਂ ਜਿੱਤਣ ਲਈ ਕਿਸ ਹੱਦ ਤੱਕ ਜਾ ਸਕਦੀ ਹੈ, ਇਹ ਵੀ ਜੱਗ-ਜ਼ਾਹਰ ਹੋ ਚੁੱਕਾ ਹੈ।

ਚੋਣ ਮੁਹਿੰਮ ਵਿਚ ਇਹ ਹਾਕਮ ਬੜੀ ਹੀ ਢੀਠਤਾਈ ਦੇ ਨਾਲ ਇੱਕ-ਦੂਜੀ ਪਾਰਟੀ ਦੇ ਆਗੂਆਂ ਵਿਰੁੱਧ ਦੋਸ਼, ਪ੍ਰਤੀ ਦੋਸ ਲਗਾ ਕੇ ਆਪਣਾ ਦਾਮਨ ਸਾਫ ਦਰਸਾ ਰਹੇ ਹਨ, ਜਦੋਂ ਕਿ ਸੱਤਾ ਲਈ ਝਪਟੋ-ਝਪਟੀ ਹੋ ਰਹੀਆਂ ਇਹ ਸਾਰੀਆਂ ਹੀ ਪਾਰਟੀਆਂ, ਪੰਜਾਬ ਵਿੱਚ ਗਰੀਬੀ, ਬੇਰੁਜ਼ਗਾਰੀ, ਨਸ਼ਾ ਤਸਕਰੀ, ਮਾਰਧਾੜ, ਫਿਰੌਤੀਆਂ, ਗੈਂਗਸਟਰ ਹਮਲਿਆਂ ਅਤੇ ਪੰਜਾਬ ਦੀ ਆਰਥਿਕ ਬਰਬਾਦੀ ਦੀ ਮੌਜੂਦਾ ਸਥਿਤੀ ਲਈ ਅੱਜ ਦੇ ਰਾਜਨੀਤਿਕ ਹਮਾਮ ਵਿੱਚ ਬੁਰੀ ਤਰਾਂ ਨੰਗੀਆਂ ਹਨ।

ਜੇਕਰ ਪੰਜਾਬ ਦੇ ਅਸਲ ਮੁੱਦਿਆਂ ਤੇ ਪੰਛੀ ਝਾਤ ਪਾਈ ਜਾਵੇ ਤਾਂ ਪੰਜਾਬੀ ਸੂਬਾ ਬਣਨ ਸਮੇ ਦੀਆਂ ਦੋ ਮੁੱਖ ਪਾਰਟੀਆ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਦੀ ਚਰਚਾ ਕਰਨ ਉਪਰੰਤ ਕੌੜਾ ਸਚ ਸਾਹਮਣੇ ਆ ਜਾਵੇਗਾ ਕਿ ਪੰਜਾਬ ਪੁਨਰਗਠਨ ਐਕਟ 1966 ਬਣਾਉਣ ਸਮੇਂ ਇਸ ਐਕਟ ਵਿਚ ਪੰਜਾਬ ਦੇ ਦਰਿਆਈ ਪਾਣੀਆਂ ਅਤੇ ਇਸ ਦੇ ਪ੍ਰਬੰਧਾਂ ਦਾ ਅਧਿਕਾਰ ਕੇਂਦਰ ਕੋਲ ਰੱਖਣ ਦੀ ਪੰਜਾਬ ਵਿਰੋਧੀ ਧਾਰਾ 78,79,80 ਕਿਸ ਸਾਜ਼ਿਸ਼ ਤਹਿਤ ਜੋੜੀ ਗਈ, ਇਸ ਤੋਂ ਇਨਕਾਰ ਨਹੀ ਕੀਤਾ ਜਾ ਸਕਦਾ ਕਿ ਉਸ ਸਮੇ ਕੇਂਦਰ ਵਿਚ ਕਾਂਗਰਸ ਦੇਸ਼ ਦੀ ਝੰਡਾਬਰਦਾਰ ਸੀ, ਜਿਸ ਦੁਆਰਾ ਦੇਸ਼ ਵਿੱਚ ਭਾਸ਼ਾ ਆਧਾਰਤ ਕਈ ਸੂਬੇ ਬਣਾਉਣ ਦੇ ਬਾਵਜੂਦ ਭਾਸ਼ਾ ਅਧਾਰਤ ਪੰਜਾਬੀ ਸੂਬਾ ਬਣਾਉਣ ਤੋਂ ਪਾਸਾ ਵੱਟੀ ਰੱਖਿਆ ਅਤੇ ਆਖਰ ਵਿੱਚ ਲੰਗੜਾ-ਲੂਲਾ ਪੰਜਾਬੀ ਸੂਬਾ ਬਣਾਇਆ ਗਿਆ। ਪੰਜਾਬੀ ਸੂਬਾ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦਰਮਿਆਨ ਇੱਕ ਸਮਝੌਤੇ ਦੀ ਉਪਜ ਸੀ, ਪਰ ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਸੱਤਾ ਦਾ ਸੁੱਖ ਮਾਨਣ ਲਈ ਏਨਾ ਕਾਹਲਾ ਸੀ ਕਿ ਉਸ ਵੱਲੋਂ ਕਾਂਗਰਸ ਸਰਕਾਰ ਦੀ ਪੰਜਾਬ ਵਿਰੋਧੀ ਇਸ ਸਾਜ਼ਿਸ਼ ਦਾ ਛੋਟਾ-ਮੋਟਾ ਵੀ ਵਿਰੋਧ ਦਰਜ ਨਾ ਕਰਵਾਇਆ ਗਿਆ, ਨਤੀਜੇ ਵਜੋ ਕੇਂਦਰ ਸਰਕਾਰ ਨੇ ਪੰਜਾਬ ਦੇ ਦਰਿਆਈ ਪਾਣੀਆਂ ਅਤੇ ਪੰਜਾਬ ਦੇ ਹਾਈਡਲ ਪ੍ਰੋਜੈਕਟਾ 'ਤੇ ਹੀ ਆਪਣਾ ਕੰਟਰੋਲ ਨਹੀ ਕੀਤਾ, ਭਾਸ਼ਾ ਅਧਾਰਿਤ ਬਣੇ ਪੰਜਾਬੀ ਸੂਬੇ ਦੇ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕਿਆ ਨੂੰ ਹਰਿਆਣਾ, ਰਾਜਸਥਾਨ ਅਤੇ ਹਿਮਾਚਲ ਵਿਚ ਰਹਿਣ ਦਿੱਤਾ ਗਿਆ, ਪੰਜਾਬ ਲਈ ਬਣ ਰਹੀ ਨਵੀਂ ਰਾਜਧਾਨੀ ਚੰਡੀਗੜ੍ਹ ਨੂੰ ਪੰਜਾਬ, ਹਰਿਆਣਾ ਦੀ ਸਾਂਝੀ ਰਾਜਧਾਨੀ ਬਣਾ ਦਿਤਾ ਗਿਆ। ਲੋਕਾ ਦੀ ਮੁੱਖ ਸਮੱਸਿਆ ਰੋਜ਼ਗਾਰ ਹੈ, ਜਿਸ ਰੋਜ਼ਗਾਰ ਦਾ ਭਾਵ ਗੁਜਾਰੇ ਯੋਗ ਜ਼ਮੀਨ ਜਾਂ ਸਥਾਈ ਕੰਮ। ਸਥਾਈ ਕੰਮ ਕੇਵਲ ਸਰਕਾਰੀ ਨੌਕਰੀ ਹੀ ਨਹੀ ਹੁੰਦੀ, ਸਗੋਂ ਨਿੱਜੀ ਚਲਣ ਯੋਗ ਧੰਦਾ ਜਾਂ ਕਿਸੇ ਸਨਅਤੀ ਅਦਾਰੇ ਵਿੱਚ ਲਗਾਤਾਰ ਪੂਰਾ ਮਿਹਨਤਾਨਾ ਮਿਲਣਾ ਸਥਾਈ ਰੁਜ਼ਗਾਰ ਹੁੰਦਾ ਹੈ, ਪਰ ਤੱਥ ਹਨ ਕਿ ਨਾ ਸਰਕਾਰੀ ਨੌਕਰੀਆ ਹਨ ਅਤੇ ਨਾਂ ਹੀ ਰੋਜ਼ਗਾਰ ਲਈ ਗੈਰ ਸਰਕਾਰੀ ਅਤੇ ਸਹਿਕਾਰੀ ਸਨਅਤਾਂ ਬਚੀਆਂ ਹਨ, 1991 ਵਿੱਚ ਦੇਸ਼ ਦੀ ਨਵੀ ਸਨਅਤੀ ਨੀਤੀ ਆਉਣ ਪਿਛੋਂ ਪੰਜਾਬ ਵਿੱਚ ਰੋਜ਼ਗਾਰ ਲਈ ਨਵੀ ਸਨਅਤ ਉਸਾਰਨ ਦੀ ਬਜਾਏ ਮਾਝੇ ਦੀ ਪ੍ਰਸਿੱਧ ਕੱਪੜਾ ਮਿੱਲ ਧਾਰੀਵਾਲ, ਮਾਲਵੇ ਦੀਆ ਕਰੀਬ ਦਰਜਨ ਕਤਾਈ ਮਿੱਲਾਂ ਅਤੇ ਪੰਜਾਬ ਦੀਆਂ 22 ਸ਼ੂਗਰ ਮਿਲਾ 'ਚੋਂ ਕਰੀਬ 9 ਮਿਲਾ ਦਾ ਭੋਗ ਪੈ ਗਿਆ ਹੈ। ਅੰਮ੍ਰਿਤਸਰ, ਛੇਹਰਟਾ, ਬਟਾਲਾ, ਮੰਡੀ ਗੋਬਿੰਦਗੜ੍ਹ, ਜਲੰਧਰ, ਲੁਧਿਆਣਾ ਅਤੇ ਪੰਜਾਬ ਦੇ ਹੋਰ ਸਨਅਤੀ ਸ਼ਹਿਰਾਂ ਵਿੱਚ ਛੋਟੇ ਉਦਯੋਗ ਮਾਲਕਾ ਵੱਲੋਂ ਵੱਡੇ ਪੱਧਰ 'ਤੇ ਆਪਣੇ ਸਨਅਤੀ ਅਦਾਰੇ ਬੰਦ ਕਰਕੇ ਸਨਅਤੀ ਜਗ੍ਹਾ ਉਪਰ ਪਲਾਟ ਕੱਟ ਦਿੱਤੇ ਹਨ। ਦੂਜੇ ਪਾਸੇ ਖੇਤੀ ਵਿੱਚ ਮਸ਼ੀਨੀਕਰਨ ਦੇ ਲਗਾਤਾਰ ਵਾਧੇ ਨਾਲ ਖੇਤੀ ਰੁਜ਼ਗਾਰ ਵੀ ਘਟ ਗਿਆ ਹੈ। ਮਨਰੇਗਾ ਦੇ ਨਵੇਂ ਕਨੂੰਨ ਨੇ ਮਨਰੇਗਾ ਰੁਜ਼ਗਾਰ ਦਾ ਵੀ ਖਾਤਮਾ ਕਰ ਦਿੱਤਾ ਹੈ। ਪੰਜਾਬ ਦੀ ਬੇਰੁਜ਼ਗਾਰੀ ਦਾ ਆਲਮ ਹੀ ਹੈ ਕਿ ਪੰਜਾਬ ਦੇ ਹਰ ਛੋਟੇ-ਵੱਡੇ ਸ਼ਹਿਰ ਅੰਦਰ ਬਣੇ ਮਜ਼ਦੂਰ ਚੌਕਾਂ ਵਿੱਚ ਖੜੇ ਮਜ਼ਦੂਰਾਂ ਦੀ ਭਰਮਾਰ ਨਜ਼ਰੀਂ ਪੈਂਦੀ ਹੈ। ਪੰਜਾਬ ਦੇ ਨੌਜਵਾਨਾਂ ਦੇ ਰੁਜ਼ਗਾਰ ਲਈ ਦੇਸ਼ ਦੀ ਫੌਜ ਵਿੱਚ ਭਰਤੀ ਹੋਣਾ ਇਕ ਵੱਡਾ ਸਾਧਨ ਸੀ, ਪਰ ਮੋਦੀ ਸਰਕਾਰ ਦੇ ਅਗਨੀਵੀਰ ਵਰਤਾਰੇ ਨੇ ਪੰਜਾਬ ਦੇ ਨੌਜਵਾਨਾਂ ਦੇ ਰੁਜ਼ਗਾਰ ਦਾ ਇਹ ਰਸਤਾ ਵੀ ਬੰਦ ਕਰ ਦਿੱਤਾ ਹੈ। ਬੀਤੇ ਢਾਈ ਦਹਾਕਿਆਂ ਦੌਰਾਨ ਪੰਜਾਬ ਦੇ ਕਿਸੇ ਵੀ ਕੋਨੇ ਵਿੱਚ ਕੋਈ ਵੀ ਸਰਕਾਰੀ ਜਾਂ ਪ੍ਰਾਈਵੇਟ ਤੌਰ 'ਤੇ ਹੋਈ ਸਨਅਤੀ ਉਸਾਰੀ ਨਹੀਂ ਦਿਸੇਗੀ, ਜਿੱਥੇ ਪੰਜਾਬ ਦੇ ਲੋਕਾਂ ਨੂੰ ਵੱਡੇ ਪੱਧਰ 'ਤੇ ਰੁਜ਼ਗਾਰ ਦਿੱਤਾ ਗਿਆ ਹੋਵੇ।

ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਆਰਥਿਕਤਾ ਦੀ ਮਜ਼ਬੂਤੀ ਲਈ ਵਾਹਗਾ ਬਾਰਡਰ ਇੱਕ ਵੱਡਾ ਸਾਧਨ ਹੈ, ਪਰ ਬੀਤੇ ਸਾਲਾਂ ਤੋਂ ਮੋਦੀ ਸਰਕਾਰ ਨੇ ਪਾਕਿਸਤਾਨ ਨਾਲ ਆਪਣੀਆਂ ਰਾਜਨੀਤਕ ਲੋੜਾਂ ਅਧਾਰਤ ਬਣਾਈ ਦੁਸ਼ਮਣੀ ਤਹਿਤ ਵਾਹਗਾ ਬਾਰਡਰ ਦਾ ਵਪਾਰਕ ਲਾਂਘਾ ਬੰਦ ਕਰ ਰੱਖਿਆ ਹੈ, ਜਦੋਂ ਕਿ ਗੁਜਰਾਤ ਤੇ ਬੰਬੇ ਦੀਆਂ ਸਮੁੰਦਰੀ ਬੰਦਰਗਾਹਾਂ ਰਾਹੀਂ ਦੋਨਾਂ ਦੇਸ਼ਾਂ ਦਾ ਵਪਾਰ ਕਦੇ ਵੀ ਬੰਦ ਨਹੀਂ ਹੋਇਆ, ਜਿਸ ਤੋਂ ਜ਼ਾਹਰ ਹੁੰਦਾ ਹੈ ਕਿ ਮੋਦੀ ਸਰਕਾਰ ਦੀ ਦੁਸ਼ਮਣੀ ਪਾਕਿਸਤਾਨ ਨਾਲੋਂ ਵਧੇਰੇ ਪੰਜਾਬ ਨਾਲ ਹੈ। ਕਿਸੇ ਵੀ ਕੇਂਦਰੀ ਜਾਂ ਖੇਤਰੀ ਪਾਰਟੀ ਨੇ ਦੇਸ਼ ਦੀ ਲੋਕ ਸਭਾ, ਪੰਜਾਬ ਦੀ ਵਿਧਾਨ ਸਭਾ ਜਾਂ ਪੰਜਾਬ ਦੀ ਲੋਕ ਕਚਹਿਰੀ -ਵਿੱਚ ਇਹ ਸਵਾਲ ਉਠਾਉਣ ਅਤੇ ਇਸ ਅਹਿਮ ਮੁੱਦੇ ਨੂੰ ਉਭਾਰਨ ਦੀ ਲੋੜ ਨਹੀਂ ਸਮਝੀ ਅਤੇ ਨਾ ਹੀ ਇਹ ਮੁੱਦਾ ਇਹਨਾਂ ਹਾਕਮ ਪਾਰਟੀਆਂ ਲਈ 2027 ਦੀਆਂ ਚੋਣਾਂ ਦਾ ਕੋਈ ਭਖਵਾਂ ਮੁੱਦਾ ਹੋਵੇਗਾ, ਜਦੋਂ ਕਿ ਇਹ ਪਰਤੱਖ ਹੈ ਕਿ ਇਹ ਸਵਾਲ ਪੰਜਾਬ ਨਾਲ ਵਿਤਕਰੇ ਤੇ ਧੱਕੇਸ਼ਾਹੀਆਂ ਦਾ ਮੂੰਹ ਬੋਲਦਾ ਸਬੂਤ ਹਨ।

ਪੰਜਾਬ ਵਿੱਚ ਸਿੱਖਿਆ ਦੇ ਇਨਕਲਾਬ ਦਾ ਇਹ ਹਾਲ ਹੈ ਕਿ ਸ਼ਾਇਦ ਰੋਜ਼ਾਨਾ ਪੰਜਾਬ ਦੀਆ ਸੜਕਾਂ 'ਤੇ ਇਨੀਆਂ ਬੱਸਾਂ ਨਹੀ ਦੌੜਦੀਆਂ ਹੋਣਗੀਆਂ, ਜਿੰਨੀਆਂ ਨਿੱਜੀ ਸਕੂਲਾਂ ਦੀਆ ਬੱਸਾਂ ਸਵੇਰੇ-ਸ਼ਾਮੀ ਪਿੰਡਾਂ ਤੋਂ ਸ਼ਹਿਰਾਂ ਅਤੇ ਸ਼ਹਿਰਾਂ ਤੋਂ ਪਿੰਡਾਂ ਵੱਲ ਮੋਟੇ ਮੁਨਾਫਿਆਂ ਦੀ ਧੁਸ ਵਿੱਚ ਦੌੜ ਰਹੀਆ ਹੁੰਦੀਆ ਹਨ, ਇਹ ਹੀ ਹਸ਼ਰ ਸੇਹਤ ਸੇਵਾਵਾਂ ਦਾ ਹੈ, ਪੂਰੇ ਪੰਜਾਬ ਵਿੱਚ ਸਰਕਾਰੀ ਹਸਪਤਾਲ ਖੁਦ ਬੀਮਾਰੀ ਦੀ ਹਾਲਤ ਵਿੱਚ ਮੁਸ਼ਕ ਮਾਰ ਰਹੇ ਹਨ। ਇਸ ਸਥਿਤੀ ਵਿਚ ਪ੍ਰਾਈਵੇਟ ਹਸਪਤਾਲਾਂ ਨੇ ਆਪਣੇ ਗੇਟਾਂ 'ਤੇ ਵੱਖ-ਵੱਖ ਬੀਮਾਰੀਆਂ ਦੇ ਟੈਸਟਾਂ, ਕਮਰਿਆਂ ਅਤੇ ਇਲਾਜ ਦੀ ਰੇਟ ਲਿਸਟ (ਪੈਕੇਜ) ਲਟਕਾ ਰੱਖੀ ਹੈ, ਜਿਥੇ ਗਰੀਬ ਜਨਤਾ ਦਾ ਪਹੁੰਚਣਾ ਮੁਮਕਨ ਹੀ ਨਹੀਂ ਹੋਵੇਗਾ।

ਬੇਸ਼ੱਕ ਇਸ ਤਰ੍ਹਾਂ ਦੇ ਮੁੱਦੇ ਪੰਜਾਬ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਟੁਟਵੇਂ ਰੂਪ ਵਿੱਚ ਉਠਾਏ ਜਾਂਦੇ ਹਨ, ਜਿਸ ਮੋਰਚੇ ਵਿੱਚ ਕਮਿਊਨਿਸਟ ਪੱਖੀ ਕਿਸਾਨ ਜਥੇਬੰਦੀਆਂ ਵੀ ਕੰਮ ਕਰਦੀਆਂ ਹਨ, ਪਰ ਸੰਯੁਕਤ ਕਿਸਾਨ ਮੋਰਚਾ ਇਕ ਵਿਚਾਰ ਅਤੇ ਇਕ ਟੀਚੇ ਦੀ ਜਥੇਬੰਦੀ ਨਹੀਂ ਹੈ ਅਤੇ ਨਾ ਹੀ ਇਹ ਕੋਈ ਰਾਜਨੀਤਕ ਪਾਰਟੀ ਹੈ, ਜਿਸ 'ਤੇ ਟੇਕ ਰੱਖ ਕੇ ਪੰਜਾਬੀਆਂ ਦੇ ਬੁਨਿਆਦੀ ਮਸਲਿਆਂ 'ਤੇ ਕੋਈ ਰਾਜਨੀਤਕ ਸੰਘਰਸ਼ ਲੜਿਆ ਜਾ ਸਕਦਾ ਹੋਵੇ, ਜਦੋਂ ਕਿ ਜ਼ਰੂਰਤ ਹੈ ਕਿ ਪੰਜਾਬ ਦੀਆਂ ਕਮਿਊਨਿਸਟ ਧਿਰਾਂ ਆਪਣੀ ਰਾਜਨੀਤਕ ਖੜੋਤ ਨੂੰ ਤੋੜਦਿਆਂ ਪੰਜਾਬੀਆਂ ਨੂੰ ਭਵਿੱਖ ਵਿੱਚ ਇੱਕ ਨਵਾਂ ਰਾਜਨੀਤਕ ਬਦਲ ਦੇਣ ਲਈ ਖੁਦ ਮੈਦਾਨ ਵਿੱਚ ਆ ਕੇ ਆਪਣੀ ਗੱਲ ਕਹਿਣ। ਕਮਿਊਨਿਸਟਾਂ ਲਈ ਇਸ ਸਮੇਂ ਅੱਗੇ ਆਉਣਾ ਇਸ ਲਈ ਵੀ ਜ਼ਰੂਰੀ ਹੈ ਕਿ ਦੇਸ਼ ਦੀ ਫਾਸ਼ਿਸਟ ਜਥੇਬੰਦੀ ਆਰ ਐੱਸ ਐੱਸ ਅਤੇ ਭਾਜਪਾ ਜਿਸ ਨੇ ਦੇਸ਼ ਵਿੱਚ ਘੱਟ-ਗਿਣਤੀਆਂ ਵਿਰੋਧੀ ਫਾਸ਼ਿਸਟ ਹੁੜਦੰਗ ਮਚਾਇਆ ਹੋਇਆ ਹੈ ਅਤੇ ਉਹ ਹਰ ਹਾਲਤ ਵਿੱਚ ਪੰਜਾਬ ਦੀ ਸੱਤਾ 'ਤੇ ਕਾਬਜ਼ ਹੋਣਾ ਚਾਹੁੰਦੀਆਂ ਹਨ ਤਾਂ ਜੋ ਪੰਜਾਬੀਆਂ ਦੇ ਜੁਝਾਰੂਪਣ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਫਿਰਕਾਪ੍ਰਸਤੀ ਦੀ ਰੰਗਤ ਵਿੱਚ ਰੰਗਿਆ ਜਾਵੇ। ਕਮਿਊਨਿਸਟਾਂ ਨੂੰ ਪੰਜਾਬ ਦੀਆਂ ਉਨ੍ਹਾਂ ਧਿਰਾਂ ਨੂੰ ਵੀ ਨਿਸ਼ਾਨੇ 'ਤੇ ਲੈਣਾ ਚਾਹੀਦਾ ਹੈ, ਜਿਨ੍ਹਾਂ ਲਈ ਸੱਤਾ ਖਾਤਰ ਭਾਜਪਾ ਦੇ ਰੱਥ ਦਾ ਸਵਾਰ ਬਣਨਾ ਵੀ ਕੋਈ ਬੁਰੀ ਗੱਲ ਨਹੀ।

# ਸੰਪਰਕ : 98142-90163

# ਕਿਸਾਨਾਂ ਵੱਲੋਂ ਐਕਸੀਅਨ ਦਫ਼ਤਰ ਅੱਗੇ ਬਿਜਲੀ ਕੱਟਾਂ ਖ਼ਿਲਾਫ਼ ਪ੍ਰਦਰਸ਼ਨ



**ਬੁਢਲਾਡਾ (ਅਸ਼ੋਕ ਲਾਕੜਾ)**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਘਰੇਲੂ ਤੇ ਖੇਤੀਬਾੜੀ ਬਿਜਲੀ ਸਪਲਾਈ ਵਿੱਚ ਲਗਾਏ ਜਾ ਰਹੇ ਲੰਬੇ ਅਤੇ ਅਣਐਲਾਨੇ ਕੱਟਾਂ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਐਕਸੀਅਨ ਦਫ਼ਤਰ ਬੁਢਲਾਡਾ ਅੱਗੇ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਕਿਸਾਨਾਂ ਨੇ ਪਾਵਰਕਾਮ ਦੀ ਮੈਨਜਮੈਂਟ ਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਮੰਗ ਪੱਤਰ ਚੇਅਰਮੈਨ ਪਾਵਰ ਕਾਰਪੋਰੇਸ਼ਨ ਲਿਮਟਿਡ ਪਟਿਆਲਾ ਦੇ ਨਾਮ 'ਤੇ ਬੁਢਲਾਡਾ ਦਫਤਰ ਦੇ ਅਧਿਕਾਰੀ ਰਾਹੀਂ ਸੌਂਪਿਆ ਅਤੇ ਮੰਗ ਕੀਤੀ ਕਿ ਬਿਜਲੀ ਦੇ ਕੱਟ ਲਗਾਉਣੇ ਤੁਰੰਤ ਬੰਦ ਕੀਤੇ ਜਾਣ।ਲੋਕਾਂ ਨੂੰ ਪਿਛਲੇ ਪੰਜ ਮਹੀਨਿਆਂ ਤੋਂ ਬਿਜਲੀ ਬਿੱਲਾਂ 'ਤੇ ਮੁਆਫੀ ਕੱਟ ਕੇ ਭੇਜੇ ਬਿਲ ਰੱਦ ਕਰਕੇ ਬਿਜਲੀ ਛੋਟ ਲਾਗੂ ਕੀਤੀ ਜਾਵੇ। ਨਜਾਇਜ਼ ਰਾਤ ਦੇ ਕੱਟਾਂ ਨੇ ਲੋਕਾਂ ਦਾ ਜਿਉਣਾ ਮੁਹਾਲ ਕੀਤਾ ਹੋਇਆ ਹੈ, ਕਿਉਂਕਿ ਬਿਜਲੀ ਮਨੁੱਖ ਦੀ ਜ਼ਰੂਰੀ ਲੋੜ ਬਣ ਚੁੱਕੀ ਹੈ।ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ, ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ, ਜ਼ਿਲ੍ਹਾ ਖਜ਼ਾਨਚੀ ਦੇਵੀਰਾਮ ਰੰਘੜਿਆਲ, ਜ਼ਿਲ੍ਹਾ ਆਗੂ ਗੁਰਜੰਟ ਸਿੰਘ ਮਘਾਣੀਆ, ਬਲਾਕ ਆਗੂ ਤੇਜਰਾਮ ਅਹਿਮਦਪੁਰ, ਗੁਰਮੇਲ ਸਿੰਘ ਜਲਵੇੜਾ, ਪਾਲਾ ਸਿੰਘ ਕੁਲਰੀਆਂ, ਮਿੱਠੂ ਸਿੰਘ ਬਹਾਦਰਪੁਰ, ਕਾਕਾ ਸਿੰਘ ਗੁਰਨੇ ਖੁਰਦ, ਬਲਦੇਵ ਸਿੰਘ ਧਰਮਪੁਰਾ, ਲੀਲਾ ਸਿੰਘ ਕੁਲਰੀਆਂ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਬੁਢਲਾਡਾ ਬਲਾਕ ਦੇ ਪਿੰਡਾਂ ਵਿੱਚ ਬਿਜਲੀ ਸਪਲਾਈ ਦੀ ਹਾਲਤ ਬਹੁਤ ਮਾੜੀ ਹੈ।ਖ਼ਾਸ ਕਰਕੇ ਰਾਤ ਦੇ ਸਮੇਂ ਬਿਨਾਂ ਕਿਸੇ ਅਗਾਊਂ ਸੂਚਨਾ ਦੇ ਲਗਾਏ ਜਾ ਰਹੇ ਨਜਾਇਜ਼ ਕੱਟਾਂ ਕਾਰਨ ਭਿਆਨਕ ਗਰਮੀ ਵਿੱਚ ਬੱਚਿਆਂ, ਬਜ਼ੁਰਗਾਂ ਤੇ ਬਿਮਾਰਾਂ ਦਾ ਜਿਉਣਾ ਮੁਹਾਲ ਹੋ ਗਿਆ ਹੈ।ਬਿਜਲੀ ਨਾ ਹੋਣ ਕਾਰਨ ਪਿੰਡਾਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਖੇਤੀਬਾੜੀ ਸੈਕਟਰ 'ਤੇ ਮਾਰੂ ਪ੍ਰਭਾਵ ਪੈ ਰਿਹਾ ਹੈ।

ਕਿਸਾਨ ਆਗੂਆਂ ਨੇ ਚਿੰਤਾ ਪ੍ਰਗਟਾਈ ਕਿ ਬਿਜਲੀ ਦੀ ਕਿੱਲਤ ਕਾਰਨ ਪਸ਼ੂਆਂ ਲਈ ਬੀਜਿਆ ਹਰਾ ਚਾਰਾ ਸੁੱਕ ਰਿਹਾ ਹੈ। ਮੱਕੀ ਦੀ ਫ਼ਸਲ ਨਾਜ਼ੁਕ ਹਾਲਤ ਵਿੱਚ ਹੈ।ਸਾਉਣੀ ਦੀਆਂ ਮੁੱਖ ਫ਼ਸਲਾਂ ਨਰਮਾ ਤੇ ਮੂੰਗੀ ਦੀ ਬਿਜਾਈ ਪੱਛੜ ਰਹੀ ਹੈ।ਜੇਕਰ ਪਾਵਰਕਾਮ ਨੇ ਇਹ ਨਜਾਇਜ਼ ਕੱਟ ਤੁਰੰਤ ਬੰਦ ਨਾ ਕੀਤੇ, ਤਾਂ ਜਥੇਬੰਦੀ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕਰੇਗੀ ਤੇ ਦਫ਼ਤਰਾਂ ਦੇ ਘਿਰਾਓ ਵਰਗੇ ਸਖ਼ਤ ਕਦਮ ਚੁੱਕੇਗੀ।

ਇਸ ਮੌਕੇ ਮੰਗ ਪੱਤਰ ਲੈਣ ਪਹੁੰਚੇ ਐੱਸ ਡੀ ਓ ਕੇਵਲ ਸਿੰਘ ਛੀਨਾ ਨੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਉੱਚ ਅਧਿਕਾਰੀਆਂ ਤੇ ਸਰਕਾਰ ਤੱਕ ਪਹੁੰਚਾਇਆ ਜਾਵੇਗਾ ਤੇ ਬਿਜਲੀ ਸਪਲਾਈ ਵਿੱਚ ਸੁਧਾਰ ਲਿਆਉਣ ਲਈ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਤੇ ਜਥੇਬੰਦੀ ਦੇ ਮੈਂਬਰ ਹਾਜ਼ਰ ਸਨ।

# ਰਾਜ ਸਭਾ ਮੈਂਬਰਾਂ ਦੀ ਗੱਦਾਰੀ 'ਤੇ 'ਆਪ' ਆਗੂਆਂ ਨੇ ਫੂਕੇ ਪੁਤਲੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਕੋਟਕਪੂਰਾ ਚੌਕ ਲਾਗੇ ਆਮ ਆਦਮੀ ਪਾਰਟੀ ਵੱਲੋਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਅਗਵਾਈ ਹੇਠ ਰਾਘਵ ਚੱਢਾ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਰਾਘਵ ਚੱਢਾ ਮੁਰਦਾਬਾਦ ਦੇ ਨਾਅਰੇ ਲਗਾਏ ਗਏ।ਇਸ ਮੌਕੇ ਬੋਲਦਿਆਂ ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਜਦੋਂ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਜੇਲ੍ਹ ਵਿੱਚ ਗਏ ਤਾਂ ਰਾਘਵ ਚੱਢਾ ਨੇ ਪੰਜਾਬ ਵਿੱਚ ਸਰਕਾਰ ਤੋੜਨ ਦੀਆਂ ਨਾਕਾਮ ਸਾਜ਼ਿਸ਼ਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ, ਕਿਉਂਕਿ ਰਾਘਵ ਚੱਢਾ ਸਾਡੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਹਟਾ ਕੇ ਖੁਦ ਮੁੱਖ ਮੰਤਰੀ ਬਨਣਾ ਚਾਹੁੰਦਾ ਸੀ।ਉਨ੍ਹਾਂ ਕਿਹਾ ਕਿ ਰਾਘਵ ਨੇ ਕਿਤੇ ਵੀ ਸ੍ਰੀ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦਾ ਵਿਰੋਧ ਨਹੀਂ ਕੀਤਾ, ਕਿਉਂਕਿ ਇਸ ਦੀ ਇਕੋ ਕੋਸ਼ਿਸ਼ ਸੀ ਕਿ ਪਾਰਟੀ ਨੂੰ ਤੋੜ ਕੇ ਇਹ ਖੁਦ ਪੰਜਾਬ ਦਾ ਮੁੱਖ ਮੰਤਰੀ ਬਣੇ ਤੇ ਇਹੀ ਟਾਸਕ ਭਾਜਪਾ ਨੇ ਚੱਢਾ ਨੂੰ ਦਿੱਤਾ ਸੀ।ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਪੰਜਾਬ ਦੀ ਧਰਤੀ ਹਰ ਇੱਕ ਨੂੰ ਗਲ਼ ਨਾਲ ਲਾਉਂਦੀ ਹੈ, ਪਰ ਰਾਘਵ ਚੱਢਾ ਯਾਦ ਰੱਖੇ ਕਿ ਇਹ ਧਰਤੀ ਗੱਦਾਰਾਂ ਨੂੰ ਕਦੇ ਵੀ ਮੁਆਫ ਨਹੀਂ ਕਰਦੀ।ਇਸ ਮੌਕੇ ਸੰਗਠਨ ਇੰਚਾਰਜ ਜਸਵੰਤ ਸਿੰਘ ਸੰਧੂ, ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਕਾਲਾ, ਹਲਕਾ ਇੰਚਾਰਜ ਐੱਸ ਸੀ ਵਿੰਗ ਮਾਸਟਰ ਮੁਰਾਰੀ ਲਾਲ, ਬਲਾਕ ਪ੍ਰਧਾਨ ਸੁਮਨ ਕੁਮਾਰ ਤੋਤੀ, ਰਮੇਸ਼ ਬਾਂਸਲ ਬਲਾਕ ਪ੍ਰਧਾਨ, ਗੁਰਮੇਲ ਸਿੰਘ, ਕਸ਼ਮੀਰ ਸਿੰਘ, ਹੈਪੀ ਬਰਾੜ, ਗੋਸ਼ਾ ਬਰਾੜ, ਬਿੰਦਾ ਸਰਪੰਚ ਥਾਂਦੇਵਾਲਾ, ਜਤਿੰਦਰ ਮਹੰਤ, ਗੁਰਵਿੰਦਰ ਸਿੰਘ ਡੋਡਾਂਵਾਲੀ, ਕਾਕਾ ਸਰਪੰਚ, ਮਨਜੀਤ ਸਿੰਘ, ਸ਼ਹਿਰੀ ਪ੍ਰਧਾਨ ਸ਼ਕਤੀ ਖੁੰਗਰ, ਬੇਦੀ, ਯਾਦਵਿੰਦਰ ਸਿੰਘ ਯਾਦੂ ਯੂਥ ਪ੍ਰਧਾਨ, ਸ਼ੈਲੀ ਵਾਰਡ ਨੰਬਰ 8, ਜਗਜੀਤ ਸਿੰਘ, ਡਾ. ਕਾਲਾ ਗੋਨਿਆਣਾ, ਰੋਮੀ ਧਵਨ, ਬੇਅੰਤ ਸਿੰਘ ਗੋਨਿਆਣਾ, ਰਮਨ ਸਿੰਘ, ਸੰਦੀਪ ਸ਼ਰਮਾ, ਸੁਮਿਤ ਗਰਗ ਬਲਾਕ ਪ੍ਰਧਾਨ, ਬਲਾਕ ਪ੍ਰਧਾਨ ਰਵਿੰਦਰ ਕੁਮਾਰ ਰਿੰਕੂ ਬਾਂਸਲ, ਹਰੀ ਸਿੰਘ ਆਦਿ ਹਾਜ਼ਰ ਸਨ।

# ਖਾਦ, ਬੀਜ ਤੇ ਕੀਟਨਾਸ਼ਕ ਦਵਾਈ ਡੀਲਰਾਂ ਵੱਲੋਂ ਮੁਕੰਮਲ ਹੜਤਾਲ

## ਮੰਗਾਂ ਨਾ ਮੰਨੀਆਂ ਤਾਂ ਕਰਾਂਗੇ ਸੰਘਰਸ਼ ਤੇਜ਼ : ਰਛਪਾਲ ਖਿਆਲਾ




**ਭੀਖੀ (ਧਰਮਵੀਰ ਸ਼ਰਮਾ)**

ਖਾਦ, ਬੀਜ਼ ਤੇ ਪੈਸਟੀਸਾਈਡਜ਼ ਡੀਲਰਾਂ ਨੂੰ ਲੰਬੇ ਸਮੇਂ ਤੋਂ ਦਰਪੇਸ਼ ਮੁਸ਼ਕਲਾਂ ਤੇ ਮੰਗਾਂ ਨੂੰ ਲੈ ਕੇ ਐਗਰੋ ਇਨਪੁੱਟ ਡੀਲਰ ਐਸੋਸੀਏਸ਼ਨ ਵੱਲੋਂ ਕੌਮੀ ਪੱਧਰ 'ਤੇ ਕੀਤੀ ਹੜਤਾਲ ਦਾ ਸਮਰਥਨ ਕਰਦਿਆਂ ਪੰਜਾਬ ਸੀਡ ਪੈਸਟੀਸਾਈਡ ਤੇ ਫਰਟੀਲਾਇਜ਼ਰ ਡੀਲਰ ਐਸੋਸੀਏਸ਼ਨ ਭੀਖੀ ਵੱਲੋਂ ਦੁਕਾਨਾਂ ਬੰਦ ਰੱਖ ਕੇ ਜਿੱਥੇ ਆਪਣੀਆਂ ਮੰਗਾਂ ਸਬੰਧੀ ਕੇਂਦਰ ਸਰਕਾਰ ਨੂੰ ਜਾਣੂ ਕਰਵਾਉਣ ਲਈ ਲਿਖ਼ਤੀ ਪੱਤਰ ਭੇਜੇ, ਉੱਥੇ ਰੋਸ ਪ੍ਰਗਟ ਵੀ ਕੀਤਾ ਕਿ ਖੁਦਰਾਂ ਡੀਲਰਾਂ ਨੂੰ ਬੇਵਜ੍ਹਾ ਪ੍ਰੇਸ਼ਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਕੋਈ ਢੁੱਕਵਾਂ ਹੱਲ ਨਹੀਂ ਕੀਤਾ ਜਾ ਰਿਹਾ।ਐਸੋਸੀਏਸ਼ਨ ਦੇ ਪ੍ਰਧਾਨ ਰਛਪਾਲ ਸਿੰਘ ਖਿਆਲਾ ਨੇ ਦੱਸਿਆ ਕਿ ਖ਼ਾਦ, ਬੀਜ਼ ਤੇ ਕੀਟਨਾਸ਼ਕ ਡੀਲਰ ਪਿਛਲੇ ਲੰਬੇ ਸਮੇਂ ਤੋਂ ਮੰਗ ਕਰ ਰਹੇ ਹਨ ਕਿ ਖ਼ਾਦਾਂ ਨਾਲ ਜ਼ਬਰਦਸਤੀ ਅਣਉਚਿਤ ਖੇਤੀ ਉਤਪਾਦਾਂ ਨੂੰ ਨਾ ਜੋੜਿਆ ਜਾਵੇ ਤੇ ਉੱਤਰ ਪ੍ਰਦੇਸ਼ ਸਰਕਾਰ ਦੇ ਫੈਸਲੇ ਦੇ ਪ੍ਰਕਾਸ਼ ਵਿੱਚ ਦੇਸ਼ ਭਰ ਵਿੱਚ ਸਬਸਿਡੀ ਵਾਲੀਆਂ ਖ਼ਾਦਾਂ ਦੇ ਨਾਲ-ਨਾਲ ਗੈਸ ਸਬਸਿਡੀ ਵਾਲੇ ਉਤਪਾਦਾਂ ਨੂੰ ਵੇਚਣ 'ਤੇ ਪਾਬੰਦੀ ਲਗਾਈ ਜਾਵੇ।ਉਨ੍ਹਾਂ ਕਿਹਾ ਕਿ ਟੈਗਿੰਗ ਨਾਲ ਕਿਸਾਨਾਂ ਤੇ ਡੀਲਰਾਂ ਦੇ ਸਬੰਧਾਂ ਵਿੱਚ ਕੁੜੱਤਣ ਆਉਂਦੀ ਹੈ।ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਮੰਗ ਕਰਦੀ ਹੈ ਕਿ ਵੱਖ-ਵੱਖ ਖ਼ਾਦ ਕੰਪਨੀਆਂ ਤੇ ਹੋਲਸੇਲਰ ਡੀਲਰਾਂ ਦੇ ਵਿਕਰੀ ਸਥਾਨਾਂ (ਦੁਕਾਨਾਂ) 'ਤੇ ਖ਼ਾਦ ਤੇ ਉਤਪਾਦਾਂ ਦੀ ਪਹੁੰਚ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਯੂਰੀਆ ਤੇ ਡੀ.ਏ.ਪੀ. ਵਰਗੀਆਂ ਖ਼ਾਦਾਂ ਰੇਲਵੇ ਹੈੱਡ ਤੋਂ ਡੀਲਰਾਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ, ਨਤੀਜਨ ਡੀਲਰਾਂ ਨੂੰ 40 ਤੋਂ 50 ਰੁਪੈ ਪ੍ਰਤੀ ਗੱਟਾ ਵਾਧੂ ਖ਼ਰਚ ਉਠਾਉਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਵਧਦੀਆਂ ਲਾਗਤਾਂ ਤੇ ਮਹਿੰਗਾਈ ਦੇ ਮੱਦੇਨਜ਼ਰ ਖ਼ਾਦਾਂ 'ਤੇ ਖੁਦਰਾ ਡੀਲਰਾਂ ਦਾ ਲਾਭ 8 ਫੀਸਦੀ ਤੱਕ ਵਧਾਇਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰਾਂ ਉਨ੍ਹਾਂ ਦੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਕੋਈ ਠੋਸ ਕਦਮ ਨਹੀਂ ਚੁੱਕਦੀਆਂ ਤਾਂ ਅਗਾਮੀ ਸੀਜ਼ਨ ਦੌਰਾਨ ਐਸੋਸੀਏਸ਼ਨ ਸੰਘਰਸ਼ ਤੇਜ਼ ਕਰਨ ਲਈ ਮਜਬੂਰ ਹੋਵੇਗੀ।

ਇਸ ਮੌਕੇ ਲਛਮਣ ਸਿੰਘ ਮੂਲੇਵਾਲੀਆ, ਪ੍ਰਗਟ ਸਿੰਘ ਚਹਿਲ, ਜਸਵਿੰਦਰ ਸਿੰਘ, ਸੁਰੇਸ਼ ਕੁਮਾਰ ਸਮਾਉਂ, ਇਕਬਾਲ ਸਿੰਘ ਜੱਸੜ, ਸਚਿਨ ਕੁਮਾਰ ਗਰਗ, ਵਿੱਕੀ ਕੁਮਾਰ ਪੰਧੇਰ, ਅਮਨਦੀਪ ਸਿੰਘ ਆਦਿ ਡੀਲਰ ਮੌਜੂਦ ਸਨ।

## ਕਾਤਰਾਂ

### ਜਨ-ਗਣਨਾ ਦੇ ਸੰਬੰਧ 'ਚ ਟ੍ਰੇਨਿੰਗ ਅੱਜ ਤੋਂ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਫਾਜ਼ਿਲਕਾ ਸ਼੍ਰੀਮਤੀ ਅਮਰਪ੍ਰੀਤ ਕੌਰ ਸੰਧੂ ਤੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਫਾਜ਼ਿਲਕਾ ਜਗਵਿੰਦਰਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਡਰੱਗ ਐਂਡ ਸੋਸਿਓ ਇਕਨੋਮਿਕ ਸੈਂਸਜ ਦੇ ਸਬੰਧ ਵਿੱਚ ਹਲਕਾ ਬੱਲੂਆਣਾ ਦੀ ਅਸੈਂਬਲੀ ਲੀਡ ਵੱਲੋਂ 28 ਅਪ੍ਰੈਲ ਤੋਂ 30 ਅਪ੍ਰੈਲ 2026 ਤੱਕ ਗਿਣਤੀਕਾਰ ਤੇ ਸੁਪਰਵਾਈਜ਼ਰ ਦੀ ਟ੍ਰੇਨਿੰਗ ਕਰਵਾਈ ਜਾ ਰਹੀ ਹੈ। ਏ ਡੀ ਸੀ ਨੇ ਦੱਸਿਆ ਕਿ ਇਨ੍ਹਾਂ ਗਿਣਤੀਕਾਰਾਂ ਵੱਲੋਂ ਹਰ ਘਰ ਵਿੱਚ ਜਾ ਕੇ ਸਰਵੇ ਕੀਤਾ ਜਾਣਾ ਹੈ, ਜਿਸ ਦੇ ਸਬੰਧ ਵਿੱਚ ਇਨ੍ਹਾਂ ਨੂੰ ਟ੍ਰੇਨਿੰਗ ਦਿੱਤੀ ਜਾ ਰਹੀ ਹੈ।ਆਮ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਨ੍ਹਾਂ ਗਿਣਤੀਕਾਰਾਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ।

### ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦਾ ਚੋਣ ਅਜਲਾਸ ਭਲਕੇ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਪੰਜਾਬ ਦੀ ਅਗਲੇ ਤਿੰਨ ਸਾਲ ਲਈ ਸੂਬਾਈ ਚੋਣ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ 29 ਅਪ੍ਰੈਲ ਨੂੰ 11 ਵਜੇ ਸ਼ੁਰੂ ਹੋਵੇਗੀ।ਇਹ ਜਾਣਕਾਰੀ ਜ਼ਿਲ੍ਹਾ ਮੋਗਾ ਦੇ ਪ੍ਰੈੱਸ ਸਕੱਤਰ ਸੇਵਾਮੁਕਤ ਡੀ ਪੀ ਆਰ ਓ ਗਿਆਨ ਸਿੰਘ ਨੇ ਦਿੱਤੀ ਕਿ ਇਸ ਚੋਣ ਇਜਲਾਸ ਦੇ ਪ੍ਰਜ਼ਾਈਡਿੰਗ ਅਫ਼ਸਰ ਬਹਾਦਰ ਸਿੰਘ ਹੁਸ਼ਿਆਰਪੁਰ ਤੇ ਗੁਰਦੇਵ ਸਿੰਘ ਕਿਰਤੀ ਮੋਗਾ ਨੂੰ ਬਣਾਇਆ ਗਿਆ ਹੈ, ਜਿਨ੍ਹਾਂ ਦੀ ਨਿਗਰਾਨੀ ਵਿੱਚ ਚੋਣ ਦਾ ਅਮਲ ਪੂਰਾ ਕੀਤਾ ਜਾਵੇਗਾ।ਇਸ ਚੋਣ ਇਜਲਾਸ ਵਿੱਚ ਘੱਟੋ ਘੱਟ 150 ਡੈਲੀਗੇਡ ਹਿੱਸਾ ਲੈਣਗੇ, ਜੋ 2026-2029 ਦੇ ਤਿੰਨ ਸਾਲ ਲਈ ਸੂਬਾ ਪ੍ਰਧਾਨ, ਸੂਬਾ ਜਨਰਲ ਸਕੱਤਰ, ਸੂਬਾ ਵਿੱਤ ਸਕੱਤਰ ਤੇ ਹੋਰ ਅਹੁਦੇਦਾਰਾਂ ਦੀ ਚੋਣ ਕਰਨਗੇ।ਉਨ੍ਹਾਂ ਜਾਣਕਾਰੀ ਦਿੱਤੀ ਕਿ ਚੋਣ ਪ੍ਰਕਿਰਿਆ ਸੰਵਿਧਾਨਕ ਨਿਯਮਾਂ ਅਧੀਨ ਅਹੁਦੇਦਾਰ ਚੁਣ ਕੇ ਪੂਰੀ ਕੀਤੀ ਜਾਵੇਗੀ।ਸੂਬੇ ਦਾ ਅਹੁਦੇਦਾਰ ਬਣਨ ਲਈ ਆਪਣੇ ਜ਼ਿਲ੍ਹੇ ਦੀ ਵਰਕਿੰਗ ਕਮੇਟੀ ਦੀ ਪ੍ਰਵਾਨਗੀ ਜ਼ਰੂਰੀ ਹੋਵੇਗੀ।ਇਸ ਮੌਕੇ ਇੱਕ ਕਮੇਟੀ ਦਾ ਗਠਨ ਗੁਰਦੀਪ ਸਿੰਘ ਕਪੂਰਥਲਾ ਦੀ ਪ੍ਰਧਾਨਗੀ ਹੇਠ ਗਠਨ ਕੀਤਾ ਗਿਆ ਹੈ, ਜੋ ਹਾਜ਼ਰੀਨ ਲਈ ਚਾਹ-ਪਾਣੀ ਤੇ ਖਾਣੇ ਦਾ ਪ੍ਰਬੰਧ ਕਰੇਗੀ।ਭਜਨ ਸਿੰਘ ਗਿੱਲ ਸੂਬਾ ਪ੍ਰਧਾਨ ਨੇ ਸਭਨਾਂ ਜ਼ਿਲ੍ਹਿਆਂ ਨੂੰ ਚੋਣ ਇਜਲਾਸ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਹੈ।

### ਘੋੜਾ ਟਰਾਲਾ ਚੋਰੀ ਕਰਨ ਦੇ ਮਾਮਲੇ 'ਚ ਕੇਸ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਸ਼੍ਰੀ ਮੁਕਤਸਰ ਰੋਡ 'ਤੇ ਪੈਲੇਸ ਕੋਲ ਜਲਾਲਾਬਾਦ ਵਿਖੇ ਘੋੜਾ ਟਰਾਲਾ ਚੋਰੀ ਹੋਣ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੂਟਾ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸਤਪਾਲ ਸਿੰਘ ਪੁੱਤਰ ਅੰਗਰੇਜ ਸਿੰਘ ਵਾਸੀ ਰਾਮਪੂਰਾ ਫੂਲ ਬਠਿੰਡਾ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਅਣਪਛਾਤੇ ਵਿਅਕਤਆਂ ਵੱਲੋਂ ਮੁਕਤਸਰ ਰੋਡ 'ਤੇ ਪੈਲੇਸ ਤੋਂ ਥੋੜ੍ਹਾ ਅੱਗੇ ਜਲਾਲਾਬਾਦ ਵਿਖੇ 23 ਅਪ੍ਰੈਲ 3036 ਨੂੰ ਉਸ ਦਾ ਘੋੜਾ ਟਰਾਲਾ ਨੰਬਰ ਪੀ.ਬੀ. 19 ਐਮ 9748 ਚੋਰੀ ਕਰਕੇ ਲੈ ਗਏ ਹਨ, ਜਿਸ 'ਤੇ ਪੁਲਸ ਵੱਲੋਂ ਮੁਦੱਈ ਸਤਪਾਲ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

# ਨੌਜਵਾਨਾਂ ਦਾ ਸਿਧਾਂਤਕ ਟ੍ਰੇਨਿੰਗ ਕੈਂਪ ਲਗਾਇਆ

## ਨੌਜਵਾਨ ਪੀੜ੍ਹੀ ਮਾਰਕਸ-ਲੈਨਿਨ ਦੀ ਵਿਚਾਰਧਾਰਾ ਤੋਂ ਅਗਵਾਈ ਲੈਣੀ ਚਾਹੀਦੀ ਹੈ : ਛਾਂਗਾ ਰਾਏ




**ਗੁਰੂ ਹਰਸਹਾਏ (ਸੀਕਰੀ)**-ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਲੈਨਿਨ ਤੇ ਕਾਰਲ ਮਾਰਕਸ ਦੇ ਜਨਮ ਦਿਨ ਨੂੰ ਸਮਰਪਤ ਕਰਕੇ ਮਨਾਏ ਜਾ ਰਹੇ ਸਿਧਾਂਤਕ ਪੰਦਰਵਾੜੇ ਦੀ ਲੜੀ ਵਜੋਂ ਇਥੇ ਸਥਾਨਕ ਗੋਲੂ ਕਾ ਮੋੜ ਵਿਖੇ ਨੌਜਵਾਨਾਂ ਦਾ ਸਿਧਾਂਤਕ ਟ੍ਰੇਨਿੰਗ ਕੈਂਪ ਲਗਾਇਆ ਗਿਆ, ਜਿਸ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਕੌਂਸਲ ਮੈਂਬਰ ਪਰਮਿੰਦਰ ਰਹਿਮੇਸ਼ਾਹ ਨੇ ਕੀਤੀ।ਇਸ ਕੈਂਪ ਵਿੱਚ ਇਲਾਕੇ ਦੇ ਵੱਖ ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।ਇਸ ਟ੍ਰੇਨਿੰਗ ਕੈਂਪ ਨੂੰ ਸਰਬ ਭਾਰਤ ਨੌਜਵਾਨ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਨੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ।ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਾਨ ਇਨਕਲਾਬ ਵਿਗਿਆਨੀ ਕਾਰਲ ਮਾਰਕਸ ਦੀ ਸੰਸਾਰ ਦੀ ਕਿਰਤੀ ਧਿਰ ਨੂੰ ਮਹਾਨ ਦੇਣ ਹੈ ਕਿ ਉਨ੍ਹਾਂ ਇਕ ਅਜਿਹੇ ਵਿਗਿਆਨ ਦੀ ਖੋਜ ਕੀਤੀ, ਜਿਸ ਨਾਲ ਕਿਰਤੀਆਂ ਦੀ ਸਦੀਆਂ ਤੋਂ ਚੱਲੀ ਆ ਰਹੀ ਉਜ਼ਰਤੀ ਗੁਲਾਮੀ ਤੋਂ ਛੁਟਕਾਰਾ ਪਾਉਣ ਦਾ ਰਾਹ ਖੁੱਲ੍ਹਿਆ।ਉਨ੍ਹਾਂ ਕਿਹਾ ਕਿ ਕਾਰਲ ਮਾਰਕਸ ਦੇ ਖੋਜੇ ਸਿਧਾਂਤ ਨੂੰ ਮਾਰਕਸ ਦੇ ਪੈਰੋਕਾਰ ਵੀ. ਆਈ. ਲੈਨਿਨ ਨੇ ਰੂਸ ਵਿੱਚ ਲਾਗੂ ਕਰਕੇ ਕਿਰਤੀ ਇਨਕਲਾਬ ਨੂੰ ਨੇਪਰੇ ਚਾੜ੍ਹਿਆ ਤੇ ਪਹਿਲੀ ਵਾਰ ਮਾਰਕਸ ਦੇ ਸਿਧਾਂਤ ਨੂੰ ਹਕੀਕਤ ਵਿੱਚ ਸਮਾਜਵਾਦੀ ਪ੍ਰਬੰਧ ਦੀ ਸਿਰਜਣਾ ਕੀਤੀ।ਨੌਜਵਾਨਾਂ ਦੇ ਆਗੂ ਨੇ ਅੱਜ ਦੇ ਸਦਰੰਭ ਵਿੱਚ ਜ਼ਿਕਰ ਕਰਦਿਆਂ ਕਿਹਾ ਕਿ ਅਜੋਕੇ ਹਾਲਤ ਵਿੱਚ ਕਿਰਤੀ ਧਿਰ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਨੌਜਵਾਨਾਂ ਨੂੰ ਮਾਰਕਸ ਤੇ ਲੈਨਿਨ ਦੀ ਵਿਚਾਰਧਾਰਾ ਤੋਂ ਅਗਵਾਈ ਲੈਣੀ ਚਾਹੀਦੀ ਹੈ, ਕਿਉਂਕਿ ਇਹ ਵਿਚਾਰਧਾਰਾ ਹੀ ਉਨ੍ਹਾਂ ਨੂੰ ਦਰਪੇਸ਼ ਬੇਰੁਜ਼ਗਾਰੀ ਵਰਗੀਆਂ ਮੁਸ਼ਕਲਾਂ ਦੀ ਬੰਦ ਖਲਾਸੀ ਕਰ ਸਕਦੀ ਹੈ।ਉਨ੍ਹਾਂ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਦਾ ਸਮੁੱਚਾ ਪ੍ਰੋਗਰਾਮ ਮਾਰਕਸਵਾਦੀ ਲੈਨਿਨਵਾਦੀ ਵਿਚਾਰਧਾਰਾ 'ਤੇ ਅਧਾਰਤ ਹੈ ਤੇ ਦੇਸ਼ ਦੀ ਜਵਾਨੀ ਨੂੰ ਇਸ ਪ੍ਰੋਗਰਾਮ ਲਈ ਸੰਘਰਸ਼ ਨੂੰ ਤੇਜ ਕਰਨਾ ਚਾਹੀਦਾ ਹੈ।ਇਸ ਕੈਂਪ ਵਿੱਚ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਰੂਪੇ ਵਾਲਾ, ਅਮਰਜੀਤ ਨੂਰੇ ਕੇ, ਕੁਲਵੰਤ ਬੋਗੀ ਵਾਲਾ, ਸੁਰਿੰਦਰ ਮੋਹਣ ਕੇ, ਬਾਜ ਸਿੰਘ ਲਾੜੀਆਂ, ਗਵਰਨਰ ਸਿੰਘ, ਮਨੋਜ ਕੁਮਾਰ ਬੂਲਾ ਰਾਏ ਆਦਿ ਹਾਜ਼ਰ ਸਨ।

# ਕਾਮਰੇਡ ਨਛੱਤਰ ਸਿੰਘ ਨੂੰ ਸੈਂਕੜੇ ਲੋਕਾਂ ਵੱਲੋਂ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਮਿਊਨਿਸਟ ਪਾਰਟੀ ਦੇ ਵਫਾਦਾਰ ਸਿਪਾਹੀ ਨਛੱਤਰ ਉਰਫ ਭੱਪਾ ਸਾਬਕਾ ਬਲਾਕ ਸੰਮਤੀ ਮੈਂਬਰ ਤੇ ਸਾਬਕਾ ਸਰਪੰਚ ਪਿੰਡ ਟਾਹਲੀਆਂ ਸਦੀਵੀ ਵਿਛੋੜਾ ਦੇ ਗਏ।

ਉਨ੍ਹਾਂ ਦੀ ਅੰਤਿਮ ਵਿਦਾਇਗੀ ਮੌਕੇ ਉਨ੍ਹਾਂ ਦੇ ਚਾਹੁਣ ਵਾਲਿਆਂ, ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਨੇ ਭਾਰੀ ਸ਼ਿਰਕਤ ਕੀਤੀ ਤੇ ਭਰੇ ਮਨ ਨਾਲ ਨਮ ਅੱਖਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ, ਜ਼ਿਲ੍ਹਾ ਸਹਾਇਕ ਸਕੱਤਰ ਵੇਦ ਪ੍ਰਕਾਸ਼, ਸਬ-ਡਵੀਜ਼ਨ ਸਹਾਇਕ ਸਕੱਤਰ ਜਗਸੀਰ ਸਿੰਘ ਰਾਏਕੇ, ਏਟਕ ਦੇ ਰਘੂਨਾਥ ਸਿੰਗਲਾ, ਹਰਦਿਆਲ ਸਿੰਘ, ਚਿਮਨ ਲਾਲ ਕਾਕਾ ਤੇ ਬੰਬੂ ਸਿੰਘ ਨੇ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਪਾਰਟੀ ਦਾ ਝੰਡਾ ਪਾ ਕੇ ਵਿੱਛੜੇ ਸਾਥੀ ਨੂੰ ਲਾਲ ਸਲਾਮ ਦੇ ਨਾਹਰੇ ਲਾ ਕੇ ਆਪਣੇ ਸਾਥੀ ਨੂੰ ਭਰੇ ਮਨ ਨਾਲ ਅੰਤਿਮ ਸੰਸਕਾਰ ਕੀਤਾ ਗਿਆ ਤੇ ਕਿਹਾ ਕਿ ਸਾਥੀ ਨਛੱਤਰ ਸਿੰਘ ਭੱਪਾ ਜੀ ਦਾ ਬੇਵਕਤ ਵਿਛੜ ਜਾਣ ਨਾਲ ਜਿੱਥੇ ਪਰਿਵਾਰ ਤੇ ਰਿਸ਼ਤੇਦਾਰਾਂ ਨੂੰ ਘਾਟਾ ਪਿਆ, ਉਥੇ ਪਾਰਟੀ ਨੂੰ ਵੀ ਵੱਡਾ ਘਾਟਾ ਪਵੇਗਾ।

# ਸ਼ਹਿਰ ਬਣ ਰਿਹੈ ਕੂੜਾ ਨਗਰ, ਨੀਰੋ ਬੰਸਰੀ ਵਜਾ ਰਿਹੈ !

- ਅੱਕੇ ਸਫ਼ਾਈ ਕਾਮੇ ਫਿਰ ਹੜਤਾਲ 'ਤੇ, ਸ਼ਹਿਰ 'ਚ ਬੀਮਾਰੀ ਫੈਲਣ ਦਾ ਡਰ
- ਮਸਲੇ ਦੇ ਪੱਕੇ ਹੱਲ ਲਈ ਸ਼ਹਿਰੀ ਸੰਸਥਾਵਾਂ ਦੀ ਸਾਂਝੀ ਮੀਟਿੰਗ ਅੱਜ

**ਜਗਰਾਉਂ (ਨਛੱਤਰ ਸੰਧੂ)**-ਇਥੇ ਬੀਤੇ ਤਿੰਨ ਦਿਨਾਂ ਤੋਂ ਨਗਰ ਕੌਂਸਲ ਦੇ ਸਫਾਈ ਕਾਮਿਆਂ ਦੀ ਚੱਲ ਰਹੀ ਹੜਤਾਲ ਦੇ ਸਮਰਥਨ ਲਈ ਸਫਾਈ ਸੇਵਕ ਯੂਨੀਅਨ ਵੱਲੋਂ ਸੱਦੀ ਗਈ ਸ਼ਹਿਰ ਦੀਆਂ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਦਾ ਨਗਰ ਸੁਧਾਰ ਸਭਾ ਨੇ ਜ਼ੋਰਦਾਰ ਸਮਰਥਨ ਕੀਤਾ ਹੈ।

ਨਗਰ ਸੁਧਾਰ ਸਭਾ ਦੇ ਪ੍ਰਧਾਨ ਅਵਤਾਰ ਸਿੰਘ, ਸੱਕਤਰ ਕੰਵਲਜੀਤ ਖੰਨਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸਮੂਹ ਜਥੇਬੰਦੀਆਂ ਦੇ ਨੁਮਾਇੰਦੇ ਸ਼ਹਿਰ ਦੀ ਕੂੜੇ ਦੇ ਪ੍ਰਬੰਧਨ ਦੇ ਮਾਮਲੇ ਦੇ ਪੱਕੇ ਹੱਲ ਲਈ ਨਗਰ ਕੌਂਸਲ, ਪ੍ਰਸ਼ਾਸਨ ਤੇ ਹਲਕਾ ਵਿਧਾਇਕਾ 'ਤੇ ਦਬਾਅ ਬਣਾਉਣ ਦੀ ਰਣਨੀਤੀ ਬਾਰੇ ਅੱਜ ਸਵੇਰੇ ਸਾਢੇ ਨੌਂ ਵਜੇ ਵਿਚਾਰ ਚਰਚਾ ਕਰਨਗੇ ਤੇ ਅਗਲਾ ਵੱਡਾ ਐਕਸ਼ਨ ਉਲੀਕਿਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਸਮੇਂ ਪੂਰਾ ਸ਼ਹਿਰ ਕੂੜਾ ਨਗਰ ਬਣ ਚੁੱਕਾ ਹੈ।ਪਿਛਲੇ ਦੋ ਸਾਲਾਂ ਤੋਂ ਸ਼ਹਿਰ 'ਚ ਕੂੜਾ ਸੁੱਟਣ, ਉਸ ਨੂੰ ਜਲਦੀ ਨਿਪਟਾਉਣ ਲਈ ਲਾਰੇ-ਲੱਪਿਆਂ ਨਾਲ ਸਮਾਂ ਬਰਬਾਦ ਕੀਤਾ ਜਾ ਰਿਹਾ ਹੈ।ਸ਼ਹਿਰ 'ਚ ਇਸ ਸਮੇਂ ਕੂੜਾ ਨਗਰ ਕੌਂਸਲ ਦਫ਼ਤਰ ਦੇ ਅੰਦਰ ਸੁੱਟਿਆ ਜਾ ਰਿਹਾ ਹੈ, ਜਿੱਥੇ ਕਈ ਵੇਰ ਕੂੜੇ ਨੂੰ ਅੱਗ ਲੱਗ ਚੁੱਕੀ ਹੈ, ਨਾਲ ਦੇ ਮੁਹੱਲਿਆਂ 'ਚ ਰਹਿੰਦੇ ਲੋਕ ਧਰਨੇ ਦੇ ਚੁੱਕੇ ਹਨ।ਨਗਰ ਸੁਧਾਰ ਸਭਾ ਵੀ ਧਰਨੇ ਦੇ ਚੁੱਕੀ ਹੈ, ਪਰ ਹਲਕਾ ਵਿਧਾਇਕਾ ਵੱਲੋਂ ਨਗਰ ਕੌਂਸਲ 'ਚ ਖੜੀ ਕੀਤੀ ਧੜੇਬੰਦੀ ਨੇ ਇਸ ਮਸਲੇ ਦਾ ਅਜੇ ਤੱਕ ਕੋਈ ਸਾਰਥਕ ਹੱਲ ਨਹੀਂ ਕੱਢਿਆ ਹੈ।ਪੁਰਾਣੀ ਦਾਣਾ ਮੰਡੀ, ਡਿਸਪੋਜ਼ੇਬਲ ਰੋਡ ਆਦਿ ਥਾਵਾਂ 'ਤੇ ਕੂੜੇ ਦੇ ਪਹਾੜ ਖੜ੍ਹੇ ਹਨ।ਸਫਾਈ ਸੇਵਕ ਯੂਨੀਅਨ ਮੰਗ ਕਰ ਰਹੀ ਹੈ ਕਿ ਉਨ੍ਹਾਂ ਨੂੰ ਨੇੜਲੀ ਥਾਂ 'ਤੇ ਕੂੜਾ ਸੁੱਟਣ ਦੇ ਪੁਆਇੰਟ ਦਿੱਤੇ ਜਾਣ, ਕੂੜੇ ਦੇ ਸੁਚੱਜੇ ਪ੍ਰਬੰਧਨ ਲਈ, ਇਸ ਦੀ ਵੰਡ ਤੇ ਵਰਤੋਂ ਲਈ ਨਗਰ ਕੌਂਸਲ ਥਾਂ ਤੇ ਮਸ਼ੀਨਰੀ ਦਾ ਪ੍ਰਬੰਧ ਕਰੇ।ਨਗਰ ਕੌਂਸਲ ਦੀ ਹੱਦਬੰਦੀ ਮੁਤਾਬਕ ਨਵੇਂ ਹੋਰ ਸਫ਼ਾਈ ਕਾਮੇ ਭਰਤੀ ਕੀਤੇ ਜਾਣ, ਦਫ਼ਤਰਾਂ 'ਚ ਜਾਂ ਵਗਾਰ ਲਈ ਰੱਖੇ ਸਫ਼ਾਈ ਕਾਮੇ ਅਸਲ ਕੰਮ 'ਤੇ ਭੇਜੇ ਜਾਣ।ਕੱਚੇ ਕਾਮੇ ਪੱਕੇ ਕੀਤੇ ਜਾਣ, ਬਕਾਏ ਜਾਰੀ ਕੀਤੇ ਜਾਣ, ਨਵੀਂ ਤਕਨੀਕ ਮੁਤਾਬਿਕ ਸੰਦਾਂ ਦਾ ਪ੍ਰਬੰਧ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਅੱਤ ਦੀ ਗਰਮੀ 'ਚ ਇਸ ਸਮੇਂ ਕੂੜੇ ਦੇ ਥਾਂ ਥਾਂ ਢੇਰਾਂ ਕਾਰਨ ਬੀਮਾਰੀ ਫੈਲਣ ਦਾ ਵੀ ਡਰ ਬਣਿਆ ਹੋਇਆ ਹੈ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਕਿਸੇ ਭਵਿੱਖਤ ਖ਼ਤਰੇ ਦੇ ਮੱਦੇਨਜ਼ਰ ਸਫਾਈ ਕਾਮਿਆਂ ਦਾ ਸਮਰਥਨ ਕਰਨ ਦੀ ਅਪੀਲ ਕੀਤੀ ਹੈ।

# ਭਾਜਪਾ 'ਚ ਗਏ ਰਾਜ ਸਭਾ ਮੈਂਬਰਾਂ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਪਾਇਲ ਦੇ ਸ਼ਹਿਰ ਦੋਰਾਹਾ ਵਿੱਚ ਪੰਜਾਬ ਦੇ ਹਿੱਤਾਂ ਖ਼ਿਲਾਫ਼ ਜਾਣ ਦੇ ਦੋਸ਼ਾਂ ਹੇਠ ਕੁਝ ਰਾਜ ਸਭਾ ਮੈਂਬਰਾਂ ਵਿਰੁੱਧ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ।ਇਹ ਪ੍ਰਦਰਸ਼ਨ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਤੇ ਪ੍ਰਧਾਨ ਸੁਦਰਸ਼ਨ ਸ਼ਰਮਾ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ 'ਆਪ' ਦੇ ਆਗੂਆਂ ਤੇ ਸਥਾਨਕ ਵਸਨੀਕਾਂ ਨੇ ਹਿੱਸਾ ਲਿਆ।ਪ੍ਰਦਰਸ਼ਨਕਾਰੀਆਂ ਨੇ ਰਾਜ ਸਭਾ ਮੈਂਬਰ ਰਾਘਵ ਚੱਢਾ, ਹਰਭਜਨ ਸਿੰਘ ਤੇ ਅਸ਼ੋਕ ਮਿੱਤਲ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਉਨ੍ਹਾਂ ਦੇ ਪੁਤਲੇ ਸਾੜ ਕੇ ਆਪਣਾ ਰੋਸ ਜ਼ਾਹਰ ਕੀਤਾ।ਬੁਲਾਰਿਆਂ ਨੇ ਦੋਸ਼ ਲਗਾਇਆ ਕਿ ਇਹ ਨੇਤਾ ਪੰਜਾਬ ਦੇ ਮੁੱਦਿਆਂ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਨਹੀਂ ਉੱਤਰ ਰਹੇ ਤੇ ਉਨ੍ਹਾਂ ਦੇ ਫ਼ੈਸਲੇ ਸੂਬੇ ਦੇ ਹਿੱਤਾਂ ਦੇ ਵਿਰੁੱਧ ਹਨ।ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਹੱਕਾਂ ਲਈ ਸਚੇਤ ਹਨ ਤੇ ਜੋ ਵੀ ਆਗੂ ਪੰਜਾਬ ਨਾਲ ਗੱਦਾਰੀ ਕਰੇਗਾ, ਉਸ ਨੂੰ ਲੋਕ ਕਦੇ ਮਾਫ਼ ਨਹੀਂ ਕਰਨਗੇ।ਪ੍ਰਧਾਨ ਸੁਦਰਸ਼ਨ ਸ਼ਰਮਾ ਨੇ ਕਿਹਾ ਕਿ ਇਹ ਪ੍ਰਦਰਸ਼ਨ ਲੋਕਾਂ ਦੇ ਗੁੱਸੇ ਦਾ ਪ੍ਰਗਟਾਵਾ ਹੈ ਅਤੇ ਇਸ ਰਾਹੀਂ ਸੂਬੇ ਦੇ ਹਿੱਤਾਂ ਦੀ ਰੱਖਿਆ ਲਈ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਪੰਜਾਬ ਦੇ ਲੋਕਾਂ ਨਾਲ ਖੜੀ ਹੈ ਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ।ਇਸ ਮੌਕੇ ਸ਼ਹਿਰੀ ਪ੍ਰਧਾਨ ਰਾਣਾ ਕੂਨਰ, ਬੂੱਟਾ ਸਿੰਘ ਰਾਣੋ, ਮੰਡੀ ਬੋਰਡ ਦੇ ਚੇਅਰਮੈਨ ਸੁਖਵਿੰਦਰ ਸਿੰਘ ਨੋਨਾ, ਕਵਲਜੀਤ ਬਿੱਟੂ, ਮੰਗਾ ਜਰਮਨ, ਸੁਖਬੀਰ ਤਲਵਾੜਾ, ਪੰਮਾ ਸੇਖਾ ਸਮੇਤ ਹੋਰ ਕਈ ਪਾਰਟੀ ਆਗੂ ਤੇ ਵਰਕਰ ਮੌਜੂਦ ਸਨ।

# ਪੰਜਾਬੀ ਹਾਸ-ਵਿਅੰਗ ਅਕਾਦਮੀ ਪੰਜਾਬ ਦਾ ਸਾਲਾਨਾ ਸਮਾਗਮ ਯਾਦਗਾਰੀ ਹੋ ਨਿੱਬੜਿਆ

## ਪਿਆਰਾ ਸਿੰਘ ਦਾਤਾ ਯਾਦਗਾਰੀ 20ਵਾਂ ਪੁਰਸਕਾਰ ਨਰਾਇਣ ਸਿੰਘ ਮੰਘੇੜਾ ਤੇ ਦੀਪ ਜ਼ੀਰਵੀ ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬੀ ਹਾਸ ਵਿਅੰਗ ਅਕਾਦਮੀ ਪੰਜਾਬ ਵੱਲੋਂ ਪਿਆਰਾ ਸਿੰਘ ਦਾਤਾ ਯਾਦਗਾਰੀ ਸਾਲਾਨਾ ਸਮਾਗਮ ਐੱਸ ਡੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮੋਗਾ ਵਿਖੇ ਅਕਾਦਮੀ ਦੇ ਪ੍ਰਧਾਨ ਕੇ ਐੱਲ ਗਰਗ ਦੀ ਰਹਿਨੁਮਾਈ ਹੇਠ ਤੇ ਪਿਆਰਾ ਸਿੰਘ ਦਾਤਾ ਦੇ ਪਰਿਵਾਰਕ ਮੈਂਬਰਾਂ ਪਰਮਜੀਤ ਸਿੰਘ ਦਿੱਲੀ, ਸਤਿੰਦਰ ਸਿੰਘ ਰਿੰਕੂ ਦਿੱਲੀ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਪ੍ਰਧਾਨ ਕੇ ਐੱਲ ਗਰਗ, ਪ੍ਰਿੰਸੀਪਲ ਸੁਰੇਸ਼ ਕੁਮਾਰ ਬਾਂਸਲ, ਡਾ. ਅਜੀਤਪਾਲ ਸਿੰਘ ਭਾਸ਼ਾ ਅਫ਼ਸਰ ਮੋਗਾ, ਕੁਲਦੀਪ ਸਿੰਘ ਬੇਦੀ, ਡਾ. ਮੋਨੋਜੀਤ ਜੰਮੂ, ਮਨਧੀਰ ਕੌਰ ਮੰਨੂੰ ਕੈਨੇਡਾ, ਸਤਿੰਦਰ ਸਿੰਘ ਦਿੱਲੀ ਸੁਸ਼ੋਭਤ ਸਨ।ਸਮਾਗਮ ਦੀ ਸ਼ੁਰੂਆਤ ਸੇਮ ਘਾਰੂ ਗੱਜਣਵਾਲਾ ਦੇ ਖ਼ੂਬਸੂਰਤ ਪੇਸ਼ ਕੀਤੇ ਗਏ ਗੀਤ ਨਾਲ ਹੋਈ।ਮੰਚ ਸੰਚਾਲਕ ਕੰਵਲਜੀਤ ਭੋਲਾ ਲੰਡੇ ਤੇ ਪ੍ਰਧਾਨ ਕੇ ਐੱਲ ਗਰਗ ਵੱਲੋਂ ਪਿਆਰਾ ਸਿੰਘ ਦਾਤਾ ਦੀ ਸਾਹਿਤਕ ਜੀਵਨੀ ਤੇ ਅਕਾਦਮੀ ਦੀਆਂ ਪਿਛਲੀਆਂ ਸਰਗਰਮੀਆਂ ਬਾਰੇ ਵਿਚਾਰ ਸਾਂਝੇ ਕੀਤੇ ਗਏ ਤੇ ਪਹੁੰਚੀਆਂ ਹੋਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਜੀ ਆਇਆਂ ਆਖਿਆ ਗਿਆ।ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ, ਡਾ. ਸੁਰਜੀਤ ਬਰਾੜ, ਪ੍ਰਿੰਸੀਪਲ ਸੁਰੇਸ਼ ਕੁਮਾਰ, ਗੁਰਮੀਤ ਸਿੰਘ ਕੜਿਆਲਵੀ, ਮਨਧੀਰ ਕੌਰ ਮੰਨੂੰ, ਕੁਲਦੀਪ ਸਿੰਘ ਬੇਦੀ, ਮਾ. ਬਿੱਕਰ ਸਿੰਘ ਭਲੂਰ, ਦਵਿੰਦਰ ਗਿੱਲ ਵੱਲੋਂ ਵਿਅੰਗ ਵਿਧਾ ਦੀ ਸਾਰਥਿਕਤਾ ਬਾਰੇ ਵਿਚਾਰ ਸਾਂਝੇ ਕੀਤੇ ਗਏ।ਪਿਆਰਾ ਸਿੰਘ ਦਾਤਾ ਦੇ ਪੋਤਰੇ ਸਤਿੰਦਰ ਸਿੰਘ ਦਿੱਲੀ ਵੱਲੋਂ ਦਾਤਾ ਨੂੰ ਨਮਨ ਕਰਦਿਆਂ ਉਨ੍ਹਾਂ ਦੀਆਂ ਸਾਹਿਤਕ ਸੇਵਾਵਾਂ ਬਾਰੇ ਰੌਸ਼ਨੀ ਪਾਈ ਗਈ ਤੇ ਅਕਾਦਮੀ ਵੱਲੋਂ ਹਰ ਸਾਲ ਨਿਰੰਤਰ ਕਰਵਾਏ ਜਾ ਰਹੇ ਇਸ ਸਮਾਗਮ ਦੀ ਪੁਰਜ਼ੋਰ ਸ਼ਬਦਾਂ ਵਿੱਚ ਸ਼ਾਲਾਘਾ ਕੀਤੀ ਗਈ।ਡਾ. ਸਾਧੂ ਰਾਮ ਲੰਗੇਆਣਾ ਨੇ ਅੱਜ ਦੀਆਂ ਸਨਮਾਨਤ ਯੋਗ ਸ਼ਖ਼ਸੀਅਤਾਂ ਨਰਾਇਣ ਸਿੰਘ ਮੰਘੇੜਾ ਤੇ ਦੀਪ ਜ਼ੀਰਵੀ ਦੇ ਸਾਹਿਤਕ ਸਫ਼ਰ ਤੇ ਉਨ੍ਹਾਂ ਦੀਆਂ ਸਰਗਰਮੀਆਂ ਬਾਰੇ ਜਾਣਕਾਰੀ ਦਿੱਤੀ।ਇਸ ਦੇ ਨਾਲ ਹੀ ਉਕਤ ਪ੍ਰਧਾਨਗੀ ਮੰਡਲ ਵੱਲੋਂ ਪਿਆਰਾ ਸਿੰਘ ਦਾਤਾ ਯਾਦਗਾਰੀ 20ਵਾਂ ਪੁਰਸਕਾਰ ਵਿਅੰਗਕਾਰ ਨਰਾਇਣ ਸਿੰਘ ਮੰਘੇੜਾ ਤੇ ਵਿਅੰਗ ਸ਼ਾਇਰ ਦੀਪ ਜ਼ੀਰਵੀ ਨੂੰ ਭੇਟ ਕਰਦਿਆਂ ਲੋਈਆਂ, ਸਨਮਾਨ ਚਿੰਨ੍ਹ ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਅਕਾਦਮੀ ਵੱਲੋਂ ਮੋਗਾ ਦੇ ਜੰਮਪਲ ਜੋਧ ਸਿੰਘ ਮੋਗਾ ਦੀ ਨਵ-ਪ੍ਰਕਾਸ਼ਿਤ ਪੁਸਤਕ 'ਨਿੱਕੀਆਂ ਨਿੱਕੀਆਂ ਗੱਲਾਂ', ਜਸਵੀਰ ਸਿੰਘ ਭਲੂਰੀਆ ਦੀ ਪੁਸਤਕ 'ਜਸਵੀਰ ਦੇ ਵਿਅੰਗ ਤੀਰ', ਡਾ. ਐੱਮ ਆਰ ਗੋਇਲ ਦੀ ਪੁਸਤਕ 'ਨੀਲੀਆਂ ਅੱਖਾਂ', ਮੰਗਤ ਕੁਲਜਿੰਦ ਤੇ ਸੁਖਦਰਸ਼ਨ ਗਰਗ ਵੱਲੋਂ ਸੰਪਾਦਿਤ ਪੁਸਤਕ 'ਲੱਡੂ ਮੋਤੀ ਚੂਰ ਦੇ', ਮੰਗਤ ਕੁਲਜਿੰਦ ਦਾ ਮੈਗਜ਼ੀਨ 'ਸ਼ਬਦ ਤ੍ਰਿੰਝਣ' ਦੀ ਘੁੰਡ ਚੁਕਾਈ ਕੀਤੀ ਗਈ।ਇਸ ਦੇ ਨਾਲ ਹੀ ਪ੍ਰਧਾਨ ਕੇ ਐੱਲ ਗਰਗ ਵੱਲੋਂ ਲੋਕ ਅਰਪਣ ਹੋਈਆਂ ਕਿਤਾਬਾਂ ਤੇ ਕਿਤਾਬਾਂ ਦੇ ਲੇਖਕਾਂ ਬਾਰੇ ਸੰਖੇਪ ਰੂਪ ਵਿੱਚ ਜਾਣਕਾਰੀ ਦਿੱਤੀ ਗਈ।ਜੋਧ ਸਿੰਘ ਮੋਗਾ ਵੱਲੋਂ ਆਪਣੇ ਹੱਥੀਂ ਪੇਂਟਿੰਗ ਕੀਤੀਆਂ ਗਈਆਂ ਤਸਵੀਰਾਂ ਵੱਖ ਵੱਖ ਲੇਖਕਾਂ ਨੂੰ ਭੇਟ ਕੀਤੀਆਂ ਗਈਆਂ।ਉਪਰੰਤ ਹੋਏ ਕਵੀ ਦਰਬਾਰ ਵਿੱਚ ਗੁਰਸੇਵਕ ਸਿੰਘ ਬੀੜ ਤੇ ਹਰਵਿੰਦਰ ਸਿੰਘ ਰੋਡੇ ਵੱਲੋਂ ਕਵਿਸ਼ਰੀ, ਸੁਖਦਰਸ਼ਨ ਗਰਗ ਬਠਿੰਡਾ, ਰਾਮੇਸ਼ ਕੁਮਾਰ ਗਰਗ ਬਠਿੰਡਾ, ਮਾਹੀ ਮਰਜਾਣਾ, ਸੇਵਕ ਸ਼ਮੀਰੀਆ, ਸੋਨੀ ਮੋਗਾ, ਜੰਗੀਰ ਸਿੰਘ ਖੋਖਰ, ਬਲਵੰਤ ਰਾਏ ਗੋਇਲ, ਕੰਵਲਜੀਤ ਭੋਲਾ ਲੰਡੇ, ਸੁਖਚੈਨ ਸਿੰਘ ਠੱਠੀ ਭਾਈ, ਡਾ ਸਾਧੂ ਰਾਮ ਲੰਗੇਆਣਾ, ਜਗਦੀਸ਼ ਪ੍ਰੀਤਮ, ਜਸਵੀਰ ਸ਼ਰਮਾ ਦੱਦਾਹੂਰ, ਦਵਿੰਦਰ ਸਿੰਘ ਗਿੱਲ, ਸਰਬਜੀਤ ਕੌਰ ਮਾਹਲਾ, ਕੁਲਦੀਪ ਕੌਰ ਮਾਹਲਾ, ਸਤੀਸ਼ ਧਵਨ ਭਲੂਰ, ਰਾਵਿੰਦਰ ਕੌਰ, ਕਰਨਲ ਬਾਬੂ ਸਿੰਘ, ਸ਼ਮਿੰਦਰ ਸਿੰਘ ਸਿੱਧੂ, ਦਰਸ਼ਨ ਸਿੰਘ ਸੰਘਾ, ਬਲਜੀਤ ਸਿੰਘ ਰੈਨਾ, ਦੇਵਿੰਦਰ ਸਿੰਘ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਆਦਿ ਵੱਲੋਂ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਗਈਆਂ।

# ਬਾਬਾ ਇਕਬਾਲ ਸਿੰਘ ਜਨਮ ਸ਼ਤਾਬਦੀ ਨੂੰ ਸਮਰਪਤ ਗੁਰਮਤਿ ਸਮਾਗਮ ਅੱਜ ਤੋਂ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੱਚਖੰਡ ਵਾਸੀ ਪਦਮਸ੍ਰੀ ਤੇ ਸ਼੍ਰੋਮਣੀ ਪੰਥ ਰਤਨ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੇ 100 ਸਾਲਾ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ 28, 29, 30 ਅਪ੍ਰੈਲ ਤੇ 1 ਮਈ ਨੂੰ ਗੁ. ਬੜੂ ਸਾਹਿਬ ਹਿਮਾਚਲ ਪ੍ਰਦੇਸ਼ ਵਿਖੇ ਕਰਵਾਇਆ ਜਾ ਰਿਹਾ ਹੈ, ਜਿੱਥੇ ਦੇਸ਼ ਵਿਦੇਸ਼ ਤੋਂ ਸੰਗਤਾਂ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਹਾਸਲ ਕਰਨਗੀਆਂ।ਇਸ ਸਮਾਗਮ ਸੰਬੰਧੀ ਜਾਣਕਾਰੀ ਦਿੰਦਿਆਂ ਬੜੂ ਸਾਹਿਬ ਟਰੱਸਟ ਦੇ ਉੱਪ-ਪ੍ਰਧਾਨ ਭਾਈ ਜਗਜੀਤ ਸਿੰਘ (ਕਾਕਾ ਵੀਰ ਜੀ) ਨੇ ਦੱਸਿਆ ਕਿ ਇਸ ਮੌਕੇ ਜਿੱਥੇ 28 ਤੋਂ 30 ਅਪ੍ਰੈਲ ਤੱਕ 117 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉੱਥੇ ਨਾਲ ਹੀ ਸ੍ਰੀ ਸਹਿਜ ਪਾਠਾਂ ਦੇ ਵੀ ਭੋਗ ਪਾਏ ਜਾਣਗੇ ਅਤੇ 1 ਮਈ ਨੂੰ ਸਵੇਰੇ-ਸ਼ਾਮ ਕਥਾ ਕੀਰਤਨ, ਦੀਵਾਨ ਸਜਾਏ ਜਾਣਗੇ।ਉਨ੍ਹਾਂ ਦੱਸਿਆ ਕਿ 1 ਮਈ ਨੂੰ ਸਵੇਰੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ।ਉਕਤ ਸਮਾਗਮ ਦੌਰਾਨ ਤਖ਼ਤ ਸਾਹਿਬਾਨਾਂ ਦੇ ਸਿੰਘ ਸਾਹਿਬ, ਕਥਾਵਾਚਕ, ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਤੇ ਸੰਤਾਂ-ਮਹਾਂਪੁਰਸ਼ ਹਾਜ਼ਰੀ ਭਰਨਗੇ।ਉਨ੍ਹਾਂ ਸੰਗਤਾਂ ਨੂੰ ਇਸ ਸਮਾਗਮ 'ਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

# ਪੰਜਾਬੀ ਸਾਹਿਤ ਸਭਾ ਭੈਣੀ ਸਾਹਿਬ ਦੇ ਸਨਮਾਨ ਸਮਾਗਮ 'ਚ ਸ਼ਾਇਰਾ ਸੁਖਵਿੰਦਰ ਅੰਮ੍ਰਿਤ ਦਾ ਸਨਮਾਨ



**ਖੰਨਾ/ਸਮਰਾਲਾ (ਸੁਖਵਿੰਦਰ ਸਿੰਘ ਭਾਦਲਾ)**

ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਵੱਲੋਂ ਸ਼ਹੀਦ ਮਿੱਤ ਸਿੰਘ ਯਾਦਗਾਰੀ ਹਾਲ ਵਿੱਚ ਸਨਮਾਨ ਸਮਾਗਮ ਹੋਇਆ।ਸਮਾਗਮ ਦੀ ਪ੍ਰਧਾਨਗੀ ਸ਼ਾਇਰਾ ਸੁਖਵਿੰਦਰ ਅੰਮ੍ਰਿਤ, ਡਾਕਟਰ ਰੁਬੀਨਾ ਸ਼ਬਨਮ ਮਲੇਰਕੋਟਲਾ, ਗੁਰਸੇਵਕ ਸਿੰਘ ਢਿੱਲੋਂ, ਸੂਬਾ ਬਲਵਿੰਦਰ ਸਿੰਘ ਝੱਲ, ਰਜਿੰਦਰ ਕੌਰ ਪੰਨੂ, ਗ਼ਜ਼ਲਗੋ ਸਰਦਾਰ ਪੰਛੀ ਆਦਿਕ ਨੇ ਕੀਤੀ।ਡਾਕਟਰ ਸਰਬਜੀਤ ਕੌਰ ਸੰਧਾਵਾਲੀਆ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।ਪਹਿਲੇ ਸੈਸ਼ਨ 'ਚ ਸ਼ਾਇਰਾਂ ਸੁਖਵਿੰਦਰ ਅੰਮ੍ਰਿਤ ਬਾਰੇ ਪਰਚਾ ਰਜਿੰਦਰ ਕੌਰ ਪੰਨੂ ਤੇ ਕਸੀਦਾ ਗ਼ਜ਼ਲਗੋ ਜ਼ੋਰਾਵਰ ਸਿੰਘ ਪੰਛੀ ਨੇ ਪੜ੍ਹਿਆ।ਉਪਰੰਤ ਮਾਤਾ ਜਸਵੰਤ ਕੌਰ ਕਵਿੱਤਰੀ ਪੁਰਸਕਾਰ, ਜਿਸ ਵਿੱਚ 15 ਹਜ਼ਾਰ ਨਕਦ, ਸਨਮਾਨ ਪੱਤਰ, ਫੁਲਕਾਰੀ, ਫਰੇਮ ਕੀਤਾ ਕਸੀਦਾ ਗ਼ਜ਼ਲਗੋ ਸਰਦਾਰ ਪੰਛੀ ਦੇ ਸਮੂਹ ਪਰਵਾਰ ਤੇ ਸਭਾ ਵੱਲੋਂ ਲੇਖਿਕਾ ਸੁਖਵਿੰਦਰ ਅੰਮ੍ਰਿਤ ਨੂੰ ਭੇਟ ਕੀਤਾ ਗਿਆ।ਸ਼ਾਇਰਾ ਸੁਖਿੰਦਰ ਅੰਮ੍ਰਿਤ ਨੇ ਆਖਿਆ ਕਿ ਅੱਜ ਚੰਗੇ ਸਾਹਿਤ ਨੂੰ ਪੜ੍ਹਨ ਤੇ ਲਿਖਣ ਦੀ ਲੋੜ ਹੈ। ਇਸ ਸਨਮਾਨ ਨਾਲ ਮੇਰੀ ਜ਼ਿੰਮੇਵਾਰੀ ਹੋਰ ਵਧ ਗਈ ਹੈ ਤੇ ਮੈਂ ਹੋਰ ਚੰਗਾ ਲਿਖਣ ਦੀ ਕੋਸ਼ਿਸ਼ ਕਰਾਂਗੀ।ਸਮਾਗਮ 'ਚ ਗ਼ਜ਼ਲਗੋ ਸਰਦਾਰ ਪੰਛੀ ਦੀ ਗ਼ਜ਼ਲ (ਭੋਗਤਾ ਹੈ ਸ਼ਬਾਬ ਪਾਣੀ ਮੇਂ) ਦਾ ਪੋਸਟਰ ਲੋਕ ਅਰਪਣ ਕੀਤਾ ਗਿਆ।

ਸਮਾਗਮ ਵਿੱਚ ਚੇਅਰਮੈਨ ਗੁਰਪ੍ਰੀਤ ਸਿੰਘ ਗੋਪੀ, ਸਰਪੰਚ ਬਹਾਦਰ ਸਿੰਘ, ਪਰਮਜੀਤ ਸਿੰਘ ਪੰਚ, ਉਦਯੋਗਪਤੀ ਸ੍ਰੀ ਸੁਭਾਸ਼ ਬਜਾਜ, ਡਾਕਟਰ ਹਰਮਿੰਦਰ ਸਿੰਘ, ਪਰਮਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਤੇ ਇਨ੍ਹਾਂ ਸ਼ਖ਼ਸੀਅਤਾਂ ਦਾ ਸਭਾ ਵੱਲੋਂ ਸਨਮਾਨ ਵੀ ਕੀਤਾ ਗਿਆ।ਗ਼ਜ਼ਲਗੋ ਸਰਦਾਰ ਪੰਛੀ ਜੀ ਦੀਆਂ ਦੋਹਾਂ ਬੇਟੀਆਂ ਨਵਨੀਤ ਕਿਰਨ, ਸੁਰਿੰਦਰ ਕੌਰ ਸੀਮਾ ਨੇ ਇਕੱਠਿਆਂ ਗੀਤ ਗਾਇਣ ਕਰਕੇ ਸਮਾਂ ਬੰਨ੍ਹ ਦਿੱਤਾ।ਸ਼ਾਇਰਾ ਸੁਖਵਿੰਦਰ ਅੰਮ੍ਰਿਤ ਵੱਲੋਂ ਬੋਲੇ ਗਏ ਸ਼ਿਅਰਾਂ ਨੇ ਖੂਬ ਵਾਹ-ਵਾਹ ਖੱਟੀ ਹਾਲ ਤਾੜੀਆਂ ਨਾਲ ਗੂੰਜ ਉੱਠਿਆ।ਦੂਜੇ ਸੈਸ਼ਨ ਵਿੱਚ ਕਾਬਲੇ ਤਾਰੀਫ਼ ਕਵੀ ਦਰਬਾਰ ਹੋਇਆ, ਜਿਸ ਦੀ ਪ੍ਰਧਾਨਗੀ ਸੁਰਿੰਦਰ ਰਾਮਪੁਰੀ, ਗੁਰਦਿਆਲ ਦਲਾਲ, ਨਰਿੰਦਰ ਕੌਰ ਮੁਹਾਲੀ, ਅਨਿਲ ਫ਼ਤਿਹਗੜ੍ਹ ਜੱਟਾਂ, ਕਰਨੈਲ ਸਿਵੀਆ, ਹਰਪਾਲ ਸਿੰਘ ਸੇਵਕ ਆਦਿਕ ਨੇ ਕੀਤੀ।ਰਚਨਾਵਾਂ ਦੇ ਦੌਰ 'ਚ ਦੀਪ ਦਿਲਬਰ, ਨਰੇਸ਼ ਨਿਮਾਣਾ, ਗੀਤ ਗੁਰਜੀਤ, ਵਿਸ਼ਇੰਦਰ ਰਾਮਪੁਰ, ਬੁੱਧ ਸਿੰਘ ਨੀਲੋਂ, ਅਮਰਜੀਤ ਸ਼ੇਰਪੁਰੀ, ਹਰਬੰਸ ਸਿੰਘ ਸ਼ਾਨ ਬਗਲੀ, ਜੱਗਾ ਜਮਾਲਪੁਰੀ, ਕਰਮਜੀਤ ਸਿੰਘ ਆਜ਼ਾਦ, ਹਰਬੰਸ ਸਿੰਘ ਰਾਏ, ਮਨਜੀਤ ਸਿੰਘ ਰਾਗੀ ਮੀਤ ਪਾਣੀਪਤ, ਅਵਤਾਰ ਸਿੰਘ ਓਟਾਲਾ, ਬਲਵੰਤ ਸਿੰਘ ਮਾਂਗਟ, ਸੁਖਵਿੰਦਰ ਸਿੰਘ ਭਾਦਲਾ, ਨੇਤਰ ਸਿੰਘ ਮੁੱਤੋਂ, ਲਖਵੀਰ ਸਿੰਘ ਲੱਭਾ, ਮਨਜੀਤ ਸਿੰਘ ਧੰਜਲ, ਨੂਰ ਕੌਰ, ਬਲਵੰਤ ਸਿੰਘ ਵਿਰਕ, ਹਰਜੀਤ ਕੌਰ ਚਮਕੌਰ ਸਾਹਿਬ, ਪਵਨਦੀਪ ਚੌਹਾਨ, ਹਰਿ ਚਰਨ ਸਿੰਘ, ਰਾਜ ਸਿੰਘ ਬਧੌਸ਼ੀ, ਅਰਮਾਨ ਇੰਦਰ ਸਿੰਘ, ਆਦੇਸ਼ ਪ੍ਰੀਤ ਕੌਰ ਬਰਾੜ, ਜਬਰ ਜੰਗ ਸਿੰਘ ਬਰਾੜ, ਬਲਰਾਜ ਸਿੰਘ ਬਾਜਵਾ, ਜਰਨੈਲ ਸਿੰਘ ਆਦਿਕ ਨੇ ਰਚਨਾਵਾਂ ਪੇਸ਼ ਕੀਤੀਆਂ।

ਸੁਰਿੰਦਰ ਰਾਮਪੁਰੀ ਨੇ ਆਖਿਆ ਕਿ ਮੈਨੂੰ ਇਸ ਗੱਲ ਦੀ ਬਹੁਤ ਵੱਡੀ ਖ਼ੁਸ਼ੀ ਹੈ ਕਿ ਨਵੀਂ ਪੀੜ੍ਹੀ ਚੰਗੇ ਵਿਸ਼ਿਆਂ ਤੇ ਕਵਿਤਾਵਾਂ ਲਿਖ ਰਹੀ ਹੈ। ਇਸ ਕਵੀ ਦਰਬਾਰ ਵਿੱਚ ਬਹੁਤ ਸਾਰੇ ਨਵੀਂ ਪੀੜੀ ਦੇ ਕਵੀਆਂ ਦੀਆਂ ਰਚਨਾਵਾਂ ਬਹੁਤ ਵਧੀਆ ਪੱਧਰ ਦੀਆਂ ਹਨ।ਸਟੇਜ ਦੀ ਕਾਰਵਾਈ ਨੂੰ ਕਹਾਣੀਕਾਰ ਤਰਨ ਬੱਲ, ਜਗਵੀਰ ਸਿੰਘ ਵਿੱਕੀ ਨੇ ਬਹੁਤ ਖ਼ੂਬਸੂਰਤ ਅੰਦਾਜ਼ ਵਿੱਚ ਚਲਾਇਆ।ਗੁਰਸੇਵਕ ਸਿੰਘ ਢਿੱਲੋਂ ਨੇ ਆਏ ਹੋਏ ਸ਼ਇਰਾਂ ਦਾ ਧੰਨਵਾਦ ਕੀਤਾ।

# ਭਾਜਪਾ 'ਚ ਸ਼ਾਮਲ ਰਾਜ ਸਭਾ ਮੈਂਬਰਾਂ ਦੇ ਪੁਤਲੇ ਫੂਕੇ




**ਲਹਿਰਾਗਾਗਾ (ਪਵਨ ਸ਼ਰਮਾ)**-ਕੈਬਨਿਟ ਮੰਤਰੀ ਸ੍ਰੀ ਬਰਿੰਦਰ ਗੋਇਲ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਤੇ ਸਥਾਨਕ ਲੋਕਾਂ ਵੱਲੋਂ ਭਾਜਪਾ 'ਚ ਸ਼ਾਮਲ ਹੋਏ ਰਾਜ ਸਭਾ ਮੈਂਬਰਾਂ ਦੇ ਪੁਤਲੇ ਫੂਕ ਕੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ।ਬਰਿੰਦਰ ਗੋਇਲ ਨੇ ਕਿਹਾ ਕਿ ਇਨ੍ਹਾਂ ਰਾਜ ਸਭਾ ਮੈਂਬਰਾਂ ਨੇ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ ਕੀਤਾ ਹੈ।ਉਨ੍ਹਾਂ ਨੂੰ ਆਮ ਆਦਮੀ ਪਾਰਟੀ ਨੇ ਲੋਕ ਸੇਵਾ ਲਈ ਇਹ ਅਹੁਦੇ ਸੌਂਪੇ ਸਨ, ਪਰ ਉਨ੍ਹਾਂ ਨੇ ਆਪਣੇ ਸਵਾਰਥ ਲਈ ਪੰਜਾਬ ਦੇ ਲੋਕਾਂ ਦਾ ਭਰੋਸਾ ਤੋੜ ਦਿੱਤਾ ਤੇ ਭਾਜਪਾ ਵਿੱਚ ਸ਼ਾਮਲ ਹੋ ਗਏ।ਵਿਧਾਇਕਾਂ ਦੇ ਭਾਜਪਾ 'ਚ ਸ਼ਾਮਲ ਹੋਣ ਸਬੰਧੀ ਚੱਲ ਰਹੀਆਂ ਅਫ਼ਵਾਹਾਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਗੋਇਲ ਨੇ ਸਪੱਸ਼ਟ ਕੀਤਾ ਕਿ ਸਾਰੇ ਵਿਧਾਇਕ ਪਾਰਟੀ ਪ੍ਰਤੀ ਪੂਰੀ ਵਫ਼ਾਦਾਰੀ ਨਾਲ ਖੜੇ ਹਨ ਤੇ ਸ੍ਰੀ ਅਰਵਿੰਦ ਕੇਜਰੀਵਾਲ ਤੇ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਇਕਜੁਟ ਹਨ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਕੋਲ ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਲੋਕਾਂ ਸਾਹਮਣੇ ਰੱਖਣ ਲਈ ਕੁਝ ਵੀ ਨਹੀਂ ਹੈ ਤੇ ਹੁਣ ਉਹ ਓਪਰੇਸ਼ਨ ਲੋਟਸ ਵਰਗੀਆਂ ਚਾਲਾਂ ਰਾਹੀਂ ਹੋਰ ਪਾਰਟੀਆਂ ਦੇ ਆਗੂਆਂ ਨੂੰ ਆਪਣੇ ਨਾਲ ਜੋੜ ਕੇ 2027 ਦੀਆਂ ਚੋਣਾਂ ਲਈ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਹਥਕੰਡਿਆਂ ਨੂੰ ਪੰਜਾਬ ਦੇ ਲੋਕ ਕਦੇ ਵੀ ਸਵੀਕਾਰ ਨਹੀਂ ਕਰਨਗੇ।ਗੋਇਲ ਨੇ ਅੱਗੇ ਕਿਹਾ ਕਿ ਜਦੋਂ ਈਡੀ ਵੱਲੋਂ ਦਬਾਅ ਬਣਾਇਆ ਗਿਆ ਤਾਂ ਪਾਰਟੀ ਛੱਡਣ ਵਾਲੇ ਰਾਜ ਸਭਾ ਮੈਂਬਰ ਆਪਣਾ ਸਟੈਂਡ ਕਾਇਮ ਨਹੀਂ ਰੱਖ ਸਕੇ, ਜਿਸ ਨਾਲ ਉਨ੍ਹਾਂ ਦਾ ਅਸਲੀ ਚਿਹਰਾ ਸਾਹਮਣੇ ਆ ਗਿਆ ਹੈ।ਉਨ੍ਹਾਂ ਕਿਹਾ ਕਿ ਪਾਰਟੀ ਇਨ੍ਹਾਂ ਆਗੂਆਂ ਦੇ ਜਾਣ ਤੋਂ ਬਾਅਦ ਹੋਰ ਵੀ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਨੇ ਇਨ੍ਹਾਂ ਮੈਂਬਰਾਂ ਨੂੰ ਵੱਡਾ ਮਾਣ-ਸਤਿਕਾਰ ਦਿੱਤਾ ਸੀ, ਪਰ ਉਹ ਆਪਣੇ ਸਿਧਾਂਤਾਂ 'ਤੇ ਕਾਇਮ ਨਹੀਂ ਰਹੇ।

# ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਨੇ ਮੈਂਬਰਾਂ ਦੇ ਜਨਮ ਦਿਨ ਮਨਾਏ

- ਸੱਤਦੇਵ ਸ਼ਰਮਾ ਦੀ ਪੁਸਤਕ 4 ਨੂੰ ਲੋਕ ਅਰਪਣ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਬਨਾਸਰ ਬਾਗ ਸਥਿਤ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਮੁੱਖ ਦਫਤਰ ਵਿਖੇ ਮਹੀਨਾਵਾਰੀ ਜਨਮ ਦਿਨ ਸਨਮਾਨ ਸਮਾਰੋਹ ਡਾ. ਨਰਵਿੰਦਰ ਸਿੰਘ ਕੌਸ਼ਲ ਪ੍ਰਧਾਨ ਦੀ ਅਗਵਾਈ ਵਿੱਚ ਕੀਤਾ ਗਿਆ।ਉਨ੍ਹਾਂ ਨਾਲ ਜਗਨ ਨਾਥ ਗੋਇਲ ਸਰਪ੍ਰਸਤ, ਸੁਪਰ ਸਿਟੀਜਨ ਬਨਾਰਸੀ ਦਾਸ ਗੁਪਤਾ ਤੇ ਜੀਤ ਸਿੰਘ ਢੀਂਡਸਾ ਸਰਪ੍ਰਸਤ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸੰਗਰੂਰ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ।ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਤੇ ਪੈਨਸ਼ਨਰਜ਼ ਯੂਨੀਅਨ ਦੇ ਆਗੂ ਰਾਜ ਕੁਮਾਰ ਅਰੋੜਾ ਦੇ ਸਟੇਜ ਸੰਚਾਲਨ ਅਧੀਨ ਸਭ ਤੋਂ ਪਹਿਲਾਂ ਸੰਸਥਾ ਦੇ ਅਕਾਲ ਚਲਾਣਾ ਕਰ ਗਏ ਮੈਂਬਰ ਕਰਨਲ ਜੀਤ ਸਿੰਘ, ਬੀਬੀ ਅਮਰਜੀਤ ਕੌਰ ਚਹਿਲ, ਰਾਮ ਸਰੂਪ ਮਦਾਨ ਦੀ ਪਤਨੀ ਆਸ਼ਾ ਮਦਾਨ ਸਮੇਤ ਚਮਕੌਰ ਸਿੰਘ ਵੀਰ, ਪ੍ਰਸਿੱਧ ਸਾਹਿਤਕਾਰ ਕਿਸ਼ਨ ਬੇਤਾਬ ਤੇ ਮੈਂਬਰਾਂ ਦੇ ਨਜ਼ਦੀਕੀ ਰਿਸ਼ਤੇਦਾਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਨੈਸ਼ਨਲ ਐਵਾਰਡੀ ਸੱਤਦੇਵ ਸ਼ਰਮਾ ਨੇ ਸਵਾਗਤੀ ਸ਼ਬਦ ਕਹੇ ਤੇ ਦੱਸਿਆ ਕਿ ਉਨ੍ਹਾਂ ਦੀ ਛੇਵੀਂ ਪੁਸਤਕ ਇਨਸਾਨੀਅਤ ਦੇ ਫ਼ਰਿਸ਼ਤੇ ਤਿਆਰ ਹੋ ਚੁੱਕੀ ਹੈ, ਜਿਸ ਦਾ ਲੋਕ ਅਰਪਣ ਮੰਦਿਰ ਸ੍ਰੀ ਮਾਤਾ ਰਾਜੇਸ਼ਵਰੀ, ਨਾਭਾ ਗੇਟ ਸੰਗਰੂਰ ਵਿਖੇ 4 ਮਈ ਸੋਮਵਾਰ ਨੂੰ ਸਵੇਰੇ 11 ਵਜੇ ਹੋ ਰਿਹਾ ਹੈ।ਸੁਰਿੰਦਰ ਪਾਲ ਸਿੰਘ ਸਿਦਕੀ ਮੀਡੀਆ ਇੰਚਾਰਜ, ਪਾਲੀ ਰਾਮ ਬਾਂਸਲ ਨੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਸ਼ੁੱਭ-ਇਛਾਵਾਂ ਦਿੱਤੀਆਂ ਤੇ ਉਨ੍ਹਾਂ ਦੀ ਸਿਹਤ ਤੰਦਰੁਸਤੀ ਦੀ ਕਾਮਨਾ ਕੀਤੀ ਅਤੇ ਵਿਚਾਰ ਸਾਂਝੇ ਕੀਤੇ।ਸ਼ਕਤੀ ਮਿੱਤਲ ਖਜ਼ਾਨਚੀ, ਪ੍ਰੇਮ ਚੰਦ ਗਰਗ, ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ, ਰਾਜ ਕੁਮਾਰ ਬਾਂਸਲ, ਬਲਦੇਵ ਕ੍ਰਿਸ਼ਨ ਗੁਪਤਾ, ਰਾਕੇਸ਼ ਕੁਮਾਰ ਅਕੋਈ, ਬਾਲ ਕ੍ਰਿਸ਼ਨ, ਕੁਲਵੰਤ ਸਿੰਘ ਅਕੋਈ, ਹਰੀ ਦਾਸ ਸ਼ਰਮਾ ਦੀਆਂ ਵੱਖ ਵੱਖ ਸੇਵਾਵਾਂ ਤਹਿਤ ਵੱਡੀ ਗਿਣਤੀ ਵਿੱਚ ਹਾਜ਼ਰ ਜਨਮ ਦਿਨ ਵਾਲੇ ਮੈਂਬਰਾਂ ਨੂੰ ਹਾਰ ਪਾ ਕੇ ਤੇ ਗਿਫਟ ਦੇ ਕੇ ਸਨਮਾਨਤ ਕੀਤਾ।ਇਸ ਤੋਂ ਇਲਾਵਾ ਇਸਤਰੀ ਮੈਂਬਰਾਂ ਡਾ. ਸੁਨੀਤਾ ਕੌਸ਼ਲ, ਕਮਲੇਸ਼ ਮੰਗਲਾ, ਊਸ਼ਾ ਰਾਣੀ ਸਕਸੈਨਾ, ਸੁਰਿੰਦਰ ਕੌਰ, ਮਹਿੰਦਰ ਕੌਰ, ਵਿਜੈ ਸ਼ਕਤੀ, ਲਕਸ਼ਮੀ ਗਰਗ, ਸਤਨਾਮ ਕੌਰ, ਰੇਖਾ ਗੋਇਲ ਆਦਿ ਨੂੰ ਵੀ ਸਨਮਾਨਤ ਕੀਤਾ।ਸੰਸਥਾ ਦੇ ਬਣੇ ਨਵੇਂ ਮੈਂਬਰਾਂ ਬਹਾਦਰ ਸਿੰਘ ਰਾਓ, ਹਰਬੰਸ ਸਿੰਘ, ਪਵਨ ਕੁਮਾਰ ਸ਼ਰਮਾ, ਪਾਲੀ ਰਾਮ ਬਾਂਸਲ, ਜੌਹਰੀ ਰਾਮ ਜਿੰਦਲ, ਸਤਨਾਮ ਸਿੰਘ ਦਮਦਮੀ, ਰਾਜਿੰਦਰ ਸਿੰਘ ਚੰਗਾਲ, ਕਰਮ ਸਿੰਘ ਨਮੋਲ, ਮਲਕੀਤ ਸਿੰਘ ਸੱਗੂ, ਰਣਜੀਤ ਸਿੰਘ, ਵਿਪਨ ਕੁਮਾਰ ਜਿੰਦਲ, ਵਰਿੰਦਰ ਸਿੰਘ, ਸ਼ਾਮ ਲਾਲ ਤੇ ਸ਼੍ਰੀਮਤੀ ਨੀਲਮ ਸਿੰਗਲਾ ਨੂੰ ਬੈਜ ਲਾਲ ਕੇ ਸੰਸਥਾ ਵਿੱਚ ਸ਼ਾਮਲ ਕੀਤਾ ਗਿਆ।ਡਾ. ਨਰਵਿੰਦਰ ਸਿੰਘ ਕੌਸ਼ਲ ਨੇ ਸੰਸਥਾ ਦਫਤਰ ਵਿੱਚ ਆਉਣ ਤੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਕੁਝ ਦਿਸ਼ਾ ਨਿਰਦੇਸ਼ ਦਿੱਤੇ ਤੇ ਵੱਡੀ ਗਿਣਤੀ ਵਿੱਚ ਹਾਜ਼ਰ ਮੈਂਬਰਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

# ਟ੍ਰੇਡ ਯੂਨੀਅਨਾਂ ਵੱਲੋਂ ਮਜ਼ਦੂਰ ਦਿਵਸ 'ਤੇ ਵਿਧਾਇਕ ਦੇ ਦਫ਼ਤਰ ਦਾ ਘਿਰਾਓ ਕਰਨ ਦਾ ਐਲਾਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

'ਸੰਘਰਸ਼ ਕਮੇਟੀ ਸੁਖਮਨੀ ਡੇਰਾਬੱਸੀ' ਦੀ ਇੱਕ ਅਹਿਮ 12 ਮੈਂਬਰੀ ਮੀਟਿੰਗ ਸ੍ਰੀ ਸੁਖਮਨੀ ਇੰਟਰਨੈਸ਼ਨਲ ਸਕੂਲ ਦੇ ਬਾਹਰ ਧਰਨੇ ਵਾਲੀ ਜਗ੍ਹਾ 'ਤੇ ਕੀਤੀ ਗਈ। ਮੀਟਿੰਗ ਦੌਰਾਨ ਆਗੂਆਂ ਨੇ ਦੱਸਿਆ ਕਿ ਸਕੂਲ ਪ੍ਰਬੰਧਕਾਂ ਵੱਲੋਂ 2 ਮਾਰਚ ਨੂੰ ਕਰਮਚਾਰੀਆਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਨੌਕਰੀ ਤੋਂ ਹਟਾ ਦਿੱਤਾ ਗਿਆ ਸੀ, ਜਿਸ ਕਾਰਨ ਕਿਰਤੀਆਂ ਦਾ ਸੰਘਰਸ਼ 48ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ। ਜ਼ਿਕਰਯੋਗ ਹੈ ਕਿ ਕਰਮਚਾਰੀਆਂ ਵੱਲੋਂ ਹਲਕਾ ਵਿਧਾਇਕ ਦੀ ਕੋਠੀ ਦਾ ਘਰਾਓ ਕਰਨ ਤੋਂ ਬਾਅਦ ਉਨ੍ਹਾਂ ਨੂੰ ਇੱਕ ਹਫ਼ਤੇ ਦਾ ਸਮਾਂ ਦਿੱਤਾ ਗਿਆ ਸੀ, ਪਰ ਬੜੀ ਅਫ਼ਸੋਸ ਦੀ ਗੱਲ ਹੈ ਕਿ ਹੁਣ ਤੱਕ ਹਲਕਾ ਵਿਧਾਇਕ ਵੱਲੋਂ ਮਸਲਾ ਹੱਲ ਕਰਵਾਉਣ ਲਈ ਕੋਈ ਕਦਮ ਨਹੀਂ ਚੁੱਕਿਆ ਗਿਆ ਅਤੇ ਨਾ ਹੀ ਕਿਰਤੀਆਂ ਨਾਲ ਕੋਈ ਗੱਲਬਾਤ ਕੀਤੀ ਗਈ ਹੈ। ਇੱਥੋਂ ਤੱਕ ਕਿ ਵਿਧਾਇਕ ਵੱਲੋਂ ਉਨ੍ਹਾਂ ਦੇ ਫ਼ੋਨ ਤੱਕ ਨਹੀਂ ਚੁੱਕੇ ਜਾ ਰਹੇ, ਜਿਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਹੈ ਅਤੇ ਇਸੇ ਰੋਸ ਸਦਕਾ ਜਥੇਬੰਦੀਆਂ ਨੇ ਇੱਕ ਵੱਡਾ ਫੈਸਲਾ ਲੈਣ ਦਾ ਫੈਸਲਾ ਕੀਤਾ ਹੈ।ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਵਿਧਾਇਕ ਦੀ ਕੋਠੀ ਦੇ ਬਾਹਰ ਕੀਤੇ ਗਏ ਪ੍ਰਦਰਸ਼ਨ ਦੌਰਾਨ ਉਨ੍ਹਾਂ ਦੇ ਛੋਟੇ ਭਰਾ ਪਰਮਜੀਤ ਸਿੰਘ ਰੰਧਾਵਾ ਨੇ ਵਿਸ਼ਵਾਸ ਦਵਾਇਆ ਸੀ ਕਿ ਇੱਕ ਹਫ਼ਤੇ ਦੇ ਅੰਦਰ ਮਸਲਾ ਹੱਲ ਕਰਵਾ ਦਿੱਤਾ ਜਾਵੇਗਾ।ਜਥੇਬੰਦੀਆਂ ਨੇ ਫੈਸਲਾ ਕੀਤਾ ਹੈ ਕਿ 1 ਮਈ ਨੂੰ 'ਮਜ਼ਦੂਰ ਦਿਵਸ' ਵਾਲੇ ਦਿਨ ਸਮੂਹ ਕਿਰਤੀ ਬੱਸ ਸਟੈਂਡ ਡੇਰਾਬੱਸੀ ਵਿਖੇ ਇਕੱਠੇ ਹੋ ਕੇ ਪੂਰੇ ਸ਼ਹਿਰ ਵਿੱਚ ਰੋਸ ਮਾਰਚ ਕਰਨਗੇ ਅਤੇ ਹਲਕਾ ਵਿਧਾਇਕ ਦੇ ਦਫ਼ਤਰ ਦਾ ਵੱਡੇ ਪੱਧਰ ਤੇ ਘਿਰਾਓ ਕਰਦੇ ਹੋਏ ਵਿਸ਼ਾਲ ਰੈਲੀ ਕੀਤੀ ਜਾਵੇਗੀ। ਆਗੂਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ 1 ਮਈ ਤੋਂ ਬਾਅਦ ਵੀ ਕੋਈ ਹੱਲ ਨਾ ਨਿਕਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਮੀਟਿੰਗ ਵਿੱਚ ਮਨਪ੍ਰੀਤ ਸਿੰਘ ਅਮਰਾਲਾ ਵਾਈਸ ਪ੍ਰਧਾਨ ਪੰਜਾਬ ਲੱਖੋਵਾਲ, ਵਿਨੋਦ ਚੁੱਘ ਉਪ ਪ੍ਰਧਾਨ ਪੰਜਾਬ ਏਟਕ, ਕਰਮ ਸਿੰਘ ਇਨਵਾਈਟਡ ਮੈਂਬਰ ਪੰਜਾਬ, ਜਗਤਾਰ ਸਿੰਘ ਝਰਮੜੀ ਜਰਨਲ ਸਕੱਤਰ ਮੋਹਾਲੀ, ਰਣਜੀਤ ਸਿੰਘ ਰਾਣਾ ਬਲੌਕ ਪ੍ਰਧਾਨ ਡੇਰਾਬੱਸੀ, ਹਰਨਾਮ ਸਿੰਘ ਵਾਈਸ ਪ੍ਰਧਾਨ ਬਲੌਕ ਡੇਰਾ ਬੱਸੀ ਲੱਖੋਵਾਲ, ਏਕਮ ਸਿੱਧੂ, ਗੁਰਪਾਲ ਸਿੰਘ ਦੱਪਰ, ਹਰਬੰਸ ਸਿੰਘ ਧਨੋਨੀ, ਦਰਸ਼ਨ ਸਿੰਘ ਫਤਿਹਪੁਰ ਜੱਟਾਂ, ਕਰਮ ਸਿੰਘ, ਅਮਰਜੀਤ ਸਿੰਘ, ਬੰਤ ਸਿੰਘ, ਬਲਜੀਤ ਸਿੰਘ ਚੇਅਰਮੈਨ ਤੇ ਕਮਲਜੀਤ ਸਿੰਘ ਵਾਈਸ ਪ੍ਰਧਾਨ ਸਿੱਖਿਆ ਸੰਸਥਾਨ ਵਰਕਰ ਯੂਨੀਅਨ ਡੇਰਾ ਬੱਸੀ ਹਾਜ਼ਰ ਸਨ।

# ਪੁਰਾਤਨ ਲਿਖਤਾਂ ਸੰਭਾਲਣ ਵਾਲੇ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰਨ ਦਾ ਸੱਦਾ

**ਮੁਹਾਲੀ (ਗੁਰਜੀਤ ਬਿੱਲਾ)**-ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਹਾਇਕ ਕਮਿਸ਼ਨਰ (ਜ) ਡਾ. ਅੰਕਿਤਾ ਕਾਂਸਲ ਨੇ ਕੇਂਦਰ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ ਵੱਲੋਂ ਸ਼ੁਰੂ ਕੀਤੇ ਗਏ ਗਿਆਨ ਭਾਰਤਮ ਮਿਸ਼ਨ ਬਾਰੇ ਜਾਣਕਾਰੀ ਦਿੰਦਿਆਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਕੋਲ ਕੋਈ ਪੁਰਾਤਨ ਗ੍ਰੰਥ, ਹੱਥ ਲਿਖਤ ਜਾਂ ਕੋਈ ਹੋਰ ਦਸਤਾਵੇਜ ਹੋਵੇ ਤਾਂ ਉਹ ਕੌਮੀ ਮੈਨੂਸਕਰਿਪਟ ਸਰਵੇ 'ਚ ਹਿੱਸਾ ਲੈ ਕੇ ਇਸ ਨੂੰ ਸੁਰੱਖਿਅਤ ਕਰਵਾਉਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਲੋਕ ਪੁਰਾਤਨ ਤੇ ਅਮੀਰ ਬੌਧਿਕ ਵਿਰਾਸਤ ਦੀ ਸੰਭਾਲ ਲਈ ਜਰੂਰ ਗਿਆਨ ਭਾਰਤਮ ਮਿਸ਼ਨ ਦੇ ਸਰਵੇ ਵਿੱਚ ਲਾਜਮੀ ਹਿੱਸਾ ਲੈਣ।ਵੱਖ-ਵੱਖ ਜ਼ਿਲ੍ਹਾ ਅਧਿਕਾਰੀਆਂ ਨਾਲ ਬੈਠਕ ਕਰਦਿਆਂ ਸਹਾਇਕ ਕਮਿਸ਼ਨਰ (ਜ) ਡਾ. ਅੰਕਿਤਾ ਕਾਂਸਲ ਨੇ ਕਿਹਾ ਕਿ ਅਜਿਹੀਆਂ ਪੁਰਾਤਨ ਹੱਥ ਲਿਖਤਾਂ, ਜਿਨ੍ਹਾਂ 'ਚ ਧਾਰਮਿਕ, ਸਾਹਿਤਕ, ਸਮਾਜਿਕ ਜਾਂ ਕਿਸੇ ਹੋਰ ਵਿਧਾ ਨਾਲ ਸਬੰਧਤ ਕੋਈ ਪੁਰਾਤਨ ਸਮੱਗਰੀ ਹੋਵੇ, ਇਸ ਦੇ ਸਰਵੇ ਲਈ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਕਮਰਾ ਨੰਬਰ 305, ਦੂਜੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

# 'ਆਪ' ਆਗੂਆਂ ਤੇ ਵਰਕਰਾਂ ਨੇ ਭਾਜਪਾ 'ਚ ਗਏ ਬਾਗੀਆਂ ਦੇ ਪੁਤਲੇ ਫੂਕੇ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**

ਪੰਜਾਬ ਦੀ ਰਾਜਨੀਤੀ ਵਿੱਚ ਚੱਲ ਰਹੇ ਉਥਲ-ਪੁਥਲ ਦੇ ਦਰਮਿਆਨ ਅੱਜ ਇੱਥੋਂ ਦੇ ਮੁੱਖ ਟੀ - ਪੁਆਇੰਟ ਤੇ ਵੱਡਾ ਵਿਰੋਧ ਪ੍ਰਦਰਸ਼ਨ ਵੇਖਣ ਨੂੰ ਮਿਲਿਆ, ਜਿੱਥੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਉਨ੍ਹਾਂ 7 ਰਾਜ ਸਭਾ ਸੰਸਦ ਮੈਂਬਰਾਂ ਦੇ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ, ਜਿਨ੍ਹਾਂ ਨੇ ਹਾਲ ਹੀ ਵਿੱਚ ਪਾਰਟੀ ਛੱਡ ਕੇ ਭਾਜਪਾ ਦਾ ਪੱਲਾ ਫੜ ਲਿਆ ਹੈ। ਪਾਰਟੀ ਸਮਰਥਕਾਂ ਨੇ ਇਸ ਨੂੰ ਪੰਜਾਬ ਅਤੇ ਪੰਜਾਬੀਆਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਾਰ ਦਿੰਦਿਆਂ ਸੰਸਦ ਮੈਂਬਰਾਂ ਦੇ ਪੁਤਲੇ ਫੂਕੇ।ਡਾ. ਚਰਨਜੀਤ ਸਿੰਘ ਨੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਸੰਸਦ ਮੈਂਬਰਾਂ ਦੇ ਇਸ ਕਦਮ ਦੀ ਤਿੱਖੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੂੰ ਆਮ ਆਦਮੀ ਪਾਰਟੀ ਨੇ ਵੱਡੇ ਭਰੋਸੇ ਨਾਲ ਰਾਜ ਸਭਾ ਵਿੱਚ ਭੇਜਿਆ ਸੀ, ਉਨ੍ਹਾਂ ਨੇ ਨਾ ਸਿਰਫ਼ ਪਾਰਟੀ ਨਾਲ ਗੱਦਾਰੀ ਕੀਤੀ ਹੈ, ਸਗੋਂ ਪੰਜਾਬ ਦੀ ਜਨਤਾ ਦੀਆਂ ਭਾਵਨਾਵਾਂ ਦਾ ਵੀ ਅਪਮਾਨ ਕੀਤਾ ਹੈ। ਵਿਧਾਇਕ ਨੇ ਭਾਵੁਕ ਹੋਦਿਆਂ ਕਿਹਾ ਕਿ ਇਹ ਕਦਮ ਆਮ ਆਦਮੀ ਪਾਰਟੀ ਦੀ ਪਿੱਠ 'ਚ ਛੁਰਾ ਮਾਰਨ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਰਾਜ ਸਭਾ ਵਿੱਚ ਪੰਜਾਬ ਦੇ ਪਾਣੀ ਦਾ ਮਸਲਾ, ਚੰਡੀਗੜ੍ਹ ਪੰਜਾਬ ਨੂੰ ਦੇਣ ਅਤੇ ਬੀ ਬੀ ਐੱਮ ਬੀ ਵਿੱਚ ਪੰਜਾਬ ਨੂੰ ਪਹਿਲਾਂ ਵਾਂਗ ਪ੍ਰਤੀਨਿਧਤਾ ਦੇਣ ਵਰਗੇ ਮੁੱਦੇ ਉਠਾਉਣ ਦੀ ਬਜਾਏ ਇਹ ਸੰਸਦ ਮੈਂਬਰ ਸਮੋਸਿਆਂ ਅਤੇ ਪਕੌੜਿਆਂ ਦੇ ਮੁੱਦੇ ਚੁੱਕਦੇ ਰਹੇ। ਇਕੱਠੇ ਹੋਏ ਵਰਕਰਾਂ ਨੇ 'ਮੁਰਦਾਬਾਦ' ਦੇ ਨਾਅਰੇ ਲਗਾਏ ਤੇ ਸੰਸਦ ਮੈਂਬਰਾਂ ਦੇ ਪੁਤਲੇ



ਸਾੜ ਕੇ ਆਪਣਾ ਗੁੱਸਾ ਜਾਹਿਰ ਕੀਤਾ। ਉਨ੍ਹਾਂ ਕਿਹਾ ਕਿ ਐਸੀਆਂ ਚੁਣੌਤੀਆਂ ਨਾਲ ਆਮ ਆਦਮੀ ਪਾਰਟੀ ਕਮਜ਼ੋਰ ਨਹੀਂ ਹੋਵੇਗੀ, ਸਗੋਂ ਹੋਰ ਮਜ਼ਬੂਤੀ ਨਾਲ ਉਭਰੇਗੀ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆ, ਕੌਂਸਲਰ ਭੁਪਿੰਦਰ ਸਿੰਘ ਭੂਰਾ, ਸੇਠ ਵਿਸ਼ਾਲ ਕੁਮਾਰ, ਸਰਪੰਚ ਹਰਿੰਦਰ ਸਿੰਘ ਕਾਕਾ, ਨਿਰਮਲਪ੍ਰੀਤ ਸਿੰਘ ਅਤੇ ਸ਼ਮਸ਼ੇਰ ਸਿੰਘ ਮੰਗੀ ਆਦਿ ਹਾਜ਼ਰ ਸਨ।

# ਨੌਜਵਾਨ ਭਾਰਤ ਸਭਾ ਦੇ ਪ੍ਰਧਾਨ ਤੇ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਨਿੰਦਾ

**ਚੰਡੀਗੜ੍ਹ/ਜਲੰਧਰ (ਗਿਆਨ ਸੈਦਪੁਰੀ)**

ਪੰਜਾਬ ਦੀ ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਦੀ ਤਾਲਮੇਲ ਕਮੇਟੀ ਵੱਲੋਂ ਜੀਦਾ (ਬਠਿੰਡਾ) ਦੀ ਸਪੋਰਟਕਿੰਗ ਫੈਕਟਰੀ ਦੇ ਮਜ਼ਦੂਰਾਂ ਵਲੋਂ ਦਿਹਾੜੀ, ਤਨਖਾਹ ਵਧਾਉਣ ਅਤੇ ਹੋਰ ਮੰਗਾਂ ਦੇ ਹੱਲ ਲਈ ਚਲਾਏ ਜਾ ਰਹੇ ਸੰਘਰਸ਼ ਨੂੰ ਅਸਫ਼ਲ ਬਣਾਉਣ ਲਈ ਸਰਕਾਰ ਦੇ ਇਸ਼ਾਰੇ ਉੱਤੇ ਬਠਿੰਡਾ ਪੁਲਿਸ ਦੁਆਰਾ ਫੈਕਟਰੀ ਮੈਨੇਜਮੈਂਟ ਨਾਲ ਮਿਲੀਭੁਗਤ ਕਰਕੇ ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਮੰਗਾ ਆਜ਼ਾਦ, ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਸੁਖਬੀਰ ਸਿੰਘ, ਸੁਖਬੀਰ ਖੇਮੂਆਣਾ ਸਮੇਤ ਸੈਂਕੜੇ ਫੈਕਟਰੀ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸਾਰੇ ਸਾਥੀਆਂ ਨੂੰ ਰਿਹਾਅ ਕਰਨ ਅਤੇ ਘੱਟੋ ਘੱਟ ਇੱਕ ਹਜ਼ਾਰ ਰੁਪਏ ਦਿਹਾੜੀ ਅਨੁਸਾਰ ਮਜ਼ਦੂਰਾਂ ਦੀਆਂ ਤਨਖ਼ਾਹਾਂ ਵਿੱਚ ਵਾਧਾ ਕਰਨ ਅਤੇ ਬਾਕੀ ਮੰਗਾਂ ਨੂੰ ਹੱਲ ਕਰਨ ਦੀ ਮੰਗ ਕੀਤੀ ਗਈ ਹੈ।ਤਾਲਮੇਲ ਕਮੇਟੀ ਚ ਸ਼ਾਮਲ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫਟੂ) ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਕੇਂਦਰੀ ਕਮੇਟੀ ਮੈਂਬਰ ਜੁਗਿੰਦਰਪਾਲ ਗੁਰਦਾਸਪੁਰ, ਸੂਬਾ ਪ੍ਰੈੱਸ ਸਕੱਤਰ ਜਸਬੀਰ ਦੀਪ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ, ਹਰਦੀਪ ਟੋਡਰਪੁਰ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਤੇ ਬਿੱਕਰ ਸਿੰਘ ਹਥੋਆ ਨੇ ਜੀਦਾ ਫੈਕਟਰੀ ਦੇ ਮਜ਼ਦੂਰਾਂ ਦੇ ਸੰਘਰਸ਼ ਦੀ ਡੱਟਵੀਂ ਹਮਾਇਤ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਫੈਕਟਰੀ ਮਾਲਕਾਂ ਵਲੋਂ ਜਿੰਨੀ ਦਿਹਾੜੀ ਮਜ਼ਦੂਰਾਂ ਨੂੰ ਦਿੱਤੀ ਜਾ ਰਹੀ ਹੈ, ਉਸ ਨਾਲ ਮਜ਼ਦੂਰ ਪਰਿਵਾਰ ਦਾ ਗੁਜ਼ਾਰਾ ਹੋਣਾਂ ਮੁਸ਼ਕਿਲ ਹੈ। ਉਨ੍ਹਾਂ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਕਰਨ,ਫੈਕਟਰੀ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਦਾ ਅਧਿਕਾਰ ਦੇਣ ਦੀ ਮੰਗ ਵੀ ਕੀਤੀ।

# ਆਸ਼ਾ ਵਰਕਰਾਂ ਵੱਲੋਂ ਨਸ਼ੇੜੀਆਂ ਦਾ ਸਰਵੇ ਨਾ ਕਰਨ ਸੰਬੰਧੀ ਸਹਾਇਕ ਸਿਵਲ ਸਰਜਨ ਨੂੰ ਸੌਂਪਿਆ ਮੰਗ ਪੱਤਰ



**ਹੁਸ਼ਿਆਰਪੁਰ, (ਬਲਵੀਰ ਸੈਣੀ)**

ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ, ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਜੱਥੇਬੰਦੀ ਦੀ ਜ਼ਿਲ੍ਹਾ ਪ੍ਰਧਾਨ ਹਰਨਿੰਦਰ ਕੌਰ ਦੀ ਅਗਵਾਈ ਹੇਠ ਨਸ਼ੇੜੀਆਂ ਦਾ ਸਰਵੇ ਨਾ ਕਰਨ ਸੰਬੰਧੀ ਸਿਵਲ ਸਰਜਨ ਦਫਤਰ ਵਿਖੇ ਸਹਾਇਕ ਸਿਵਲ ਸਰਜਨ ਡਾ. ਤਜਿੰਦਰ ਪਾਲ ਸਿੰਘ ਨੂੰ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਅਧਿਕਾਰੀਆਂ ਵਲੋਂ ਡਰੱਗ ਐਂਡ ਸੋਸ਼ੀਓ ਐਕਨਾਮਿਕ ਸੈਂਸਿਜ਼ ਕਰਨ ਸਬੰਧੀ ਆਸ਼ਾ ਵਰਕਰਾਂ ਦੀਆਂ ਡਿਊਟੀਆਂ ਲਗਾ ਕੇ ਉਹਨਾਂ ਤੇ ਟ੍ਰੇਨਿੰਗ ਤੇ ਭੇਜਿਆ ਜਾ ਰਿਹਾ ਹੈ। ਮੰਗ ਪੱਤਰ ਰਾਹੀਂ ਸਪੱਸ਼ਟ ਕੀਤਾ ਗਿਆ ਕਿ ਇਸ ਸਰਵੇ ਅਨੁਸਾਰ ਪਿੰਡਾਂ ਅੰਦਰ ਨਸ਼ਾ ਕਰਨ ਵਾਲੇ ਵਿਅਕਤੀਆਂ ਦੀ ਜਾਣਕਾਰੀ ਦੇਣਾ ਅਤੇ ਵੀਡੀਓ ਬਣਾ ਕੇ ਭੇਜਣ ਦੀਆਂ ਹਿਦਾਇਤਾਂ ਹਨ। ਅਜਿਹਾ ਜੋਖਮ ਭਰਿਆ ਸਰਵੇ ਮਹਿਲਾ ਕਰਮਚਾਰੀਆਂ ਕੋਲੋਂ ਕਰਵਾਉਣਾ ਉੱਚਿਤ ਨਹੀਂ ਹੈ। ਇਸ ਸਰਵੇ ਨਾਲ ਆਸ਼ਾ ਵਰਕਰਾਂ ਦਾ ਪਿੰਡ ਵਾਸੀਆਂ ਨਾਲ ਵੈਰ-ਵਿਰੋਧ ਵਧੇਗਾ ਅਤੇ ਉਹਨਾਂ ਦਾ ਜਾਨੀ ਨੁਕਸਾਨ ਹੋਣ ਦਾ ਵੀ ਖਦਸ਼ਾ ਹੈ। ਆਗੂਆਂ ਨੇ ਦੱਸਿਆ ਕਿ ਜੱਥੇਬੰਦੀ ਵਲੋਂ ਪੰਜਾਬ ਭਰ ਵਿੱਚ ਇਸ ਸਰਵੇ ਨੂੰ ਨਾ ਕਰਨ ਦਾ ਫੈਸਲਾ ਕੀਤਾ ਗਿਆ ਹੈ। ਆਗੂਆਂ ਵਲੋਂ ਮੰਗ ਪੱਤਰ ਸੌਂਪਣ ਮੌਕੇ ਸਪੱਸ਼ਟ ਕੀਤਾ ਗਿਆ ਕਿ ਜੱਥੇਬੰਦੀ ਵਲੋਂ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਆਸ਼ਾ ਵਰਕਰਾਂ ਦੀ ਜਬਰੀ ਡਿਊਟੀਆਂ ਲਗਾਈਆਂ ਗਈਆਂ ਤਾਂ ਜੱਥੇਬੰਦੀ ਸਿਵਲ ਸਰਜਨ ਦੇ ਖਿਲਾਫ ਅਤੇ ਡਿਊਟੀਆਂ ਸਬੰਧੀ ਜਬਰੀ ਹੁਕਮ ਜਾਰੀ ਕਰਨ ਵਾਲੇ ਬਲਾਕਾਂ ਦੇ ਸੀਨੀਅਰ ਮੈਡੀਕਲ ਅਫਸਰਾਂ ਵਿਰੁੱਧ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਜੱਥੇਬੰਦੀ ਦੀਆਂ ਆਗੂਆਂ ਰਾਜ ਕੁਮਾਰੀ, ਜਸਪ੍ਰੀਤ ਕੌਰ, ਰੂਬੀ ਬਾਲਾ, ਮਨਜੀਤ ਕੌਰ, ਪ੍ਰਵੀਨ ਕੁਮਾਰੀ, ਆਸ਼ਾ ਰਾਣੀ, ਸੁਨੀਤਾ, ਪਰਮਜੀਤ ਕੌਰ, ਬਲਵਿੰਦਰ ਕੌਰ, ਪਰਮਿੰਦਰ ਕੌਰ, ਸੁਖਵਿੰਦਰ ਕੌਰ, ਰਾਜ ਰਾਣੀ ਤੋਂ ਇਲਾਵਾ ਪ.ਸ.ਸ.ਫ. ਆਗੂ ਸਤੀਸ਼ ਰਾਣਾ, ਇੰਦਰਜੀਤ ਵਿਰਦੀ ਮਨਜੀਤ ਬਾਜਵਾ ਵੀ ਹਾਜ਼ਰ ਸਨ।

# ਮੰਗਾਂ ਨਾ ਮੰਨਣ ਤੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਸੰਘਰਸ਼ ਦੀ ਚਿਤਾਵਨੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ. 295) ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਕਨਵੈਨਸ਼ਨ ਜ਼ਿਲ੍ਹਾ ਪ੍ਰਧਾਨ ਡਾ ਮਨਜੀਤ ਸਿੰਘ ਦੀ ਪ੍ਰਧਾਨਗੀ ਹੇਠ ਸੈਲਾ ਖੁਰਦ ਵਿਖੇ ਸੰਪੰਨ ਹੋਈ। ਇਸ ਕਨਵੈਨਸ਼ਨ ਵਿੱਚ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਦਾ ਜ਼ਿਲ੍ਹਾ ਟੀਮ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਨੇ ਜਥੇਬੰਦੀ ਦੇ ਇਤਿਹਾਸ 'ਤੇ ਚਾਨਣਾ ਪਾਉਂਦਿਆਂ ਮੌਜੂਦਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਚੋਣਾਂ ਸਮੇਂ ਆਪਣੇ ਮੈਨੀਫੈਸਟੋ ਵਿੱਚ ਪੇਂਡੂ ਡਾਕਟਰਾਂ ਨੂੰ ਪਾਰਟ ਟਾਈਮ ਟ੍ਰੇਨਿੰਗ ਦੇ ਕੇ ਕਾਨੂੰਨੀ ਮਾਨਤਾ ਦੇਣ ਦਾ ਵਾਅਦਾ ਕੀਤਾ ਸੀ। ਪਰ ਸਰਕਾਰ ਨੇ ਆਪਣਾ ਵਾਅਦਾ ਪੂਰਾ ਨਹੀਂ ਕੀਤਾ, ਜਿਸ ਕਾਰਨ ਡਾਕਟਰਾਂ ਵਿੱਚ ਭਾਰੀ ਰੋਸ ਹੈ।ਇਸ ਮੌਕੇ ਜ਼ਿਲ੍ਹਾ ਨਵਾਂਸ਼ਹਿਰ ਦੇ ਪ੍ਰਧਾਨ ਕਸ਼ਮੀਰ ਸਿੰਘ ਢਿੱਲੋਂ ਅਤੇ ਸੂਬਾ ਉਪ ਪ੍ਰਧਾਨ ਦਿਲਦਾਰ ਸਿੰਘ ਚਾਹਲ ਨੇ ਸਾਂਝੇ ਤੌਰ 'ਤੇ ਕਿਹਾ ਕਿ 11 ਅਪ੍ਰੈਲ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕਰਕੇ ਜਥੇਬੰਦੀ ਨੇ ਮਹਿਜ਼ ਇੱਕ 'ਟ੍ਰੇਲਰ' ਦਿਖਾਇਆ ਸੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਤੁਰੰਤ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਪੰਜਾਬ ਪੱਧਰ 'ਤੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।ਕਨਵੈਨਸ਼ਨ ਵਿੱਚ ਡਾ ਦਿਲਦਾਰ ਸਿੰਘ ਚਾਹਲ ਸੂਬਾ ਉਪ ਪ੍ਰਧਾਨ, ਡਾ ਰਾਕੇਸ਼ ਬੱਸੀ ਸੂਬਾ ਕਮੇਟੀ ਮੈਂਬਰ,



ਡਾ ਗਰਦਾਵਰ ਰਾਮ, ਡਾ ਕਸ਼ਮੀਰ ਸਿੰਘ ਢਿੱਲੋਂ ਪ੍ਰਧਾਨ ਨਵਾਂਸ਼ਹਿਰ, ਡਾਕਟਰ ਕੁਲਵਿੰਦਰ ਸਿੰਘ ਅਤੇ ਡਾ ਰਣਜੀਤ ਸਿੰਘ ਨੇ ਵੀ ਸੰਬੋਧਨ ਕੀਤਾ। ?ਇਸ ਤੋਂ ਇਲਾਵਾ ਮੀਟਿੰਗ ਵਿੱਚ ਡਾ ਸੁਰਿੰਦਰ ਸਿੰਘ, ਚਰਨ ਦਾਸ, ਗੁਰਪਿੰਦਰ ਇਸਪੁਰ, ਸੁਨੀਤਾ ਮੇਘੋਵਾਲ, ਰਜਨਦੀਪ ਕੌਰ, ਬਲਵਿੰਦਰ ਸਿੰਘ, ਨਰੇਸ਼ ਕੁਮਾਰ, ਸਤਵਿੰਦਰ ਸਿੰਘ, ਹਰਭਜ, ਬਲਵੀਰ ਸਿੰਘ, ਰਾਜ ਕੁਮਾਰ, ਗੁਰਮੀਤ ਸਿੰਘ, ਸੁਰਿੰਦਰ ਵਰਮਾ ਅਤੇ ਰਸ਼ਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਨੇ ਕਵੀ ਦਰਬਾਰ ਕਰਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬੀ ਸਾਹਿਤ ਸਭਾ (ਰਜਿ:), ਡੇਰਾਬੱਸੀ ਵੱਲੋਂ ਸ਼ਹੀਦ ਜਥੇਦਾਰ ਬਖਤਾਵਰ ਸਿੰਘ ਲਾਇਬ੍ਰੇਰੀ, ਭੰਖਰਪੁਰ ਵਿਖੇ ਮਾਸਿਕ ਇਕੱਤਰਤਾ ਕੀਤੀ ਗਈ। ਇਸ ਦੌਰਾਨ ਗਿਆਨੀ ਧਰਮ ਸਿੰਘ ਭੰਖਰਪੁਰ ਦੀ ਪ੍ਰਧਾਨਗੀ ਹੇਠ ਕਵੀ ਦਰਬਾਰ ਵੀ ਕਰਾਇਆ ਗਿਆ। ਇਸ ਕਵੀ ਦਰਬਾਰ ਦੀ ਸ਼ੁਰੂਆਤ ਅਨਿਲ ਚੌਹਾਨ ਨੇ ਆਪਣੀ ਕਵਿਤਾ 'ਯਾਦ' ਨਾਲ ਕੀਤੀ। ਇਸ ਤੋਂ ਬਾਅਦ ਗੁਰਮੁੱਖ ਸਿੰਘ ਪਰਾਗਪੁਰੀ ਨੇ 'ਸਾਥ ਨੂੰ ਸਾਥੀ ਦਾ ਰੰਗ', ਜਸਵੀਰ ਪਰਾਗਪੁਰੀ ਨੇ 'ਮੇਰਾ ਰੱਬ' ਅਤੇ ਐਡਵੋਕੇਟ ਕੰਵਲਜੀਤ ਸਿੰਘ ਨੇ 'ਹੁੰਦੀ ਪੱਗ ਨਾਲ ਸਿੱਖ ਦੀ ਪਛਾਣ' ਕਵਿਤਾਵਾਂ ਪੇਸ਼ ਕੀਤੀਆਂ। ਗੁਰਜਿੰਦਰ ਸਿੰਘ ਬੜਾਣਾ ਨੇ ਕੇਦਾਰਨਾਥ ਸਿੰਘ ਦੀ ਕਵਿਤਾ 'ਸ਼ਬਦ ਤੇ ਦਸਤਕ' ਦਾ ਪੰਜਾਬੀ ਰੂਪ ਪੇਸ਼ ਕੀਤਾ। ਐਡਵੋਕੇਟ ਅਨਮੋਲ ਸਿੰਘ ਨੇ ਦਲ ਬਦਲੂ ਨੇਤਾਵਾਂ 'ਤੇ ਲਿਖੀ ਰੰਜੀਵਨ ਸਿੰਘ ਦੀ ਵਿਅੰਗ ਕਵਿਤਾ 'ਸੀਨੀਅਰ ਲੀਡਰ ਹਾਂ ਅਸੀਂ' ਦਾ ਪਾਠ ਕੀਤਾ। ਸਿੱਖਿਆ ਕ੍ਰਾਂਤੀ ਦੇ ਪਿਤਾਮਾ ਜੋਤਿਬਾ ਫੂਲੇ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਸਭਾ ਦੇ ਪ੍ਰਧਾਨ ਜੈਲਦਾਰ ਸਿੰਘ ਹੱਸਮੁੱਖ ਨੇ ਉਹਨਾਂ ਦੀ ਜੀਵਨੀ 'ਤੇ ਲਿਖਿਆ ਗੀਤ ਸੁਣਾਇਆ। ਸੰਸਾਰ ਅੰਦਰ ਵੱਧ ਰਹੀ ਹਿੰਸਾ ਅਤੇ ਯੁੱਧ ਪ੍ਰਵਿਰਤੀ 'ਤੇ ਗੱਲ ਕਰਦਿਆਂ ਪ੍ਰੋ. ਰਵਿੰਦਰ ਸਿੰਘ ਨੇ ਚਿੱਤਰਕਾਰ ਪਾਬਲੋ ਪਿਕਾਸੋ ਦੀ ਮਸ਼ਹੂਰ ਪੇਂਟਿੰਗ ਗੁਰਨੀਕਾ ਬਾਰੇ ਜਾਣਕਾਰੀ ਸਾਂਝੀ ਕੀਤੀ। ਸ਼ਾਮ ਸਿੰਘ ਸੰਧੂ ਨੇ ਮਨੁੱਖੀ ਵਿਹਾਰ 'ਤੇ ਭਾਸ਼ਣ ਦੇ ਅਸਰ ਬਾਰੇ ਚਾਨਣਾ ਪਾਇਆ। ਸਤਿੰਦਰ ਸਿੰਘ ਭੰਖਰਪੁਰ ਅਤੇ ਗੁਰਮੀਤ ਸਿੰਘ ਭੰਖਰਪੁਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਅਖੀਰ ਵਿੱਚ ਗਿਆਨੀ ਧਰਮ ਸਿੰਘ ਭੰਖਰਪੁਰ ਨੇ ਆਪਣੀ ਕਵਿਤਾ 'ਗਰਮੀ ਬੜੀ ਹੈ ਯਾਰੋ ਬਚਕੇ ਰਹੋ' ਸੁਣਾਈ। ਸਭਾ ਦੇ ਪ੍ਰਧਾਨ ਜੈਲਦਾਰ ਸਿੰਘ ਹੱਸਮੁੱਖ ਨੇ ਆਏ ਹੋਏ ਸਮੂਹ ਸਾਹਿਤ ਪ੍ਰੇਮੀਆਂ ਦਾ ਧੰਨਵਾਦ ਕੀਤਾ।



# ਲੈਮਰਿਨ ਟੈਕ ਸਕਿੱਲਜ਼ 'ਵਰਸਿਟੀ ਨੇ ਇੰਡੋ-ਅਫ਼ਰੀਕਨ ਕਲਚਰਲ ਫੈਸਟ ਦੀ ਕੀਤੀ ਮੇਜ਼ਬਾਨੀ

**ਬਲਾਚੌਰ (ਜਸਵਿੰਦਰ ਬੈਂਸ)**

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਨੇ ਗਲੋਬਲ ਪਾਸ ਕਰੀਅਰ ਕੰਸਲਟੈਂਸੀ ਦੇ ਸਹਿਯੋਗ ਨਾਲ ਇੱਕ ਇੰਡੋ-ਅਫ਼ਰੀਕਨ ਕਲਚਰਲ ਫੈਸਟ ਦੀ ਮੇਜ਼ਬਾਨੀ ਕੀਤੀ। ਭਾਰਤ ਅਤੇ ਵੱਖ-ਵੱਖ ਅਫਰੀਕੀ ਦੇਸ਼ਾਂ ਦੇ ਵਿਦਿਆਰਥੀਆਂ ਨੇ ਇਸ ਫੈਸਟ ਅਤੇ ਸਪੋਰਟਸ ਟੂਰਨਾਮੈਂਟ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਉਦੇਸ਼ ਸੱਭਿਆਚਾਰਕ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨਾ ਅਤੇ ਆਪਸੀ ਸਮਝ ਨੂੰ ਮਜ਼ਬੂਤ ਕਰਨਾ ਸੀ।ਇਸ ਫੈਸਟੀਵਲ ਵਿੱਚ ਜੀਵੰਤ ਸੱਭਿਆਚਾਰਕ ਪ੍ਰਦਰਸ਼ਨ ਪੇਸ਼ ਕੀਤੇ ਗਏ, ਜਿੱਥੇ ਵਿਦਿਆਰਥੀਆਂ ਨੇ ਸੰਗੀਤ, ਨਾਚ ਤੇ ਰਵਾਇਤੀ ਪਹਿਰਾਵੇ ਰਾਹੀਂ ਆਪਣੀਆਂ ਪਰੰਪਰਾਵਾਂ ਦਾ ਪ੍ਰਦਰਸ਼ਨ ਕੀਤਾ।ਪੰਜਾਬ ਭਰ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਅਫਰੀਕੀ ਵਿਦਿਆਰਥੀਆਂ ਨੇ ਇਸ ਖੇਡ ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਪੁਰਸਕਾਰ ਸਮਾਰੋਹ ਦੌਰਾਨ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ, ਮਾਈਕਲ ਐਸ. ਗੋਨੋਹ ਨੂੰ ਪੰਜਾਬ ਦੇ ਸਰਵੋਤਮ ਕੋਚ, ਰੋਜ਼ਲੀਨ ਜ਼ੋਰੀਆ ਨੂੰ ਸਰਵੋਤਮ ਕ੍ਰਿਕਬਾਲ ਖਿਡਾਰੀ, ਐਨੋਕ ਪੀ ਵੇਹ ਨੂੰ ਸਰਵੋਤਮ ਫੁੱਟਬਾਲ ਖਿਡਾਰੀ ਅਤੇ ਸਕੈਲੀ ਐਂਟਰਟੇਨਮੈਂਟ ਨੂੰ ਸਰਵੋਤਮ ਈਵੈਂਟ ਖਿਡਾਰੀ ਵਜੋਂ ਸਨਮਾਨਿਤ ਕੀਤਾ ਗਿਆ।ਕੁੱਲ 11 ਵਿਦਿਆਰਥੀਆਂ ਨੂੰ ਅਕਾਦਮਿਕ ਉੱਤਮਤਾ ਲਈ ਵੀ ਸਨਮਾਨਤ ਕੀਤਾ ਗਿਆ। ਚੋਟੀ ਦੇ ਤਿੰਨ ਸਥਾਨ ਨੂਵੋ ਡੇਵਿਡ, ਜਾਰਜੀਨਾ ਕੇ. ਜ਼ੇਜਾਹ ਅਤੇ ਜਾਰਜ ਐੱਮ ਐੱਨ ਦਰਸਾਵ ਦੁਆਰਾ ਪ੍ਰਾਪਤ ਕੀਤੇ ਗਏ ਸਨ।ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ, ਰਿਮਟ ਯੂਨੀਵਰਸਿਟੀ, ਰਿਆਤ ਬਾਹਰਾ ਯੂਨੀਵਰਸਿਟੀ, ਲੁਧਿਆਣਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਪੰਜਾਬ ਕਾਲਜ ਆਫ਼ ਟੈਕਨੀਕਲ ਐਜੂਕੇਸ਼ਨ, ਦੇਸ਼ ਭਗਤ ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਸਿਨੇਟਿਕ ਬਿਜ਼ਨਸ ਸਕੂਲ ਦੀਆਂ ਟੀਮਾਂ ਨੇ ਟੂਰਨਾਮੈਂਟ ਵਿੱਚ ਹਿੱਸਾ ਲਿਆ।ਗੁਲਜ਼ਾਰ ਇੰਸਟੀਚਿਊਟਸ ਨੇ ਫੁੱਟਬਾਲ ਦਾ ਖਿਤਾਬ ਜਿੱਤਿਆ, ਜਦੋਂ ਕਿ ਲੁਧਿਆਣਾ ਕਾਲਜ ਆਫ਼ ਇੰਜੀਨੀਅਰਿੰਗ ਨੇ ਕ੍ਰਿਕਬਾਲ ਮੁਕਾਬਲੇ ਵਿੱਚ ਜਿੱਤ ਪ੍ਰਾਪਤ ਕੀਤੀ।



# ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

ਅੱਡਾ ਸਰਾਂ (ਜਸਵੀਰ ਕਾਜਲ)-ਡਾਕਟਰ ਬੀ ਆਰ ਅੰਬੇਡਕਰ ਦਾ 135ਵਾਂ ਜਨਮ ਦਿਵਸ ਪਿੰਡ ਨਾਨੋਵਾਲ ਵੈਦ ਵਿਖੇ ਮਨਾਇਆ ਗਿਆ। ਡਾਕਟਰ ਬੀ ਆਰ ਅੰਬੇਡਕਰ ਵੈਲਫੇਅਰ ਸੋਸਾਇਟੀ ਵੱਲੋਂ ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਵੱਖ-ਵੱਖ ਮਿਸ਼ਨਰੀ ਬੁਲਾਰਿਆਂ ਨੇ ਪਹੁੰਚ ਕੇ ਹਾਜ਼ਰੀ ਲਗਵਾਈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਬਾਬਾ ਸਾਹਿਬ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦੇ ਹੋਏ ਉਨਾਂ ਦੇ ਮਹਾਨ ਜੀਵਨ ਅਤੇ ਕ੍ਰਾਂਤੀਕਾਰੀ ਸੰਘਰਸ਼ ਤੇ ਚਾਨਣਾ ਪਾਉਂਦੇ ਹੋਏ ਉਸ ਸਮੇਂ ਦੇ ਹਾਲਾਤਾਂ ਦਾ ਵਰਣਨ ਕੀਤਾ। ਸਮਾਗਮ ਵਿੱਚ ਸੇਵਾ ਮੁਕਤ ਡਿਪਟੀ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਡਾਕਟਰ ਕੇਵਲ ਸਿੰਘ ਕਾਜਲ, ਬਸਪਾ ਹਲਕਾ ਇੰਚਾਰਜ ਟਾਂਡਾ ਸੁਰਜੀਤ ਪਾਲ ਨੇ ਵੀ ਬਾਬਾ ਸਾਹਿਬ ਦੇ ਜੀਵਨ ਤੇ ਚਾਨਣਾ ਪਾਉਂਦੇ ਹੋਏ ਉਹਨਾਂ ਦੇ ਸੰਘਰਸ਼ਮਈ ਜੀਵਨ ਤੋਂ ਪ੍ਰੇਰਨਾ ਲੈਣ ਲਈ ਕਿਹਾ। ਪ੍ਰੋਗਰਾਮ ਦੇ ਅਖੀਰ ਵਿੱਚ ਪੰਚ ਨਰਿੰਦਰ ਸਿੰਘ ਨੇ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕਰਨ ਦੇ ਨਾਲ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ। ਇਸ ਮੌਕੇ ਇੰਟਰਨੈਸ਼ਨਲ ਮਿਸ਼ਨਰੀ ਕਲਾਕਾਰ ਐਸਐਸ ਆਜ਼ਾਦ ਮਿਊਜ਼ੀਕਲ ਟੀਮ ਨੇ ਬਾਬਾ ਸਾਹਿਬ ਦੇ ਜੀਵਨ ਸੰਘਰਸ਼ ਤੇ ਰਚਨਾਵਾਂ ਗਾ ਕੇ ਬਾਬਾ ਸਾਹਿਬ ਦੇ ਜੀਵਨ ਇਤਿਹਾਸ ਨਾਲ ਜੋੜਿਆ।ਇਸ ਮੌਕੇ ਚੌਧਰੀ ਗੁਰਨਾਮ ਸਿੰਘ, ਦਲਜੀਤ ਰਾਏ, ਡਾ. ਜਸਪਾਲ ਸਿੰਘ ਸਰਪੰਚ, ਨਗਿੰਦਰ ਸਿੰਘ, ਪਰਮਜੀਤ ਸਿੰਘ ਪੰਚ ਹਰਬੰਸ ਲਾਲ, ਸੋਮਨਾਥ, ਬਲਵੀਰ ਸਿੰਘ, ਗੁਰਜੀਤ ਸਿੰਘ, ਜਤਿੰਦਰ ਸਿੰਘ, ਜਸਵੀਰ ਸਿੰਘ, ਸੰਤੋਖ ਸਿੰਘ, ਸਤਨਾਮ ਸਿੰਘ, ਮਾਸਟਰ ਬਲਵਿੰਦਰ ਸਿੰਘ ਸੀਕਰੀ, ਰਾਮ ਲਭਾਇਆ ਢੱਟਾ, ਚਰਨਜੀਤ ਪੜਬੱਗਾ, ਅੰਮ੍ਰਿਤ ਪਾਲ ਸਿੰਘ ਹਾਜ਼ਰ ਸਨ।



# ਨੰਨੜਾ ਰਾਮਗੜ੍ਹੀਆ ਸਭਾ ਮੋਹਾਲੀ ਦੇ ਪ੍ਰਧਾਨ ਬਣੇ

**ਮੋਹਾਲੀ (ਗੁਰਜੀਤ ਬਿੱਲਾ)**-ਰਾਮਗੜ੍ਹੀਆ ਸਭਾ ਮੋਹਾਲੀ ਦਾ ਜਨਰਲ ਇਜਲਾਸ ਹੋਇਆ, ਜਿਸ ਵਿੱਚ ਸਭਾ ਦੇ ਪ੍ਰਧਾਨ ਸੂਰਤ ਸਿੰਘ ਕਲਸੀ ਨੇ ਆਪਣਾ 2 ਸਾਲ ਦਾ ਕਾਰਜਕਾਲ ਪੂਰਾ ਹੋਣ 'ਤੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਮੇਟੀ ਭੰਗ ਕੀਤੀ। ਨਵੀਂ ਚੋਣ ਲਈ ਇੱਕ ਚੋਣ ਬੋਰਡ ਬਣਾਇਆ ਗਿਆ ਜਿਸ ਦੇ ਚੇਅਰਮੈਨ ਰਵਿੰਦਰ ਸਿੰਘ ਨਾਗੀ ਅਤੇ ਮੈਂਬਰ ਜਸਪਾਲ ਸਿੰਘ ਵਿਰਕ ਤੇ ਅਵਨਿੰਦਰ ਸਿੰਘ ਰੂਪਰਾਏ ਸਨ।ਚੋਣ ਪ੍ਰਕਿਰਿਆ ਦੌਰਾਨ ਗੁਰਚਰਨ ਸਿੰਘ ਨੰਨੜਾ ਨੂੰ ਸਰਬਸੰਮਤੀ ਨਾਲ ਨਵਾਂ ਪ੍ਰਧਾਨ ਚੁਣਿਆ ਗਿਆ। ਇਸ ਦੇ ਨਾਲ ਹੀ ਹਾਊਸ ਵੱਲੋਂ ਸਰਵਣ ਸਿੰਘ ਕਲਸੀ ਨੂੰ ਆਡੀਟਰ ਤੇ ਬਿਕਰਮਜੀਤ ਸਿੰਘ ਹੂੰਜਣ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਦੇ ਨਾਲ ਹੀ ਚੋਣ ਬੋਰਡ ਵੱਲੋਂ ਪ੍ਰਧਾਨ ਗੁਰਚਰਨ ਸਿੰਘ ਨੰਨੜਾ ਨੂੰ ਆਪਣੀ ਪ੍ਰਬੰਧਕ ਕਮੇਟੀ ਗਠਿੱਤ ਕਰਨ ਦੇ ਅਧਿਕਾਰ ਦਿੱਤੇ ਗਏ । ਇਹ ਜਾਣਕਾਰੀ ਜਨਰਲ ਸਕੱਤਰ ਬਿਕਰਮਜੀਤ ਸਿੰਘ ਹੂੰਜਣ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

# ਸੈਂਕੜੇ ਕਾਂਗਰਸੀ ਸ਼੍ਰੋਮਣੀ ਅਕਾਲੀ ਦਲ 'ਚ ਹੋਏ ਸ਼ਾਮਲ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**

ਸ਼੍ਰੋਮਣੀ ਅਕਾਲੀ ਦਲ ਨੇ ਸਭ ਤੋਂ ਪਹਿਲਾਂ ਜ਼ੀਰਕਪੁਰ ਵਿੱਚ ਚੋਣ ਬਿਗਲ ਵਜਾਉਣ ਦੇ ਨਾਲ-ਨਾਲ ਕਾਂਗਰਸ ਨੂੰ ਝਟਕਾ ਵੀ ਦਿੱਤਾ ਹੈ। ਸਾਬਕਾ ਵਿਧਾਇਕ ਅਤੇ ਅਕਾਲੀ ਦਲ ਦੇ ਖਜ਼ਾਨਚੀ ਐਨ.ਕੇ. ਸ਼ਰਮਾ ਨੇ ਕਾਂਗਰਸ ਕਰਮਚਾਰੀ ਸੰਗਠਨ ਏਟਕ ਯੂਨੀਅਨ ਜ਼ੀਰਕਪੁਰ ਜ਼ੋਨ ਦੇ ਪ੍ਰਧਾਨ ਰਵਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਸੈਂਕੜੇ ਕਾਂਗਰਸੀ ਵਰਕਰਾਂ ਨੂੰ ਅਕਾਲੀ ਦਲ ਵਿੱਚ ਸ਼ਾਮਲ ਕੀਤਾ। ਇਸ ਤੋਂ ਬਾਅਦ ਰਵਿੰਦਰ ਪਾਲ ਸਿੰਘ ਨੂੰ ਇੱਥੋਂ ਦੇ ਵਾਰਡ ਨੰਬਰ 15 ਤੋਂ ਅਕਾਲੀ ਦਲ ਦਾ ਇੰਚਾਰਜ ਐਲਾਨ ਦਿੱਤਾ।ਇਸ ਮੌਕੇ ਸਿੰਚਾਈ ਵਿਭਾਗ ਤੋਂ ਸੇਵਾਮੁਕਤ ਡਿਪਟੀ ਸਕੱਤਰ ਰਣਜੀਤ ਸਿੰਘ, ਸਮਾਜ ਸੇਵਿਕਾ ਸੁਰਜੀਤ ਕੌਰ, ਸ੍ਰੀਮਤੀ ਪੂਜਾ, ਡਾ. ਹਰਸਿਮਰਨ ਕੌਰ, ਅਵਨੀਤ ਕੌਰ, ਪੰਜਾਬ ਪੁਲਿਸ ਦੇ ਸੇਵਾਮੁਕਤ ਡੀਐਸਪੀ ਗੁਰਵਿੰਦਰ ਪਾਲ ਸਿੰਘ ਬੱਬੂ, ਪ੍ਰਸਿੱਧ ਕਾਰੋਬਾਰੀ ਹਰਿੰਦਰਪਾਲ ਸਿੰਘ ਡਿੰਪੀ, ਸੁਰਿੰਦਰ ਕੌਰ ਸ਼ਾਲੂ, ਜਸਕਰਨ ਸਿੰਘ, ਜਤਿੰਦਰਪਾਲ ਕੌਰ, ਪਰਮਜੀਤ ਕੌਰ, ਜਤਿਨ ਪਾਲ ਸਿੰਘ ਅਤੇ ਹੋਰ ਕਈ ਆਗੂਆਂ ਦਾ ਅਕਾਲੀ ਦਲ ਵਿੱਚ ਸਵਾਗਤ ਕਰਦੇ ਹੋਏ ਐਨ.ਕੇ. ਸ਼ਰਮਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਸਮਾਜ ਦੇ ਸਾਰੇ ਵਰਗਾਂ ਨੂੰ ਆਪਣੇ ਨਾਲ ਲੈ ਕੇ ਚੱਲਣ ਵਿੱਚ ਵਿਸ਼ਵਾਸ ਰੱਖਦਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਜ਼ੀਰਕਪੁਰ ਵਿੱਚ ਲਗਭਗ ਡੇਢ ਸਾਲ ਤੱਕ ਨਗਰ ਕੌਂਸਲ ਦੀ ਕੋਈ ਮੀਟਿੰਗ ਨਹੀਂ ਹੋਈ। ਐਨ ਕੇ ਸ਼ਰਮਾ ਨੇ ਸਾਰੇ ਵਰਕਰਾਂ ਅਤੇ ਵਸਨੀਕਾਂ ਨੂੰ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਾਰਿਆਂ ਨੂੰ ਇੱਕਜੁੱਟ ਹੋ ਕੇ ਆਮ ਆਦਮੀ ਪਾਰਟੀ ਨੂੰ ਪੰਜਾਬ ਦੀ ਰਾਜਨੀਤੀ ਤੋਂ ਬਾਹਰ ਕੱਢਿਆ ਜਾਵੇ। ਇਸ ਦੀ ਸ਼ੁਰੂਆਤ ਜ਼ੀਰਕਪੁਰ ਨਗਰ ਕੌਂਸਲ ਚੋਣਾਂ ਨਾਲ ਹੋਵੇਗੀ। ਸਮਾਗਮ ਵਿੱਚ ਮੌਜੂਦ ਵੱਡੀ ਗਿਣਤੀ ਵਿੱਚ ਲੋਕਾਂ ਨੇ ਹੱਥ ਖੜ੍ਹੇ ਕਰਕੇ ਅਕਾਲੀ ਦਲ ਦਾ ਸਮਰਥਨ ਕੀਤਾ।



# ਮੁਲਾਜ਼ਮ ਯੂਨੀਅਨਾਂ ਵੱਲੋਂ ਮਈ ਦਿਵਸ ਬੱਸ ਅੱਡਾ ਨਵਾਂਸ਼ਹਿਰ ਵਿਖੇ ਮਨਾਉਣ ਦਾ ਫੈਸਲਾ

**ਬੰਗਾ (ਅਵਤਾਰ ਕਲੇਰ)**-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਮਜ਼ਦੂਰ, ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਜੱਥੇਬੰਦੀਆਂ 1 ਮਈ ਨੂੰ ਬੱਸ ਅੱਡਾ ਨਵਾਂਸ਼ਹਿਰ ਵਿਖੇ ਸਾਂਝੇ ਤੌਰ 'ਤੇ ਕੌਮਾਂਤਰੀ ਮਜ਼ਦੂਰ ਦਿਵਸ ਮਨਾਉਣਗੀਆਂ।ਇਹ ਫੈਸਲਾ ਸਥਾਨਕ ਬਾਰਾਦਰੀ ਬਾਗ਼ ਵਿਖੇ ਸੀਟੂ ਪੰਜਾਬ ਦੇ ਸੂਬਾ ਜਨਰਲ ਸਕੱਤਰ ਮਹਾਂ ਸਿੰਘ ਰੌੜੀ ਦੀ ਪ੍ਰਧਾਨਗੀ ਹੇਠ ਹੋਈ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਵਿੱਚ ਕੀਤਾ ਗਿਆ ।ਇਹ ਜਾਣਕਾਰੀ ਦਿੰਦਿਆਂ ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸੀਟੂ ਦੇ ਆਗੂ ਮਾਸਟਰ ਪ੍ਰੇਮ ਰੱਕੜ, ਪੈਨਸ਼ਨਰਜ਼ ਯੂਨੀਅਨ ਦੇ ਆਗੂ ਕੁਲਦੀਪ ਦੌੜਕਾ, ਹਰਬਲਾਸ, ਜੇ ਪੀ ਐਮ ਓ ਦੇ ਆਗੂ ਸੁਰਿੰਦਰ ਭੱਟੀ ਰਾਹੋਂ, ਏਟਕ ਦੇ ਆਗੂ ਗੁਰਮੇਲ ਚੰਦ, ਰਾਮ ਆਸਰਾ ਸਿੰਘ ਤੇ ਇਫਟੂ ਦੇ ਸੂਬਾ ਸਕੱਤਰ ਅਵਤਾਰ ਸਿੰਘ ਤਾਰੀ ਅਤੇ ਗੁਰਦਿਆਲ ਰੱਕੜ ਸ਼ਾਮਿਲ ਹੋਏ। ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਈ ਦਿਵਸ ਦੇ ਸ਼ਹੀਦਾਂ ਦੀ ਸ਼ਹਾਦਤ ਸਾਨੂੰ ਮਜ਼ਦੂਰ ਜਮਾਤ ਦੇ ਹਿੱਤਾਂ ਲਈ ਤਿੱਖੇ ਸੰਘਰਸ਼ ਕਰਨ ਲਈ ਪ੍ਰੇਰਦੀ ਹੈ।ਉਹਨਾਂ ਕਿਹਾ ਕਿ ਮੋਦੀ ਸਰਕਾਰ ਚਾਰ ਲੇਬਰ ਕੋਡ ਲਾਗੂ ਕਰਨ ਦੀ ਤਾਕ ਵਿਚ ਹੈ ਜਿਹਨਾਂ ਰਾਹੀਂ ਮਾਲਕਾਂ ਨੂੰ ਮਜ਼ਦੂਰਾਂ ਦੀ ਮਨਮਰਜ਼ੀ ਨਾਲ ਲੁੱਟ ਕਰਨ ਦੀ ਖੁੱਲ ਮਿਲ ਜਾਵੇਗੀ। ਆਗੂਆਂ ਨੇ ਕਿਹਾ ਦੇਸ਼ ਦੇ ਵੱਖ ਵੱਖ ਭਾਗਾਂ ਵਿੱਚ ਚੱਲ ਰਹੇ ਮਜ਼ਦੂਰਾਂ ਦੇ ਅੰਦੋਲਨਾਂ ਨੂੰ ਦਬਾਉਣ ਲਈ ਸਰਕਾਰਾਂ ਉਲਟਾ ਮਜ਼ਦੂਰਾਂ 'ਤੇ ਦਮਨ ਢਾਹ ਰਹੀਆਂ ਹਨ। ਉਹਨਾਂ ਨੇ ਜਥੇਬੰਦੀਆਂ ਦੇ ਵਰਕਰਾਂ ਨੂੰ ਪਹਿਲੀ ਮਈ ਨੂੰ ਬੱਸ ਅੱਡਾ ਨਵਾਂਸ਼ਹਿਰ ਵਿਖੇ ਪਹੁੰਚਣ ਦੀ ਅਪੀਲ ਕੀਤੀ।

# ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀਆਂ ਅੱਖਾਂ ਦੀ ਜਾਂਚ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਪ੍ਰੋਜੈਕਟ ਚੇਅਰਮੈਨ ਅਸ਼ਵਨੀ ਕੁਮਾਰ ਦੱਤਾ ਦੀ ਅਗਵਾਈ ਹੇਠ ਸਰਕਾਰੀ ਐਲੀਮੈਂਟਰੀ ਸਕੂਲ ਬਸੀ ਜਾਨਾਂ ਵਿੱਚ ਅੱਖਾਂ ਦੇ ਚੈੱਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪ੍ਰਧਾਨ ਜੇ. ਬੀ. ਬਹਿਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਇਹ ਇੱਕ ਆਟੋਮੈਟਿਕ ਮਸ਼ੀਨ ਹੈ ਜਿਸ ਨਾਲ ਬੱਚਿਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾਂਦੀ ਹੈ ਅਤੇ ਜਾਂਚ ਤੋਂ ਬਾਅਦ ਮਸ਼ੀਨ ਨਾਲ ਜੁੜੇ ਪ੍ਰਿੰਟਰ ਰਾਹੀਂ ਤੁਰੰਤ ਸਲਿੱਪ ਨਿਕਲ ਆਉਂਦੀ ਹੈ, ਜਿਸ ਨਾਲ ਬੱਚਿਆਂ ਦੀਆਂ ਅੱਖਾਂ ਦੀ ਬਿਮਾਰੀ ਬਾਰੇ ਪਤਾ ਲੱਗ ਜਾਂਦਾ ਹੈ। ਇਸ ਤੋਂ ਬਾਅਦ ਬੱਚਿਆਂ ਨੂੰ ਸਿਵਲ ਹਸਪਤਾਲ ਰੈਫਰ ਕੀਤਾ ਜਾਂਦਾ ਹੈ ਤਾਂ ਜੋ ਸਮੇਂ ਸਿਰ ਇਲਾਜ ਹੋ ਸਕੇ।ਇਸ ਮੌਕੇ ਪ੍ਰੋਜੈਕਟ ਚੇਅਰਮੈਨ ਅਸ਼ਵਨੀ ਕੁਮਾਰ ਦੱਤਾ ਅਤੇ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ 147 ਬੱਚਿਆਂ ਦੀਆਂ ਅੱਖਾਂ ਦੀ ਜਾਂਚ ਤੋਂ ਬਾਅਦ 18 ਬੱਚਿਆਂ ਨੂੰ ਸਿਵਲ ਹਸਪਤਾਲ ਰੈਫਰ ਕੀਤਾ ਗਿਆ ਹੈ। ਉੱਥੇ ਬੱਚਿਆਂ ਦੀ ਜਾਂਚ ਲਈ ਖਾਸ ਦਿਨ ਨਿਰਧਾਰਤ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ ਅਤੇ ਬੱਚਿਆਂ ਦਾ ਇਲਾਜ ਮੁਫ਼ਤ ਕੀਤਾ ਜਾਵੇ। ਜੇ ਕਿਸੇ ਬੱਚੇ ਨੂੰ ਐਨਕ ਦੀ ਲੋੜ ਪੈਂਦੀ ਹੈ ਤਾਂ ਉਹ ਰੋਟਰੀ ਆਈ ਬੈਂਕ ਵੱਲੋਂ ਮੁਹੱਈਆ ਕਰਵਾਈ ਜਾਵੇਗੀ। ਇਸ ਸਮੇਂ ਵੀਨਾ ਚੋਪੜਾ, ਪ੍ਰੋ. ਦਲਜੀਤ ਸਿੰਘ, ਕ੍ਰਿਸ਼ਨ ਕਿਸ਼ੋਰ ਅਤੇ ਸਕੂਲ ਵੱਲੋਂ ਨਿਧੀ ਵਰਮਾ, ਵਿਪਨ ਕੁਮਾਰ, ਉਪਮਾ ਸ਼ਰਮਾ, ਹਰਦੀਪ ਸੋਨੂ, ਪਰਮਿੰਦਰ ਕੌਰ, ਬਲਜੀਤ ਕੌਰ ਆਦਿ ਹਾਜ਼ਰ ਸਨ।



# ਫਾਇਰ ਸਟੇਸ਼ਨ ਸਥਾਪਤ ਨਾ ਕਰਨ 'ਤੇ ਸ਼ਿਵ ਸੈਨਾ ਨੇ ਕੀਤਾ ਰੋਸ ਪ੍ਰਦਰਸ਼ਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਹਰ ਸਾਲ ਫਸਲਾਂ ਦੀ ਕਟਾਈ ਸਮੇਂ ਖੇਤਾਂ ਵਿੱਚ ਅੱਗ ਲੱਗਣ ਕਾਰਨ ਟਾਂਡਾ ਇਲਾਕੇ ਵਿੱਚ ਕਰੋੜਾਂ ਰੁਪਏ ਦੇ ਹੋ ਰਹੇ ਨੁਕਸਾਨ ਨੂੰ ਰੋਕਣ ਲਈ ਤੇ ਟਾਂਡਾ ਵਿਖੇ ਫਾਇਰ ਸਟੇਸ਼ਨ ਸਥਾਪਿਤ ਕਰਵਾਉਣ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਵਿੱਚ ਸ਼ਿਵ ਸੈਨਾ ਦੇ ਦਫਤਰ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਨੇ ਆਗੂਆਂ ਨੇ ਭਾਗ ਲਿਆ।ਮੀਟਿੰਗ 'ਚ ਸ਼ਿਵ ਸੈਨਾ ਦੇ ਦੋਆਬਾ ਪ੍ਰਧਾਨ ਸ਼ਿਵਮ ਵੈਦ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਅਵਾਧਸ ਪੰਜਾਬ ਦੇ ਚੇਅਰਮੈਨ ਗਗਨ ਭੱਟੀ, ਬੇਟ ਏਰੀਆ ਪ੍ਰਧਾਨ ਅਤੇ ਜਲੰਧਰ ਯੁਵਾ ਇੰਚਾਰਜ ਗਗਨ ਪਰੋਜ, ਹਿੰਦੂ ਨੇਤਾ ਗਿੰਦਾ ਪਰੋਜ, ਸਨਾਤਨ ਧਰਮ ਸਭਾ ਕਲੋਇਆਂ ਦੇ ਪ੍ਰਧਾਨ ਆਕਾਸ਼ ਰਾਣਾ, ਯੁਵਾ ਨੇਤਾ ਜਿੰਦਰ ਬਨਿਆਲ, ਹਿੰਦੂ ਨੇਤਾ ਸੁਧਾਂਸ਼ੂ ਮਲਹੋਤਰਾ, ਯੁਵਾ ਨੇਤਾ ਹਰਜੀਤ ਸਿੰਘ ਬਘੇਲ ਅਤੇ ਗੌਰਵ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਿੱਕੀ ਪੰਡਿਤ ਨੇ ਕਿਹਾ ਕਿ ਕਾਫ਼ੀ ਸਾਲ ਪਹਿਲਾਂ ਇਲਾਕੇ ਦੇ ਲੋਕਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਟਾਂਡਾ ਨਗਰ ਕੌਂਸਲ ਵਿਖੇ ਇੱਕ ਫਾਇਰ ਬ੍ਰਿਗੇਡ ਦੀ ਗੱਡੀ ਭੇਜੀ ਗਈ ਸੀ ਪਰ ਉਸ ਨੂੰ ਚਲਾਉਣ ਲਈ ਡਰਾਈਵਰ ਤੇ ਫਾਇਰ ਬ੍ਰਿਗੇਡ ਮੁਲਾਜ਼ਮ ਨਾ ਭੇਜਣ ਕਾਰਨ ਕਾਫੀ ਸਮੇਂ ਬਾਅਦ ਇਹ ਫਾਇਰ ਬ੍ਰਿਗੇਡ ਦੀ ਗੱਡੀ ਵਾਪਸ ਭੇਜ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਉਸ ਤੋਂ ਬਾਅਦ ਅੱਜ ਤੱਕ ਫਾਇਰ ਬ੍ਰਿਗੇਡ ਸਟੇਸ਼ਨ ਟਾਂਡਾ ਵਿਖੇ ਨਾ ਹੋਣ ਕਾਰਨ ਇਲਾਕੇ ਦੇ ਕਿਸੇ ਵੀ ਘਰ ਵਿੱਚ ਅੱਗ ਲੱਗ ਜਾਵੇ ਤਾਂ ਉਸ ਘਰ ਵਾਲਿਆਂ ਦਾ ਕਾਫ਼ੀ ਨੁਕਸਾਨ ਹੋ ਜਾਂਦਾ ਹੈ।ਇਲਾਕੇ ਵਿੱਚ ਕਿਸਾਨਾਂ ਦੇ ਖੇਤਾਂ ਤੋਂ ਇਲਾਵਾ ਕਿਸੇ ਦੁਕਾਨ ਵਿੱਚ ਅੱਗ ਲੱਗ ਜਾਵੇ ਤਾਂ ਉਸ ਦਾ ਬਹੁਤ ਜਿਆਦਾ ਨੁਕਸਾਨ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਫਾਇਰ ਬ੍ਰਿਗੇਡ ਦੀ ਗੱਡੀ ਮੰਗਵਾਉਣ ਲਈ ਹੁਸ਼ਿਆਰਪੁਰ ਅਤੇ ਉੱਚੀ ਬਸੀ ਆਦੀ ਇਲਾਕਿਆਂ ਤੋਂ ਮੰਗਵਾਉਣੀ ਪੈਂਦੀ ਹੈ ਜਿਸ ਨੂੰ ਮੰਗਵਾਉਣ ਵਿੱਚ ਕਾਫ਼ੀ ਸਮਾਂ ਲੱਗ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੰਬਾ ਸਫ਼ਰ ਤੈਅ ਕਰਨ ਕਾਰਨ ਅੱਗ ਵਾਲੇ ਸਥਾਨ ਤੇ ਪਹੁੰਚਣ ਵਿੱਚ ਕਾਫ਼ੀ ਦੇਰੀ ਹੋ ਜਾਂਦੀ ਹੈ ਜਿਸ ਕਾਰਨ ਕਾਫ਼ੀ ਨੁਕਸਾਨ ਹੋ ਚੁੱਕਿਆ ਹੁੰਦਾ ਹੈ।ਮਿਕੀ ਪੰਡਿਤ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਤੇ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਕਿਹਾ ਕਿ ਇਲਾਕੇ ਦੀਆਂ ਫ਼ਸਲਾਂ ਦੇ ਹੋ ਰਹੇ ਨੁਕਸਾਨ ਤੋਂ ਇਲਾਵਾ ਸ਼ਹਿਰ ਵਾਸੀਆਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਟਾਂਡਾ ਸ਼ਹਿਰ ਵਿੱਚ ਜਲਦ ਤੋਂ ਜਲਦ ਫਾਇਰ ਸਟੇਸ਼ਨ ਸਥਾਪਿਤ ਕਰੇ।ਇਸ ਮੌਕੇ ਤੇ ਸ਼ਿਵ ਸੈਨਾ ਦੀ ਕਾਰਗੁਜ਼ਾਰੀਆਂ ਤੋਂ ਪ੍ਰਭਾਵਿਤ ਹੋ ਕੇ ਰਵੀ ਖੁੱਡਾ ਆਪਣੇ ਸਾਥੀਆਂ ਸਮੇਤ ਸ਼ਿਵ ਸੈਨਾ ਪੰਜਾਬ ਵਿੱਚ ਸ਼ਾਮਿਲ ਹੋ ਗਏ।



# ਜਸਵੀਰ ਸਿੰਘ ਗੜ੍ਹੀ ਸਨਮਾਨਤ



**ਆਦਮਪੁਰ (ਪਰਮਜੀਤ ਸਿੰਘ)**-ਬੀਤੇ ਦਿਨੀਂ ਪੰਜਾਬ ਦੀ ਨਾਮਵਰ ਸ਼ਖ਼ਸੀਅਤ ਐਸੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨਾਲ ਡਾ ਬੀ ਆਰ ਅੰਬੇਡਕਰ ਭਵਨ ਵਿਖੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ, ਟੋਨੀ ਕੰਦੋਲਾ ਤੇ ਬੇਅੰਤ ਸਾਥੀਆਂ ਸਮੇਤ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਵੱਡਮੁੱਲੀਆਂ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਡਰੋਲੀ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੀ ਸਮੁੱਚੀ ਟੀਮ ਵੱਲੋਂ ਸਨਮਾਨਤ ਕੀਤਾ।

# ਦਸਵੀਂ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਉਤਸ਼ਾਹ-ਪੂਰਵਕ ਮਨਾਇਆ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**

ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਅਮਰੀਕ ਸਿੰਘ ਅੰਮ੍ਰਿਤਸਰ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜਥੇ ਨੇ ਖਾਲਸਾ ਪੰਥ ਦੀ ਮਾਤਾ ਸਾਹਿਬ ਕੌਰ ਜੀ ਦਾ ਜੀਵਨ ਬ੍ਰਿਤਾਂਤ ਅਤੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਉਨ੍ਹਾਂ ਨੂੰ ਖਾਲਸਾ ਪੰਥ ਦੀ ਮਾਤਾ ਦਾ ਖਿਤਾਬ ਦੇਣ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਜਾਣੂ ਕਰਵਾਇਆ।

ਰਾਗ ਸਮਰਾਟ ਭਾਈ ਗੁਰਮੀਤ ਸਿੰਘ ਸ਼ਾਂਤ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਇਲਾਹੀ ਬਾਣੀ ਨਾਲ ਗਵਾ ਕੇ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਪਰਦੀਪ ਸਿੰਘ ਗੁਰਦੁਆਰਾ ਗੁਰਸ਼ਬਦ ਪ੍ਰਕਾਸ਼ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਬਾਬਾ ਬੁੱਢਾ ਜੀ ਵੱਲੋਂ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਕਰਵਾਉਣ ਅਤੇ ਖੰਡੇ ਬਾਟੇ ਦੇ ਅੰਮ੍ਰਿਤ ਦੀ ਮਹੱਤਤਾ ਦੱਸਦੇ ਹੋਏ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ।

ਇਸ ਤੋਂ ਇਲਾਵਾ ਭਾਈ ਅਜਮੇਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਬਲਜਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ ਵਾਲੇ, ਭਾਈ ਗੁਰਨਾਮ ਸਿੰਘ ਜਵੱਦੀ ਟਕਸਾਲ ਵਾਲੇ, ਭਾਈ ਹਰਪ੍ਰੀਤ ਸਿੰਘ ਦਮਦਮੀ ਟਕਸਾਲ, ਭਾਈ ਸ਼ਮਸ਼ੇਰ ਸਿੰਘ ਜੀ ਜਵੱਦੀ ਟਕਸਾਲ, ਭਾਈ ਸੰਦੀਪ ਸਿੰਘ ਜੀ ਅਨੰਦਪੁਰ ਸਾਹਿਬ ਵਾਲਿਆਂ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਹਰਬਖ਼ਸ਼ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ । ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।

# ਵਿਕਾਸ ਕਾਰਜਾਂ ਲਈ ਫੰਡ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਕੁਲਵੰਤ ਸਿੰਘ



**ਮੋਹਾਲੀ (ਗੁਰਜੀਤ ਬਿੱਲਾ)**

ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਕਾਰਜਾਂ ਦੇ ਲਈ ਫੰਡ ਦੀ ਕਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਮੋਹਾਲੀ ਸਮੇਤ ਪੰਜਾਬ ਭਰ ਵਿੱਚ ਵਿਕਾਸ ਕਾਰਜ ਵੱਡੀ ਪੱਧਰ 'ਤੇ ਚੱਲ ਰਹੇ ਹਨ, ਲੋਕਾਂ ਦੀਆਂ ਸਮੱਸਿਆਵਾਂ ਦਾ ਵੀ ਸਮਾਂ ਰਹਿੰਦਿਆਂ ਹੱਲ ਕੀਤਾ ਜਾ ਰਿਹਾ ਹੈ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਜਿਹੜੇ ਮਸਲੇ ਸਮੇਂ ਦੀਆਂ ਸਰਕਾਰਾਂ ਤੇ ਕੋਲ ਲੰਮੇ ਸਮੇਂ ਤੋਂ ਲੋਕਾਂ ਦੇ ਲਟਕ ਰਹੇ ਸਨ, ਉਹਨਾਂ ਦਾ ਸਥਾਈ ਹੱਲ ਭਗਵੰਤ ਸਿੰਘ ਮਾਨ ਦੀ ਸਰਕਾਰ ਦੁਆਰਾ ਕੀਤਾ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੋਹਾਲੀ ਵਿੱਚ ਜਦੋਂ ਨਹਿਰੀ ਪਾਣੀ ਆਇਆ, ਉਹ ਵੀ ਮੇਰੇ ਬਤੌਰ ਮੇਅਰ ਮੋਹਾਲੀ ਕਾਰਪੋਰੇਸ਼ਨ ਦੇ ਕਾਰਜਕਾਲ ਦੌਰਾਨ ਹੀ ਆਇਆ, ਮੋਹਾਲੀ ਸ਼ਹਿਰ 'ਚ ਜਿੰਨੇ ਵੀ ਟਿਊਬਵੈੱਲ ਲੱਗੇ ਹੋਏ ਹਨ, ਕਾਰਪੋਰੇਸ਼ਨ ਵੀ ਚਲਾ ਰਹੀਆ ਤੇ ਗਮਾਡਾ ਵੱਲੋਂ ਵੀ ਚਲਾਏ ਜਾ ਰਹੇ ਹਨ, ਅਤੇ ਸਾਡੀ ਇਹ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਪੀਣ ਵਾਲਾ ਪਾਣੀ ਸਾਫ ਸੁਥਰਾ ਅਤੇ ਸਮਾਂ ਰਹਿੰਦਿਆਂ ਲੋਕਾਂ ਤੱਕ ਪੁੱਜਦਾ ਰਹੇ ਅਤੇ ਕਿਸੇ ਨੂੰ ਵੀ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਇਹ ਗੱਲ ਕਹੀ, ਵਿਧਾਇਕ ਕੁਲਵੰਤ ਸਿੰਘ ਟੀ,.ਡੀ.ਆਈ. ਵਿਖੇ ਲੋਕਾਂ ਦੀ ਸਮੱਸਿਆ ਸੁਣਣ ਦੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।

# ਵਧਾਇਕ ਰੰਧਾਵਾ ਵੱਲੋਂ ਮੁਬਾਰਿਕਪੁਰ ਤੇ ਸਨੌਲੀ ਤੋਂ ਦੋ ਬੱਸਾਂ ਅੰਮ੍ਰਿਤਸਰ ਲਈ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਲਈ 26ਵੀਂ ਅਤੇ 27ਵੀਂ ਬੱਸ ਨੂੰ ਰਵਾਨਾ ਕੀਤਾ ਗਿਆ। ਇਹ ਬੱਸਾਂ ਮੁਬਾਰਿਕਪੁਰ ਅਤੇ ਸਨੌਲੀ ਤੋਂ ਸ਼ਰਧਾਲੂਆਂ ਨੂੰ ਸ੍ਰੀ ਦਰਬਾਰ ਸਾਹਿਬ ਸਮੇਤ ਹੋਰ ਪ੍ਰਸਿੱਧ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਲੈ ਕੇ ਗਈਆਂ ਹਨ।ਤਿੰਨ ਦਿਨਾਂ ਦੀ ਇਸ ਯਾਤਰਾ ਦੌਰਾਨ ਸੰਗਤਾਂ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ਼ ਅਤੇ ਵਾਹਗਾ ਸਰਹੱਦ ਜਾਣਗੀਆਂ। ਇਹ ਯਾਤਰਾ ਅਤੇ ਰਹਿਣ ਸਹਿਣ ਪੰਜਾਬ ਸਰਕਾਰ ਵੱਲੋਂ ਆਪਣੇ ਪ੍ਰਬੰਧਾਂ ਤਹਿਤ ਕਰਵਾਈ ਜਾਵੇਗੀ ਅਤੇ ਕਿਸੇ ਵੀ ਸ਼ਰਧਾਲੂ ਨੂੰ ਕੋਈ ਖਰਚਾ ਨਹੀਂ ਦੇਣਾ ਪਵੇਗਾ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਹੇਠ ਵੱਡੀ ਗਿਣਤੀ ਵਿੱਚ ਸ਼ਰਧਾਲੂ ਇਸ ਸਹੂਲਤ ਦਾ ਲਾਭ ਉਠਾ ਰਹੇ ਹਨ।ਵਿਧਾਇਕ ਨੇ ਸ਼ਰਧਾਲੂਆਂ ਨੂੰ ਸੁਖਮਈ ਅਤੇ ਸੁਰੱਖਿਅਤ ਯਾਤਰਾ ਲਈ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।



# ਅੱਗ ਨਾਲ 7 ਏਕੜ ਕਣਕ ਦਾ ਨਾੜ ਸੜਿਆ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**



ਪਿੰਡ ਹਾਫਿਜ਼ਾਬਾਦ ਵਿਖੇ ਕਣਕ ਦੇ ਨਾੜ ਨੂੰ ਅਚਾਨਕ ਬਿਜਲੀ ਦੀਆਂ ਤਾਰਾਂ ਵਿੱਚੋਂ ਹੋਈ ਸਪਾਰਕਿੰਗ ਕਾਰਨ ਅੱਗ ਲੱਗਣ ਨਾਲ ਪਿੰਡ ਦੇ ਕਿਸਾਨਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਣ ਦੀ ਖ਼ਬਰ ਪ੍ਰਾਪਤ ਹੋਈ ਹੈ। ਕਿਸਾਨ ਗੁਰਿੰਦਰ ਸਿੰਘ ਅਤੇ ਲਖਵੀਰ ਸਿੰਘ ਲੱਖੀ ਨੇ ਦੱਸਿਆ ਕਿ ਬਿਜਲੀ ਬੋਰਡ ਵੱਲੋਂ ਕਿਸਾਨਾਂ ਦੀਆਂ ਮੋਟਰਾਂ ਦੀ ਸਪਲਾਈ ਲਈ ਪਾਈਆਂ ਤਾਰਾਂ ਢਿੱਲੀਆਂ ਹੋਣ ਕਾਰਨ ਕਈ ਜਗਾ ਤੇ ਆਪਸ ਵਿੱਚ ਇੱਕਜੁਟ ਹੁੰਦੀਆਂ ਹਨ , ਜਿਨ੍ਹਾਂ ਵਿੱਚ ਅਚਾਨਕ ਸਪਾਰਕਿੰਗ ਹੋਣ ਕਾਰਨ ਲੱਗੀ ਇਸ ਭਿਆਨਕ ਅੱਗ ਕਾਰਨ ਕਿਸਾਨ ਗੁਰਿੰਦਰ ਸਿੰਘ ਦੀ 2 ਏਕੜ ਕਣਕ ਦਾ ਨਾੜ, ਕਿਸਾਨ ਲਖਬੀਰ ਸਿੰਘ ਦੀ 3 ਏਕੜ ਕਣਕ ਦਾ ਨਾੜ ਅਤੇ ਕਿਸਾਨ ਹਰਜੀਤ ਸਿੰਘ ਦੀ 2 ਏਕੜ ਕਣਕ ਦਾ ਨਾੜ ਸੜਕੇ ਰਾਖ ਹੋ ਗਿਆ । ਉਕਤ ਕਿਸਾਨਾਂ ਨੇ ਦੱਸਿਆ ਕਿ ਇਸ ਨਾੜ ਦੀ ਪਸ਼ੂਆਂ ਲਈ ਤੂੜੀ ਬਣਾਉਣੀ ਸੀ। ਉਨ੍ਹਾਂ ਦੱਸਿਆ ਕਿ ਨਾੜ ਨੂੰ ਅੱਗ ਲੱਗਣ ਨਾਲ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਵੱਡੀ ਸੱਟ ਵੱਜੀ ਹੈ ਅਤੇ ਹਰੇਕ ਕਿਸਾਨ ਦਾ ਬਹੁਤ ਭਾਰੀ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਅੱਗ ਇੰਨੀ ਤੇਜ਼ ਸੀ ਕਿ ਇਸ ਨੇ ਨਾੜ ਤੋਂ ਇਲਾਵਾ ਨੇੜਲੇ ਖੇਤਾਂ ਵਿੱਚ ਖੜ੍ਹੀ ਮੱਕੀ ਦੀ ਫ਼ਸਲ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ, ਜਿਸ ਨਾਲ ਮੱਕੀ ਦੀ ਫ਼ਸਲ ਦਾ ਕਾਫੀ ਨੁਕਸਾਨ ਹੋਇਆ ਹੈ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਪਿੰਡ ਵਾਸੀ ਇਕੱਠੇ ਹੋ ਗਏ ਅਤੇ ਆਪਣੇ ਪੱਧਰ 'ਤੇ ਟਰੈਕਟਰਾਂ ਅਤੇ ਹੋਰ ਸਾਧਨਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ। ਪਿੰਡ ਵਾਸੀਆਂ ਦੀ ਸੂਝ-ਬੂਝ ਅਤੇ ਸਖ਼ਤ ਮਿਹਨਤ ਸਦਕਾ ਅੱਗ ਨੂੰ ਹੋਰ ਵਧਣ ਤੋਂ ਰੋਕ ਲਿਆ ਗਿਆ।ਹਾਲਾਂਕਿ, ਇਸ ਦੌਰਾਨ ਪ੍ਰਸ਼ਾਸਨਿਕ ਢਿੱਲ ਵੀ ਦੇਖਣ ਨੂੰ ਮਿਲੀ। ਚਮਕੌਰ ਸਾਹਿਬ ਤੋਂ ਫਾਇਰ ਬ੍ਰਿਗੇਡ ਦੀ ਗੱਡੀ ਉਸ ਸਮੇਂ ਘਟਨਾ ਸਥਾਨ 'ਤੇ ਪਹੁੰਚੀ, ਜਦੋਂ ਪਿੰਡ ਵਾਸੀ ਪਹਿਲਾਂ ਹੀ ਅੱਗ 'ਤੇ ਕਾਬੂ ਪਾ ਚੁੱਕੇ ਸਨ। ਇਲਾਕੇ ਦੇ ਸਮਾਜ ਸੇਵੀ ਬਲਦੇਵ ਸਿੰਘ ਹਾਫਿਜ਼ਾਬਾਦ ਨੇ ਘਟਨਾ ਦਾ ਜਾਇਜ਼ਾ ਲਿਆ ਤੇ ਪੀੜਤ ਕਿਸਾਨਾਂ ਨਾਲ ਹਮਦਰਦੀ ਪ੍ਰਗਟਾਈ। ਉਨ੍ਹਾਂ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਕਿ ਪੀੜਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਜਲਦੀ ਦਿੱਤਾ ਜਾਵੇ।

# ਕੰਗ ਵੱਲੋਂ ਵਿਕਾਸ ਕਾਰਜਾਂ ਦਾ ਉਦਘਾਟਨ

**ਬੰਗਾ (ਅਵਤਾਰ ਕਲੇਰ)**

ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਮਲਵਿੰਦਰ ਸਿੰਘ ਕੰਗ ਨੇ ਗ੍ਰਾਮ ਪੰਚਾਇਤ ਪਿੰਡ ਸਰਹਾਲ ਕਾਜ਼ੀਆਂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਤੇ ਉਨ੍ਹਾਂ ਨਾਲ ਵਾਈਸ



ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਕੁਲਜੀਤ ਸਰਹਾਲ ਵੀ ਹਾਜ਼ਰ ਸਨ। ਇਸ ਦੌਰਾਨ ਮੈਂਬਰ ਪਾਰਲੀਮੈਂਟ ਵੱਲੋਂ ਪਿੰਡ ਵਾਸੀਆਂ ਦੀ ਸਹੂਲਤ ਲਈ ਨਵੇਂ ਬਣੇ ਕਮਿਊਨਿਟੀ ਹਾਲ ਤੇ ਸ਼ਮਸ਼ਾਨਘਾਟ ਦਾ ਉਦਘਾਟਨ ਕਰਕੇ ਇਹ ਲੋਕ ਅਰਪਣ ਕੀਤੇ ਗਏ। ਉਹਨਾਂ ਦੱਸਿਆ ਕਿ ਪਿੰਡ ਸਰਹਾਲ ਕਾਜ਼ੀਆਂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਤੇ 9 ਲੱਖ ਰੁਪਏ ਖਰਚ ਕੀਤੇ ਗਏ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪਿੰਡਾਂ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਮਿਊਨਿਟੀ ਹਾਲ ਦੇ ਬਣਨ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ ਤੇ ਸੱਭਿਆਚਾਰਕ ਸਮਾਗਮਾਂ ਲਈ ਢੁੱਕਵੀਂ ਥਾਂ ਮਿਲੀ ਹੈ, ਜਦਕਿ ਸ਼ਮਸ਼ਾਨਘਾਟ ਦੀ ਸ਼ੈੱਡ ਬਣਨ ਅਤੇ ਹੋਰ ਕੰਮ ਨਾਲ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ।ਉਨ੍ਹਾਂ ਦੱਸਿਆ ਕਿ ਬੰਗਾ ਹਲਕੇ ਦੇ ਸਾਰੇ ਪਿੰਡਾਂ ਵਿੱਚ ਲੋੜ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਗ੍ਰਾਮ ਪੰਚਾਇਤ ਨੂੰ ਸਰਕਾਰੀ ਗ੍ਰਾਂਟਾਂ ਦੀ ਸਹੀ ਵਰਤੋਂ ਕਰਨ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਬਰਕਰਾਰ ਰੱਖਣ ਲਈ ਵੀ ਕਿਹਾ। ਉਹਨਾਂ ਨੇ ਕਿਹਾ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਮਿਆਰੀ ਕੰਮ ਯਕੀਨੀ ਬਣਾਇਆ ਜਾ ਰਿਹਾ ਹੈ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਬੰਗਾ ਬਲਬੀਰ ਕਰਨਾਣਾ, ਸਰਪੰਚ, ਪੰਚਾਇਤ ਮੈਂਬਰ, ਬੀ ਡੀ ਪੀ ਓ, ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਪਿੰਡ ਵਾਸੀ ਹਾਜ਼ਰ ਸਨ।

# ਸੀ ਬੀ ਐੱਸ ਈ ਨੇ ਪੰਜਾਬੀ ਵਿਸ਼ੇ ਸੰਬੰਧੀ ਕਪੈਸਟੀ ਬਿਲਡਿੰਗ ਪ੍ਰੋਗਰਾਮ ਕਰਵਾਇਆ



**ਫਿਲੌਰ (ਨਿਰਮਲ)**

ਸਥਾਨਕ ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ, ਫਿਲੌਰ ਵਿੱਚ ਸੀ ਬੀ ਐੱਸ ਈ ਵੱਲੋਂ ਪੰਜਾਬੀ (ਸਕੈਂਡਰੀ ਜਮਾਤਾਂ) ਵਿਸ਼ੇ ਸੰਬੰਧੀ ਇੱਕ ਪ੍ਰਭਾਵਸ਼ਾਲੀ ਕਪੈਸਟੀ ਬਿਲਡਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਮਾਨਯੋਗ ਰਿਸੋਰਸ ਪਰਸਨ ਡਾ. ਰਜਿੰਦਰ ਸਿੰਘ ਕੰਬੋਜ (ਗੌਰਮਿੰਟ ਮਾਡਲ ਹਾਈ ਸਕੂਲ, ਸੈਕਟਰ 43,ਚੰਡੀਗੜ੍ਹ) ਤੇ ਨਸੀਮ ਬਾਨੋ (ਪ੍ਰਿੰਸੀਪਲ ਸ ਬ ਰ ਸ ਗੁਰੂਕੁਲ, ਮਹਿਣਾ, ਮੋਗਾ) ਨੇ ਆਪਣੇ ਵਿਸ਼ਾਲ ਅਨੁਭਵ ਤੇ ਗਿਆਨ ਨਾਲ ਅਧਿਆਪਕਾਂ ਨੂੰ ਸਮਰੱਥ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਰੌਚਕ ਗਤੀਵਿਧੀ ਨਾਲ ਹੋਈ, ਜਿਸ ਰਾਹੀਂ ਮਨੁੱਖ ਦੇ ਸਰੀਰਕ ਤੇ ਮਾਨਸਿਕ ਵਿਕਾਸ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਵਿੱਚ ਨਵੀਂ ਸਿੱਖਿਆ ਨੀਤੀ 2020 ਤੇ ਐੱਨ ਸੀ ਐੱਫ ਦੇ ਪ੍ਰਸੰਗ ਵਿੱਚ ਭਾਸ਼ਾ ਅਧਿਐਨ ਦੇ ਮੁੱਢਲੇ ਪੱਖਾਂ-ਬੋਲਚਾਲ ਅਤੇ ਲਿਖਤ ਭਾਸ਼ਾ ਦੀ ਸ਼ੁੱਧਤਾ ਅਤੇ ਸਪਰੇਅ ਡਾਇਗਰਾਮ ਰਾਹੀਂ ਸਥਾਈ ਸਿੱਖਿਆ, ਸ਼ਬਦਾਵਲੀ ਦੀ ਸਹੀ ਵਰਤੋਂ ਅਤੇ ਪੱਤਰ ਲੇਖਣ ਦੇ ਤਰੀਕਿਆਂ 'ਤੇ ਵਿਸਥਾਰ ਵਿੱਚ ਚਰਚਾ ਕੀਤੀ ਤੇ ਸੰਬੰਧਤ ਨਿਯਮਾਵਲੀ ਤੋਂ ਜਾਣੂ ਕਰਵਾਇਆ।ਲੋਕ ਗੀਤਾਂ ਵਿੱਚ ਵਰਤੇ ਜਾਣ ਵਾਲੇ ਪੁਰਾਤਨ ਅਖਾਣ ਅਤੇ ਮੁਹਾਵਰਿਆਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦੀ ਮਹੱਤਤਾ ਉਜਾਗਰ ਕੀਤੀ ਗਈ। ਇਸ ਦੇ ਨਾਲ ਹੀ ਵਿਸ਼ਰਾਮ ਚਿੰਨ੍ਹਾਂ ਦੀ ਅਹਿਮੀਅਤ ਨੂੰ ਵੀ ਰੌਸ਼ਨ ਕੀਤਾ ਗਿਆ। ਭਾਗੀਦਾਰ ਅਧਿਆਪਕਾਂ ਦੀ ਜਾਣ-ਪਛਾਣ ਇੱਕ ਮਨੋਰੰਜਕ ਮੁਹਾਵਰਾ ਗਤੀਵਿਧੀ ਰਾਹੀਂ ਕਰਵਾਈ ਗਈ, ਜਿਸ ਨਾਲ ਸਿਖਲਾਈ ਹੋਰ ਵੀ ਜੀਵੰਤ ਬਣੀ।ਅੱਗੇ ਚਲ ਕੇ ਵਿਸ਼ਵ ਭਾਸ਼ਾਵਾਂ, ਪੰਜਾਬੀ ਵਰਨਮਾਲਾ ਅਤੇ ਲਿਪੀ ਦੇ ਅੰਤਰ, ਅਤੇ ਉਰਦੂ-ਫਾਰਸੀ ਅੱਖਰਾਂ ਦੇ ਪ੍ਰਭਾਵ ਅਤੇ ਪੰਜਾਬੀ ਸ਼ਬਦ ਖੇਡਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

# ਨੌਜਵਾਨ ਭਾਰਤ ਸਭਾ ਵੱਲੋਂ ਪੀ ਐੱਸ ਯੂ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਨੌਜਵਾਨ ਭਾਰਤ ਸਭਾ ਵੱਲੋਂ ਜੀਦਾ ਸਪੋਰਟਕਿੰਗ ਫੈਕਟਰੀ ਦੇ ਮਜਦੂਰਾਂ ਦੀ ਅਗਵਾਈ ਕਰ ਰਹੇ ਸੂਬਾ ਪ੍ਰਧਾਨ ਮੰਗਾ ਅਜਾਦ, ਸੁਖਬੀਰ ਸਿੰਘ ਖੇਮੂਆਣਾ,ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਸੁਖਵੀਰ ਸਿੰਘ ਤੇ ਦਰਜਨਾਂ ਮਜ਼ਦੂਰਾਂ ਨੂੰ ਪੁਲਿਸ ਵੱਲੋਂ ਗ੍ਰਿਫ਼ਤਾਰ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੰਗਲਜੀਤ ਪੰਡੋਰੀ ਜਿਲਾ ਸੈਕਟਰੀ ਸੋਨੂ ਅਰੋੜਾ ਤੇ ਪ੍ਰੈਸ ਸੈਕਟਰੀ ਨਵਜੋਤ ਸਿਆਣੀਵਾਲ ਨੇ ਕਿਹਾ ਕਿ ਪ੍ਰਾਈਵੇਟ ਕੰਪਨੀ ਵਲੋਂ ਬਾਰਾਂ ਬਾਰਾਂ ਘੰਟੇ ਕੰਮ ਕਰਵਾਇਆ ਜਾਂਦਾ ਹੈ। ਤਨਖਾਹਾਂ ਵੀ ਬਹੁਤ ਨਿਗੂਣੀਆਂ ਦਿੱਤੀਆਂ ਜਾਂਦੀਆਂ ਹਨ। ਡੀ ਸੀ ਰੇਟ ਦੇ ਅੱਧ ਤੋਂ ਵੀ ਘੱਟ ਤਨਖਾਹਾਂ ਦਿੱਤੀਆਂ ਜਾ ਰਹੀਆਂ ਹਨ। ਔਰਤਾਂ ਨੂੰ ਇਸ ਤੋਂ ਵੀ ਕਿਤੇ ਘੱਟ ਤਨਖਾਹਾਂ ਦਿੱਤੀਆਂ ਜਾਂਦੀਆਂ ਹਨ। ਜਿਸ ਖ਼ਿਲਾਫ਼ ਮਜ਼ਦੂਰ ਅਤੇ ਵੱਖ ਵੱਖ ਜਥੇਬੰਦੀਆਂ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ ਪਰ ਸਰਕਾਰ ਕੇਂਦਰ ਦੀਆਂ ਨੀਤੀਆਂ ਤੇ ਚੱਲਦੀ ਹੋਈ ਜਥੇਬੰਦੀਆਂ ਨੂੰ ਆਗੂ ਰਹਿਤ ਕਰਨ ਲਈ ਆਗੂਆਂ ਨੂੰ ਗਿਰਫ਼ਤਾਰ ਕੀਤਾ ਗਿਆ ਹੈ। ਨੌਜਵਾਨ ਭਾਰਤ ਸਭਾ ਮੰਗ ਕਰਦੀ ਹੈ ਕਿ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

# ਪ੍ਰਵਾਸੀ ਮਜ਼ਦੂਰ ਦੀ ਗਲਾ ਦਬਾ ਕੇ ਹੱਤਿਆ

**ਕਪੂਰਥਲਾ (ਮਨਜੀਤ ਮਾਨ)**-ਬੇਗੋਵਾਲ ਰੋਡ ਸਥਿਤ ਨਡਾਲਾ ਅਨਾਜ ਮੰਡੀ ਤੋਂ ਇੱਕ ਦਰਦਨਾਕ ਘਟਨਾ ਸਾਹਮਣੇ ਆਈ ਹੈ, ਜਿੱਥੇ ਮੰਡੀ ਚ ਕੰਮ ਕਰਦੇ ਇੱਕ ਪ੍ਰਵਾਸੀ ਮਜ਼ਦੂਰ ਦੀ ਉਸਦੇ ਹੀ ਸਾਥੀ ਵੱਲੋਂ ਗਲਾ ਦਬਾ ਕੇ ਹੱਤਿਆ ਕਰ ਦਿੱਤੀ ਗਈ। ਇਸ ਘਟਨਾ ਨਾਲ ਮੰਡੀ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਮ੍ਰਿਤਕ ਦੀ ਪਛਾਣ ਸੂਰਜ ਕੁਮਾਰ (22) ਪੁੱਤਰ ਰਾਮ ਚੰਦਰ ਮੰਡਲ ਵਾਸੀ ਬਿਹਾਰ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਬੀਤੀ ਰਾਤ ਕਰੀਬ 30 ਰੁਪਏ ਨੂੰ ਲੈ ਕੇ ਮਜ਼ਦੂਰਾਂ ਵਿਚਕਾਰ ਆਪਸੀ ਤਕਰਾਰ ਹੋਈ ਸੀ, ਜੋ ਬਾਅਦ ਵਿੱਚ ਹਿੰਸਕ ਰੂਪ ਧਾਰ ਗਈ। ਦੋਸ਼ ਹੈ ਕਿ ਇਸ ਤਕਰਾਰ ਦੌਰਾਨ ਇੱਕ ਸਾਥੀ ਨੇ ਗੁੱਸੇ ਵਿੱਚ ਆ ਕੇ ਸੂਰਜ ਕੁਮਾਰ ਦਾ ਗਲਾ ਦਬਾ ਦਿੱਤਾ, ਜਿਸ ਨਾਲ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਸਵੇਰੇ ਲਗਭਗ 6 ਵਜੇ ਮ੍ਰਿਤਕ ਦੇ ਪਿਤਾ ਨੂੰ ਇਸ ਘਟਨਾ ਬਾਰੇ ਜਾਣਕਾਰੀ ਮਿਲੀ, ਜਿਸ ਤੋਂ ਬਾਅਦ ਪਰਵਾਰ ਵਿੱਚ ਸੋਗ ਦੀ ਲਹਿਰ ਦੌੜ ਗਈ।ਸੂਚਨਾ ਮਿਲਦੇ ਹੀ ਪੁਲਿਸ ਅਤੇ ਫੋਰਨਸਿਕ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਸਬੂਤ ਇਕੱਠੇ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਵੱਲੋਂ ਲਾਸ਼ ਨੂੰ ਕਬਜੇ ਚ ਲੈ ਕੇ ਅਗਲੀ ਤਫਤੀਸ਼ ਆਰੰਭ ਕਰ ਦਿੱਤੀ ਹੈ ਅਤੇ ਜਲਦ ਹੀ ਮਾਮਲਾ ਦਰਜ਼ ਕਰਕੇ ਗ੍ਰਿਫਤਾਰੀ ਦੀ ਗੱਲ ਕਹੀ ਜਾ ਰਹੀ ਹੈ।ਇਸ ਦੁਖਦਾਈ ਘਟਨਾ ਨਾਲ ਮੰਡੀ ਵਿੱਚ ਕੰਮ ਕਰਦੇ ਮਜ਼ਦੂਰਾਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣ ਗਿਆ ਹੈ।

# ਡਾ. ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਤ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਡਾਕਟਰ ਬੀ. ਆਰ. ਅੰਬੇਡਕਰ ਨੌਜਵਾਨ ਸਭਾ ਖਾਨਪੁਰ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਦਲਿਤਾਂ ਦੇ ਮਸੀਹਾ ਯੁੱਗ ਪੁਰਸ਼ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ 135 ਵੇਂ ਜਨਮ ਦਿਵਸ ਦੇ ਸਬੰਧ ਵਿੱਚ ਉਸਾਰੂ ਸੋਚ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਇਸ ਮੌਕੇ ਡਾ. ਭੀਮ ਰਾਓ ਅੰਬੇਡਕਰ ਦੀ ਤਸਵੀਰ ਅੱਗੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਗਈਆਂ। ਇਸ ਮੌਕੇ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ, ਚੌਧਰੀ ਗੁਰਨਾਮ ਸਿੰਘ, ਐਡਵੋਕੇਟ ਪਲਵਿੰਦਰ ਮਾਨਾ, ਯਸ਼ ਭੱਟੀ, ਰਕੇਸ਼ ਕਿੱਟੀ, ਜਸਵਿੰਦਰ ਸਿੰਘ ਜੱਸੀ, ਜਤਿੰਦਰ ਕੁਮਾਰ ਪਿੰਕੀ, ਅਵਤਾਰ ਸਿੰਘ, ਮਾਸਟਰ ਕਰਨੈਲ ਸਿੰਘ, ਕੁਲਵਰਨ ਸਿੰਘ, ਲਖਵੀਰ ਸਿੰਘ, ਸਾਧੂ ਸਿੰਘ, ਕਿਸ਼ਨ ਦੇਵ ਭਾਟੀਆ, ਕੁਲਵਿੰਦਰ ਹੀਰਾ, ਕਮਲਜੀਤ ਸਿੰਘ, ਬਲਵਿੰਦਰ ਕੌਰ ਸਰਪੰਚ, ਸੰਤੋਸ਼ ਕੁਮਾਰੀ, ਤਰਲੋਚਨ ਕੌਰ, ਮੀਨਾ ਕੁਮਾਰੀ, ਰਾਜ ਰਾਣੀ, ਮਨਜੀਤ ਸਿੰਘ ਸਾਹਨੀ, ਵਿਜੇ ਸੰਧੂ, ਅੰਮ੍ਰਿਤ ਪਾਲ, ਨਰਿੰਦਰ ਵੀਰਾ, ਜੋਰਾ, ਸੁਖਵਿੰਦਰ ਸਿੰਘ, ਦਸ਼ਮੇਸ਼ ਲਾਲ, ਦਰਸ਼ਨ ਸਿੰਘ, ਡਾਕਟਰ ਜਸਵੰਤ ਸਿੰਘ ਬਿੰਦ, ਡਾਕਟਰ ਰਣਜੀਤ ਸਿੰਘ ਡਾਕਟਰ ਪਰਮਿੰਦਰ ਸਿੰਘ, ਹਰੀ ਸਿੰਘ, ਚੰਨਣ ਸਿੰਘ ਕੋਠੀ, ਮਾਸਟਰ ਮਨਜਿੰਦਰ ਸਿੰਘ, ਅਮਨਦੀਪ ਸਿੱਧੂ ਬਾੜੀਆ, ਕੌਂਸਲ ਸਾਹਿਬ ਬਾੜੀਆਂ ਸਮੇਤ ਅੰਬੇਡਕਰ ਮਿਸ਼ਨ ਤੇ ਕੰਮ ਕਰਦੇ ਸਾਥੀ ਅਤੇ ਸਮੱਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਵਿੱਕੀ ਬਹਾਦਰ ਕੇ ਵੱਲੋਂ



ਮਿਸ਼ਨਰੀ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਤੋਂ ਬਾਅਦ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਨੇ ਹਾਜ਼ਰ ਇਕੱਠ ਨੂੰ ਰਾਜਨੀਤਕ, ਧਾਰਮਿਕ ਅਤੇ ਸਮਾਜਿਕ ਹਾਲਾਤਾਂ ਤੋਂ ਜਾਣੂ ਕਰਵਾਇਆ।ਆਜ਼ਾਦ ਕਲਾ ਮੰਚ ਫਗਵਾੜਾ ਵੱਲੋਂ ਬੀਬਾ ਕੁਲਵੰਤ ਦੀ ਨਿਰਦੇਸ਼ਨਾ ਹੇਠ ਬਾਬਾ ਸਾਹਿਬ ਅਤੇ ਸਾਹਿਬ ਕਾਂਸ਼ੀ ਰਾਮ ਦੇ ਜੀਵਨ ਨਾਲ ਸੰਬੰਧਿਤ ਨਾਟਕ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਗਈਆਂ। ਸਮਾਗਮ ਦੇ ਅਖੀਰ ਵਿੱਚ ਪੜਾਈ ਦੇ ਖੇਤਰ ਵਿੱਚ ਉੱਚ ਅਹੁਦੇ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਅਤੇ ਸਹਿਯੋਗੀ ਸੱਜਣਾਂ ਨੂੰ 'ਭਾਰਤ ਦਾ ਸੰਵਿਧਾਨ' ਕਿਤਾਬ ਸਨਮਾਨ ਚਿੰਨ ਵਜੋਂ ਦਿੱਤੀ ਗਈ। ਪ੍ਰਬੰਧਕਾਂ ਵੱਲੋਂ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਦੀ ਪ੍ਰਧਾਨ ਰੇਖਾ ਰਾਣੀ ਅਤੇ ਸਮੁੱਚੀ ਟੀਮ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਜਿਸ ਵਿੱਚ ਨਿਰਮਲ ਕੌਰ ਬੋਧ, ਗਗਨਦੀਪ ਕੌਰ ਸੋਨੂ, ਸੋਨੀਆ, ਪਰਮਜੀਤ ਕੌਰ ਮੁੱਗੋਵਾਲ, ਤਰਸੇਮ ਕੌਰ, ਹਰਜੀਤ ਕੌਰ ਤੋਸ਼ੀ, ਦੀਆ ਰਾਣੀ, ਪ੍ਰਭਜੋਤ ਕੌਰ, ਸੁਮੀਤਾ, ਬਖਸ਼ੋ ਰਾਣੀ, ਸੁਖਵਿੰਦਰ ਕੌਰ, ਲੈਕਚਰਾਰ ਦਵਿੰਦਰ ਕੌਰ ਮਾਸਟਰ ਜੈ ਰਾਮ ਬਾੜੀਆਂ, ਗਿਆਨ ਚੰਦ ਬਾੜੀਆਂ, ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਰਿਟਾਇਰ ਥਾਣੇਦਾਰ ਸੁਖਦੇਵ ਸਿੰਘ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੂ ਕੁਟੀਆ ਮਾਹਿਲਪੁਰ ਸਮੇਤ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਦੇ ਮੈਂਬਰ ਅਤੇ ਸਮਰਥਕ ਹਾਜ਼ਰ ਸਨ।ਜਸਵੀਰ ਬੇਗਮਪੁਰੀ ਵੱਲੋਂ ਕਿਤਾਬਾਂ ਦਾ ਸਟਾਲ ਲਗਾਇਆ ਗਿਆ। ਪ੍ਰਬੰਧਕਾਂ ਵੱਲੋਂ ਚਾਹ ਪਾਣੀ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਟੇਜ ਸੰਚਾਲਨ ਦੀ ਸੇਵਾ ਮਾਸਟਰ ਕਰਨੈਲ ਸਿੰਘ ਨੇ ਬਾਖੂਬੀ ਨਿਭਾਈ।

# ਭਾਈ ਜੈਤਾ ਜੀ ਸਿਵਲ ਹਸਪਤਾਲ 'ਚ ਆਸ਼ਾ ਦਿਵਸ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸਿਹਤ ਵਿਭਾਗ ਪੰਜਾਬ ਵੱਲੋਂ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਅਤੇ ਡਾ.ਹਰਮਿੰਦਰ ਸਿੰਘ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ ਹੇਠ ਭਾਈ ਜੈਤਾ ਜੀ ਸਿਵਲ ਹਸਪਤਾਲ, ਸ੍ਰੀ ਅਨੰਦਪੁਰ ਸਾਹਿਬ ਵਿਖੇ ਆਸ਼ਾ ਦਿਵਸ ਮਨਾਇਆ ਗਿਆ। ਇਸ ਸਮਾਗਮ ਵਿੱਚ ਇਲਾਕੇ ਦੀਆਂ ਸਮੂਹ ਆਸ਼ਾ ਵਰਕਰਾਂ ਨੇ ਭਾਗ ਲਿਆ ਅਤੇ ਸਿਹਤ ਸੇਵਾਵਾਂ ਵਿੱਚ ਆਪਣੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਕੀਤਾ।ਇਸ ਮੌਕੇ ਡਾ. ਅਪਰਾਜਿਤਾ ਨੋਡਲ ਅਫਸਰ ਆਸ਼ਾ ਪ੍ਰੋਗਰਾਮ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਆਸ਼ਾ ਵਰਕਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ, ਜੋ ਸਰਕਾਰ ਦੀਆਂ ਵੱਖ-ਵੱਖ ਸਿਹਤ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ, ਜੱਚਾ-ਬੱਚਾ ਸੁਰੱਖਿਆ ਸਕੀਮ, ਜਣਨੀ ਸੁਰੱਖਿਆ ਯੋਜਨਾ, ਟੀਕਾਕਰਨ ਅਤੇ ਪਲਸ ਪੋਲਿਓ ਪ੍ਰੋਗਰਾਮ ਸਮੇਤ ਟੀ.ਬੀ. ਅਤੇ ਗੈਰ-ਸੰਚਾਰੀ ਬਿਮਾਰੀਆਂ ਦੇ ਕੰਟਰੋਲ ਲਈ ਆਸ਼ਾ ਵਰਕਰ ਘਰ-ਘਰ ਤੱਕ ਜਾਗਰੂਕਤਾ ਪੈਦਾ ਕਰ ਰਹੀਆਂ ਹਨ।ਡਾ. ਹਰਮਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਆਸ਼ਾ ਵਰਕਰਾਂ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਸਰਕਾਰ ਅਤੇ ਲੋਕਾਂ ਵਿਚਕਾਰ ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰਦੀਆਂ ਹਨ, ਜੋ ਸਿਹਤ



ਸੇਵਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਾਇਕ ਹਨ। ਇਸ ਮੌਕੇ ਉਨ੍ਹਾਂ ਵੱਲੋਂ ਆਸ਼ਾ ਵਰਕਰਾਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਡਾ. ਅਮਰਿੰਦਰ ਸਿੰਘ, ਡਾ. ਰਣਬੀਰ ਸਿੰਘ, ਗੁਰਪ੍ਰੀਤ ਬੈਂਸ, ਕਾਂਤਾ ਦੇਵੀ, ਮਿੰਨੀ, ਕੁਲਵਿੰਦਰ ਕੌਰ, ਸੁਰਜੀਤ ਸਿੰਘ, ਬਿੰਦੀਆ ਪ੍ਰਾਸ਼ਰ, ਅਮਨਦੀਪ ਕੌਰ, ਨੀਰਜ ਸ਼ਰਮਾ, ਰਾਣਾ ਬਖਤਾਬਰ ਸਿੰਘ, ਸੰਜੀਵ ਕੁਮਾਰ, ਯਸ਼ਪਾਲ ਹਾਜ਼ਰ ਸਨ।

# ਡਾ. ਅੰਬੇਡਕਰ ਨੇ ਦੱਬੇ-ਕੁਚਲੇ ਵਰਗ ਨੂੰ ਬਣਦਾ ਮਾਣ-ਸਤਿਕਾਰ ਦਿੱਤਾ : ਨਾਗਰਾਜ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ 135 ਵੇਂ ਜਨਮ ਦਿਵਸ ਮੌਕੇ ਸੋਮਾ ਪਹਿਲਵਾਨ ਕੁਸ਼ਤੀ ਅਕੈਡਮੀ ਮਹਿਤਪੁਰ ਵਿਖੇ ਬਹੁਤ ਹੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ ਜਿੱਥੇ ਉੱਘੇ ਸਮਾਜ ਸੇਵਕ ਐਡਵੋਕੇਟ ਗੌਰਵ ਨਾਗਰਾਜ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਵੱਖ ਵੱਖ ਬੁਲਾਰਿਆਂ ਵੱਲੋਂ ਡਾ: ਭੀਮ ਰਾਉ ਅੰਬੇਡਕਰ ਦੇ ਜਨਮ ਦਿਵਸ ਸਬੰਧੀ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਛੋਟੇ ਬੱਚਿਆਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ ਅਤੇ ਪਹਿਲਵਾਨਾਂ ਨੂੰ ਕੁਸ਼ਤੀ ਦੀਆਂ ਕਿੱਟਾਂ ਅਤੇ ਟੀ-ਸ਼ਰਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਦੀਪੂ ਪ੍ਰਧਾਨ ਉੱਧੋਵਾਲ, ਪਵਨ ਪ੍ਰਧਾਨ ਮਹਿਤਪੁਰ, ਸਿਕੰਦਰ ਕਾਮਰੇਡ, ਰਾਮ ਲੁਭਾਇਆ ਵਰਮਾ, ਦੀਪਕ ਸੂਦ, ਵਿਸ਼ਾਲ, ਦਲਜੀਤ ਬਾਜਵਾ, ਬਬਲੀ ਭਾਟੀਆ, ਕੁਲਵਿੰਦਰ ਕੌਰ ਚਾਹਲ, ਕੁਲਵਿੰਦਰ ਸਿੰਘ ਸੰਧੂ, ਗੌਤਮ ਭਲਵਾਨ, ਪ੍ਰਦੀਪ ਪਹਿਲਵਾਨ ਏ ਐੱਸ ਆਈ, ਪਾਲਾ ਪਹਿਲਵਾਨ, ਵਿਜੈ ਪਹਿਲਵਾਨ ਰੌਲੀ, ਐਡਵੋਕੇਟ ਵਿਜੈ ਕੁਮਾਰ ਮਹਿਤਪੁਰ, ਹੈਪੀ ਖਾਲਸਾ, ਡਾ. ਮਦਨ ਗਿੱਲ, ਸਨੀ ਅਰੋੜਾ ਮਹਿਤਪੁਰ, ਸਬ-ਇੰਸਪੈਕਟਰ ਲਾਭ ਸਿੰਘ ਐੱਸ ਐੱਚ ਓ ਥਾਣਾ ਮਹਿਤਪੁਰ, ਗਗਨਦੀਪ ਮੁੱਖ ਮੁਨਸ਼ੀ ਥਾਣਾ ਮਹਿਤਪੁਰ, ਦਿਲਦਾਰ, ਨੀਰਜ ਵਰਮਾ, ਬਲਵੀਰ ਸਿੰਘ, ਜਿੰਦਰ ਚੋਹਾਨ, ਸੰਜੀਵ ਵਰਮਾ ਸਮਾਜ ਸੇਵੀ, ਗੌਰਵ ਪਹਿਲਵਾਨ ਕੁਸ਼ਤੀ ਕੋਚ ਆਦਿ ਅਤੇ ਭਗਤ ਸਿੰਘ ਕਲੱਬ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

# ਵਿਸ਼ਵ ਮਲੇਰੀਆ ਦਿਵਸ ਮਨਾਇਆ



**ਅੱਡਾ ਸਰਾਂ (ਜਸਵੀਰ ਕਾਜਲ)**

ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਦੇਸ਼ ਕੁਮਾਰ ਰਾਜਨ ਮੈਡੀਕਲ ਸਪੈਸ਼ਲਿਸਟ ਦੀ ਯੋਗ ਅਗਵਾਈ ਹੇਠ ਏ ਏ ਕੇ ਨੂਰਪੁਰ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ, ਜਿਸ 'ਚ ਸਿਹਤ ਕਰਮਚਾਰੀ ਹਰਵਿੰਦਰ ਪਾਲ (ਮ ਪ ਹ ਚ(ਮੇਲ) ਅਤੇ ਪਰਮਜੀਤ ਕੌਰ ਮ ਪ ਹ ਸ (ਫੀਮੇਲ) ਵੱਲੋਂ ਪਿੰਡ ਵਾਸੀਆਂ ਤੇ ਮਰੀਜਾਂ ਨੂੰ ਮਲੇਰੀਆ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਦੱਸਿਆ ਕਿ ਮਲੇਰੀਆ ਮੱਛਰ ਐਨੋਫਲੀਜ਼ ਮੱਛਰ ਦੇ ਕੱਟਣ ਨਾਲ ਕਾਂਬੇ ਨਾਲ ਬੁਖ਼ਾਰ ਹੁੰਦਾ ਹੈ।ਇਸ ਦੇ ਮੁੱਖ ਲੱਛਣ ਜਿਵੇਂ ਕਿ ਸਿਰ ਦਰਦ, ਉਲਟੀ, ਮਾਸਪੇਸ਼ੀਆਂ 'ਚ ਦਰਦ ਤੇ ਬਹੁਤ ਜ਼ਿਆਦਾ ਪਸੀਨਾ ਆਉਣਾ ਆਦਿ। ਇਸ ਤੋਂ ਇਲਾਵਾ ਉਨ੍ਹਾਂ ਨੇ ਬਚਾਅ ਦੇ ਉਪਾਅ ਸਬੰਧੀ ਜਾਣਕਾਰੀ ਦਿੰਦੇ ਦੱਸਿਆ ਕਿ ਰਾਤ ਸੌਣ ਸਮੇਂ ਮੱਛਰਦਾਨੀ ਦੀ ਵਰਤੋਂ ਕਰੋ । ਸ਼ਾਮ ਵੇਲੇ ਪੂਰੀ ਬਾਹਾਂ ਦੇ ਕੱਪੜੇ ਪਾਓ, ਘਰ ਦੇ ਆਲੇ-ਦੁਆਲੇ, ਕੂਲਰਾਂ, ਗਮਲਿਆਂ ਅਤੇ ਟੋਇਆਂ 'ਚ ਪਾਣੀ ਜਮ੍ਹਾਂ ਨਾ ਹੋਣ ਦਿਓ। ਮੱਛਰ ਭਜਾਉਣ ਵਾਲੀਆਂ ਕ੍ਰੀਮਾਂ ਦੀ ਵਰਤੋਂ ਕਰਨ ਤੇ ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਜੇਕਰ ਉਪਰੋਕਤ ਲੱਛਣ ਹੋਣ ਤਾਂ ਡਾਕਟਰੀ ਇਲਾਜ ਕਰਵਾਉਣ ਚਾਹੀਦਾ ਹੈ। ਇਸ ਮੌਕੇ ਆਸ਼ਾ ਵਰਕਰ ਬਲਵਿੰਦਰ ਕੌਰ, ਮਨਜੀਤ ਕੌਰ, ਕ੍ਰਿਸ਼ਨਾ ਦੇਵੀ, ਜਸਵਿੰਦਰ ਕੌਰ ਸਮੂਹ ਸਟਾਫ ਮੈਂਬਰ ਏ ਏ ਕੇ ਨੂਰਪੁਰ ਤੇ ਪਿੰਡ ਵਾਸੀ ਹਾਜ਼ਰ ਸਨ।

# ਖਹਿਰਾ ਦੀ ਪੰਚਾਇਤ ਵੱਲੋਂ ਲਾਇਬ੍ਰੇਰੀ ਦਾ ਨਵੀਨੀਕਰਨ ਸ਼ੁਰੂ

**ਫਿਲੌਰ (ਨਿਰਮਲ)**-ਨਜ਼ਦੀਕੀ ਪਿੰਡ ਖਹਿਰਾ ਵਿਖੇ ਕਾਫ਼ੀ ਸਮੇਂ ਤੋਂ ਬੀ ਆਰ ਅੰਬੇਡਕਰ ਲਾਇਬ੍ਰੇਰੀ ਤੇ ਟਿਊਸ਼ਨ ਸੈਂਟਰ ਬਣਾਇਆ ਗਿਆ ਹੈ ਜਿਸ ਵਿੱਚ ਸਮੇਂ ਸਮੇਂ ਤੇ ਲੋਕ ਭਲਾਈ ਲਈ ਗਤੀਵਿਧੀਆ ਹੁੰਦੀਆਂ ਰਹਿੰਦੀਆਂ ਹਨ।ਸਮੇਂ ਅਤੇ ਹਾਲਾਤ ਨੂੰ ਮੁੱਖ ਰੱਖਦੇ ਹੋਏ ਸਰਪੰਚ ਖਹਿਰਾ ਅਨੀਤਾ ਰਾਣੀ ਪਤਨੀ ਗੁਰਮੁਖ ਸਿੰਘ ਵੱਲੋਂ ਹੁਣ ਸੈਂਟਰ ਤੇ ਲਾਇਬ੍ਰੇਰੀ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਬੱਚਿਆਂ ਨੂੰ ਪੜਾਈ



ਦੇ ਨਾਲ ਨਾਲ ਪਾਰਕ ਦੀ ਵੀ ਸੁਵਿਧਾ ਮਿੱਲ ਸਕੇ। ਪਿੰਡ ਖਹਿਰਾ ਦੇ ਸਾਰੇ ਐਨ ਆਰ ਆਈ ਅਤੇ ਸਮਾਜ ਸੇਵੀਆ ਨੂੰ ਬੇਨਤੀ ਹੈ ਕਿ ਪਿੰਡ ਵਿੱਚ ਬੱਚਿਆਂ ਦੇ ਭਵਿੱਖ ਅਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਮੁੱਖ ਰੱਖਦੇ ਹੋਏ ਪੰਚਾਇਤ ਦਾ ਸਾਥ ਦੇਣ ਤਾਂ ਜੋ ਪਿੰਡ ਦੇ ਬੱਚਿਆਂ ਦਾ ਭਵਿੱਖ ਉੱਜਵਲ ਕਰਨ ਵਿੱਚ ਸਹਾਈ ਹੋਈਏ।

# ਤਲਵਿੰਦਰ ਸਿੰਘ ਨੇ ਹਸਪਤਾਲ ਨੂੰ 2 ਲੱਖ 11 ਹਜ਼ਾਰ ਰੁਪਏ ਕੀਤੇ ਦਾਨ

**ਬੰਗਾ (ਅਵਤਾਰ ਕਲੇਰ)**

ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੂੰ ਤਲਵਿੰਦਰ ਸਿੰਘ ਅਸਮਾਨਪੁਰ ਪ੍ਰਧਾਨ ਗੁਰਦੁਆਰਾ ਗੁਰੂ ਨਾਨਕ ਦਰਬਾਰ ਦੁਬਈ ਨੇ ਦੋ ਲੱਖ ਗਿਆਰਾਂ ਹਜ਼ਾਰ ਰੁਪਏ ਦਾਨ ਕੀਤੇ ਹਨ। ਇਹ ਦਾਨ ਦੀ ਰਾਸ਼ੀ ਲੋੜਵੰਦ ਮਰੀਜ਼ਾਂ ਦੇ ਇਲਾਜ ਤੇ ਸਾਂਭ ਸੰਭਾਲ ਵਿੱਚ ਸਹਾਇਤਾ ਕਰਨ ਲਈ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੂੰ ਭੇਟ ਕੀਤੀ। ਉਹਨਾਂ ਨੇ ਪਿਛਲੇ 42 ਸਾਲਾਂ ਤੋਂ ਨਿਰੰਤਰ ਹਸਪਤਾਲ ਵੱਲੋ ਆਮ ਲੋਕਾਈ ਨੂੰ ਦਿੱਤੀਆਂ ਜਾ ਰਹੀਆਂ ਮਿਆਰੀ ਮੈਡੀਕਲ ਸੇਵਾਵਾਂ ਦੀ ਸ਼ਲਾਘਾ ਕੀਤੀ। ਕੁਲਵਿੰਦਰ ਸਿੰਘ ਢਾਹਾਂ ਨੇ ਤਲਵਿੰਦਰ ਸਿੰਘ ਦਾ ਨਿੱਘਾ ਸਵਾਗਤ ਕਰਦੇ ਹੋਏ ਹਸਪਤਾਲ ਦੇ ਲੋੜਵੰਦ ਮਰੀਜ਼ਾਂ ਲਈ ਦਾਨ ਦੇਣ ਲਈ ਧੰਨਵਾਦ ਕੀਤਾ।ਢਾਹਾਂ ਨੇ ਤਲਵਿੰਦਰ ਸਿੰਘ ਤੇ ਉਹਨਾਂ ਸੁਪਤਨੀ ਬੀਬੀ ਕਿਰਪਾਲ ਕੌਰ ਦਾ ਸਨਮਾਨ ਵੀ ਕੀਤਾ ਅਤੇ



ਉਹਨਾਂ ਵੱਲੋਂ ਲੋੜਵੰਦਾਂ ਦੀ ਮਦਦ ਕਰਨ ਦਾ ਉੱਦਮ ਕਰਕੇ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।ਇਸ ਭਾਈਚਾਰਕ ਸਹਿਯੋਗ ਮੌਕੇ ਜਗਜੀਤ ਸਿੰਘ, ਭਾਈ ਜੋਗਾ ਸਿੰਘ, ਮਹਿੰਦਰਪਾਲ ਸਿੰਘ ਤੇ ਕੰਵਲਜੀਤ ਸਿੰਘ ਸੋਢੀ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੀ 51 ਮੈਂਬਰੀ ਕੋਰ ਕਮੇਟੀ ਦੀ ਮੀਟਿੰਗ



**ਫਗਵਾੜਾ (ਡਾ. ਰਮਨ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਪੰਜਾਬ ਦੇ ਸਾਬਕਾ ਉੱਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਫਗਵਾੜਾ ਵਿਧਾਨਸਭਾ ਹਲਕਾ ਸ਼ਹਿਰੀ ਦੇ ਇੰਚਾਰਜ ਰਣਜੀਤ ਸਿੰਘ ਖੁਰਾਣਾ ਸੂਬਾ ਕੋਰ ਕਮੇਟੀ ਮੈਂਬਰ (ਇੰਡਸਟਰੀ ਵਿੰਗ) ਨੇ ਜਰਨੈਲ ਸਿੰਘ ਵਾਹਦ ਦੇ ਨਾਲ ਸਲਾਹ-ਮਸ਼ਵਰਾ ਕਰਕੇ ਜਿਸ 51 ਮੈਂਬਰੀ ਕੋਰ ਕਮੇਟੀ ਦਾ ਗਠਨ ਕੀਤਾ ਸੀ, ਉਸ ਦੀ ਪਹਿਲੀ ਅਹਿਮ ਮੀਟਿੰਗ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਜਰਨੈਲ ਸਿੰਘ ਵਾਹਦ ਪ੍ਰਧਾਨ ਜ਼ਿਲ੍ਹਾ ਕਪੂਰਥਲਾ (ਸ਼ਹਿਰੀ) ਵੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਉਪਰੰਤ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਮੀਟਿੰਗ ਵਿੱਚ ਗੜਸ਼ੰਕਰ ਦੇ ਕੋਲ ਬੀਤੇ ਦਿਨੀਂ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਜੀ ਦੇ ਬੁੱਤ ਦੀ ਹੋਈ ਬੇਅਦਬੀ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਘਟਨਾ ਦੇ ਅਸਲ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ ਗਈ ਹੈ ਤਾਂ ਜੋ ਅੱਗੇ ਤੋਂ ਅਜਿਹੀ ਕਿਸੇ ਨਿੰਦਣਯੋਗ ਘਟਨਾ ਨੂੰ ਅੰਜਾਮ ਦੇਣ ਦਾ ਇਰਾਦਾ ਰੱਖਣ ਵਾਲੇ ਅਨਸਰਾਂ ਵਿੱਚ ਡਰ ਪੈਦਾ ਹੋ ਸਕੇ। ਕੋਰ ਕਮੇਟੀ ਨੇ ਇਕ ਹੋਰ ਮਤੇ ਨੂੰ ਪ੍ਰਵਾਨਗੀ ਦਿੰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਫਗਵਾੜਾ ਨੂੰ ਜ਼ਿਲ੍ਹਾ ਬਨਾਉਣ ਦਾ ਵਾਅਦਾ ਪੂਰਾ ਕੀਤਾ ਜਾਵੇ।ਕੋਰ ਕਮੇਟੀ ਵਲੋਂ ਕਿਸਾਨਾਂ ਨਾਲ ਇਕਜੁਟਤਾ ਦਾ ਪ੍ਰਗਟਾਵਾ ਕਰਦਿਆਂ ਕਣਕ ਦੀ ਖਰੀਦ ਤੇ ਲਿਫਟਿੰਗ 'ਚ ਹੋ ਰਹੀ ਦੇਰੀ ਨੂੰ ਮੰਦਭਾਗਾ ਦੱਸਿਆ। ਇਡਸਟਰੀ ਵਿੰਗ ਦੇ ਨਵੇਂ ਬਣੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਵਾਲੀਆਂ, ਵਪਾਰ ਵਿੰਗ ਦੇ ਸੁਖਬੀਰ ਸਿੰਘ ਕਿੰਨੜਾ, ਸੂਬਾ ਕੋਰ ਕਮੇਟੀ ਮੈਂਬਰ ਬੀਸੀ ਵਿੰਗ ਪਰਮਿੰਦਰ ਸਿੰਘ ਜੰਡੂ, ਸੂਬਾ ਮੀਤ ਪ੍ਰਧਾਨ ਬੀ ਸੀ ਵਿੰਗ ਪ੍ਰਿਤਪਾਲ ਸਿੰਘ ਮੰਗਾ, ਹਲਕਾ ਪ੍ਰਧਾਨ ਬੀਸੀ ਵਿੰਗ ਫਗਵਾੜਾ ਗੁਰਮੁਖ ਸਿੰਘ ਚਾਨਾ, ਮੁਸਲਿਮ ਵਿੰਗ ਪ੍ਰਧਾਨ ਡਾ. ਵਸੀਮ ਅਹਮਦ ਨੂੰ ਵੀ ਸਨਮਾਨਤ ਕੀਤਾ।ਇਸ ਮੌਕੇ ਬੀਬੀ ਸਰਬਜੀਤ ਕੌਰ, ਸਰਨਜੀਤ ਸਿੰਘ ਅਟਵਾਲ, ਅਵਤਾਰ ਸਿੰਘ ਭੁੰਗਰਨੀ, ਬਲਜੀਤ ਸਿੰਘ ਵਾਲੀਆਂ, ਬਲਜਿੰਦਰ ਸਿੰਘ ਠੇਕੇਦਾਰ, ਸਰੂਪ ਸਿੰਘ ਖਲਵਾੜਾ, ਗੁਰਦੀਪ ਸਿੰਘ ਖੇੜਾ, ਬਹਾਦੁਰ ਸਿੰਘ ਸੰਗਤਪੁਰ, ਸੁਖਵਿੰਦਰ ਸਿੰਘ ਕੰਬੋਜ, ਗੁਰਮੀਤ ਸਿੰਘ ਬਡਵਾਲ , ਰਣਜੀਤ ਸਿੰਘ ਜੀਤੀ, ਕੁਲਵਿੰਦਰ ਸਿੰਘ ਕਿੰਦਾ, ਸਰਬਜੀਤ ਸਿੰਘ ਕਾਕਾ, ਹਰਜੋਤ ਸਿੰਘ ਪਾਹਵਾ, ਸ਼ਿੰਗਾਰਾ ਸਿੰਘ, ਝਿਰਮਲ ਸਿੰਘ ਭਿੰਡਰ, ਗੁਰਦਿਆਲ ਸਿੰਘ ਲੱਖਪੁਰ ਆਦਿ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੀ ਏ ਨਾ ਦੇਣ ਦੇ ਰੋਸ ਵਜੋਂ ਮੁਲਾਜ਼ਮ ਆਗੂਆਂ ਵੱਲੋਂ ਅਸਤੀਫੇ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਡੀ ਏ ਅਤੇ ਹੋਰ ਲਾਭਾਂ ਦਾ ਬਕਾਇਆ ਦੇਣ ਲਈ ਦਿੱਤੇ ਹੁਕਮਾਂ ਦੇ ਬਾਵਜੂਦ ਸਰਕਾਰ ਵੱਲੋਂ ਹਾਂ-ਪੱਖੀ ਹੁੰਗਾਰਾ ਨਾ ਮਿਲਣ ਦੇ ਰੋਸ ਵਜੋਂ ਆਪ ਦੇ ਐਕਸ ਇੰਪਲਾਈਜ਼ ਵਿੰਗ ਸੂਬਾ ਸੰਯੁਕਤ ਸਕੱਤਰ ਬਚਿੱਤਰ ਸਿੰਘ ਅਤੇ ਖੁਸ਼ਵਿੰਦਰ ਕਪਿਲਾ ਵੱਲੋਂ ਆਪਣੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਹੈ।

# ਪ੍ਰਿੰ. ਬਹਾਦਰ ਸਿੰਘ ਗੋਸਲ ਵੱਲੋਂ ਹੋਣਹਾਰ ਬੱਚੇ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**-ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਅਕਾਲ ਅਕੈਡਮੀ, ਧਮੋਟ (ਲੁਧਿਆਣਾ) ਵਿਖੇ ਵਿਸ਼ੇਸ਼ ਫੇਰੀ ਦੌਰਾਨ ਅਕੈਡਮੀ ਦੇ ਹੋਣਹਾਰ ਬੱਚਿਆਂ ਨੂੰ ਸਵੈ-ਰਚਿਤ ਪੁਸਤਕਾਂ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅਕਾਲ ਅਕੈਡਮੀ, ਧਮੋਟ (ਲੁਧਿਆਣਾ) ਦੀ ਦਸਵੀਂ ਜਮਾਤ ਦੇ ਬੱਚਿਆਂ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ ਹੈ। ਕਈ ਬੱਚੇ ਜਿਨ੍ਹਾਂ ਵਿੱਚ ਗੁਰਲੀਨ ਕੌਰ, ਹਰਮਨਜੀਤ ਕੌਰ ਅਤੇ ਬਨਰੀਤ ਕੌਰ ਸ਼ਾਮਿਲ ਹਨ, ਨੇ ਪੰਜਾਬੀ ਵਿੱਚ 99% ਅੰਕ, ਜਦਕਿ ਬਨਰੀਤ ਕੌਰ ਨੇ ਗਣਿਤ ਵਿੱਚ 97% ਸ਼ਾਨਦਾਰ ਅੰਕ ਪ੍ਰਾਪਤ ਕਰਕੇ, ਇਲਾਕੇ ਵਿੱਚ ਅਕਾਲ ਅਕੈਡਮੀ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਹਾਜ਼ਰ ਅਧਿਆਪਕਾਂ ਜਿਨ੍ਹਾਂ ਵਿੱਚ ਪਰਮਿੰਦਰ ਸਿੰਘ, ਮਨਜਿੰਦਰ ਕੌਰ, ਸੁਮਨਦੀਪ ਕੌਰ, ਹਰਿੰਦਰ ਸਿੰਘ, ਕਮਲਜੀਤ ਕੌਰ, ਪ੍ਰਿੰਸੀਪਲ ਰਾਜਵਿੰਦਰ ਕੌਰ ਅਤੇ ਹੋਰ ਅਧਿਆਪਕਾਵਾਂ ਵੀ ਸ਼ਾਮਲ ਸਨ, ਦੀ ਸੁਚੱਜੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਇਸ ਮੌਕੇ ਅਕੈਡਮੀ ਦੀ ਪ੍ਰਿੰਸੀਪਲ ਸ੍ਰੀਮਤੀ ਰਾਜਵਿੰਦਰ ਕੌਰ ਵਲੋਂ ਵੀ ਹੋਣਹਾਰ ਬੱਚਿਆਂ ਨੂੰ ਸਨਮਾਨਤ ਕਰਕੇ ਉਤਸ਼ਾਹਿਤ ਕਰਨ ਲਈ ਪ੍ਰਿੰ. ਬਹਾਦਰ ਸਿੰਘ ਗੋਸਲ ਦਾ ਧੰਨਵਾਦ ਕੀਤਾ।

# ਮੁਫ਼ਤ ਖ਼ੂਨਦਾਨ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਯੂਨੀਵਰਸਿਟੀ ਸਕੂਲ ਆਫ਼ ਮੈਡੀਕਲ ਲੈਬਾਰਟਰੀ ਸਾਇੰਸਜ਼ ਨੇ ਮੈਡੀਕਲ ਲੈਬਾਰਟਰੀ ਪ੍ਰੋਫੈਸ਼ਨਲ ਹਫ਼ਤੇ ਦੇ ਹਿੱਸੇ ਵਜੋਂ ਇੱਕ ਮੁਫ਼ਤ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਵਾਈਸ ਚਾਂਸਲਰ ਡਾ. ਚੰਦਰ ਮੋਹਨ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ।ਯੂਨੀਵਰਸਿਟੀ ਸਕੂਲ ਆਫ਼ ਫਾਰਮੇਸੀ ਦੇ ਡਾਇਰੈਕਟਰ ਡਾ. ਮਨਿੰਦਰ ਪਾਲ ਦੇ ਸਹਿਯੋਗ ਨਾਲ ਕੈਂਪ ਸਫਲਤਾਪੂਰਵਕ ਚਲਾਇਆ ਗਿਆ। ਵਿਦਿਆਰਥੀਆਂ ਤੇ ਸਟਾਫ਼ ਨੇ ਕੈਂਪ ਵਿੱਚ ਉਤਸ਼ਾਹ ਨਾਲ ਖ਼ੂਨਦਾਨ ਕੀਤਾ, ਜਿਸ ਨਾਲ ਸਮਾਜ ਸੇਵਾ ਦਾ ਸੰਦੇਸ਼ ਫੈਲਿਆ। ਪ੍ਰੋਗਰਾਮ ਦੌਰਾਨ ਸਿਵਲ ਹਸਪਤਾਲ ਤੋਂ ਡਾ. ਵੈਸ਼ਾਲੀ ਅਤੇ ਉਨ੍ਹਾਂ ਦੀ ਟੀਮ ਦਾ ਡਾ. ਸੁਖਮੀਤ ਕੌਰ ਬੇਦੀ ਤੇ ਡਾ. ਮਨਿੰਦਰ ਪਾਲ ਨੇ ਸਵਾਗਤ ਕੀਤਾ। ਉਨ੍ਹਾਂ ਨੇ ਖ਼ੂਨਦਾਨ ਦੀ ਮਹੱਤਤਾ 'ਤੇ ਚਾਨਣਾ ਪਾਇਆ ਤੇ ਸਾਰਿਆਂ ਨੂੰ ਇਸ ਨੇਕ ਕਾਰਜ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਡਾ. ਸੁਖਮੀਤ ਕੌਰ ਬੇਦੀ ਨੇ ਕਿਹਾ ਕਿ ਖ਼ੂਨਦਾਨ ਇੱਕ ਨੇਕ ਤੇ ਜੀਵਨ ਬਚਾਉਣ ਵਾਲਾ ਕਾਰਜ ਹੈ, ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਮੈਡੀਕਲ ਲੈਬਾਰਟਰੀ ਪੇਸ਼ੇਵਰ ਸਿਹਤ ਸੰਭਾਲ ਦਾ ਇੱਕ ਮਹੱਤਵਪੂਰਨ ਹਿੱਸਾ



ਹਨ ਤੇ ਉਨ੍ਹਾਂ ਦਾ ਯੋਗਦਾਨ ਮਹੱਤਵਪੂਰਨ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਜਾਗਰੂਕਤਾ ਪੈਦਾ ਕਰਨ ਤੇ ਲੋੜਵੰਦਾਂ ਦੀ ਮਦਦ ਕਰਨ ਲਈ ਅਜਿਹੇ ਸਮਾਜਿਕ ਕਾਰਜਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਖ਼ੂਨਦਾਨ ਕੈਂਪ ਦਾ ਤਾਲਮੇਲ ਪ੍ਰੋਫੈਸਰ ਪੂਨਮ, ਪ੍ਰੋਫੈਸਰ ਅਦਿਤੀ ਤੇ ਪ੍ਰੋਫੈਸਰ ਸਾਕਿਬ ਸ਼ਾਹਨਵਾਜ਼ ਦੁਆਰਾ ਕੀਤਾ ਗਿਆ ਸੀ।

## 3 ਕਿੱਲੋ 633 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀ ਕਾਬੂ

### ਨਸ਼ਾ ਵੇਚਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ : ਥਾਣਾ ਮੁਖੀ



ਮੱਖੂ (ਰਛਪਾਲ ਸਿੰਘ ਸੰਧੂ)-ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੀ ਚਲਾਈ ਹੋਈ ਮੁਹਿੰਮ ਤਹਿਤ ਥਾਣਾ ਮੱਖੂ ਪੁਲਸ ਪ੍ਰਸ਼ਾਸਨ ਵੱਲੋਂ ਐੱਸ. ਐੱਸ. ਪੀ. ਫਿਰੋਜ਼ਪੁਰ ਭੁਪਿੰਦਰ ਸਿੰਘ ਸਿੱਧੂ ਦੇ ਹੁਕਮਾਂ ਤੇ ਡੀ. ਐੱਸ. ਪੀ. ਜ਼ੀਰਾ ਜਸਪਾਲ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਥਾਣਾ ਮੱਖੂ ਪੁਲਸ ਪ੍ਰਸ਼ਾਸਨ ਵੱਲੋਂ ਥਾਣਾ ਮੁਖੀ ਗੁਰਮੀਤ ਸਿੰਘ ਦੀ ਅਗਵਾਈ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ 3 ਕਿੱਲੋ 633 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।ਥਾਣਾ ਮੱਖੂ ਦੇ ਮੁਖੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਸਾਵਾ ਸਿੰਘ ਲਿੰਕ ਰੋਡ 'ਤੇ ਜਸਨੂਰ ਸਿੰਘ ਉਰਫ ਜੱਸਾ ਤੇ ਵਿਸ਼ਾਲ ਉਰਫ ਸ਼ਾਲੂ ਨੂੰ ਮੋਟਰਸਾਈਕਲ, ਦੋ ਮੋਬਾਇਲ ਤੇ 3 ਕਿੱਲੋ 633 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਹੈ।ਉਕਤ ਮੁਲਜ਼ਮਾਂ ਖ਼ਿਲਾਫ਼ ਥਾਣਾ ਮੱਖੂ ਵਿਖੇ ਮੁਕੱਦਮਾ ਦਰਜ ਕਰਕੇ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਤੋਂ ਰਿਮਾਂਡ ਲੈ ਕੇ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ।ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਗੁਰਮੀਤ ਸਿੰਘ ਨੇ ਕਿਹਾ ਕਿ ਪੁਲਸ ਵਿਭਾਗ ਵੱਲੋਂ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਨਸ਼ਾ ਵੇਚਣ ਵਾਲੇ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ, ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਭਵਾਨੀਗੜ੍ਹ ਟਰੱਕ ਯੂਨੀਅਨ 'ਚ ਨਵਾਂ ਮੋੜ, ਮਾਲਵਿੰਦਰ ਨੇ ਸੰਭਾਲੀ ਪ੍ਰਧਾਨਗੀ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਗੁਰੂ ਤੇਗ ਬਹਾਦਰ ਟਰੱਕ ਯੂਨੀਅਨ ਭਵਾਨੀਗੜ੍ਹ ਦੀ ਪ੍ਰਧਾਨਗੀ ਨੂੰ ਲੈ ਕੇ ਚੱਲ ਰਹੇ ਵਿਵਾਦ ਵਿੱਚ ਨਵਾਂ ਮੋੜ ਆ ਗਿਆ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਜ਼ਦੀਕੀ ਮੰਨੇ ਜਾਂਦੇ ਘਰਾਚੋਂ ਧੜੇ ਨੇ ਆਪਣੀ ਪਕੜ ਮਜ਼ਬੂਤ ਕਰਦਿਆਂ ਟਰੱਕ ਆਪ੍ਰੇਟਰਾਂ ਦੀ ਅਗਵਾਈ ਹੇਠ ਮਾਲਵਿੰਦਰ ਸਿੰਘ ਮਾਲਾ ਨੂੰ ਅਧਿਕਾਰਕ ਤੌਰ 'ਤੇ ਯੂਨੀਅਨ ਦਾ ਨਵਾਂ ਪ੍ਰਧਾਨ ਐਲਾਨ ਦਿੱਤਾ।ਇਸ ਦੌਰਾਨ ਟਰੱਕ ਯੂਨੀਅਨ ਦੇ ਮੈਂਬਰਾਂ ਤੇ ਟਰੱਕ ਆਪ੍ਰੇਟਰਾਂ ਦੀ ਇਕ ਵਿਸ਼ੇਸ਼ ਮੀਟਿੰਗ ਵੀ ਬੁਲਾਈ ਗਈ, ਜਿਸ ਵਿੱਚ ਯੂਨੀਅਨ ਦੇ ਭਵਿੱਖ, ਟਰੱਕ ਆਪ੍ਰੇਟਰਾਂ ਦੇ ਹੱਕਾਂ ਤੇ ਯੂਨੀਅਨ ਦੀ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਨਵੇਂ ਪ੍ਰਧਾਨ ਮਾਲਵਿੰਦਰ ਸਿੰਘ ਮਾਲਾ ਨੇ ਟਰੱਕ ਆਪ੍ਰੇਟਰਾਂ ਨੂੰ ਭਰੋਸਾ ਦਿਵਾਇਆ ਕਿ ਉਹ ਯੂਨੀਅਨ ਦੇ ਹੱਕਾਂ ਤੇ ਹਿੱਤਾਂ ਦੀ ਰੱਖਿਆ ਲਈ ਪੂਰੀ ਇਮਾਨਦਾਰੀ, ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਯੂਨੀਅਨ ਨੂੰ ਨਿੱਜੀ ਹਿੱਤਾਂ ਤੋਂ ਬਾਹਰ ਕੱਢ ਕੇ ਸਾਂਝੇ ਫੈਸਲਿਆਂ ਤੇ ਸਭ ਦੀ ਸਹਿਮਤੀ ਨਾਲ ਅੱਗੇ ਵਧਾਇਆ ਜਾਵੇਗਾ ਤਾਂ ਜੋ ਹਰ ਆਪ੍ਰੇਟਰ ਨੂੰ ਇਨਸਾਫ਼ ਮਿਲ ਸਕੇ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਯੂਨੀਅਨ ਨੂੰ ਮਜ਼ਬੂਤ ਤੇ ਇੱਕਜੁੱਟ ਬਣਾਇਆ ਜਾਵੇ, ਤਾਂ ਜੋ ਟਰੱਕ ਆਪ੍ਰੇਟਰਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਢੁੱਕਵਾਂ ਹੱਲ ਕੀਤਾ ਜਾ ਸਕੇ।ਇਸ ਮੌਕੇ ਸਾਬਕਾ ਪ੍ਰਧਾਨ ਗੁਰਤੇਜ ਸਿੰਘ ਝਨੇੜੀ, ਕੁਲਦੀਪ ਸਿੰਘ ਚਹਿਲ, ਪਰਮਿੰਦਰ ਸਿੰਘ ਬਾਲਦ, ਗੁਰਜੰਟ ਸਿੰਘ ਰਹਿਲ, ਜਸਪਾਲ ਸਿੰਘ ਰਹਿਲ ਸਮੇਤ ਕਈ ਹੋਰ ਆਗੂ ਤੇ ਟਰੱਕ ਆਪ੍ਰੇਟਰ ਹਾਜ਼ਰ ਰਹੇ।

## 'ਆਪ' ਵੱਲੋਂ ਭਾਜਪਾ 'ਚ ਸ਼ਾਮਲ ਹੋਏ ਰਾਜ ਸਭਾ ਮੈਂਬਰਾਂ ਖ਼ਿਲਾਫ਼ ਪ੍ਰਦਰਸ਼ਨ



ਸਮਾਣਾ (ਇਕਬਾਲ ਸਿੰਘ ਬੱਲ)-ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਤੇ ਆਗੂਆਂ ਵੱਲੋਂ ਸਾਬਕਾ ਕੈਬਨਿਟ ਮੰਤਰੀ ਤੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਰਹਿਨੁਮਾਈ ਹੇਠ ਕੇਂਦਰ ਦੀ ਭਾਜਪਾ ਸਰਕਾਰ ਤੇ ਪਾਰਟੀ ਬਦਲਣ ਵਾਲੇ ਰਾਜ ਸਭਾ ਮੈਂਬਰਾਂ ਖ਼ਿਲਾਫ਼ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਮੌਕੇ ਇਕੱਠੇ ਹੋਏ ਆਗੂਆਂ ਨੇ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰਾਂ ਦਾ ਪੁਤਲਾ ਫੂਕ ਕੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ। ?ਪ੍ਰਦਰਸ਼ਨ ਦੌਰਾਨ ਸੰਬੋਧਨ ਕਰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਭਾਜਪਾ ਵੱਲੋਂ ਦੂਜੀਆਂ ਪਾਰਟੀਆਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਡਰਾ-ਧਮਕਾ ਕੇ ਜਾਂ ਲਾਲਚ ਦੇ ਕੇ ਆਪਣੀ ਪਾਰਟੀ ਵਿੱਚ ਸ਼ਾਮਲ ਕਰਨਾ ਲੋਕਤੰਤਰ ਦਾ ਸ਼ਰੇਆਮ ਘਾਣ ਹੈ।ਉਨ੍ਹਾਂ ਕਿਹਾ ਕਿ ਜਨਤਾ ਨੇ ਜਿਨ੍ਹਾਂ ਮੈਂਬਰਾਂ ਨੂੰ ਵਿਸ਼ਵਾਸ ਨਾਲ ਚੁਣਿਆ ਸੀ, ਉਨ੍ਹਾਂ ਨੇ ਲੋਕਾਂ ਦੇ ਫ਼ਤਵੇ ਨਾਲ ਧ੍ਰੋਹ ਕਮਾਇਆ ਹੈ।ਇਸ ਰੋਸ ਪ੍ਰਦਰਸ਼ਨ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚ ਸਾਹਿਬਾਨ, ਪਾਰਟੀ ਵਲੰਟੀਅਰ ਤੇ ਸ਼ਹਿਰੀ ਇਕਾਈ ਦੇ ਸੀਨੀਅਰ ਆਗੂ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਆਪ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਅਜਿਹੀਆਂ ਕੋਝੀਆਂ ਚਾਲਾਂ ਨਾਲ ਆਮ ਆਦਮੀ ਪਾਰਟੀ ਦੇ ਹੌਸਲੇ ਪਸਤ ਨਹੀਂ ਕੀਤੇ ਜਾ ਸਕਦੇ।

## ਮਾਣ-ਭੱਤਾ ਸਕੀਮ ਲਈ ਰਜਿਸਟ੍ਰੇਸ਼ਨ ਦੇ ਨਾਂਅ 'ਤੇ ਔਰਤਾਂ ਨੂੰ ਕੀਤਾ ਜਾ ਰਿਹੈ ਪ੍ਰੇਸ਼ਾਨ : ਜਸਮੇਲ ਡੇਅਰੀਵਾਲਾ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਭਗਵੰਤ ਮਾਨ ਸਰਕਾਰ ਵੱਲੋਂ ਔਰਤਾਂ ਲਈ ਐਲਾਨੀ ਮਾਣ-ਭੱਤਾ ਸਕੀਮ ਦੀ ਰਜਿਸਟ੍ਰੇਸ਼ਨ ਦੇ ਨਾਂਅ ਹੇਠ ਔਰਤਾਂ ਦੀ ਕੀਤੀ ਜਾ ਰਹੀ ਖੱਜਲ ਖੁਆਰੀ ਕਰਕੇ ਸਰਕਾਰ ਪ੍ਰਤੀ ਉਨ੍ਹਾਂ ਦੀ ਨਾਰਾਜ਼ਗੀ ਵਧਦੀ ਜਾ ਰਹੀ ਹੈ।ਇਹ ਪ੍ਰਗਟਾਵਾ ਕਾਂਗਰਸ ਐੱਸ ਸੀ ਵਿਭਾਗ ਦੇ ਜ਼ਿਲ੍ਹਾ ਚੇਅਰਮੈਨ ਜਸਮੇਲ ਸਿੰਘ ਡੇਅਰੀਵਾਲਾ ਨੇ ਕੀਤਾ।ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਗਏ ਮਾਣ-ਭੱਤਾ ਦੇਣ ਦੇ ਵਾਅਦੇ ਅਜੇ ਤੱਕ ਜ਼ਮੀਨੀ ਪੱਧਰ 'ਤੇ ਪੂਰੇ ਨਹੀਂ ਹੋ ਸਕੇ।ਉਨ੍ਹਾਂ ਕਿਹਾ ਕਿ ਚਾਰ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਸਕੀਮ ਦਾ ਲਾਭ ਲੋਕਾਂ ਤੱਕ ਨਹੀਂ ਪਹੁੰਚਿਆ ਤੇ ਹੁਣ ਚੋਣਾਂ ਨੇੜੇ ਆਉਣ 'ਤੇ ਸ਼ਰਤਾਂ ਰੱਖ ਕੇ ਨਵੇਂ ਐਲਾਨ ਕੀਤੇ ਜਾ ਰਹੇ ਹਨ।ਉਨ੍ਹਾਂ ਦਾ ਕਹਿਣਾ ਸੀ ਕਿ ਔਰਤਾਂ ਨੂੰ ਰਜਿਸਟ੍ਰੇਸ਼ਨ ਦੇ ਨਾਂ 'ਤੇ ਸਰਕਾਰੀ ਦਫ਼ਤਰਾਂ ਦੇ ਚੱਕਰ ਕਟਵਾਏ ਜਾ ਰਹੇ ਹਨ, ਜਿਸ ਨਾਲ ਔਰਤਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਡੇਅਰੀਵਾਲਾ ਨੇ ਦੱਸਿਆ ਕਿ ਕਾਗਜ਼ੀ ਕਾਰਵਾਈ ਬਹੁਤ ਜ਼ਿਆਦਾ ਹੋਣ ਕਾਰਨ ਕਈ ਪਰਵਾਰਾਂ ਦੀਆਂ ਅਰਜ਼ੀਆਂ ਅਧੂਰੀਆਂ ਰਹਿ ਜਾਂਦੀਆਂ ਹਨ।ਖਾਸ ਕਰਕੇ ਵਿਆਹੀਆਂ ਔਰਤਾਂ ਦੇ ਪੇਕਿਆਂ ਤੋਂ ਵੱਖ-ਵੱਖ ਸਰਟੀਫਿਕੇਟਾਂ ਦੀ ਮੰਗ ਕਾਰਨ ਪ੍ਰੇਸ਼ਾਨੀ ਹੋਰ ਵੀ ਵੱਧ ਹੋ ਰਹੀ ਹੈ।ਲੋਕ ਸੇਵਾ ਕੇਂਦਰਾਂ ਮੂਹਰੇ ਸਵੇਰੇ ਚਾਰ ਵਜੇ ਤੋਂ ਲੈ ਕੇ ਘੰਟਿਆਂ ਬੱਧੀ ਭੁੱਖਣ ਭਾਣੇ ਲਾਈਨਾਂ 'ਚ ਖੜ੍ਹੇ ਰਹਿੰਦੇ ਹਨ।ਡੇਅਰੀਵਾਲਾ ਨੇ ਲੋਕਾਂ ਦੀ ਹੋ ਰਹੀ ਭਾਰੀ ਖੱਜਲ ਖੁਆਰੀ ਦੀ ਨਿੰਦਾ ਕਰਦਿਆਂ ਕਿਹਾ ਕਿ ਜੇ ਆਪ ਸਰਕਾਰ ਸੱਚਮੁੱਚ ਗੰਭੀਰ ਹੁੰਦੀ, ਤਾਂ ਪਿੰਡ ਪੱਧਰ 'ਤੇ ਸਰਪੰਚਾਂ ਜਾਂ ਨੰਬਰਦਾਰਾਂ ਰਾਹੀਂ ਤਸਦੀਕ ਕਰਵਾ ਕੇ ਪ੍ਰਕਿਰਿਆ ਸੌਖੀ ਬਣਾਈ ਜਾ ਸਕਦੀ ਸੀ, ਪਰ ਅਸਲੀਅਤ ਕੁਝ ਹੋਰ ਹੀ ਹੈ।ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਮਾਣ-ਭੱਤਾ ਸਕੀਮ ਨੂੰ ਤੁਰੰਤ ਸਧਾਰਨ ਪ੍ਰਕਿਰਿਆ ਨਾਲ ਲਾਗੂ ਕੀਤਾ ਜਾਵੇ, ਤਾਂ ਜੋ ਪੱਛੜੇ ਵਰਗਾਂ ਦੀਆਂ ਅਸਲ ਲੋੜਵੰਦ ਔਰਤਾਂ ਨੂੰ ਰਾਹਤ ਮਿਲ ਸਕੇ।

## ਗੁਰਚਰਨ ਸਿੰਘ ਕਾਲਾ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



ਦੋਰਾਹਾ (ਹਰਮਿੰਦਰ ਸੇਠ)-ਕਾਂਗਰਸ ਦੇ ਮਜ਼ਬੂਤ ਗੜ੍ਹ ਵਜੋਂ ਜਾਣੇ ਜਾਂਦੇ ਇਲਾਕੇ ਵਿੱਚ ਸਾਬਕਾ ਮੰਤਰੀ ਸ੍ਰ. ਤੇਜ ਪ੍ਰਕਾਸ਼ ਸਿੰਘ ਕੋਟਲੀ ਦੀ ਸਰਪ੍ਰਸਤੀ ਹੇਠ ਕਈ ਪ੍ਰਮੁੱਖ ਵਰਕਰਾਂ ਨੇ ਆਮ ਆਦਮੀ ਪਾਰਟੀ ਛੱਡ ਕੇ ਕਾਂਗਰਸ ਵਿੱਚ ਸ਼ਮੂਲੀਅਤ ਕੀਤੀ।ਸ਼ਾਮਲ ਹੋਣ ਵਾਲਿਆਂ ਵਿੱਚ ਸ੍ਰ. ਗੁਰਚਰਨ ਸਿੰਘ ਕਾਲਾ, ਗੁਰਜੰਟ ਸਿੰਘ, ਕਰਮਜੀਤ ਸਿੰਘ, ਮਨਪ੍ਰੀਤ ਸਿੰਘ ਮੰਨਾ, ਪਰਮਿੰਦਰ ਸਿੰਘ ਪੰਮਾ, ਕਮਲਜੀਤ ਸਿੰਘ ਗੋਲਡੀ, ਬਾਬਾ ਗੁਰਵਿੰਦਰ ਸਿੰਘ, ਕੁਲਵਿੰਦਰ ਸਿੰਘ, ਸ਼ਮਿੰਦਰ ਸਿੰਘ, ਜਸਵੀਰ ਸਿੰਘ ਜੱਸੀ, ਸ੍ਰੀਮਤੀ ਸ਼ਿੰਦਰਪਾਲ ਕੌਰ, ਸ੍ਰੀਮਤੀ ਚੰਦਾ ਰਾਣੀ ਤੇ ਲਖਵੀਰ ਸਿੰਘ ਸ਼ਾਮਲ ਹਨ, ਜਿਨ੍ਹਾਂ ਨੇ ਆਪਣੇ ਪਰਵਾਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਭਰੋਸਾ ਜਤਾਇਆ।ਇਸ ਮੌਕੇ ਸ੍ਰ. ਤੇਜ ਪ੍ਰਕਾਸ਼ ਸਿੰਘ ਕੋਟਲੀ ਤੇ ਚੇਅਰਮੈਨ ਸ੍ਰ. ਬੰਤ ਸਿੰਘ ਦਬੁਰਜੀ, ਰਾਜਵੀਰ ਰੂਬਲ, ਮੰਦੀਪ ਸਿੰਘ ਮਾਂਗਟ, ਵਿਨੀਤ ਆਸ਼ਟ, ਗੁਰਪ੍ਰੀਤ ਸਿੰਘ ਮਕਸੂਦੜਾ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।

## ਖੇਤੀਬਾੜੀ ਸਟਾਫ ਨੂੰ ਦਫ਼ਤਰਾਂ 'ਚ ਡੱਕਣਾ ਕਿਸਾਨੀ ਹਿੱਤਾਂ 'ਤੇ ਹਮਲਾ : ਡੱਲੇਵਾਲ

ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਦੇ ਕੌਮੀ ਕਨਵੀਨਰ ਜਗਜੀਤ ਸਿੰਘ ਡੱਲੇਵਾਲ ਤੇ ਬੀਕੇਯੂ ਏਕਤਾ ਸਿੱਧੂਪੁਰ ਦੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਨੇ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਦੇ ਫੀਲਡ ਸਟਾਫ ਲਈ ਜਾਰੀ ਕੀਤੇ ਗਏ ਨਵੇਂ ਫਰਮਾਨਾਂ ਦੀ ਸਖ਼ਤ ਨਿਖੇਧੀ ਕੀਤੀ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਫੀਲਡ ਸਟਾਫ ਨੂੰ M-Sewa ਐਪ ਰਾਹੀਂ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਦਫ਼ਤਰਾਂ ਵਿੱਚ ਬੈਠਣ ਲਈ ਮਜਬੂਰ ਕਰਨਾ ਜ਼ਮੀਨੀ ਪੱਧਰ 'ਤੇ ਕਿਸਾਨੀ ਨੂੰ ਬਰਬਾਦ ਕਰਨ ਦੀ ਡੂੰਘੀ ਸਾਜ਼ਿਸ਼ ਹੈ।ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ 12,500 ਪਿੰਡਾਂ ਵਿੱਚ 'ਖੇਤੀ ਮਾਸਟਰ' ਤਾਇਨਾਤ ਕਰਨ ਦਾ ਵਾਅਦਾ ਕੀਤਾ ਸੀ, ਪਰ ਉਸ 'ਤੇ ਅਮਲ ਕਰਨ ਦੀ ਬਜਾਏ ਹੁਣ ਮੌਜੂਦਾ ਸਟਾਫ ਨੂੰ ਵੀ ਖੇਤਾਂ ਵਿੱਚੋਂ ਕੱਢ ਕੇ ਦਫ਼ਤਰਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਏ. ਸੀ. ਕਮਰਿਆਂ ਵਿੱਚ ਬੈਠ ਕੇ ਬਣਾਈਆਂ ਨੀਤੀਆਂ ਕਦੇ ਵੀ ਖੇਤੀ ਦਾ ਭਲਾ ਨਹੀਂ ਕਰ ਸਕਦੀਆਂ।ਕਿਸਾਨ ਆਗੂਆਂ ਨੇ ਸਰਕਾਰ ਦੀ ਨੀਅਤ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜਦੋਂ ਸਰਕਾਰੀ ਖੇਤੀ ਮਾਹਿਰ ਖੇਤਾਂ ਵਿੱਚ ਨਹੀਂ ਜਾਣਗੇ, ਤਾਂ ਕਿਸਾਨ ਨਿੱਜੀ ਕੰਪਨੀਆਂ ਦੇ ਏਜੰਟਾਂ ਤੇ ਡੀਲਰਾਂ ਦੇ ਰਹਿਮੋ-ਕਰਮ 'ਤੇ ਰਹਿ ਜਾਣਗੇ।ਕਾਕਾ ਸਿੰਘ ਕੋਟੜਾ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਮੁਲਾਜ਼ਮਾਂ ਨੇ ਵੀ ਮੰਗ ਪੱਤਰ ਦੇ ਕੇ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਦਾ ਅਸਲ ਕੰਮ ਫੀਲਡ ਵਿੱਚ ਹੈ।ਸਰਕਾਰ ਦਾ 9 ਤੋਂ 5 ਵਾਲਾ ਸਮਾਂ ਖੇਤੀਬਾੜੀ ਦੀਆਂ ਲੋੜਾਂ ਨਾਲ ਮੇਲ ਨਹੀਂ ਖਾਂਦਾ।ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਨੇ ਇਸ ਕਿਸਾਨ ਵਿਰੋਧੀ ਫੈਸਲੇ ਨੂੰ ਤੁਰੰਤ ਰੱਦ ਨਾ ਕੀਤਾ ਤੇ ਮਾਹਰਾਂ ਨੂੰ ਮੁੜ ਖੇਤਾਂ ਵਿੱਚ ਨਾ ਭੇਜਿਆ, ਤਾਂ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਉਲੀਕਿਆ ਜਾਵੇਗਾ।

# 'ਆਪ' ਰਾਜ ਸਭਾ ਮੈਂਬਰਾਂ ਦੀ ਦਲ-ਬਦਲੀ ਰਾਜਨੀਤੀ 'ਚ ਨੈਤਿਕ ਨਿਘਾਰ ਦੀ ਮੂੰਹ-ਬੋਲਦੀ ਤਸਵੀਰ : ਲਿਬਰੇਸ਼ਨ

### ਦਲਬਦਲੀ ਕਰਨ ਵਾਲੇ ਮੈਂਬਰ ਇਖ਼ਲਾਕੀ ਅਧਾਰ 'ਤੇ ਰਾਜ ਸਭਾ ਤੋਂ ਦੇਣ ਸਮੂਹਕ ਅਸਤੀਫ਼ੇ

ਮਾਨਸਾ (ਆਤਮਾ ਸਿੰਘ ਪਮਾਰ)

ਸੀਪੀਆਈ (ਐੱਮ ਐੱਲ) ਲਿਬਰੇਸ਼ਨ ਪੰਜਾਬ ਦਾ ਕਹਿਣਾ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਤੋਂ ਜਿਤਾ ਕੇ ਭੇਜੇ ਗਏ ਸੱਤ ਰਾਜ ਸਭਾ ਮੈਂਬਰਾਂ ਦਾ ਭਾਰਤੀ ਜਨਤਾ ਪਾਰਟੀ 'ਚ ਸ਼ਾਮਲ ਹੋਣਾ ਨੰਗੀ ਚਿੱਟੀ ਮੌਕਾਪ੍ਰਸਤੀ ਤੇ ਰਾਜਨੀਤੀ 'ਚ ਆਏ ਨੈਤਿਕ ਨਿਘਾਰ ਦਾ ਪ੍ਰਤੱਖ ਨਮੂਨਾ ਹੈ।ਬੀਜੇਪੀ 'ਚ ਸ਼ਾਮਲ ਹੋਣ ਵਾਲੇ ਇਨ੍ਹਾਂ ਮੈਂਬਰਾਂ ਨੂੰ ਪਹਿਲਾਂ ਆਪਣੀ ਸੰਸਦ ਮੈਂਬਰੀ ਤੋਂ ਅਸਤੀਫਾ ਦੇਣਾ ਚਾਹੀਦਾ ਹੈ।ਲਿਬਰੇਸ਼ਨ ਦੇ ਸੂਬਾਈ ਬੁਲਾਰੇ ਨੇ ਜਾਰੀ ਬਿਆਨ 'ਚ ਕਿਹਾ ਹੈ ਕਿ ਇਹ ਐੱਮ ਪੀ ਕਿਉਂਕਿ ਬੀਜੇਪੀ ਦੇ ਵਿਰੋਧੀ ਵਿਧਾਇਕਾਂ ਦੀਆਂ ਵੋਟਾਂ ਨਾਲ ਚੁਣੇ ਗਏ ਸਨ, ਇਸ ਲਈ ਹੁਣ ਇਨ੍ਹਾਂ ਵੱਲੋਂ ਬੀਜੇਪੀ 'ਚ ਸ਼ਾਮਲ ਹੋਣਾ ਵੋਟਰਾਂ ਦੇ ਅਧਿਕਾਰ ਤੇ ਵਿਸ਼ਵਾਸ ਨਾਲ ਨੰਗੀ ਚਿੱਟੀ ਧੋਖਾਧੜੀ ਹੈ।ਭਾਵੇਂ ਇਹ ਐੱਮ ਪੀ ਆਪਣੀ ਰਾਜਨੀਤੀ ਬਦਲਣ ਲਈ ਆਜ਼ਾਦ ਹਨ, ਪਰ ਇਨ੍ਹਾਂ ਨੂੰ ਆਪਣੇ ਵੋਟਰਾਂ ਦਾ ਅਪਮਾਨ ਕਰਨ ਦਾ ਵੀ ਕੋਈ ਅਧਿਕਾਰ ਨਹੀਂ।

ਪਾਰਟੀ ਦਾ ਕਹਿਣਾ ਹੈ ਕਿ ਕੇਂਦਰ 'ਚ ਮੋਦੀ-ਸ਼ਾਹ ਜੁੰਡਲੀ ਦੇ ਰਾਜ ਦੌਰਾਨ ਦੇਸ਼ ਦੀ ਰਾਜਨੀਤੀ ਬੁਰੀ ਤਰ੍ਹਾਂ ਏਜੰਸੀਆਂ ਰਾਹੀਂ ਕੰਟਰੋਲ ਕੀਤੀ ਜਾ ਰਹੀ ਹੈ।ਰਾਜਨੀਤੀ 'ਚ ਜ਼ਮੀਨੀ ਪੱਧਰ ਦੇ ਸਰਗਰਮ ਸਿਆਸੀ ਆਗੂਆਂ ਦੀ ਬਜਾਏ, ਪੈਸੇ ਵਾਲੇ ਕਾਰੋਬਾਰੀ ਲੋਕ ਅੱਗੇ ਆ ਗਏ ਹਨ।ਉਨ੍ਹਾਂ ਲਈ ਰਾਜਨੀਤੀ ਅਸੂਲਾਂ ਦੀ ਬਜਾਏ ਅਪਣੇ ਕਾਰੋਬਾਰਾਂ ਤੇ ਮੁਨਾਫਿਆਂ ਨੂੰ ਵਧਾਉਣ ਦਾ ਹੀ ਸਾਧਨ ਹੈ।

ਬਿਆਨ 'ਚ ਕਿਹਾ ਹੈ ਕਿ ਜਦੋਂ ਆਮ ਆਦਮੀ ਪਾਰਟੀ ਨੇ ਪੰਜਾਬ ਤੋਂ ਇਹ ਰਾਜ ਸਭਾ ਮੈਂਬਰ ਚੁਣੇ ਸਨ, ਉਸ ਵੇਲੇ ਵੀ ਟਿਕਟਾਂ ਦੇਣ ਬਦਲੇ ਕਰੋੜਾਂ ਦੇ ਲੈਣ-ਦੇਣ ਦੇ ਦੋਸ਼ ਲੱਗੇ ਸਨ, ਜਿਨ੍ਹਾਂ ਨੂੰ ਕਦੇ ਵੀ ਪੂਰੀ ਤਰ੍ਹਾਂ ਰੱਦ ਨਹੀਂ ਕੀਤਾ ਗਿਆ।ਦਲਬਦਲੀ ਕਰਨ ਵਾਲੇ ਇਨ੍ਹਾਂ ਮੈਂਬਰਾਂ ਦਾ ਨਾ ਤਾਂ ਪੰਜਾਬ ਦੇ ਹਿੱਤਾਂ ਲਈ ਲੜਨ ਬੋਲਣ ਨਾਲ ਤੇ ਨਾ ਹੀ ਆਮ ਆਦਮੀ ਪਾਰਟੀ ਦੀ ਰਾਜਨੀਤੀ ਨਾਲ ਹੀ ਕੋਈ ਦੂਰ ਨੇੜੇ ਦਾ ਵੀ ਸਬੰਧ ਰਿਹਾ ਹੈ।ਇਸ ਪ੍ਰਸੰਗ 'ਚ ਉਨ੍ਹਾਂ ਦੀ ਇਹ ਦਲ-ਬਦਲੀ ਕਿਸੇ ਵੀ ਤਰ੍ਹਾਂ ਹੈਰਾਨੀਜਨਕ ਨਹੀਂ ਹੈ, ਬਲਕਿ ਇਹ ਕੇਜਰੀਵਾਲ ਤੇ ਭਗਵੰਤ ਮਾਨ ਦੇ ਨਿੱਜੀ ਲਾਭਾਂ ਤੇ ਸੱਤਾ ਦੀ ਲਾਲਸਾ 'ਤੇ ਅਧਾਰਤ ਮੌਕਾਪ੍ਰਸਤ ਸਿਆਸੀ ਕਾਰਜਸ਼ੈਲੀ ਦਾ ਹੀ ਤਰਕਪੂਰਨ ਨਤੀਜਾ ਹੈ।ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਅੰਦਰ ਮੌਜੂਦ ਅਜਿਹੇ ਤਾਨਾਸ਼ਾਹੀ ਰੁਝਾਨ ਪਾਰਟੀ ਨੂੰ ਹੋਰ ਗੰਭੀਰ ਸੰਕਟਾਂ ਵੱਲ ਧੱਕ ਸਕਦੇ ਹਨ।ਉਂਝ ਇਹ ਸਥਿਤੀ ਪੰਜਾਬ ਤੇ ਲੋਕਤੰਤਰ ਲਈ ਬੜੀ ਮੰਦਭਾਗੀ ਹੈ।ਪੰਜਾਬੀਆਂ ਨੂੰ ਚਾਹੀਦਾ ਹੈ ਕਿ ਉਹ ਮੌਕਾਪ੍ਰਸਤ ਸਿਆਸੀ ਪਾਰਟੀਆਂ ਦੀ ਬਜਾਏ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ ਦੇ ਹਿੱਤਾਂ ਤੇ ਪੰਜਾਬ ਦੇ ਕੌਮੀ ਹਿੱਤਾਂ ਲਈ ਆਰ-ਪਾਰ ਦਾ ਸੰਘਰਸ਼ ਕਰਨ ਵਾਲੀਆਂ ਜਮਹੂਰੀ ਸਿਆਸੀ ਸ਼ਕਤੀਆਂ 'ਤੇ ਹੀ ਟੇਕ ਰੱਖਣ।

## ਕੁੱਟਮਾਰ ਕਰਨ ਦੇ ਮਾਮਲੇ 'ਚ ਤਿੰਨ ਨਾਮਜ਼ਦ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਿੰਡ ਹੱਲੋਤਾਲੀ ਵਿਖੇ ਧਰਨ ਕਢਵਾਉਣ ਲਈ ਆਏ ਇੱਕ ਵਿਅਕਤੀ ਦੀ ਕੁਝ ਵਿਅਕਤੀਆਂ ਵੱਲੋਂ ਮੋਟਰਸਾਈਕਲ ਚੋਰ ਸਮਝ ਕੇ ਕੁੱਟਮਾਰ ਕੀਤੇ ਜਾਣ ਦਾ ਕਥਿਤ ਮਾਮਲਾ ਸਾਹਮਣੇ ਆਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮਨਦੀਪ ਸਿੰਘ ਨਾਮਕ ਵਿਅਕਤੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਢਿੱਡ ਵਿੱਚ ਦਰਦ ਰਹਿੰਦੇ ਕਾਰਨ ਉਹ ਪਿੰਡ ਹੱਲੋਤਾਲੀ ਦੇ ਸੁਖਦੇਵ ਕੋਲ ਉਸ ਦੀ ਮੋਟਰ 'ਤੇ ਧਰਨ ਕਢਵਾਉਣ ਲਈ ਆਇਆ ਸੀ, ਜਿੱਥੇ ਸੁਖਦੇਵ ਸਿੰਘ ਉਸ ਨੂੰ ਨਹੀਂ ਮਿਲਿਆ।ਵਾਪਸ ਤੁਰਨ ਸਮੇਂ ਉਸ ਨੇ ਗਲਤੀ ਨਾਲ ਆਪਣਾ ਮੋਟਰਸਾਈਕਲ ਸਮਝ ਕੇ ਕਿਸੇ ਹੋਰ ਦੇ ਮੋਟਰਸਾਈਕਲ ਨੂੰ ਚਾਬੀ ਲਾ ਲਈ ਤਾਂ ਨਾਲ ਖੜ੍ਹੇ ਰਾਜਵੀਰ ਸਿੰਘ ਨੇ ਰਾਮ ਸਿੰਘ ਤੇ ਸੁਖਦੇਵ ਸਿੰਘ ਨੂੰ ਆਵਾਜ਼ ਮਾਰੀ ਕਿ ਇਸ ਨੇ ਆਪਣਾ ਮੋਟਰਸਾਈਕਲ ਚੁੱਕ ਲਿਆ ਹੈ, ਜਿਸ 'ਤੇ ਉਕਤ ਤੇ ਦੋ-ਤਿੰਨ ਹੋਰ ਨਾਮਲੂਮ ਵਿਅਕਤੀਆਂ ਨੇ ਉਸ ਨੂੰ ਜਾਮਣ ਦੇ ਦਰੱਖ਼ਤ ਨਾਲ ਬੰਨ੍ਹ ਕੇ ਡੰਡਿਆਂ ਨਾਲ ਉਸ ਦੀ ਕੁੱਟਮਾਰ ਕੀਤੀ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਰਾਜਵੀਰ ਸਿੰਘ ਉਰਫ਼ ਰਾਜੂ, ਰਾਮ ਸਿੰਘ, ਸੁਖਦੇਵ ਸਿੰਘ ਤੇ ਦੋ-ਤਿੰਨ ਹੋਰ ਨਾਮਾਲੂਮ ਵਿਅਕਤੀਆਂ ਵਿਰੁੱਧ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੂਲੇਪੁਰ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਭਾਜਪਾ 'ਚ ਸ਼ਾਮਲ ਹੋਣ ਵਾਲੇ ਰਾਜ ਸਭਾ ਮੈਂਬਰਾਂ ਦਾ ਪੁਤਲਾ ਫੂਕਿਆ



ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਭਾਜਪਾ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਸੱਤ ਰਾਜ ਸਭਾ ਮੈਂਬਰਾਂ ਦਾ ਪੁਤਲਾ ਫੂਕਿਆ ਗਿਆ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਹ ਪ੍ਰਦਰਸ਼ਨ ਉਨ੍ਹਾਂ ਸੱਤ ਰਾਜ ਸਭਾ ਮੈਂਬਰਾਂ ਦੇ ਵਿਰੋਧ ਵਿੱਚ ਕੀਤਾ ਗਿਆ, ਜੋ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ ਹਨ।ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਭਾਜਪਾ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਤੇ ਦੋਸ਼ ਲਗਾਇਆ ਕਿ ਭਾਜਪਾ ਤੋੜਫੋੜ ਦੀ ਰਾਜਨੀਤੀ ਕਰ ਰਹੀ ਹੈ।ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਤੇ ਇਸ ਤਰ੍ਹਾਂ ਦੇ ਕਦਮਾਂ ਨਾਲ ਪਾਰਟੀ ਨੂੰ ਕਮਜ਼ੋਰ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਜਿਨ੍ਹਾਂ ਸੰਸਦਾਂ ਨੇ ਪਾਰਟੀ ਛੱਡੀ ਹੈ, ਉਨ੍ਹਾਂ ਨੂੰ ਲੋਕਾਂ ਸਾਹਮਣੇ ਆਪਣਾ ਜਵਾਬ ਦੇਣਾ ਪਵੇਗਾ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਭਾਜਪਾ ਨੂੰ ਇਸ ਦਾ ਜਵਾਬ ਦੇਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਆਗੂ ਮੌਜੂਦ ਸਨ। ਪ੍ਰਦਰਸ਼ਨ ਸ਼ਾਂਤੀਪੂਰਵਕ ਢੰਗ ਨਾਲ ਸਮਾਪਤ ਹੋਇਆ।ਇਸ ਮੌਕੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਚੇਅਰਮੈਨ ਮਾਰਕੀਟ ਕਮੇਟੀ ਬਰਿੰਦਰ ਮਧੇਕੇ ਨਿਹਾਲ ਸਿੰਘ ਵਾਲਾ, ਅੰਮ੍ਰਿਤਪਾਲ ਦੀਨਾਂ ਸਾਹਿਬ, ਸਰਪੰਚ ਸੁਖਦੀਪ ਸਾਧ ਭਾਗੀਕੇ, ਜਸਵੰਤ ਮਧੇਕੇ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਹਾਜ਼ਰ ਸਨ।

## ਮਨ ਕੀ ਬਾਤ ਪ੍ਰੋਗਰਾਮ ਦਾ ਉਦੇਸ਼ ਪ੍ਰਧਾਨ ਮੰਤਰੀ ਦਾ ਸੁਨੇਹਾ ਹਰ ਬੂਥ ਤੱਕ ਪਹੁੰਚਾਉਣਾ : ਬਾਂਸਲ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸੁਨਾਮ ਵਿਧਾਨ ਸਭਾ ਕਨਵੀਨਰ ਸ਼ੈਲੀ ਬਾਂਸਲ ਦੀ ਅਗਵਾਈ ਹੇਠ ਪਧਾਨ ਮੰਤਰੀ ਦਾ 'ਮਨ ਕੀ ਬਾਤ' ਪ੍ਰੋਗਰਾਮ ਜ਼ਿਲ੍ਹਾ ਸਕੱਤਰ ਰਾਜਿੰਦਰ ਵਿਟੂ ਦੇ ਨਿਵਾਸ ਸਥਾਨ 'ਤੇ ਇਕੱਠ ਕਰਕੇ ਦੇਖਿਆ ਗਿਆ।ਇਸ ਮੌਕੇ ਮੰਡਲ ਪ੍ਰਧਾਨ ਰਾਜੀਵ ਮੱਖਣ ਤੇ ਸੀਨੀਅਰ ਨੇਤਾ ਪ੍ਰੇਮ ਗੁਗਨਾਨੀ ਮੌਜੂਦ ਸਨ।ਇਸ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੱਖ-ਵੱਖ ਖੇਤਰਾਂ ਵਿੱਚ ਕੀਤੀਆਂ ਪ੍ਰਾਪਤੀਆਂ ਦਾ ਵਿਸਥਾਰ ਨਾਲ ਵਰਨਣ ਕੀਤਾ।ਉਨ੍ਹਾਂ ਦੇਸ਼ ਵਿੱਚ ਆਉਣ ਵਾਲੀ ਜਨਗਣਨਾ ਬਾਰੇ ਦੱਸਦਿਆਂ ਕਿਹਾ ਕਿ ਅੱਜ ਡਿਜੀਟਲ ਯੁੱਗ ਹੈ ਤੇ ਹਰ ਕੋਈ ਐਪਸ ਰਾਹੀਂ ਆਪਣੀ ਜਾਣਕਾਰੀ ਜਮ੍ਹਾਂ ਕਰਵਾ ਸਕਦਾ ਹੈ।ਬਾਅਦ ਵਿੱਚ ਜਦੋਂ ਜਨਗਣਨਾ ਘਰ-ਘਰ ਕੀਤੀ ਜਾਂਦੀ ਹੈ ਤਾਂ ਜਨਗਣਨਾ ਕਰਮਚਾਰੀਆਂ ਲਈ ਸੌਖਾ ਹੋ ਜਾਵੇਗਾ, ਜੇਕਰ ਤੁਸੀਂ ਆਪਣੇ ਵੇਰਵੇ ਡਿਜੀਟਲ ਰੂਪ ਵਿੱਚ ਸਾਂਝੇ ਕੀਤੇ ਹਨ।ਸ਼ੈਲੀ ਬਾਂਸਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਧਾਨ ਦਾਮਨ ਥਿੰਦ ਬਾਜਵਾ ਦੀ ਅਗਵਾਈ ਹੇਠ ਕਈ ਥਾਵਾਂ 'ਤੇ ਮਨ ਕੀ ਬਾਤ ਪ੍ਰੋਗਰਾਮ ਕੀਤੇ ਗਏ ਹਨ।ਭਵਿੱਖ ਵਿੱਚ ਇਸ ਪ੍ਰੋਗਰਾਮ ਦਾ ਵਿਸਥਾਰ ਤੇ ਪ੍ਰਚਾਰ ਕੀਤਾ ਜਾਵੇਗਾ।ਇਸ ਮੌਕੇ ਭਾਜਪਾ ਦੇ ਸਾਬਕਾ ਸੂਬਾ ਕਾਰਜਕਾਰਨੀ ਮੈਂਬਰ ਸ਼ੰਕਰ ਬਾਂਸਲ, ਓਬੀਸੀ ਮੋਰਚਾ ਦੇ ਸੂਬਾ ਬੁਲਾਰੇ ਡਾ. ਜਗਮੋਹਨ ਸੈਣੀ, ਕਿਸਾਨ ਮੋਰਚਾ ਦੇ ਸਾਬਕਾ ਸੂਬਾ ਕਾਰਜਕਾਰਨੀ ਮੈਂਬਰ ਦਰਸ਼ਨ ਸਿੰਘ ਨੀਲੋਬਲ, ਮਾਰਕੀਟ ਕਮੇਟੀ ਦੇ ਸਾਬਕਾ ਉਪ ਚੇਅਰਮੈਨ ਮਹਿੰਦਰ ਪਾਲ ਸਿੰਗਲਾ, ਮਨ ਕੀ ਬਾਤ ਦੇ ਕੋ ਕਨਵੀਨਰ ਭਗਵਾਨ ਸਿੰਘ ਢੋਟ, ਜ਼ਿਲ੍ਹਾ ਕਾਰਜਕਾਰਨੀ ਮੈਂਬਰ ਪ੍ਰਦੀਪ ਰਿੰਕੂ ਆਲਮਪੁਰੀਆ, ਸਤਪਾਲ ਬਾਂਸਲ ਪ੍ਰੇਮ ਜਿੰਦਲ ਤੇ ਹੋਰ ਮੈਂਬਰ ਮੌਜੂਦ ਸਨ।

## ਇੰਪਲਾਈਜ਼ ਐਂਡ ਪੈਨਸ਼ਨਰਜ਼ ਵੈੱਲਫੇਅਰ ਫਰੰਟ ਦੇ ਕਾਰਜਕਾਰੀ ਮੈਂਬਰਾਂ ਦੀ ਚੋਣ

ਲੁਧਿਆਣਾ (ਸਤੀਸ਼ ਸਚਦੇਵਾ)-ਪੰਜਾਬ ਲੋਕਲ ਬਾਡੀਜ਼ ਇੰਪਲਾਈਜ਼ ਐਂਡ ਪੈਨਸ਼ਨਰਜ਼ ਵੈੱਲਫੇਅਰ ਫਰੰਟ ਲੁਧਿਆਣਾ (ਪੰਜਾਬ) ਦੀ ਜਨਰਲ ਹਾਊਸ ਦੀ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਸ਼੍ਰੀ ਜੀਤ ਸਿੰਘ ਪ੍ਰਧਾਨਗੀ ਹੇਠ ਆਤਮ ਪਾਰਕ ਬੈਕ ਸਾਈਡ ਆਤਮ ਪਾਰਕ (ਪੁਲਸ ਥਾਣਾ) ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਹਰਵਿੰਦਰ ਸਿੰਘ ਨਾਮਧਾਰੀ ਨੇ ਚਲਾਈ।ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿੱਚ ਫਰੰਟ ਦੇ 10 ਕਾਰਜਕਾਰੀ ਮੈਂਬਰਾਂ ਦੀ ਨਵੀਂ ਟੀਮ ਚੁਣੀ ਗਈ।ਇਸ ਟੀਮ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਰੇ ਕੰਮ ਨੂੰ ਪੂਰੀ ਤਨਦੇਹੀ ਨਾਲ ਕਰਨ ਦਾ ਵਿਸ਼ਵਾਸ ਦਿਵਾਇਆ।ਮੀਟਿੰਗ ਵਿੱਚ ਸ਼੍ਰੀ ਚਮਨ ਲਾਲ ਸ਼ਾਹੀ, ਗੁਰਮੁੱਖ ਸਿੰਘ, ਕੇਵਲ ਸਿੰਘ, ਜਸਪਾਲ ਸਿੰਘ, ਸੁਰਿੰਦਰ ਪਾਲ ਸਿੰਘ, ਜਸਪਾਲ ਸਿੰਘ ਘਵੱਦੀ, ਜਸਵੰਤ ਸਿੰਘ ਰਣੀਆਂ, ਰਾਕੇਸ਼ ਕੁਮਾਰ, ਅਸ਼ੋਕ ਕੁਮਾਰ ਢੰਡ, ਕਰਨਜੀਤ ਸਿੰਘ, ਹਰਪਾਲ ਸਿੰਘ, ਸੋਹਨ ਸਿੰਘ, ਸੁਰਜੀਤ ਸਿੰਘ ਲਲਤੋਂ ਆਦਿ ਹਾਜ਼ਰ ਸਨ।ਅਖੀਰ 'ਚ ਜੀਤ ਸਿੰਘ ਨੇ ਆਏ ਸਭਨਾਂ ਦਾ ਧੰਨਵਾਦ ਕੀਤਾ।

# ਪੰਜਾਬ 'ਚ ਲੱਗ ਰਹੇ ਰੋਜ਼ਾਨਾ ਬਿਜਲੀ ਕੱਟ ਸਰਕਾਰ ਨੂੰ ਮਹਿੰਗੇ ਪੈਣਗੇ : ਢਿੱਲੋਂ

ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਵਿੱਚ ਵਿਸ਼ੇਸ਼ ਤੌਰ 'ਤੇ ਰਾਤ ਵੇਲੇ ਲੱਗ ਰਹੇ ਬਿਜਲੀ ਦੇ ਕੱਟ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਮਹਿੰਗੇ ਪੈਣਗੇ।ਆਉਣ ਵਾਲੇ ਸਮੇਂ ਵਿੱਚ ਲੋਕਾਂ ਦੀ ਇਸ ਤਕਲੀਫ਼ ਦਾ ਖਮਿਆਜ਼ਾ ਸਰਕਾਰ ਨੂੰ ਅਵਸ਼ ਭੁਗਤਨਾ ਪਵੇਗਾ।ਇਹ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਹੇ।ਉਨ੍ਹਾਂ ਕਿਹਾ ਕਿ ਬਾਦਲ ਸਰਕਾਰ ਨੇ ਆਪਣੇ ਰਾਜ ਕਾਲ ਵਿੱਚ ਬਿਜਲੀ ਐਨੀ ਸਰਪਲਸ ਕਰ ਦਿੱਤੀ ਕਿ ਪਾਵਰ ਕੱਟ ਬੀਤੇ ਦੀਆਂ ਗੱਲਾਂ ਹੋ ਗਈਆਂ ਸਨ।ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਦੀ ਕਮਾਈ ਕਾਂਗਰਸ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹੰਢਾਈ।ਅਕਾਲੀ ਆਗੂ ਨੇ ਕਿਹਾ ਕਿ ਮੌਜੂਦਾ ਸਰਕਾਰ ਦੀ ਨਾਲਾਇਕੀ ਕਾਰਨ ਅੱਜ ਪੰਜਾਬ ਦੇ ਲੋਕ ਬਿਜਲੀ ਕੱਟਾਂ ਕਾਰਨ ਭਾਰੀ ਸੰਕਟ ਦਾ ਸਾਹਮਣਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਸਮੇਂ ਅਪ੍ਰੈਲ ਦੇ ਮਹੀਨੇ ਵਿੱਚ ਬਿਜਲੀ ਟਰਾਂਸਮਿਸ਼ਨ ਸਿਸਟਮ 'ਤੇ ਕੋਈ ਲੋਡ ਨਹੀਂ ਹੈ, ਕਿਉਂਕਿ ਅਜੇ ਝੋਨੇ ਦਾ ਸੀਜ਼ਨ ਸ਼ੁਰੂ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਹੁਣ ਸਿਰਫ ਘਰੇਲੂ ਜਾਂ ਵਪਾਰਕ ਅਦਾਰਿਆਂ ਲਈ ਹੀ ਬਿਜਲੀ ਖਪਤ ਹੋ ਰਹੀ ਹੈ।ਜੇਕਰ ਅਜਿਹੇ ਸੌਖੇ ਸਮੇਂ ਵਿੱਚ ਵੀ ਸਰਕਾਰ ਲੋਕਾਂ ਨੂੰ ਬਿਜਲੀ ਸਪਲਾਈ ਸਹੀ ਨਹੀਂ ਦੇ ਸਕਦਾ ਤਾਂ ਅੱਗੇ ਹਾਲਾਤ ਕੀ ਹੋਣਗੇ, ਇਹ ਲੋਕਾਂ ਦੀ ਸੋਚ ਤੋਂ ਬਾਹਰ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਪੰਜਾਬ ਦੇ ਲੋਕਾਂ ਨੂੰ ਕਾਲੇ ਦੌਰ ਵਿੱਚ ਛੱਡ ਕੇ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਨੂੰ ਆਪਣੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਲੈਣ ਲਈ ਅਦਾਲਤਾਂ ਵਿੱਚ ਜਾਣਾ ਪੈ ਰਿਹਾ ਹੈ, ਪਰ ਅਦਾਲਤਾਂ ਦੇ ਫੈਸਲਿਆਂ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ।ਅਕਾਲੀ ਆਗੂ ਨੇ ਕਿਹਾ ਕਿ ਸਰਕਾਰ ਆਪਣੀ ਫੋਕੀ ਇਸ਼ਤਿਹਾਰਬਾਜ਼ੀ 'ਤੇ ਲੋਕਾਂ ਦਾ ਪੈਸਾ ਅੰਨ੍ਹੇਵਾਹ ਖਰਚ ਕਰ ਰਹੀ ਹੈ।

### ਇਹ ਕੋਈ ਪਾਵਰ ਕੱਟ ਨਹੀਂ : ਇੰਜੀ. ਮਿੱਤਲ

ਇਸ ਦੌਰਾਨ ਪੀਐਸਪੀਸੀਐਲ ਪੂਰਵੀ ਜ਼ੋਨ ਦੇ ਮੁੱਖ ਇੰਜੀਨੀਅਰ ਇੰਜੀ. ਆਰ. ਕੇ. ਮਿੱਤਲ ਨੇ ਕਿਹਾ ਕਿ ਇਹ ਕੋਈ ਪਾਵਰ ਕੱਟ ਨਹੀਂ ਹੈ।ਵਿਭਾਗ ਕੋਲ ਬਿਜਲੀ ਦੀ ਕੋਈ ਘਾਟ ਨਹੀਂ ਹੈ।ਕਈ ਵਾਰ ਤਕਨੀਕੀ ਸਮੱਸਿਆ ਆ ਜਾਂਦੀ ਹੈ।ਜਲਦੀ ਠੀਕ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਸਾਰੇ ਪੂਰਵੀ ਜ਼ੋਨ ਵਿੱਚ ਬਿਜਲੀ ਵੰਡ ਪ੍ਰਬੰਧ ਸੁਚਾਰੂ ਰੂਪ ਵਿੱਚ ਬਹੁਤ ਹੀ ਤਸੱਲੀਬਖ਼ਸ਼ ਤਰੀਕੇ ਨਾਲ ਕੰਮ ਕਰ ਰਿਹਾ ਹੈ।ਲੋਕਾਂ ਦੀਆਂ ਸ਼ਿਕਾਇਤਾਂ ਨੂੰ ਪਹਿਲ ਦੇ ਅਧਾਰ 'ਤੇ ਨਜਿੱਠਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਕਿਤੇ ਓਵਰਲੋਡਿੰਗ ਟ੍ਰਾਂਸਫਾਰਮਰ ਦੀ ਸਮੱਸਿਆ ਆਉਂਦੀ ਹੈ, ਉਸ ਨੂੰ ਤੁਰੰਤ ਦਰੁਸਤ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਝੋਨੇ ਦੀ ਫਸਲ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਸਾਰੇ ਅਗਾਊਂ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਇਸ ਲਈ ਝੋਨੇ ਦੀ ਫਸਲ ਦੌਰਾਨ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲੇਗੀ।

# ਕਾਸੋ ਅਪ੍ਰੇਸ਼ਨ ਤਹਿਤ ਪੁਲਸ ਵੱਲੋਂ ਵਿਸ਼ੇਸ਼ ਸਰਚ ਅਭਿਆਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਅਧੀਨ ਜ਼ਿਲ੍ਹੇ ਅੰਦਰ ਨਸ਼ਾ ਤਸਕਰਾਂ ਖ਼ਿਲਾਫ ਲਗਾਤਾਰ ਸਖ਼ਤ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।ਇਸੇ ਲੜੀ ਵਿੱਚ ਅੱਜ ਪਿੰਡ ਹਰੀਕੇ ਕਲਾਂ ਵਿੱਚ ਵੱਡੇ ਪੱਧਰ 'ਤੇ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ।ਇਸ ਸਰਚ ਅਭਿਆਨ ਦੌਰਾਨ ਸ੍ਰੀ ਬਚਨ ਸਿੰਘ ਡੀਐੱਸਪੀ ਸ੍ਰੀ ਮੁਕਤਸਰ ਸਾਹਿਬ, ਸ੍ਰੀ ਜੋਰਾ ਸਿੰਘ ਡੀਐੱਸਪੀ ਹੈੱਡਕੁਆਰਟਰ, ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀਆਈਏ ਸਟਾਫ, ਇੰਸਪੈਕਟਰ ਰਾਜਵੀਰ ਸਿੰਘ, ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਤੇ ਐੱਸਆਈ ਗੁਰਦੀਪ ਸਿੰਘ, ਮੁੱਖ ਅਫਸਰ ਥਾਣਾ ਬਰੀਵਾਲਾ ਸਮੇਤ ਕੁੱਲ 85 ਪੁਲਸ ਅਧਿਕਾਰੀ ਅਤੇ ਕਰਮਚਾਰੀ ਮੌਕੇ 'ਤੇ ਮੌਜੂਦ ਰਹੇ।ਅਭਿਆਨ ਦੌਰਾਨ ਕਾਸੋ ਆਪ੍ਰੇਸ਼ਨ ਤਹਿਤ ਪਿੰਡ ਦੇ ਅੰਦਰੂਨੀ ਤੇ ਬਾਹਰੀ ਰਸਤਿਆਂ 'ਤੇ ਮਜ਼ਬੂਤ ਨਾਕੇਬੰਦੀ ਕਰਕੇ ਹਰ ਆਉਣ-ਜਾਣ ਵਾਲੇ ਵਾਹਨ ਤੇ ਸੰਦੇਹਜਨਕ ਵਿਅਕਤੀਆਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ, ਜਿਨ੍ਹਾਂ ਵਿਅਕਤੀਆਂ ਖ਼ਿਲਾਫ ਪਹਿਲਾਂ ਮੁਕੱਦਮੇ ਦਰਜ ਹਨ, ਉਨ੍ਹਾਂ ਦੇ ਘਰਾਂ ਤੇ ਹੋਰ ਸੰਦੇਹਜਨਕ ਥਾਵਾਂ 'ਤੇ ਵੀ ਪੁਲਸ ਵੱਲੋਂ ਵਿਆਪਕ ਤਲਾਸ਼ੀ ਮੁਹਿੰਮ ਚਲਾਈ ਗਈ।ਇਸ ਦੇ ਨਾਲ-ਨਾਲ ਜਿਨ੍ਹਾਂ ਵਿਅਕਤੀਆਂ ਬਾਰੇ ਨਸ਼ਾ ਤਸਕਰੀ ਜਾਂ ਨਸ਼ਾ ਵੇਚਣ ਸਬੰਧੀ ਗੁਪਤ ਜਾਣਕਾਰੀ ਪ੍ਰਾਪਤ ਹੋਈ ਸੀ, ਉਨ੍ਹਾਂ ਦੇ ਸੰਭਾਵਿਤ ਟਿਕਾਣਿਆਂ 'ਤੇ ਵੀ ਚੈਕਿੰਗ ਕੀਤੀ ਗਈ।ਨਸ਼ਾ ਕਰਨ ਵਾਲੇ ਵਿਅਕਤੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਨਸ਼ੇ ਦੇ ਨੁਕਸਾਨ ਬਾਰੇ ਜਾਗਰੂਕ ਕੀਤਾ ਗਿਆ ਤੇ ਇਲਾਜ ਲਈ ਸਰਕਾਰੀ ਡੀ-ਐਡੀਕਸ਼ਨ ਕੇਂਦਰਾਂ ਵਿੱਚ ਦਾਖਲ ਹੋਣ ਲਈ ਪ੍ਰੇਰਿਤ ਕੀਤਾ ਗਿਆ।

## ਖੇਡਾਂ ਹੀ ਰੱਖ ਸਕਦੀਆਂ ਹਨ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ : ਡਾਕਟਰ ਢਿੱਲੋਂ

ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਪੰਜਾਬ ਵਿੱਚ ਪਿਛਲੇ ਲੰਬੇ ਸਮੇਂ ਤੋਂ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਲਪੇਟ ਵਿੱਚ ਆਉਣ ਕਰਕੇ ਆਪਣੀ ਜਾਨ ਗਵਾ ਚੁੱਕੀ ਹੈ।ਨਸ਼ਿਆਂ ਕਾਰਨ ਕਈ ਮਾਵਾਂ ਦੇ ਜਵਾਨ ਪੁੱਤ ਇਸ ਦੁਨੀਆ ਨੂੰ ਅਲਵਿਦਾ ਆਖ ਚੁੱਕੇ ਹਨ, ਜੋ ਕਿ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਿੱਥੇ ਸਰਕਾਰਾਂ ਵੱਲੋਂ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਮਾਪਿਆਂ, ਅਧਿਆਪਕਾਂ ਤੇ ਸਮਾਜ ਦੇ ਜ਼ਿੰਮੇਵਾਰ ਵਰਗਾਂ ਵੱਲੋਂ ਵੀ ਅਹਿਮ ਯੋਗਦਾਨ ਪਾਉਣ ਦੀ ਜ਼ਰੂਰਤ ਹੈ।ਇਸ ਸਬੰਧੀ ਚਮੜੀ ਰੋਗਾਂ ਦੇ ਮਾਹਰ ਡਾਕਟਰ ਗੁਰਿੰਦਰਜੀਤ ਸਿੰਘ ਢਿੱਲੋਂ ਨੇ ਵੀ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਦੀ ਅਪੀਲ ਕੀਤੀ ਹੈ।ਡਾਕਟਰ ਢਿੱਲੋਂ ਨੇ ਕਿਹਾ ਕਿ ਜੇਕਰ ਨੌਜਵਾਨ ਨਸ਼ਿਆਂ ਤੋਂ ਬਚਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਖੇਡਾਂ ਵੱਲ ਵੱਧ ਤੋਂ ਵੱਧ ਧਿਆਨ ਦੇਣਾ ਚਾਹੀਦਾ ਹੈ।ਖੇਡਾਂ ਸਿਰਫ਼ ਸਰੀਰ ਨੂੰ ਤੰਦਰੁਸਤ ਨਹੀਂ ਰੱਖਦੀਆਂ, ਸਗੋਂ ਮਨ ਨੂੰ ਵੀ ਮਜ਼ਬੂਤ ਬਣਾਉਂਦੀਆਂ ਹਨ ਤੇ ਜੀਵਨ ਵਿੱਚ ਅਨੁਸ਼ਾਸਨ ਲਿਆਉਂਦੀਆਂ ਹਨ, ਜਿਸ ਲਈ ਹਰ ਪਿੰਡ ਤੇ ਸ਼ਹਿਰ ਵਿੱਚ ਇਕ ਚੰਗਾ ਖੇਡ ਮੈਦਾਨ ਤੇ ਇਸ ਦੀ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਪਿੰਡਾਂ ਵਿੱਚ ਪੰਚਾਇਤਾਂ ਤੇ ਸ਼ਹਿਰਾਂ ਵਿੱਚ ਨਗਰ ਕੌਂਸਲ ਨੂੰ ਦੇਣੀ ਚਾਹੀਦੀ ਹੈ।



## ਲੋਕ ਸੇਵਾ ਸੋਸਾਇਟੀ ਵੱਲੋਂ 76ਵਾਂ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ



ਜਗਰਾਉਂ (ਅਮਿਤ ਖੰਨਾ)-ਏ ਪੀ ਰਿਫਾਇਨਰੀ ਜਗਰਾਉਂ ਵੱਲੋਂ ਲੋਕ ਸੇਵਾ ਸੋਸਾਇਟੀ ਜਗਰਾਉਂ ਦੇ ਸਹਿਯੋਗ ਨਾਲ 76ਵਾਂ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ ਲਗਾਇਆ ਗਿਆ। ਸੋਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾ: ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲਗਾਏ ਕੈਂਪ ਵਿੱਚ ਏ ਪੀ ਰਿਫਾਇਨਰੀ ਦੇ ਡਾਇਰੈਕਟਰ ਰਵੀ ਗੋਇਲ, ਅਰੁਣ ਗੋਇਲ, ਭੁਵਨ ਗੋਇਲ ਤੇ ਇਸ਼ਾਂਤ ਗੋਇਲ ਨੇ ਕੈਂਪ ਦਾ ਉਦਘਾਟਨ ਕਰਦੇ ਹੋਏ ਸੋਸਾਇਟੀ ਵੱਲੋਂ ਪਿਛਲੇ 31 ਸਾਲਾਂ ਤੋਂ ਇਲਾਕੇ ਦੀ ਕੀਤੀ ਜਾ ਰਹੀ ਸੇਵਾ ਦੀ ਸ਼ਲਾਘਾ ਕੀਤੀ, ਉੱਥੇ ਸੁਸਾਇਟੀ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ। ਕੈਂਪ ਵਿੱਚ ਸ਼ੰਕਰਾ ਆਈ ਹਸਪਤਾਲ ਦੀ ਟੀਮ ਵੱਲੋਂ 182 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨ ਉਪਰੰਤ 52 ਮਰੀਜ਼ਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਆਉਂਦੇ ਇੱਕ ਦੋ ਦਿਨਾਂ ਵਿੱਚ ਹਸਪਤਾਲ ਵਿਖੇ ਕੀਤੇ ਜਾਣਗੇ। ਲੰਮਿਆਂ ਵਾਲਾ ਬਾਗ ਨੇੜੇ ਡੀ ਏ ਵੀ ਕਾਲਜ ਵਿਖੇ ਲਗਾਏ ਇਸ ਕੈਂਪ 'ਚ ਗੋਪਾਲ ਗੁਪਤਾ ਲਾਕੇਸ਼ ਟੰਡਨ, ਕਪਿਲ ਸ਼ਰਮਾ, ਅਨਿਲ ਮਲਹੋਤਰਾ, ਗੁਲਸ਼ਨ ਗਰਗ, ਕੰਵਲ ਕੱਕੜ, ਕਪਿਲ ਸ਼ਰਮਾ, ਚੇਅਰਮੈਨ ਮਨੋਹਰ ਸਿੰਘ ਟੱਕਰ, ਕੈਪਟਨ ਨਰੇਸ਼ ਵਰਮਾ, ਸਰਪ੍ਰਸਤ ਰਾਜਿੰਦਰ ਜੈਨ, ਰਾਜੀਵ ਕਟਾਰੀਆ, ਰਾਜੀਵ ਮਿੱਤਲ, ਮੁਕੇਸ਼ ਗੁਪਤਾ ਆਦਿ ਹਾਜ਼ਰ ਸਨ।

## ਸਿੱਖ ਗਲੋਬਲ ਸੰਸਥਾ ਵੱਲੋਂ ਕੀਰਤਨ ਸਮਾਗਮ



ਜਗਰਾਉਂ (ਅਮਿਤ ਖੰਨਾ)-ਨੌਜਵਾਨਾਂ ਦੀ ਜਥੇਬੰਦੀ ਸਿੱਖ ਗਲੋਬਲ ਸੰਸਥਾ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਹਿਰ ਵਿੱਚ ਕਰਵਾਏ ਮਹਾਨ ਕੀਰਤਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਮੇਟੀ ਪਾਰਕ ਨੇੜੇ ਬਹੁਤ ਹੀ ਸੋਹਣੇ ਸਜੇ ਪੰਡਾਲ ਦੀ ਮਨਮੋਹਣੀ ਦਿੱਖ, ਸੁੰਦਰ ਪਾਲਕੀ ਵਿੱਚ ਸੁਸ਼ੋਭਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਦ੍ਰਿਸ਼ ਹਰ ਵਿਅਕਤੀ ਵੱਲੋਂ ਨਤਮਸਤਕ ਹੋਣ ਸਮੇਂ ਮਨ ਨੂੰ ਭਾਉਂਦਾ ਸੀ।ਇਸ ਮੌਕੇ ਭਾਈ ਅਮਨਦੀਪ ਸਿੰਘ ਲੁਧਿਆਣੇ ਵਾਲਿਆਂ ਨੇ ਬਹੁਤ ਹੀ ਰਸਭਿੰਨਾ ਕੀਰਤਨ ਕੀਤਾ। ਉਪਰੰਤ ਭਾਈ ਅਮਨਦੀਪ ਸਿੰਘ (ਬੀਬੀ ਕੌਲਾਂ ਵਾਲੇ) ਅੰਮ੍ਰਿਤਸਰ ਸਾਹਿਬ ਵਾਲੇ ਜੱਥੇ ਨੇ ਕਰੀਬ ਘੰਟਾ ਕੀਰਤਨ ਕੀਤਾ।ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਨੌਜਵਾਨਾਂ ਦੇ ਉੱਦਮ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਸ਼ਹਿਰ ਦੀਆਂ ਸੰਗਤਾਂ ਦੇ ਮਨਾਂ ਦੀ ਰੀਝ ਪੂਰੀ ਕੀਤੀ।ਇਸ ਮੌਕੇ ਨਾਨਕਸਰ ਸੰਪਰਦਾ ਦੇ ਮੌਜੂਦਾ ਮਹਾਂਪੁਰਸ਼ ਬਾਬਾ ਗੁਰਜੀਤ ਸਿੰਘ ਤੇ ਮਾਤਾ ਵਿਪਨਪ੍ਰੀਤ ਕੌਰ ਲੁਧਿਆਣੇ ਵਾਲੇ ਵਿਸ਼ੇਸ਼ ਤੌਰ 'ਤੇ ਸੰਗਤਾਂ ਵਿੱਚ ਪੁੱਜੇ।ਸਟੇਜ ਦੀ ਜ਼ਿੰਮੇਵਾਰੀ ਸ੍ਰ. ਗੁਰਪ੍ਰੀਤ ਸਿੰਘ ਨੇ ਨਿਭਾਈ।ਇਸ ਮੌਕੇ ਸਹਿਯੋਗ ਤੇ ਸੇਵਾ ਕਰਨ ਵਾਲਿਆਂ ਨੂੰ ਜਥੇਬੰਦੀ ਵੱਲੋਂ ਸਨਮਾਨਤ ਵੀ ਕੀਤਾ ਗਿਆ ਤੇ ਗੁਰੂ ਕੇ ਲੰਗਰ ਅਤੁੱਟ ਵਰਤੇ। ਕੀਰਤਨ ਦਾ ਆਨੰਦ ਮਾਨਣ ਵਾਲਿਆਂ 'ਚ ਸਾਬਕਾ ਵਿਧਾਇਕ ਸ੍ਰੀ ਐੱਸ ਆਰ ਕਲੇਰ, ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂਕੇ, ਦੀਪਇੰਦਰ ਸਿੰਘ ਭੰਡਾਰੀ, ਅਜੀਤ ਸਿੰਘ ਮਿਗਲਾਨੀ, ਹਰਵਿੰਦਰ ਸਿੰਘ ਚਾਵਲਾ, ਰਣਜੀਤ ਸਿੰਘ ਹੈਪੀ, ਜਤਵਿੰਦਰ ਪਾਲ ਸਿੰਘ ਜੇਪੀ, ਇੰਦਰਬੀਰ ਸਿੰਘ ਰਿੰਕੀ ਚਾਵਲਾ ਚਰਨਜੀਤ ਸਿੰਘ, ਗੁਰਮੀਤ ਸਿੰਘ ਬਿੰਦਰਾ, ਜਸਪਾਲ ਸਿੰਘ ਛਾਬੜਾ, ਇਕਬਾਲ ਸਿੰਘ ਛਾਬੜਾ, ਅਵਤਾਰ ਸਿੰਘ ਮਿਗਲਾਨੀ, ਗੁਰਸ਼ਰਨ ਸਿੰਘ ਮਿਗਲਾਨੀ, ਚਰਨਜੀਤ ਸਿੰਘ ਸਰਨਾ ਆਦਿ ਮੌਜੂਦ ਸਨ।

## ਸੜਕ ਹਾਦਸੇ 'ਚ ਨੌਜਵਾਨ ਦੀ ਮੌਤ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਖਿਆਲੀ ਨਾਲ ਸੰਬੰਧਤ ਐੱਸ ਸੀ ਪਰਵਾਰ ਦੇ ਇੱਕ ਨੌਜਵਾਨ ਦੀ ਸੜਕ ਹਾਦਸੇ 'ਚ ਮੌਤ ਹੋ ਜਾਣ ਦੀ ਦੁਖਦਾਈ ਖ਼ਬਰ ਮਿਲੀ ਹੈ। ਕਬੱਡੀ ਕੁਮੈਂਟੇਟਰ ਲੱਖਾ ਖਿਆਲੀ ਅਨੁਸਾਰ ਨੌਜਵਾਨ ਰਵਿੰਦਰਦੀਪ ਸਿੰਘ (16 ਸਾਲ) ਪੁੱਤਰ ਸਵਰਨ ਸਿੰਘ ਫੌਜੀ, ਜੋ ਆਪਣੇ ਭਰਾ ਨਾਲ ਕਾਰ 'ਤੇ ਪਿੰਡ ਖਿਆਲੀ-ਸਹੌਰ ਲਿੰਕ ਸੜਕ ਉੱਪਰ ਸਥਿਤ ਇੱਕ ਧਾਰਮਿਕ ਅਸਥਾਨ ਉੱਪਰ ਨਤਮਸਤਕ ਹੋ ਕੇ ਵਾਪਸ ਘਰ ਪਰਤ ਰਿਹਾ ਸੀ, ਤਾਂ ਰਸਤੇ ਵਿੱਚ ਉਨ੍ਹਾਂ ਦੀ ਕਾਰ ਸੜਕ ਕਿਨਾਰੇ ਖੜ੍ਹੇ ਇੱਕ ਦਰੱਖਤ ਨਾਲ ਅਚਾਨਕ ਟਕਰਾਉਣ ਨਾਲ ਨੌਜਵਾਨ ਦੀ ਮੌਤ ਹੋ ਗਈ।ਉਸ ਦਾ ਭਰਾ ਵਾਲ ਵਾਲ ਬਚ ਗਿਆ।

# ਹੋਣਹਾਰ ਵਿਦਿਆਰਥੀਆਂ ਦਾ ਕੀਤਾ ਵਿਸ਼ੇਸ਼ ਸਨਮਾਨ

### ਨਵਚੇਤਨਾ ਕਲੱਬ ਨੇ ਬੱਚਿਆਂ ਨੂੰ ਕਿਤਾਬਾਂ ਤੇ ਸਟੇਸ਼ਨਰੀ ਵੰਡੀ



ਸਮਾਣਾ (ਇਕਬਾਲ ਸਿੰਘ ਬੱਲ)

ਸਥਾਨਕ ਵਾਰਡ ਨੰਬਰ 12 ਦੇ ਮੁਹੱਲਾ ਆਮਾਮਗੜ੍ਹ ਦੀ ਧਰਮਸ਼ਾਲਾ ਵਿਖੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਲਈ ਇੱਕ ਵਿਸ਼ੇਸ਼ ਸਮਾਗਮ ਉਲੀਕਿਆ ਗਿਆ।ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮੌਕੇ ਕਰਵਾਏ ਗਏ ਇਸ ਸਮਾਗਮ ਵਿੱਚ ਸ੍ਰ. ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀਕਰਨ ਬੋਰਡ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ?ਇਸ ਮੌਕੇ ਹੋਣਹਾਰ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਲਈ ਇਹ ਸਮਾਗਮ ਚੇਅਰਮੈਨ ਹਰਚੰਦ ਸਿੰਘ ਬਰਸਟ ਤੇ ਸ਼੍ਰੀ ਧਰਮਪਾਲ ਨਾਹਰ ਦੀ ਯੋਗ ਅਗਵਾਈ ਹੇਠ ਸੰਪੰਨ ਹੋਇਆ। ਇਸ ਦੌਰਾਨ ਨਵਚੇਤਨਾ ਯੂਥ ਕਲੱਬ ਦੇ ਮੈਂਬਰਾਂ ਤੇ ਸ਼੍ਰੀਮਤੀ ਨਵਦੀਪ ਕੌਰ (ਪਤਨੀ ਗਗਨਦੀਪ ਸਿੰਘ) ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਦੇ ਉਨ੍ਹਾਂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਨੇ ਪੜ੍ਹਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸ੍ਰੀ ਬਰਸਟ ਨੇ ਕਿਹਾ ਕਿ ਇਹ ਸਹਾਇਤਾ ਸਮੱਗਰੀ ਦੀ ਵੰਡ ਵਿਦਿਆਰਥੀਆਂ ਵਿੱਚ ਪੜ੍ਹਾਈ ਪ੍ਰਤੀ ਰੁਚੀ ਵਧਾਉਣ ਤੇ ਉਨ੍ਹਾਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਦੇ ਮਕਸਦ ਨਾਲ ਕੀਤੀ ਗਈ ਹੈ ਤਾਂ ਜੋ ਬੱਚੇ ਪੜ੍ਹਾਈ ਵਿੱਚ ਹੋਰ ਤਬਦੀਰੀ ਮਿਹਨਤ ਕਰਨ ਤੇ ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰਨ।? ਉਨ੍ਹਾਂ ਕਿਹਾ ਕਿ ਲੋੜਵੰਦ ਤੇ ਹੋਣਹਾਰ ਬੱਚਿਆਂ ਨੂੰ ਕਿਤਾਬਾਂ ਵੰਡੀਆਂ ਗਈਆਂ ਤੇ ਸਟੇਸ਼ਨਰੀ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ।

ਬਰਸਟ ਨੇ ਕਿਹਾ ਕਿ ਬੱਚੇ ਦੇਸ਼ ਦਾ ਸਰਮਾਇਆ ਹਨ ਤੇ ਉਨ੍ਹਾਂ ਨੂੰ ਸਹੀ ਸਾਧਨ ਮੁਹੱਈਆ ਕਰਵਾਉਣਾ ਸਾਡਾ ਸਾਰਿਆਂ ਦਾ ਫਰਜ਼ ਹੈ।ਇਸ ਨੇਕ ਕਾਰਜ ਲਈ ਨਵਚੇਤਨਾ ਯੂਥ ਕਲੱਬ ਤੇ ਸਮੂਹ ਮੈਂਬਰ ਵਧਾਈ ਦੇ ਪਾਤਰ ਹਨ। ਇਸ ਸਮਾਗਮ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਤੇ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ।

# ਵੁਆਇਸ ਆਫ ਮਾਨਸਾ ਵੱਲੋਂ ਨਗਰ ਕੌਂਸਲ ਚੋਣਾਂ 'ਚ ਚੰਗੇ ਉਮੀਦਵਾਰਾਂ ਦੀ ਚੋਣ ਲਈ ਜਾਗਰੂਕਤਾ ਮੁਹਿੰਮ



ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਸ਼ਹਿਰ ਤੇ ਆਲੇ ਦੁਆਲੇ ਦੇ ਸਮਾਜ ਸੇਵੀਆਂ ਵੱਲੋਂ ਬਣਾਈ ਗਈ ਸੰਸਥਾ ਵੁਆਇਸ ਆਫ ਮਾਨਸਾ ਨੇ ਆਗਾਮੀ ਨਗਰ ਕੌਂਸਲ ਚੋਣਾਂ ਵਿੱਚ ਚੰਗੇ ਉਮੀਦਵਾਰ ਚੁਣਨ ਲਈ ਸਾਰੀਆਂ ਸਮਾਜਿਕ ਸੰਸਥਾਵਾਂ ਤੇ ਸ਼ਹਿਰ ਪ੍ਰਤੀ ਚੰਗੀ ਸੋਚ ਰੱਖਣ ਵਾਲੇ ਨਾਗਰਿਕਾਂ ਨੂੰ ਇਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਚੰਗੇ ਉਮੀਦਵਾਰਾਂ ਨੂੰ ਚੁਣਨ ਲਈ ਲਾਮਬੰਦੀ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।ਸੰਸਥਾ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਦੀ ਪ੍ਰਧਾਨਗੀ ਹੇਠ ਸੰਸਥਾ ਦੇ ਜਨਰਲ ਹਾਊਸ ਦੀ ਮੀਟਿੰਗ ਹੋਈ।ਇਸ ਮੌਕੇ ਡਾ. ਸਿੰਗਲਾ ਨੇ ਕਿਹਾ ਕਿ ਸ਼ਹਿਰ ਨਾਲ ਸਬੰਧਤ ਮੁੱਖ ਸਮੱਸਿਆਵਾਂ ਜਿਵੇਂ ਸਾਫ ਪਾਣੀ ਦੀ ਸਪਲਾਈ, ਸੀਵਰੇਜ ਦੀ ਨਿਕਾਸੀ ਜਾਂ ਪੂਰਨ ਰੂਪ ਵਿੱਚ ਸਫਾਈ ਨਾ ਹੋਣਾ ਆਦਿ ਲਈ ਮੁੱਖ ਤੌਰ 'ਤੇ ਸ਼ਹਿਰ ਦਾ ਸਥਾਨਕ ਪ੍ਰਸ਼ਾਸਨ ਤੇ ਨਗਰ ਕੌਂਸਲ ਹੀ ਜ਼ਿੰਮੇਵਾਰ ਹੁੰਦੀ ਹੈ, ਪ੍ਰੰਤੂ ਬੀਤੇ ਕਈ ਵਰ੍ਹਿਆਂ ਤੋਂ ਮਾਨਸਾ ਸ਼ਹਿਰ ਦੀਆਂ ਇਹ ਸਮੱਸਿਆਵਾਂ ਬਦਤਰ ਰੂਪ ਧਾਰਨ ਕਰਨ ਗਈਆਂ ਹਨ।ਮਾਨਸਾ ਦੇ ਲੋਕ ਇਨ੍ਹਾਂ ਦੇ ਹੱਲ ਲਈ ਧਰਨੇ ਪ੍ਰਦਰਸ਼ਨ ਆਦਿ ਕਰਕੇ ਵੀ ਥੱਕ ਚੁੱਕੇ ਹਨ, ਹੁਣ ਲੋਕ ਇਨ੍ਹਾਂ ਸਮੱਸਿਆਵਾਂ ਤੋਂ ਪੱਕਾ ਹੱਲ ਚਾਹੁੰਦੇ ਹਨ, ਜਿਸ ਦਾ ਹੁਣ ਢੁੱਕਵਾਂ ਸਮਾਂ ਆ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਸੰਸਥਾ ਰਾਹੀਂ ਸਮਾਜ ਦੇ ਹਰ ਵਰਗ ਦੇ ਲੋਕਾਂ ਨੂੰ ਬੇਨਤੀ ਕਰਨਾ ਚਾਹੁੰਦੇ ਹਾਂ ਕਿ ਆਪੋ ਆਪਣੇ ਵਾਰਡ ਦੀਆਂ ਸਮੱਸਿਆਵਾਂ ਦੇ ਹੱਲ ਲਈ ਯੋਗ ਉਮੀਦਵਾਰਾਂ ਨੂੰ ਜਿਤਾਇਆ ਜਾਵੇ।ਇਸ ਬਾਰੇ ਹੋਰ ਵਿਸਥਾਰ 'ਚ ਗੱਲ ਕਰਦਿਆਂ ਸੰਸਥਾ ਦੇ ਮੀਤ ਪ੍ਰਧਾਨ ਤੇ ਸ਼ਹਿਰ ਦੀ ਨਗਰ ਕੌਂਸਲ ਦੇ ਪ੍ਰਧਾਨ ਰਹਿ ਚੁੱਕੇ ਬਲਵਿੰਦਰ ਸਿੰਘ ਕਾਕਾ ਨੇ ਕਿਹਾ ਕਿ ਵਾਰਡ ਵਾਸੀਆਂ ਨੂੰ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਯੋਗ ਤੇ ਸਾਫ ਛਵੀਂ ਵਾਲੇ ਉਮੀਦਵਾਰਾਂ ਨੂੰ ਸਿਆਸੀ ਹਿੱਤਾਂ ਤੋਂ ਉਪਰ ਉਠਦੇ ਹੋਏ ਅੱਗੇ ਲਿਆਉਣਾ ਚਾਹੀਦਾ ਹੈ ਤੇ ਬਿਨਾਂ ਕਿਸੇ ਲਾਲਚ ਦੇ ਅਜਿਹੇ ਉਮੀਦਵਾਰਾਂ ਨੂੰ ਜਿਤਾਉਣ ਲਈ ਸਾਥ ਦੇਣਾ ਚਾਹੀਦਾ ਹੈ, ਜੋ ਪਹਿਲਾਂ ਤੋਂ ਹੀ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕਰ ਰਹੇ ਹੋਣ।ਇਸ ਮੌਕੇ ਸੀਨੀਅਰ ਸਿਟੀਜ਼ਨ ਆਗੂ ਬਿੱਕਰ ਸਿੰਘ ਮਘਾਣੀਆਂ, ਸੋਸ਼ਲਿਸਟ ਪਾਰਟੀ ਆਗੂ ਹਰਿੰਦਰ ਸਿੰਘ ਮਾਨਸ਼ਾਹੀਆ, ਪ੍ਰੋਜੈਕਟ ਡਾਇਰੈਕਟਰ ਲਖਵਿੰਦਰ ਸਿੰਘ ਮੂਸਾ, ਆਈ ਐੱਮ ਏ ਮਾਨਸਾ ਦੇ ਜਨਰਲ ਸਕੱਤਰ ਡਾ. ਸ਼ੇਰ ਜੰਗ ਸਿੱਧੂ ਤੋਂ ਇਲਾਵਾ ਸੰਸਥਾ ਦੇ ਮੈਂਬਰਾਂ ਸਾਬਕਾ ਬਾਰ ਕੌਂਸਲ ਪ੍ਰਧਾਨ ਐਡਵੋਕੇਟ ਨਵਲ ਗੋਇਲ, ਸਨਾਤਨ ਧਰਮ ਸਭਾ ਆਗੂ ਰੁਲਦੂ ਰਾਮ ਨੰਦਗੜ੍ਹੀਆ, ਅਧਿਆਪਕ ਆਗੂ ਹਰਦੀਪ ਸਿੱਧੂ, ਸਰਬਜੀਤ ਕੌਸ਼ਲ, ਬਲਰਾਜ ਨੰਗਲ, ਹਰਜੀਵਨ ਸਰਾਂ, ਨਰਿੰਦਰ ਸ਼ਰਮਾ, ਜਗਸੀਰ ਸਿੰਘ ਢਿੱਲੋਂ, ਵੱਲੋਂ ਵੀ ਇਸ 'ਤੇ ਸਹਿਮਤੀ ਪ੍ਰਗਟਾਈ।ਇਸ ਮੌਕੇ ਸ਼ਹਿਰ ਦੀ ਨਗਰ ਕੌਂਸਲ ਦੇ ਸਾਬਕਾ ਮੀਤ ਪ੍ਰਧਾਨ ਜਤਿੰਦਰ ਆਗਰਾ, ਰੋਟੇਰੀਅਨ ਪ੍ਰੇਮ ਅੱਗਰਵਾਲ, ਜਗਦੀਸ਼ ਜੋਗਾ, ਸ਼ੰਭੂ ਨਾਥ, ਦਰਸ਼ਨਪਾਲ ਗਰਗ ਤੋਂ ਇਲਾਵਾ ਹੋਰ ਮੈਂਬਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

## 393625 ਮੀਟਰਕ ਟਨ ਕਣਕ ਦੀ ਹੋਈ ਆਮਦ : ਡੀ ਸੀ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਜ਼ਿਲ੍ਹੇ ਦੇ ਸਾਰੇ ਸਰਕਾਰੀ ਖਰੀਦ ਕੇਂਦਰਾਂ ਤੇ ਕਣਕ ਦੀ ਖਰੀਦ ਪ੍ਰਕਿਰਿਆ ਜਾਰੀ ਹੈ ਤੇ ਵੱਖ ਵੱਖ ਏਜੰਸੀਆਂ ਵੱਲੋਂ ਕਣਕ ਦੀ ਲਗਾਤਾਰ ਖਰੀਦ ਕੀਤੀ ਜਾ ਰਹੀ ਹੈ।ਜ਼ਿਲ੍ਹੇ ਦੀਆਂ ਮੰਡੀਆਂ 'ਚ ਕੱਲ੍ਹ ਸ਼ਾਮ ਤੱਕ 393625 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ,ਜਿਸ ਵਿਚੋਂ ਵੱਖ ਵੱਖ ਏਜੰਸੀਆਂ ਵਲੋਂ 374680 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ ਤੇ ਕਿਸਾਨਾਂ ਨੂੰ 804 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦਿੱਤੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਤੇ ਖੇਤਾਂ ਵਿੱਚ ਹੀ ਮਿਲਾਉਣ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗਰਮੀ ਦੇ ਮੌਸਮ ਦੇ ਮੱਦੇਨਜ਼ਰ ਪੀਣ ਵਾਲੇ ਪਾਣੀ ਤੇ ਪਖ਼ਾਨਿਆਂ ਤੋਂ ਇਲਾਵਾ ਹੋਰ ਲੋੜੀਂਦੀਆਂ ਸਹੂਲਤਾਂ ਦਾ ਖਾਸ ਖਿਆਲ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਨੂੰ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਕਟਾਈ ਸਵੇਰੇ 10.00 ਵਜੇ ਤੋਂ ਸ਼ਾਮ 07.00 ਵਜੇ ਤੱਕ ਹੀ ਕਰਨ ਤਾਂ ਜੁ ਕਣਕ ਵਿੱਚ ਨਮੀ ਦੀ ਮਾਤਰਾ ਵੱਧ ਨਾ ਹੋਵੇ।

## ਪੰਜਾਬ ਸੀਡ ਕੰਪਨੀ ਵੱਲੋਂ ਗੜੇਮਾਰੀ ਪ੍ਰਭਾਵਿਤ ਕਿਸਾਨਾਂ ਨੂੰ ਝੋਨੇ ਦਾ ਮੁਫਤ ਬੀਜ ਦੇਣ ਦੀ ਮੁਹਿੰਮ ਸ਼ੁਰੂ

### ਪਹਿਲੇ ਦਿਨ 5 ਪਿੰਡਾਂ ਦੇ 100 ਦੇ ਕਰੀਬ ਕਿਸਾਨਾਂ ਨੂੰ ਮੁਫਤ ਬੀਜ ਦਿੱਤੇ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਗਿੱਦੜਬਾਹਾ ਦੇ ਨਾਮੀ ਬੀਜ ਭੰਡਾਰ ਪੰਜਾਬ ਸੀਡ ਕੰਪਨੀ (ਪੰਜਾਬ ਬੀਜ ਭੰਡਾਰ) ਗਿੱਦੜਬਾਹਾ ਵੱਲੋਂ ਪਿਛਲੇ ਦਿਨੀਂ ਪੰਜਾਬ ਭਰ ਵਿੱਚ ਗੜੇਮਾਰੀ ਕਾਰਨ ਕੁਦਰਤੀ ਕਰੋਪੀ ਦਾ ਸ਼ਿਕਾਰ ਹੋਏ ਕਿਸਾਨਾਂ ਨੂੰ ਉਨ੍ਹਾਂ ਦੀ ਹਜ਼ਾਰਾਂ ਏਕੜ ਖਰਾਬ ਹੋਈ ਕਣਕ ਦੀ ਫ਼ਸਲ ਤੋਂ ਬਾਅਦ ਉਨ੍ਹਾਂ ਦੀ ਮਦਦ ਕਰਨ ਲਈ ਬੀਤੇ ਦਿਨ ਉਨ੍ਹਾਂ ਨੂੰ ਮੁਫਤ ਬੀਜ ਦੇਣ ਦਾ ਐਲਾਨ ਕੀਤਾ ਸੀ। ਜਿਸ ਦੇ ਤਹਿਤ ਅੱਜ ਗੁੜ ਮੰਡੀ ਸਥਿਤ ਉਕਤ ਬੀਜ ਕੰਪਨੀ ਦੀ ਦੁਕਾਨ ਪੰਜਾਬ ਬੀਜ ਭੰਡਾਰ 'ਤੇ ਕਰੀਬ 5 ਪਿੰਡਾਂ ਦੇ ਕਰੀਬ 100 ਕਿਸਾਨਾਂ ਨੂੰ ਸਰਪੰਚਾਂ ਦੀ ਹਾਜ਼ਰੀ 'ਚ ਬਿਨਾਂ ਕਿਸੇ ਪੈਸੇ ਤੋਂ ਮੁਫਤ ਝੋਨੇ ਦਾ ਬੀਜ ਵੰਡਿਆ ਗਿਆ।ਇਸ ਮੌਕੇ ਗ੍ਰਾਮ ਪੰਚਾਇਤ ਕੋਠੇ ਸੰਧੂਆਂ ਵਾਲੇ (ਅਬਲੂ) ਦੇ ਸਰਪੰਚ ਗੁਰਮੀਤ ਸਿੰਘ ਨੇ ਕਿਸਾਨਾਂ ਦੀ ਔਖੀ ਘੜੀ ਵਿੱਚ ਕਿਸਾਨਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜਨ ਵਾਲੇ ਪੰਜਾਬ ਬੀਜ ਭੰਡਾਰ ਫਰਮ ਦੇ ਮਾਲਕਾਂ ਦਾ ਗੜੇਮਾਰੀ ਪ੍ਰਭਾਵਿਤ ਕਿਸਾਨਾਂ ਨੂੰ ਮੁਫਤ ਵਿੱਚ ਝੋਨੇ ਦਾ ਬੀਜ ਦੇਣ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਮੌਕੇ ਮੌਜੂਦ ਕਿਸਾਨਾਂ ਨੇ ਵੀ ਉਕਤ ਫਰਮ ਦਾ ਇਸ ਰੱਬ ਰੂਪੀ ਸਾਥ ਦੇਣ ਲਈ ਧੰਨਵਾਦ ਕੀਤਾ।ਇਸ ਮੌਕੇ ਪੰਜਾਬ ਬੀਜ ਭੰਡਾਰ ਦੇ ਭੁਪਿੰਦਰ ਗਰਗ ਸੰਨੀ, ਰੁਪੇਸ਼ ਗਰਗ, ਤਾਜੇਸ਼ ਗਰਗ ਤੇ ਰਾਜਾ ਸਿੰਘ ਨੇ ਦੱਸਿਆ ਕਿ ਅੱਜ ਪੰਜਾਬ ਬੀਜ ਭੰਡਾਰ, ਜਿਸ ਮੁਕਾਮ 'ਤੇ ਹੈ, ਉਹ ਕਿਸਾਨ ਭਰਾਵਾਂ ਦੇ ਸਾਥ ਤੇ ਸਹਿਯੋਗ ਨਾਲ ਹੀ ਹੈ ਅਤੇ ਅੱਜ ਸਾਡਾ ਵੀ ਫ਼ਰਜ਼ ਬਣਦਾ ਹੈ ਕਿ ਗੜੇਮਾਰੀ ਤੇ ਕੁਦਰਤੀ ਕਰੋਪੀ ਨਾਲ ਪ੍ਰਭਾਵਿਤ ਹੋਏ ਕਿਸਾਨਾਂ ਦੇ ਔਖੇ ਸਮੇਂ ਵਿੱਚ ਅਸੀਂ ਵੀ ਉਨ੍ਹਾਂ ਦਾ ਸਾਥ ਦੇਈਏ। ਇਸ ਮੌਕੇ ਗੁਰਭੇਜ ਸਿੰਘ, ਜਲਜੋਦਨ ਸਿੰਘ, ਸੁਖਦੇਵ ਸਿੰਘ, ਗੁਰਦੀਪ ਸਿੰਘ, ਰਾਜਵਿੰਦਰ ਸਿੰਘ, ਮੱਲ ਸਿੰਘ, ਬੇਅੰਤ ਸਿੰਘ, ਰਾਜਾ ਸਿੰਘ, ਪ੍ਰੀਤਮ ਸਿੰਘ, ਪ੍ਰੇਮ ਚੰਦ, ਹੈਪੀ ਸਿੰਘ, ਬੁੱਟਾ ਸਿੰਘ, ਜਸਵਿੰਦਰ ਸਿੰਘ, ਨਵਦੀਪ ਸਿੰਘ, ਰੁਪਿੰਦਰ ਸਿੰਘ, ਸੁੱਖਾ ਸਿੰਘ, ਅਰਸ਼ਦੀਪ ਸਿੰਘ ਤੇ ਰਣਧੀਰ ਸਿੰਘ ਆਦਿ ਹਾਜ਼ਰ ਸਨ।

# ਸੱਤ ਰਾਜ ਸਭਾ ਮੈਂਬਰਾਂ ਤੇ ਭਾਜਪਾ ਖਿਲਾਫ ਸੈਂਕੜੇ 'ਆਪ' ਆਗੂਆਂ ਵੱਲੋਂ ਰੋਸ ਪ੍ਰਦਰਸ਼ਨ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਬੀਤੇ ਦਿਨੀਂ ਪੰਜਾਬ ਦੇ 7 ਰਾਜ ਸਭਾ ਮੈਂਬਰਾਂ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਸਨ। ਪੂਰੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਇਨ੍ਹਾਂ ਰਾਜ ਸਭਾ ਮੈਂਬਰਾਂ ਅਤੇ ਭਾਜਪਾ ਦੇ ਖਿਲਾਫ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ।ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ ਸੈਂਕੜੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਹੱਥਾਂ ਵਿੱਚ ਸਲੋਗਨ ਵਾਲੀਆਂ ਤਖ਼ਤੀਆਂ ਲੈ ਕੇ ਡੇਰਾ ਬਾਬਾ ਨਾਨਕ ਦੇ ਮਹਾਰਾਜਾ ਰਣਜੀਤ ਸਿੰਘ ਚੌਕ ਵਿੱਚ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਰੰਧਾਵਾ ਨੇ ਦੱਸਿਆ ਕਿ ਇਨ੍ਹਾਂ ਰਾਜ ਸਭਾ ਮੈਂਬਰਾਂ ਨੂੰ ਡਰਾ ਧਮਕਾ ਕੇ ਭਾਜਪਾ ਨੇ ਆਪਣੇ ਵਿੱਚ ਸ਼ਾਮਿਲ ਕੀਤਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਰਾਜ ਸਭਾ ਮੈਂਬਰਾਂ ਨੇ ਪੰਜਾਬ ਨਾਲ ਗਦਾਰੀ ਕਰਕੇ ਪੰਜਾਬ ਦੇ ਲੋਕਾਂ ਦੀ ਪਿੱਠ 'ਚ ਛੁਰਾ ਮਾਰਿਆ ਹੈ। ਗੁਰਦੀਪ ਰੰਧਾਵਾ ਨੇ ਬੀਜੇਪੀ ਨੂੰ ਵੀ ਨਸੀਹਤ ਦਿੰਦੇ ਹੋਏ ਕਿਹਾ ਕਿ ਈਡੀ ਦਾ ਦੁਰਉਪਯੋਗ ਕਰਕੇ ਕਿਸੇ ਪਾਰਟੀ ਨੂੰ ਖਤਮ ਨਹੀਂ ਕੀਤਾ ਜਾ ਸਕਦਾ। ਬੀਜੇਪੀ ਨੂੰ ਇੱਕ ਭੁਲੇਖਾ ਹੈ। ਆਮ ਆਦਮੀ ਪਾਰਟੀ ਇਸ ਤਰ੍ਹਾਂ ਖਤਮ ਹੋਣ ਵਾਲੀ ਨਹੀਂ। ਉਨ੍ਹਾਂ ਕਿਹਾ ਕਿ ਬੀਜੇਪੀ ਨੇ ਪੰਜਾਬ ਦੇ ਲੋਕਾਂ ਨਾਲ ਪਿਛਲੇ ਲੰਬੇ ਸਮੇਂ ਤੋਂ ਧਰੋਹ ਕਮਾਇਆ ਹੈ ਤੇ ਆਉਣ ਵਾਲੀ ਚੋਣ 'ਚ ਬੀਜੇਪੀ ਨੂੰ ਪੰਜਾਬ ਦੇ ਲੋਕ ਮੂੰਹਤੋੜਵਾਂ ਜਵਾਬ ਦੇਣਗੇ।ਉਨ੍ਹਾਂ ਕਿਹਾ ਕਿ ਮੈਂ ਆਮ ਆਦਮੀ ਪਾਰਟੀ ਦਾ ਸਿਪਾਹੀ ਹਾਂ ਤੇ ਹਮੇਸ਼ਾ ਹੀ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਮਾਨ ਦੇ ਨਾਲ ਚੱਟਾਨ ਵਾਂਗ ਖੜਾ ਰਹਾਂਗਾ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਦੇ ਪਤੀ ਆਪ ਆਗੂ ਰਾਜੇਸ਼ ਕੁਮਾਰ ਬਿੱਟਾ, ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ ਬਿੱਲੂ ਗੋਰਾਇਆ, ਸਰਪੰਚ ਅੰਗਰੇਜ ਸਿੰਘ ਕਠਿਆਲਾ, ਸੰਮਤੀ ਮੈਂਬਰ ਬਲਜੀਤ ਸਿੰਘ ਵਡਾਲਾ ਬਾਂਗਰ, ਸੰਮਤੀ ਮੈਂਬਰ ਗੁਰਪ੍ਰੀਤ ਸਿੰਘ ਸ਼ਾਮਪੁਰਾ, ਸਰਪੰਚ ਸਤਨਾਮ ਸਿੰਘ ਟਰਪੱਲਾ, ਦਿਲਬਾਗ ਸਿੰਘ ਸਰਪੰਚ ਪੱਬਾਂਰਾਲੀ ਕਲਾਂ, ਹੀਰਾ ਸਿੰਘ ਸਰਪੰਚ ਪੱਬਾਰਾਲੀ ਖੁਰਦ, ਪ੍ਰਧਾਨ ਰਾਜਵਿੰਦਰ ਸਿੰਘ ਰਾਜੂ ਹਰਦੋਰਵਾਲ, ਸਮਤੀ ਮੈਂਬਰ ਦਲੇਰ ਸਿੰਘ ਮਾਨ, ਮਲਕੀਤ ਸਿੰਘ ਸਰਪੰਚ ਸਰਫਕੋਟ, ਸਰਪੰਚ ਰਾਮਜੀਤ ਸਿੰਘ ਕੋਟਮੌਲਵੀ, ਸਰਪੰਚ ਸੁਖਦੀਪ ਸਿੰਘ ਹਕੀਮ ਬੇਗ, ਸਰਪੰਚ ਮਹਿੰਦਰ ਸਿੰਘ ਨਿਕੋਸਰਾਂ, ਸਰਪੰਚ ਕਸ਼ਮੀਰ ਸਿੰਘ ਪਤੀ ਤਲਵੰਡੀ ਹਿੰਦੂਆਂ, ਬਲਾਕ ਪ੍ਰਧਾਨ ਅੰਗਰੇਜ ਸਿੰਘ ਸ਼ਾਹਪੁਰ ਗੁਰਾਇਆ, ਸੰਮਤੀ ਮੈਂਬਰ ਬਲਵਿੰਦਰ ਸਿੰਘ ਤਲਵੰਡੀ ਗੁਰਾਇਆ, ਸਰਪੰਚ ਸਰਬਜੀਤ ਸਿੰਘ ਸ਼ਿਕਾਰ, ਕੌਂਸਲਰ ਬਲਦੇਵ ਰਾਜ ਡਾਇਮੰਡ, ਮੋਹਨ ਮਸੀਹ ਲਖਮਾਨੀਆ, ਮਨਪ੍ਰੀਤ ਸਿੰਘ ਮੰਨਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕਵਲਜੀਤ ਸਿੰਘ ਫੱਤੂਪੁਰ, ਹਰਦੇਵ ਸਿੰਘ ਹਰੂਵਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਆਪ ਵਲੰਟੀਅਰ ਅਤੇ ਵਰਕਰ ਹਾਜ਼ਰ ਸਨ।

# ਬਟਾਲਾ ਵਾਸੀਆਂ ਦੀ ਸੇਵਾ 'ਚ ਚੌਵੀ ਘੰਟੇ ਹਾਜ਼ਰ ਹਾਂ: ਸ਼ੈਰੀ ਕਲਸੀ



ਬਟਾਲਾ, (ਤਰਲੋਕ ਬੱਗਾ/ਡਾ. ਮਲਵਿੰਦਰ ਸਿੰਘ)-ਪੰਜਾਬ ਆਪ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਲੋਕਾਂ ਦੀਆਂ ਮੰਗਾਂ ਪੂਰੀਆਂ ਕਰਨ ਦੀ ਲੜੀ ਤਹਿਤ ਵਾਰਡ ਨੰਬਰ 13, ਸ਼ੁਕਰਪੁਰਾ ਮੁਹੱਲੇ ਦੇ ਵਾਸੀਆਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।ਇਸ ਮੌਕੇ ਐਮ ਸੀ ਬਲਵਿੰਦਰ ਸਿੰਘ ਮਿੰਟਾ ਸਮੇਤ ਮੁਹੱਲਾ ਵਾਸੀ ਮੌਜੂਦ ਸਨ।

ਇਸ ਮੌਕੇ ਸ਼ੁਕਰਪੁਰਾ ਦੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਲੀ ਬਣਨ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਇਥੋਂ ਦੇ ਵਾਸੀਆਂ ਨੂੰ ਗਲੀ ਨਾ ਬਣਨ ਕਰਕੇ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਹੁਣ ਲੋਕਾਂ ਦੀ ਮੁਸ਼ਕਿਲ ਹੱਲ ਕਰਦਿਆਂ ਗਲੀ ਦਾ ਨਿਰਮਾਣ ਕੰਮ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਮੇਰੀ ਹਮੇਸ਼ਾ ਕੋਸ਼ਿਸ ਹੁੰਦੀ ਹੈ ਕਿ ਹਲਕਾ ਵਾਸੀਆਂ ਦੀ ਮੁਸ਼ਕਿਲਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣ, ਜਿਸ ਤਹਿਤ ਉਹ 24 ਘੰਟੇ ਲੋਕਾਂ ਦੇ ਸੰਪਰਕ ਵਿੱਚ ਰਹਿ ਕੇ ਉਨਾਂ ਦੀਆਂ ਸਮੱਸਿਆਵਾਂ ਦੂਰ ਕਰ ਰਹੇ ਹਨ।

ਬਟਾਲਾ ਸ਼ਹਿਰ ਅੰਦਰ ਲੋਕਹਿੱਤ ਵਿੱਚ ਕਰਵਾਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਸ਼ੈਰੀ ਕਲਸੀ ਨੇ ਦੱਸਿਆ ਕਿ ਟਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ।ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ ਸਮੇਤ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।

# ਥਾਣਾ ਸੇਖਵਾਂ 'ਚੋਂ ਭੱਜੇ ਕਤਲ ਕੇਸ ਦਾ ਮੁਲਜ਼ਮ ਲੁਧਿਆਣਾ ਤੋਂ ਗ੍ਰਿਫ਼ਤਾਰ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਥਾਣਾ ਸੇਖਵਾਂ ਦੀ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਿਲ ਹੋਈ ਜਦੋਂ ਹਵਾਲਾਤ ਤੋੜ ਕੇ ਫਰਾਰ ਹੋਏ ਕਤਲ ਕੇਸ ਦੇ ਮੁਲਜ਼ਮ ਨੂੰ ਪੁਲਸ ਵੱਲੋਂ ਭਾਰੀ ਜੱਦੋਜਹਿਦ ਦੇ ਤਹਿਤ ਲੁਧਿਆਣਾ ਤੋਂ ਗ੍ਰਿਫ਼ਤਾਰ ਕੀਤਾ।ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਥਾਣਾ ਸੇਖਵਾਂ ਦੇ ਅੰਦਰੋਂ ਕਤਲ ਕੇਸ ਦਾ ਮੁਲਜ਼ਮ ਅਤੇ ਨਸ਼ਾ ਤਸਕਰ ਜੋ ਕਿ ਹਵਾਲਾਤ ਤੋੜ ਕੇ ਫਰਾਰ ਹੋ ਗਏ ਸਨ ਅਤੇ ਨਸ਼ਾ ਤਸਕਰ ਨੂੰ ਪੁਲਸ ਵੱਲੋਂ ਪਹਿਲਾਂ ਹੀ ਸਤਕੋਹਾ ਡਰੇਨ ਤੋਂ ਗ੍ਰਿਫ਼ਤਾਰ ਕਰ ਲਿਆ ਅਤੇ ਜਿਸ ਤੋਂ ਬਾਅਦ ਪੁਲਸ ਦੀ ਮੁਸਤੈਦੀ ਤੋਂ ਬਾਅਦ ਲੁਧਿਆਣਾ ਤੋਂ ਕਤਲ ਕੇਸ ਦੇ ਮੁਲਜ਼ਮ ਗੁਰਮੀਤ ਸਿੰਘ ਉਰਫ ਜਿੰਦੀ ਪੁੱਤਰ ਚੰਨਣ ਸਿੰਘ ਵਾਸੀ ਡੇਹਰੀਵਾਲ ਦਰੋਗਾ ਨੂੰ ਕਾਬੂ ਕਰ ਲਿਆ ਜੋ ਕਿ ਉੜੀਸਾ ਵੱਲ ਨੂੰ ਜਾਣ ਦੀ ਤਿਆਰੀ ਵਿੱਚ ਸੀ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਥਾਣਾ ਸੇਖਵਾਂ ਦੀ ਐੱਸਐੱਚਓ ਰਜਵੰਤ ਕੌਰ ਨੇ ਦੱਸਿਆ ਕਿ ਕਤਲ ਕੇਸ ਦਾ ਮੁਲਜ਼ਮ ਜਿਸ ਨੂੰ ਕਿ ਕੁਲਦੀਪ ਸਿੰਘ ਉਰਫ ਮੰਨਾ ਪੁੱਤਰ ਨਿਰਮਲ ਸਿੰਘ ਵਾਸੀ ਡੇਹਰੀਵਾਲ ਦਰੋਗਾ ਹਾਲ ਵਾਸੀ ਗਿੱਲ ਮੰਜ ਨੇ ਆਪਣੇ ਕੋਲ ਪਨਾਹ ਦਿੱਤੀ ਸੀ। ਜਦੋਂ ਉਸ ਕੋਲੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਮੰਨਿਆ ਕਿ ਪਰਮਜੀਤ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਪਿੰਡ ਚੰਨਣਕੇ ਵੀ ਆਪਣੇ ਕੋਲ ਪਨਾਹ ਦਿੱਤੀ ਹੋਈ ਸੀ।ਦੋਵਾਂ ਦੀ ਪੁੱਛਗਿਛ ਤੋਂ ਬਾਅਦ ਪੁਲਸ ਦੇ ਵੱਲੋਂ ਕਤਲ ਕੇਸ ਦੇ ਮੁਲਜ਼ਮ ਤੱਕ ਪਹੁੰਚ ਕੀਤੀ।ਲੁਧਿਆਣਾ ਤੋਂ ਕਤਲ ਕੇਸ ਦੇ ਮੁਲਜ਼ਮ ਗੁਰਮੀਤ ਸਿੰਘ ਨੂੰ ਗ੍ਰਿਫਤਾਰ ਕੀਤਾ।

ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਕਤਲ ਕੇਸ ਦੇ ਮੁਲਜ਼ਮ ਨੂੰ ਗ੍ਰਿਫਤਾਰ ਕਰਨ ਉਪਰੰਤ ਔਰਤ ਸਮੇਤ ਮੁਲਜ਼ਮ ਦੇ ਸਾਥੀ ਨੂੰ ਵੀ ਪੁਲਸ ਵੱਲੋਂ ਗ੍ਰਿਫਤਾਰ ਕਰਕੇ ਥਾਣਾ ਸੇਖਵਾਂ ਦੇ ਅੰਦਰ ਸੰਬੰਧਿਤ ਧਾਰਾਵਾਂ ਦੇ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਰਵਿੰਦਰ ਸਿੰਘ ਬ੍ਰਹਮਪੁਰਾ ਨੇ ਨੌਨਿਹਾਲ ਸਿੰਘ ਨਾਲ ਕੀਤਾ ਦੁੱਖ ਸਾਂਝਾ



ਚੋਹਲਾ ਸਾਹਿਬ (ਰਮਨ ਚੱਢਾ)-ਬੀਤੇ ਦਿਨੀਂ ਨੌਨਿਹਾਲ ਸਿੰਘ ਪੰਜਾਬ ਪਾਇਪ ਸਟੋਰ ਵਾਲਿਆਂ ਦੀ ਧਰਮਪਤਨੀ ਸ਼ਰਨਜੀਤ ਕੌਰ ਦਾ ਅਚਾਨਕ ਦਿਹਾਂਤ ਹੋ ਗਿਆ ਜਿਸ 'ਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਇਸ ਸਮੇਂ ਨੌਨਿਹਾਲ ਸਿੰਘ ਅਤੇ ਉਸਦੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਨ ਵਾਸਤੇ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ, ਸਰਪੰਚ ਅਮਰੀਕ ਸਿੰਘ ਚੋਹਲਾ ਸਾਹਿਬ, ਡਾਇਰੈਕਟਰ ਬਲਬੀਰ ਸਿੰਘ ਬੱਲੀ, ਪ੍ਰਧਾਨ ਦਿਲਬਰ ਸਿੰਘ, ਪ੍ਰਧਾਨ ਬੀ. ਸੀ. ਸੈੱਲ ਮਨਜਿੰਦਰ ਸਿੰਘ ਲਾਟੀ, ਡਾਕਟਰ ਜਤਿੰਦਰ ਸਿੰਘ ਮੈਡੀਕਲ ਸਟੋਰ ਵਾਲੇ, ਅਵਤਾਰ ਸਿੰਘ ਰੇਮੰਡ ਵਾਲੇ, ਗੁਰਦੇਵ ਸਿੰਘ ਪ੍ਰਧਾਨ, ਦਿਲਬੀਰ ਸਿੰਘ ਸਰਪੰਚ, ਰਣਜੀਤ ਸਿੰਘ ਕਵੀਸ਼ਰ, ਸੁਖਦੇਵ ਸਿੰਘ ਆੜ੍ਹਤੀਆ, ਮਨਜਿੰਦਰ ਸਿੰਘ ਕਾਕੂ ਪੀਏ ਆਦਿ ਵੱਲੋਂ ਦੁੱਖ ਸਾਂਝਾ ਕੀਤਾ ਗਿਆ।

## ਪੀਰ ਬਾਬਾ ਸ਼ਾਹਮਾਨਾਂ ਦੇ ਸਥਾਨ ਤੋਂ ਸਟਰੀਟ ਲਾਈਟਾਂ ਲਾਉਣ ਦਾ ਕੰਮ ਸ਼ੁਰੂ



ਬਟਾਲਾ, (ਡਾ. ਮਲਵਿੰਦਰ ਸਿੰਘ)-ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਹਲਕੇ ਅੰਦਰ ਸਟਰੀਟ ਲਾਈਟਾਂ ਲਗਾਉਣ ਦਾ ਕੰਮ ਪੀਰ ਬਾਬਾ ਸ਼ਾਹਮਾਨਾਂ ਦੇ ਪਵਿੱਤਰ ਸਥਾਨ ਤੋਂ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ, 10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਹਲਕੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ।ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਪਿੰਡਾਂ 'ਚ ਖੇਡ ਮੈਦਾਨ ਤਿਆਰ ਕੀਤੇ ਗਏ ਹਨ।ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ।ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ। ਇਸ ਮੌਕੇ ਪੀ. ਏ. ਸੁਖਦੇਵ ਸਿੰਘ ਰੋਮੀ, ਰਾਜੂ ਭਿੰਡਰ, ਸਲਾਹਕਾਰ ਅਤੇ ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਰਾਣਾ, ਬਾਬਾ ਸੋਨੂੰ ਭੱਲਾ, ਪ੍ਰਧਾਨ ਟ੍ਰੇਡ ਵਿੰਗ ਰੋਮੀ ਸਮੇਤ ਵੱਖ ਵੱਖ-ਵੱਖ ਸ਼ਖ਼ਸੀਅਤਾਂ ਹਾਜ਼ਰ ਸਨ।

## ਸਿਹਤ ਬੀਮਾ ਯੋਜਨਾ ਵਾਲੇ ਕਾਰਡ ਬਣਾਉਣ ਲਈ ਪਿੰਡ ਪੁਰਾਣਾ ਤਨੇਲ 'ਚ ਲੱਗਾ ਕੈਂਪ ਸਮਾਪਤ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਹਲਕਾ ਮਜੀਠਾ ਦੇ ਪਿੰਡ ਪੁਰਾਣਾ ਤਨੇਲ ਦੇ ਸਰਪੰਚ ਮਨਦੀਪ ਸਿੰਘ ਦੇ ਪਿੰਡ ਵਿੱਚ ਬਣੇ ਮੁਹੱਲਾ ਕਲੀਨਿਕ 'ਚ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿਛਲੇ 8 ਦਿਨਾਂ ਤੋਂ ਚੱਲ ਰਹੇ 10 ਲੱਖ ਸਿਹਤ ਬਿਮਾ ਯੋਜਨਾ ਵਾਲੇ ਕਾਰਡ ਦਬਣਾਉਣ ਲਈ ਲੱਗਾ ਕੈਂਪ ਅੱਜ ਸਮਾਪਤ ਹੋ ਗਿਆ ਜਿਸ ਵਿੱਚ ਸਮੂਹ ਪਿੰਡ ਵਾਸੀਆਂ ਦੇ ਬਿਨਾਂ ਕਿਸੇ ਭੇਦ ਭਾਵ ਤੋਂ ਕਾਰਡ ਬਣਾਏ ਗਏ। ਬਲਾਕ ਪ੍ਰਧਾਨ ਅਰਪਣ ਸਿੰਘ, ਰਮਨਪ੍ਰੀਤ ਸਿੰਘ ਸਹਿਣੇਵਾਲੀ, ਆਸ਼ਾ ਵਰਕਰ ਸਰਬਜੀਤ ਕੌਰ ਅਤੇ ਸਮੁੱਚੀ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਅੱਠ ਦਿਨ ਤੋਂ ਚੱਲ ਰਿਹਾ ਕੈਂਪ ਸਫਲਤਾਪੂਰਵਕ ਮੁਕੰਮਲ ਹੋਇਆ। ਸਰਪੰਚ ਨੇ ਦੱਸਿਆ ਕਿ ਪਿੰਡ ਵਿੱਚ ਮੁਹੱਲਾ ਕਲੀਨਿਕ ਬਣ ਕੇ ਤਿਆਰ ਹੋ ਗਿਆ ਹੈ ਜਿਥੇ ਲੋਕਾਂ ਨੂੰ ਫ੍ਰੀ ਮੈਡੀਕਲ ਸਹੂਲਤ ਮਿਲੇਗੀ ਅਤੇ ਨੌਜਵਾਨਾਂ ਲਈ ਜਿੰਮ ਦਾ ਵੀ ਜਲਦ ਹੀ ਉਦਘਾਟਨ ਕੀਤਾ ਜਾਵੇਗਾ।

## ਰੁੱਖ ਤੇ ਮਨੁੱਖ ਦਾ ਮੁੱਢ ਕਦੀਮ ਤੋਂ ਗਹਿਰਾ ਰਿਸ਼ਤਾ ਰਿਹਾ: ਕਰਨਲ ਬੱਲ



ਅਟਾਰੀ, (ਸਤਬੀਰ ਭੀਲ)-ਰੁੱਖਾਂ ਦੀ ਸਾਡੇ ਜੀਵਨ ਵਿੱਚ ਬਹੁਤ ਮਹੱਤਤਾ ਹੈ। ਰੁੱਖ ਮਨੁੱਖ ਦੇ ਜਨਮ ਤੋਂ ਲੈ ਕੇ ਅਖੀਰ ਦੇ ਸਵਾਸਾਂ ਤੱਕ ਸਾਥ ਨਿਭਾਉਂਦੇ ਹਨ। ਰੁੱਖ ਹੀ ਸਾਡੇ ਸੱਚੇ ਮਿੱਤਰ ਹਨ। ਰੁੱਖ ਬਹੁਤ ਸਾਰੇ ਪੰਛੀਆਂ ਦਾ ਰਹਿਣ ਬਸੇਰਾ ਵੀ ਹਨ। ਰੁੱਖਾਂ ਤੋਂ ਸਾਨੂੰ ਇਮਾਰਤੀ ਲੱਕੜੀ ਮਿਲਦੀ ਹੈ ਤੇ ਨਾਲ ਹੀ ਬਹੁਤ ਸਾਰੇ ਫਲ ਰੁੱਖਾਂ ਤੋਂ ਪ੍ਰਾਪਤ ਹੁੰਦੇ ਹਨ। ਰੁੱਖਾਂ ਤੋਂ ਸਾਨੂੰ ਆਕਸੀਜਨ ਵੀ ਮਿਲਦੀ ਹੈ ਤੇ ਇਹ ਮੀਂਹ ਪਾਉਣ ਵਿੱਚ ਵੀ ਸਹਾਈ ਹੁੰਦੇ ਹਨ। ਹਰ ਮਨੁੱਖ ਨੂੰ ਜ਼ਿੰਦਗੀ ਵਿੱਚ ਰੁੱਖ ਲਗਾਉਣੇ ਚਾਹੀਦੇ ਹਨ। ਧਰਤੀ 'ਤੇ ਵੱਧ ਰਹੇ ਤਾਪਮਾਨ ਦਾ ਮੁੱਖ ਕਾਰਨ ਰੁੱਖਾਂ ਦੀ ਘਾਟ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕਰਨਲ ਪੀਡੀਐੱਸ ਬੱਲ ਕੈਂਪ ਕਮਾਂਡੈਂਟ ਫਸਟ ਪੰਜਾਬ ਬਟਾਲੀਅਨ ਐੱਨਸੀਸੀ ਅੰਮ੍ਰਿਤਸਰ ਨੇ ਬਾਬਾ ਕੁੰਮਾ ਸਿੰਘ ਇੰਜੀਨੀਅਰਿੰਗ ਕਾਲਜ ਹੁਸ਼ਿਆਰ ਨਗਰ ਵਿਖੇ ਚੱਲ ਰਹੇ ਕੈਂਪ ਦੌਰਾਨ ਕੀਤਾ। ਉਨ੍ਹਾਂ ਐੱਨਸੀਸੀ ਕੈਡਟਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਕਾਲਜ ਕੰਪਲੈਕਸ ਵਿੱਚ ਰੁੱਖ ਵੀ ਲਗਾਏ ਗਏ। ਇਸ ਮੌਕੇ ਸੂਬੇਦਾਰ ਮੇਜਰ ਪੀਡੀਐੱਸ ਬੱਲ, ਸੂਬੇਦਾਰ ਗੁਰਦੇਵ ਸਿੰਘ, ਸੂਬੇਦਾਰ ਬਲਜਿੰਦਰ ਸਿੰਘ, ਹਵਾਲਦਾਰ ਗੁਰਦੀਪ ਸਿੰਘ, ਲੈਫਟੀਨੈਂਟ ਜਸਪਾਲ ਸਿੰਘ, ਕੈਪਟਨ ਪ੍ਰਦੀਪ ਕੁਮਾਰ, ਲੈਫਟੀਨੈਂਟ ਸਤਿੰਦਰ ਸਿੰਘ ਅਤੇ ਲੈਫਟੀਨੈਂਟ ਸੁਖਪਾਲ ਸਿੰਘ ਸੰਧੂ ਤੋਂ ਇਲਾਵਾ ਐੱਨਸੀਸੀ ਕੈਡੇਟ ਹਾਜ਼ਰ ਸਨ।

## ਪਿੰਡ ਕੁਰੜ ਤੇ ਸਹੌਰ 'ਚ 30 ਏਕੜ ਕਰੀਬ ਨਾੜ ਅੱਗ ਦੀ ਭੇਟ ਚੜ੍ਹਿਆ



ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਪਿੰਡ ਕੁਰੜ ਅਤੇ ਸਹੌਰ 'ਚ ਬਿਜਲੀ ਦੀ ਸਪਾਰਕਿੰਗ ਕਾਰਨ ਕਿਸਾਨਾਂ ਦੇ ਖੇਤਾਂ 'ਚ ਤੂੜੀ ਬਨਾਉਣ ਲਈ ਰੱਖਿਆ 30 ਏਕੜ ਦੇ ਕਰੀਬ ਨਾੜ ਅੱਗ ਦੀ ਲਪੇਟ 'ਚ ਆ ਜਾਣ ਦੀ ਖ਼ਬਰ ਮਿਲੀ ਹੈ। ਪੀੜਤ ਕਿਸਾਨ ਹਰਪਾਲ ਸਿੰਘ ਵਾਸੀ ਕੁਰੜ ਨੇ ਦੱਸਿਆ ਕਿ ਪਿੰਡ ਖਿਆਲੀ ਤੋਂ ਜਾਂਦੇ ਕੱਚੇ ਰਸਤੇ ਵਿਚਕਾਰ ਲੰਘਦੀ ਡਰੇਨ ਨੇੜੇ ਬਿਜਲੀ ਦੇ ਟਰਾਂਸਫਾਰਮਰ ਤੋਂ ਚੰਗਿਆੜੀ ਡਿੱਗਣ ਕਾਰਨ ਅੱਗ ਲੱਗੀ।ਇਸ ਅੱਗ ਨੇ ਕਿਸਾਨ ਗੁਰਚਰਨ ਸਿੰਘ ਦੇ 17 ਏਕੜ ਕਣਕ ਦੀ ਕਟਾਈ ਤੋਂ ਬਾਅਦ ਤੂੜੀ ਬਣਾਉਣ ਲਈ ਰੱਖੇ ਨਾੜ ਨੂੰ ਲਪੇਟ ਵਿੱਚ ਲਿਆ। ਇਸੇ ਤਰ੍ਹਾਂ ਹੀ ਕਿਸਾਨ ਕਰਨੈਲ ਸਿੰਘ ਦੇ ਖੇਤਾਂ 'ਚ 7 ਏਕੜ ਨਾੜ ਅਤੇ ਕਿਸਾਨ ਹਰਪਾਲ ਸਿੰਘ ਦੇ ਖੇਤਾਂ ਵਿੱਚ 7 ਏਕੜ ਨਾੜ ਵੀ ਅੱਗ ਦੀ ਲਪੇਟ ਵਿੱਚ ਆ ਕੇ ਪੂਰੀ ਤਰ੍ਹਾਂ ਸੜ ਗਿਆ।ਪਿੰਡ ਸਹੌਰ ਵਿਖੇ ਕਿਸਾਨ ਸੁਖਵਿੰਦਰ ਸਿੰਘ ਦੇ ਖੇਤਾਂ 'ਚ ਤੂੜੀ ਬਨਾਉਣ ਲਈ ਰੱਖਿਆ ਨਾੜ ਵੀ ਅੱਗ ਨਾਲ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ।

ਪਾਵਰਕਾਮ ਅਧਿਕਾਰੀਆਂ ਨੇ ਸੰਪਰਕ ਕਰਨ 'ਤੇ ਦੱਸਿਆ ਕਿ ਮਾਮਲੇ ਦੀ ਜਾਂਚ ਲਈ ਇੱਕ ਕ੍ਰਮਚਾਰੀ ਦੀ ਡਿਊਟੀ ਲਗਾਈ ਗਈ ਹੈ।ਸਬੂਤਾਂ ਸਮੇਤ ਰਿਪੋਰਟ ਮਿਲਣ ਤੋਂ ਬਾਅਦ ਹੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਸੈਣੀ ਜਾਗ੍ਰਿਤੀ ਫਾਊਂਡੇਸ਼ਨ ਵੱਲੋਂ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਆਯੋਜਿਤ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਸੈਣੀ ਸਮਾਜ ਸਭਾ (ਸੈਣੀ ਜਾਗ੍ਰਿਤੀ ਫਾਊਂਡੇਸ਼ਨ) ਵੱਲੋਂ ਦੀਨਾਨਗਰ ਵਿਖੇ ਸਭਾ ਦੇ ਪ੍ਰਧਾਨ ਸਾਬਕਾ ਈਟੀਓ ਜਗਦੀਸ਼ ਰਾਜ ਸੈਣੀ ਦੀ ਅਗਵਾਈ ਹੇਠ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ।ਦੱਸ ਦਈਏ ਕਿ ਇਕ ਮਾਰਚ ਨੂੰ ਦੀਨਾਨਗਰ ਵਿਖੇ ਹੋਏ ਸੈਣੀ ਸਮਾਜ ਦੇ ਰਾਜ ਪਧਰੀ ਸੰਮੇਲਨ ਦੀ ਅਪਾਰ ਸਫਲਤਾ ਦੇ ਮੱਦੇਨਜ਼ਰ ਸੈਣੀ ਸੰਮੇਲਨ ਨੂੰ ਕਾਮਯਾਬ ਕਰਨ ਵਾਲੇ 100 ਤੋਂ ਵੱਧ ਸੈਣੀ ਸਮਾਜ ਦੇ ਪ੍ਰਭਾਵਸ਼ਾਲੀ ਡੈਲੀਗੇਟਸ ਨੂੰ ਸਨਮਾਨਿਤ ਕੀਤਾ ਗਿਆ।ਸਮਾਰੋਹ ਵਿੱਚ ਸੈਣੀ ਸਮਾਜ ਦੇ 100 ਤੋਂ ਵੱਧ ਡੈਲੀਗੇਟਾਂ ਨੇ ਭਾਗ ਲਿਆ ਅਤੇ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ।ਸਮਾਗਮ 'ਚ ਉਚੇਚੇ ਤੌਰ ਤੇ ਪਹੁੰਚੇ ਮੁੱਖ ਮਹਿਮਾਨ ਡਾ. ਰਾਕੇਸ਼ ਸੈਣੀ ਨੇ ਆਪਣੇ ਪ੍ਰੇਰਣਾਦਾਇਕ ਵਿਚਾਰਾਂ ਨਾਲ ਹਾਜ਼ਰ ਸੈਣੀ ਸਮਾਜ ਦੇ ਡੈਲੀਗੇਟਸ ਨੂੰ ਸਮਾਜ ਸੇਵੀ ਕੰਮ ਕਰਨ ਲਈ ਉਤਸ਼ਾਹਿਤ ਕੀਤਾ।ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਲਖਬੀਰ ਸਿੰਘ ਲੱਕੀ ਨੇ ਸਮਾਗਮ ਦੀ ਸ਼ੋਭਾ ਨੂੰ ਚਾਰ ਚੰਦ ਲਗਾ ਦਿੱਤੇ।ਸਮਾਗਮ ਦੌਰਾਨ ਸੰਜੀਵ ਸੈਣੀ ਵੱਲੋਂ ਸਾਰੇ ਮਹਿਮਾਨਾਂ ਅਤੇ ਹਾਜ਼ਰੀਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ।ਇਸ ਮੌਕੇ ਪਹੁੰਚੇ ਸੈਣੀ ਸਮਾਜ ਨਾਲ ਸੰਬੰਧਿਤ ਉੱਚ ਅਹੁਦੇਦਾਰਾਂ,ਪੰਚਾਂ ਸਰਪੰਚਾਂ ਸਹਿਤ ਸਾਬਕਾ ਸਰਪੰਚਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਤੋਂ ਇਲਾਵਾ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਤੋਂ ਪਹੁੰਚੇ ਮਹਿਮਾਨਾਂ ਨੂੰ ਵੀ ਖ਼ਾਸ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਤੇ ਸੈਣੀ ਸਮਾਜ ਦੇ ਸੀਨੀਅਰ ਵਾਈਸ ਪ੍ਰਧਾਨ ਰਘੂਬੀਰ ਸਿੰਘ ਸੈਣੀ, ਵਾਈਸ ਪ੍ਰਧਾਨ ਸਤਪਾਲ ਸੈਣੀ ਤਰਸੇਮ ਸੈਣੀ, ਮਨਜੀਤ ਸੈਣੀ, ਇਸ਼ਵਰ ਸੈਣੀ ਅੰਮ੍ਰਿਤਸਰ, ਐਮਸੀ ਟੇਕ ਚੰਦ ਸੈਣੀ ਪਠਾਨਕੋਟ, ਗੁਰਬਚਨ, ਅਸ਼ੋਕ ਸੈਣੀ, ਰਾਜੀਵ ਸੈਣੀ, ਅਸ਼ੋਕ ਸੈਣੀ, ਰਮੇਸ਼ ਸੈਣੀ ਸੇਂਟ ਐਂਡਰੂ ਕਾਨਵੈਂਟ ਸਕੂਲ ਤਰਾਗੜ੍ਹ, ਪਰਮਜੀਤ ਸੈਣੀ, ਨਰੇਸ਼ ਕੁਮਾਰ, ਵਿਨੇ ਸੈਣੀ, ਰਾਮ ਲੁਭਾਇਆ ਤੋਂ ਇਲਾਵ ਹੋਰ ਸੈਣੀ ਸਮਾਜ ਦੇ ਕਈ ਪ੍ਰਮੁੱਖ ਆਗੂ ਹਾਜ਼ਰ ਸਨ।

# ਜੀ ਐੱਨ ਡੀ ਯੂ ਪੈਨਸ਼ਨਰਜ਼ ਐਸੋਸੀਏਸ਼ਨ ਦੀ ਛਿਮਾਹੀ ਮੀਟਿੰਗ ਭਲਕੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਛਿਮਾਹੀ ਮੀਟਿੰਗ 29 ਅਪ੍ਰੈਲ ਦਿਨ ਬੁੱਧਵਾਰ ਨੂੰ ਸਵੇਰੇ 10.00 ਵਜੇ ਕਾਨਫਰੰਸ ਹਾਲ ਗੁਰੂ ਨਾਨਕ ਭਵਨ ਯੂਨੀਵਰਸਿਟੀ ਕੈਂਪਸ ਵਿਖੇ ਹੋ ਰਹੀ ਹੈ। ਪ੍ਰੈੱਸ ਨੂੰ ਸਾਂਝਾ ਬਿਆਨ ਜਾਰੀ ਕਰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਡਾਕਟਰ ਅਮਰਜੀਤ ਸਿੰਘ ਸਿੱਧੂ, ਜਨਰਲ ਸਕੱਤਰ ਅਮਰਜੀਤ ਸਿੰਘ ਬਾਈ ਤੇ ਵਿੱਤ ਸਕੱਤਰ ਸੁਰਜੀਤ ਸਿੰਘ ਨੇ ਕਿਹਾ ਕਿ ਮੀਟਿੰਗ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਯੂਨੀਵਰਸਿਟੀ ਪੈਨਸ਼ਨਰਾਂ ਨਾਲ ਸਬੰਧਤ ਮੰਗਾਂ ਮਸਲਿਆਂ ਨੂੰ ਪਿਛਲੇ ਅਰਸੇ ਵਿੱਚ ਉਪ ਕੁਲਪਤੀ ਪ੍ਰੋਫੈਸਰ ਕਰਮਜੀਤ ਸਿੰਘ ਨਾਲ ਨਿੱਘੇ ਮਾਹੌਲ ਵਿੱਚ ਹੋਈਆਂ ਬੈਠਕਾ ਵਿੱਚ 75 ਸਾਲ ਜਾਂ ਇਸ ਤੋਂ ਉਪਰ ਉਮਰ ਪੂਰੀ ਕਰ ਚੁੱਕੇ ਸੇਵਾਮੁਕਤ ਹਰ ਵਰਗ ਦੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਨੋਟੀਫਿਕੇਸ਼ਨ ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਅਨੁਸਾਰ 1.1.2016 ਤੋਂ ਜੂਨ 2021 ਤੱਕ ਸੋਧੀ ਪੈਨਸ਼ਨ ਤੇ ਡੀ ਏ ਬਕਾਏ ਦੀ ਅਦਾਇਗੀ ਕਰਵਾਉਣ ਵਿੱਚ ਕਾਮਯਾਬ ਹੋਈ ਹੈ।ਯੂਨੀਵਰਸਿਟੀ ਪੈਨਸ਼ਨਰਾਂ ਦੀਆਂ ਬਕਾਇਆ ਮੰਗਾਂ ਮਸਲਿਆਂ ਜਿਵੇਂ ਕਿ 60 ਤੋਂ 75 ਸਾਲਾਂ ਦੀ ਉਮਰ ਦੇ ਪੈਨਸ਼ਨਰਾਂ ਦਾ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਅਨੁਸਾਰ ਬਕਾਏ ਦੀ ਅਦਾਇਗੀ ਕਰਵਾਉਣ ਲਈ ਉਪ ਕੁਲਪਤੀ ਨਾਲ ਗੱਲਬਾਤ ਰਾਹੀਂ ਟੇਬਲ 'ਤੇ ਬੈਠ ਕੇ ਨਜਿੱਠ ਲਈ ਜਾਵੇਗੀ, ਐਸੋਸੀਏਸ਼ਨ ਦੀ ਸਿੰਡੀਕੇਟ ਦੀ ਮਾਨਤਾ ਅਤੇ ਹੋਰ ਮਸਲੇ ਵੀ ਮੀਟਿੰਗ ਵਿੱਚ ਵਿਚਾਰੇ ਜਾਣਗੇ।

# ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਨੇ ਸੁੰਦਰ ਦਸਤਾਰ ਮੁਕਾਬਲਾ ਕਰਵਾਇਆ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਬੱਚਿਆਂ ਨੂੰ ਆਪਣੇ ਵਿਰਸੇ ਤੇ ਸਿੱਖੀ ਨਾਲ ਜੋੜਨ ਦੇ ਉਪਰਾਲੇ ਵਜੋਂ ਪਿੰਡ ਮਾਨ ਸੈਂਡਵਾਲ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਬਦ ਸਾਂਝ ਲਾਇਬ੍ਰੇਰੀ ਵੱਲੋਂ ਮਲਵਿੰਦਰ ਸਿੰਘ ਮਾਨ ਕੈਨੇਡਾ ਦੇ ਸਹਿਯੋਗ ਨਾਲ ਦਸਤਾਰ ਮੁਕਾਬਲਾ ਕਰਵਾਇਆ ਗਿਆ ਜਿਸ ਵਿਚ ਦੋ ਦਰਜਨ ਦੇ ਕਰੀਬ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਦੇ ਸੰਚਾਲਕ ਜਸਦੇਵ ਸਿੰਘ ਮਾਨ ਨੇ ਦੱਸਿਆ ਕੇ ਅਸੀਂ ਅਕਸਰ ਇੰਝ ਦੇ ਉਸਾਰੂ ਸੋਚ ਵਾਲੇ ਤੇ ਸਿੱਖਿਆਦਾਇਕ ਮੁਕਾਬਲੇ ਕਰਵਾਉਂਦੇ ਰਹਿੰਦੇ ਹਾਂ।ਇਸ ਮੌਕੇ ਪਰਮਜੀਤ ਸਿੰਘ ਤੇ ਗੁਰਵਿੰਦਰ ਸਿੰਘ ਨੇ ਕਿਹਾ ਕਿ ਦਸਤਾਰ ਮੁਕਾਬਲੇ ਵਿੱਚ ਸਭਨਾਂ ਬੱਚਿਆਂ ਨੇ ਬੜੇ ਚਾਅ ਤੇ ਉਤਸ਼ਾਹ ਨਾਲ ਭਾਗ ਲਿਆ ਹੈ।ਬੱਚਿਆਂ ਨੇ ਪੰਜ ਤੋਂ ਦਸ ਮਿੰਟ ਦੇ ਸਮੇਂ ਵਿਚ ਖੂਬਸੂਰਤ ਦਸਤਾਰਾਂ ਆਪਣੇ ਸਿਰਾਂ ਤੇ ਸਜਾਈਆਂ ਹਨ।ਇਹ ਅਜੇ ਸ਼ੁਰੂਆਤ ਹੈ ਅਤੇ ਆਉਣ ਵਾਲੇ ਸਮੇਂ ਦੌਰਾਨ ਵੱਡੇ ਪੱਧਰ ਤੇ ਦਸਤਾਰ ਮੁਕਾਬਲਾ ਆਯੋਜਿਤ ਕੀਤਾ ਜਾਵੇਗਾ ਜਿਸ ਵਿਚ ਆਸ ਪਾਸ ਦੇ ਪਿੰਡਾਂ ਦੇ ਨੌਜਵਾਨ ਭਾਗ ਲੈ ਸਕਨਗੇ।ਜ਼ਿਕਰਯੋਗ ਹੈ ਕੇ ਇਸ ਦਸਤਾਰ ਮੁਕਾਬਲੇ ਵਿਚ ਏਕਮਜੋਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ, ਪ੍ਰਭਜੋਤ ਸਿੰਘ ਨੇ ਦੂਸਰਾ ਤੇ ਪ੍ਰਭਸਿਮਰਨ ਨੇ ਤੀਸਰਾ ਸਥਾਨ ਹਾਸਲ ਕੀਤਾ ਹੈ।ਇਸੇ ਤਰ੍ਹਾਂ ਸਾਹਿਬ ਸਿੰਘ ਤੇ ਵਰੁਣ ਸਿੰਘ ਨੇ ਸੁੰਦਰ ਦੁਮਾਲਾ ਸਜਾ ਕੇ ਇਨਾਮ ਪ੍ਰਾਪਤ ਕੀਤਾ ਹੈ।ਇਸ ਦਸਤਾਰ ਮੁਕਾਬਲੇ ਲਈ ਗੁਰਦੁਆਰਾ ਕਮੇਟੀ ਪ੍ਰਧਾਨ ਸੁਖਜਿੰਦਰ ਸਿੰਘ ਤੇ ਗ੍ਰੰਥੀ ਬਾਬਾ ਬਲਦੇਵ ਸਿੰਘ ਦਾ ਵੀ ਅਹਿਮ ਯੋਗਦਾਨ ਰਿਹਾ ਹੈ। ਇਸ ਮੌਕੇ ਪਰਮਜੀਤ ਸਿੰਘ, ਗੁਰਵਿੰਦਰ ਸਿੰਘ, ਜੁਗਰਾਜ ਸਿੰਘ, ਗਗਨਦੀਪ ਸਿੰਘ, ਬਲਦੇਵ ਸਿੰਘ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ, ਬਾਬਾ ਬਲਵਿੰਦਰ ਸਿੰਘ, ਰਣਜੀਤ ਸਿੰਘ, ਗੁਰਨਾਮ ਸਿੰਘ ਚੌਕੀਦਾਰ ਆਦਿ ਹਾਜ਼ਰ ਸਨ।

# ਔਜਲਾ ਵੱਲੋਂ ਕੰਪਨੀ ਬਾਗ਼ 'ਚ ਓਪਨ ਜਿੰਮ ਦਾ ਉਦਘਾਟਨ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਤੋਂ ਐੱਮਪੀ ਗੁਰਜੀਤ ਸਿੰਘ ਔਜਲਾ ਵੱਲੋਂ ਕੰਪਨੀ ਬਾਗ ਵਿਚ ਐੱਮ.ਪੀ. ਲੈਂਡ ਫੰਡ ਤਹਿਤ ਬਣਾਏ ਗਏ ਓਪਨ ਜਿੰਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਲੋਕਾਂ ਦੀ ਫਿਟਨੈੱਸ ਤੇ ਬਿਹਤਰ ਸਿਹਤ ਲਈ ਉਹ ਹਰ ਸੰਭਵ ਕਦਮ ਚੁੱਕਦੇ ਰਹਿਣਗੇ ਅਤੇ ਲੋਕ ਭਲਾਈ ਦੇ ਅਜਿਹੇ ਕਾਰਜ਼ ਅੱਗੇ ਵੀ ਜ਼ਾਰੀ ਰਹਿਣਗੇ। ਔਜਲਾ ਨੇ ਕਿਹਾ ਕਿ ਪਹਿਲਾਂ ਇੱਥੇ ਲੱਗੇ ਜਿੰਮ ਦੇ ਉਪਕਰਣ ਟੁੱਟ-ਫੁੱਟ ਦਾ ਸ਼ਿਕਾਰ ਹੋ ਚੁੱਕੇ ਸਨ, ਜਿਸ ਦੀ ਜਾਂਚ ਵੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਮਕਸਦ ਨਾਲ 12 ਨਵੀਆਂ ਜਿੰਮ ਮਸ਼ੀਨਾਂ ਲਗਾਈਆਂ ਗਈਆਂ ਹਨ, ਤਾਂ ਜੋ ਅੰਮ੍ਰਿਤਸਰ ਦੇ ਨੌਜਵਾਨਾਂ ਤੇ ਬਜ਼ੁਰਗਾਂ ਨੂੰ ਆਧੁਨਿਕ ਫਿਟਨੈੱਸ ਸਹੂਲਤਾਂ ਮਿਲ ਸਕਣ। ਇਸ ਮੌਕੇ ਸਾਬਕਾ ਮੰਤਰੀ ਅਨਿਲ ਜੋਸ਼ੀ, ਸਾਬਕਾ ਵਿਧਾਇਕ ਸੁਨੀਲ ਦੱਤੀ, ਅਰੋੜਾ ਮਹਾਸਭਾ ਦੇ ਪ੍ਰਧਾਨ ਸੰਜੀਵ ਅਰੋੜਾ ਸਮੇਤ ਹੋਰ ਸਾਥੀ ਵੀ ਮੌਜੂਦ ਸਨ। ਸਭ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਇਸਨੂੰ ਸ਼ਹਿਰ ਵਾਸੀਆਂ, ਖ਼ਾਸ ਕਰਕੇ ਨੌਜਵਾਨਾਂ ਤੇ ਬਜ਼ੁਰਗਾਂ ਲਈ ਵੱਡੀ ਸੌਗਾਤ ਕਰਾਰ ਦਿੱਤਾ।

# ਸਿੱਖ ਕੌਮ ਸਰਬੱਤ ਦਾ ਭਲਾ ਮੰਗਣ ਵਾਲੀ ਕੌਮ ਹੈ: ਜਥੇ. ਗੜਗੱਜ

ਅੰਮ੍ਰਿਤਸਰ (ਵਿਜੇ ਸ਼ਰਮਾ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਗੁਰਦੁਆਰਾ ਮੰਜੀ ਸਾਹਿਬ ਵਿਖੇ ਕਥਾ ਕਰਨ ਲਈ ਪਹੁੰਚੇ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸਿੱਖ ਧਰਮ ਦਾ ਮੂਲ ਸਿਧਾਂਤ ਸਰਬੱਤ ਦਾ ਭਲਾ ਹੈ। ਉਨ੍ਹਾਂ ਆਪਣੇ ਹਾਲੀਆ ਨਿਊਜ਼ੀਲੈਂਡ ਦੌਰੇ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਉਥੇ ਕੁਝ ਮਹੀਨੇ ਪਹਿਲਾਂ ਹੋਇਆ ਵਿਰੋਧ ਕਿਸੇ ਭਾਈਚਾਰੇ ਵੱਲੋਂ ਨਹੀਂ, ਸਗੋਂ ਕੁਝ ਸ਼ਰਾਰਤੀ ਅਨਸਰਾਂ ਦੀ ਚਾਲ ਸੀ।ਜਥੇਦਾਰ ਨੇ ਕਿਹਾ ਕਿ ਉਨ੍ਹਾਂ ਨੇ ਉਥੋਂ ਦੇ ਮੋਹਰੀ ਆਗੂਆਂ ਨਾਲ ਮੁਲਾਕਾਤ ਕੀਤੀ ਹੈ, ਜਿਨ੍ਹਾਂ ਨੇ ਸਿੱਖੀ ਸਿਧਾਂਤਾਂ ਦਾ ਸਤਿਕਾਰ ਕਰਦਿਆਂ ਅਗਾਮੀ ਨਗਰ ਕੀਰਤਨਾਂ ਵਿੱਚ ਖੁਦ ਸ਼ਰਧਾ ਨਾਲ ਸ਼ਾਮਲ ਹੋਣ ਦਾ ਭਰੋਸਾ ਦਿੱਤਾ ਹੈ।ਜਥੇਦਾਰ ਗੜਗੱਜ ਨੇ ਨੌਜਵਾਨ ਪੀੜ੍ਹੀ ਨਾਲ ਹੋਏ ਸੰਵਾਦ ਬਾਰੇ ਦੱਸਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਬੈਠੇ ਸਿੱਖਾਂ ਦੇ ਦਿਲਾਂ ਵਿੱਚ ਅੱਜ ਵੀ ਪੰਜਾਬ, ਪੰਥ ਅਤੇ ਗੁਰੂ ਦੀ ਸਿੱਖੀ ਵੱਸਦੀ ਹੈ।ਉਨ੍ਹਾਂ ਕੋਵਿਡ ਦੌਰਾਨ ਸਿੱਖ ਸੰਸਥਾਵਾਂ ਵੱਲੋਂ ਕੀਤੀ ਗਈ ਨਿਸ਼ਕਾਮ ਸੇਵਾ ਦੀ ਸ਼ਲਾਘਾ ਕੀਤੀ, ਜਿਸ ਸਦਕਾ ਅੱਜ ਦੁਨੀਆ ਭਰ ਦੀਆਂ ਸਰਕਾਰਾਂ ਅਤੇ ਹੋਰ ਕੌਮਾਂ ਵੀ ਸਿੱਖ ਸਮਾਗਮਾਂ ਵਿੱਚ ਉਤਸ਼ਾਹ ਨਾਲ ਸ਼ਾਮਲ ਹੁੰਦੀਆਂ ਹਨ।

ਇਸ ਦੌਰਾਨ ਉਨ੍ਹਾਂ ਨੇ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਹਾੜੇ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 29 ਅਪ੍ਰੈਲ ਤੋਂ 1 ਮਈ ਤੱਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।ਉਨ੍ਹਾਂ ਸਮੁੱਚੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਕੀਰਤਪੁਰ ਸਾਹਿਬ ਪਹੁੰਚ ਕੇ ਗੁਰਬਾਣੀ ਕੀਰਤਨ ਅਤੇ ਇਤਿਹਾਸ ਨਾਲ ਜੁੜਨ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਨਗਰਾਂ ਦੀ ਸਥਾਪਨਾ ਸਿੱਖ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਆਪਸੀ ਮੇਲ-ਜੋਲ ਵਧਾਉਣ ਲਈ ਕੀਤੀ ਸੀ।ਅੰਤ ਵਿੱਚ ਉਨ੍ਹਾਂ ਹਾਲ ਹੀ ਵਿੱਚ ਕੈਨੇਡਾ ਵਿੱਚ ਨੌਜਵਾਨ ਕੁੱਟਮਾਰ ਦੀਆਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਭਿਅਕ ਸਮਾਜ ਵਿੱਚ ਅਜਿਹੀ ਹਿੰਸਾ ਦੀ ਕੋਈ ਥਾਂ ਨਹੀਂ ਹੈ।ਉਨ੍ਹਾਂ ਦਸਤਾਰ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਦਸਤਾਰ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਕਾਨੂੰਨ ਮੁਤਾਬਕ ਸਖ਼ਤ ਸਜ਼ਾ ਦਿੱਤੀ ਜਾਵੇ।

# ਰੇਟਾਂ 'ਚ ਹੋਰ ਵਾਧੇ ਵਿਰੁੱਧ ਹੜਤਾਲ ਲਈ ਤਿਆਰ ਰਹਿਣ ਦਾ ਸੱਦਾ



ਛੇਹਰਟਾ/ ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਤਾਣਾ ਭਰਤੀ ਵਰਕਰਜ਼ ਯੂਨੀਅਨ (ਸੀਟੂ) ਦੀ ਜ਼ਿਲ੍ਹਾ ਇਕਾਈ ਅੰਮ੍ਰਿਤਸਰ ਦੀ ਮੀਟਿੰਗ ਕਾਮਰੇਡ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਪੁਤਲੀਘਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਤਾਣਾ ਭਰਤੀ ਵਰਕਰਾਂ ਨੂੰ ਅਹਿਸਾਸ ਕਰਾਇਆ ਕਿ ਜੇਕਰ ਤਾਣਾ ਭਰਤੀ ਵਰਕਰ ਕੰਮ ਬੰਦ ਕਰ ਦੇਣ, ਤਾਂ ਕਾਰਖਾਨੇ ਹੀ ਬੰਦ ਹੋ ਜਾਣ। ਇਸ ਲਈ ਰੇਟਾਂ ਵਿਚ ਹੋਰ ਵਾਧਾ ਲੈਣ ਲਈ ਹੜਤਾਲ 'ਤੇ ਜਾਣ ਬਾਰੇ ਵਿਚਾਰ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਮੈਂਬਰਸ਼ਿਪ 30 ਅਪ੍ਰੈਲ ਤਕ ਮੁਕੰਮਲ ਕਰ ਲਈ ਜਾਵੇ। 1 ਮਈ ਨੂੰ ਕੌਮਾਂਤਰੀ ਦਿਵਸ ਮੌਕੇ ਨਾਈਆਂ ਵਾਲਾ ਮੋੜ, ਢੱਪਈ ਰੋਡ ਸਬਜ਼ੀ ਮੰਡੀ ਵਿਖੇ ਵਿਸ਼ਾਲ ਜਲਸਾ ਕੀਤਾ ਜਾ ਰਿਹਾ ਹੈ ਜਿਸ ਵਿਚ ਸੀਟੂ ਨਾਲ ਸਬੰਧਿਤ ਸਮੁੱਚੇ ਜਥੇਬੰਦੀਆਂ ਦੇ ਸਾਥੀ ਹਾਜ਼ਰ ਹੋਣਗੇ। ਉਨ੍ਹਾਂ ਕਿਹਾ ਕਿ ਪਹਿਲੀ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਸ਼ਹੀਦਾਂ ਨੂੰ ਯਾਦ ਕੀਤਾ ਜਾਵੇਗਾ ਅਤੇ ਹੱਕਾਂ ਦੀ ਰਾਖੀ ਲਈ ਸੰਘਰਸ਼ ਨੂੰ ਤੇਜ਼ ਕਰਨ ਦਾ ਪ੍ਰਣ ਲਿਆ ਜਾਵੇਗਾ। ਮੀਟਿੰਗ ਵਿਚ ਕਾਮਰੇਡ ਚਰਨਜੀਤ ਸਿੰਘ ਮਜੀਠਾ ਜ਼ਿਲ੍ਹਾ ਪ੍ਰਧਾਨ ਸੀਟੂ, ਕਿਰਪਾ ਰਾਮ, ਵਿਜੇ ਕੁਮਾਰ, ਗੁਰਦੀਪ ਸਿੰਘ ਬਤਾਲਾ, ਬਲਬੀਰ ਸਿੰਘ ਕੋਟ ਖ਼ਾਲਸਾ, ਧਰਮਪਾਲ, ਸੂਰਜ, ਸਤਨਾਮ ਸਿੰਘ, ਲੱਕੀ, ਰਮੇਸ਼ ਕੁਮਾਰ, ਬੱਬਲੂ, ਮਦਨ ਲਾਲ, ਸ਼ਿਵ ਕੁਮਾਰ ਆਦਿ ਸਾਥੀ ਹਾਜਰ ਸਨ।

# ਆਰੀਆ ਸਮਾਜ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਗਾਇਤਰੀ ਮਹਾਯੱਗ 30 ਤੋਂ



ਧਾਰੀਵਾਲ, (ਮਨਦੀਪ ਵਿੱਕੀ)-ਆਰੀਆ ਸਮਾਜ ਦੇ ਸਥਾਪਨਾ ਦਿਵਸ ਨੂੰ ਸਮਰਪਤ ਆਰੀਆ ਸਮਾਜ ਧਾਰੀਵਾਲ ਵਿਖੇ ਆਰੀਆ ਸਮਾਜ ਦੇ ਪ੍ਰਧਾਨ ਯਸ਼ ਮਹਾਜਨ, ਜਨਰਲ ਸਕੱਤਰ ਸੋਮ ਨਾਥ, ਖਜ਼ਾਨਚੀ ਅਨਿਲ ਪੁਰੀ ਅਤੇ ਮੰਤਰੀ ਰਵੀ ਮਹਾਜਨ ਦੀ ਅਗਵਾਈ ਵਿਚ ਸ਼ਹਿਰ ਵਾਸੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਹੋਈ ਜਿਸ ਵਿਚ ਨਗਰ ਕੌਂਸਲ ਧਾਰੀਵਾਲ ਦੇ ਪ੍ਰਧਾਨ ਅਸ਼ਵਨੀ ਦੁੱਗਲ, ਨਵਨੀਤ ਵਿਜ, ਜਾਨਿਸ਼ ਮਹਾਜਨ, ਸੋਨੂੰ ਚੋਪੜਾ, ਸੋਮ ਨਾਥ ਮਹਾਜਨ, ਅਨਿਲ ਪੁਰੀ, ਅਰਵਿੰਦ ਪੁਰੀ, ਵਿਸ਼ਾਲ ਮਹਿਰਾ, ਬ੍ਰਹਮ ਦੱਤ ਸ਼ਰਮਾ, ਵਿਜੈ ਵਰਮਾ, ਸੁਖਵਿੰਦਰ ਸੁੱਖ, ਅੰਕਿਤ ਮਹਾਜਨ, ਨਵੀਂਨ ਪੁਰੀ, ਗੌਰਵ ਸ਼ਰਮਾ, ਨਮਨ ਮਹਾਜਨ, ਰਵੀ ਮਹਾਜਨ, ਸਮਤਾ ਸਟੂਡੀਓ ਸਮੇਤ ਆਦਿ ਹਾਜਰ ਸਨ।ਮੀਟਿੰਗ ਦੌਰਾਨ 30 ਅਪ੍ਰੈਲ ਤੋਂ 3 ਮਈ ਤੱਕ ਹੋਣ ਵਾਲੇ ਗਾਇਤਰੀ ਮਹਾਯੱਗ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਸ ਸਮਾਗਮ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਆਰੀਆ ਸਮਾਜ ਦੇ ਪ੍ਰਧਾਨ ਯਸ਼ ਮਹਾਜਨ ਅਤੇ ਜਨਰਲ ਸਕੱਤਰ ਸੋਮ ਨਾਥ ਮਹਾਜਨ ਨੇ ਦੱਸਿਆ ਕਿ 30 ਅਪ੍ਰੈਲ ਤੋਂ 3 ਮਈ ਤੱਕ ਆਰੀਆ ਸਮਾਜ ਧਾਰੀਵਾਲ ਵਿਖੇ ਇੱਕ ਵਿਸ਼ਾਲ ਗਾਇਤਰੀ ਮਹਾਯੱਗ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਕਿ ਅਗਵਾਈ ਸਵਾਮੀ ਸਦਾਨੰਦ ਜੀ (ਪ੍ਰਦਾਨ ਦਯਾਨੰਦ ਮੱਠ, ਦੀਨਾਨਗਰ) ਕਰਨਗੇ।ਉਨ੍ਹਾਂ ਦੱਸਿਆ ਕਿ ਇਹ ਗਾਇਤਰੀ ਮਹਾਯੱਗ ਦਯਾਨੰਦ ਮੱਠ ਦੇ ਵਿਦਵਾਨ ਜਤਿੰਦਰ ਸ਼ਾਸਤਰੀ ਵੱਲੋਂ ਕਰਵਾਇਆ ਜਾਵੇਗਾ, ਅਤੇ ਲੋਕਾਂ ਨੂੰ ਆਰੀਆ ਸਮਾਜ ਦੀ ਵਿਚਾਰਧਾਰਾ ਤੋਂ ਜਾਣੂ ਕਰਵਾਇਆ ਜਾਵੇਗਾ।ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਬੰਧ ਵਿੱਚ, ਆਰੀਆ ਪ੍ਰਤੀਨਿਧੀ ਸਭਾ ਪੰਜਾਬ ਦੇ ਮੁੱਖ ਬੁਲਾਰੇ ਅਤੇ ਮਹਾਉਪਦੇਸ਼ਕ ਆਚਾਰੀਆ ਨਾਰਾਇਣ ਸਿੰਘ ਗੁਰੂ, ਪ੍ਰਸਿੱਧ ਭਜਨ ਪ੍ਰਚਾਰਕ ਅਰੁਣ ਕੁਮਾਰ ਅਤੇ ਵਿਜੇ ਸ਼ਾਸਤਰੀ ਵਲੋਂ ਭਜਨ ਅਤੇ ਉਪਦੇਸ਼ ਵੀ ਕੀਤੇ ਜਾਣਗੇ।

## ਜਨਗਣਨਾ ਨਾਲ ਸੰਬੰਧਤ ਕੰਮ ਨੂੰ ਨੇਪਰੇ ਚਾੜ੍ਹਨ ਸੰਬੰਧੀ ਸਿਖਲਾਈ ਕੈਂਪ ਲੱਗਾ



ਬਟਾਲਾ, (ਤਰਲੋਕ ਬੱਗਾ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜਨਗਣਨਾ/ਮਤਗਣਨਾ ਨਾਲ ਸੰਬੰਧਿਤ ਕੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਪੰਨ ਕਰਨ ਦੇ ਉਦੇਸ਼ ਨਾਲ ਆਰ. ਡੀ. ਖੋਸਲਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਟ੍ਰੇਨਿੰਗ ਕੈਂਪ ਲਗਾਇਆ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਨੇ ਦੱਸਿਆ ਕਿ ਐੱਸਡੀਐੱਮ ਸਾਰੰਗਪ੍ਰੀਤ ਦੀ ਅਗਵਾਈ ਹੇਠ ਸਿਖਲਾਈ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਸਮੁੱਚੀ ਟੀਮ ਵੱਲੋਂ ਸੁਚਾਰੂ ਢੰਗ ਨਾਲ ਸਿਖਲਾਈ ਦਿੱਤੀ ਗਈ ਹੈ।ਇਸ ਮੌਕੇ ਨਾਇਬ ਤਹਿਸੀਲਦਾਰ ਨਿਤਿਨ ਸਹੋਤਾ ਵੀ ਮੌਜੂਦ ਸਨ।ਟ੍ਰੇਨਿੰਗ ਦੌਰਾਨ ਜ਼ਿਲ੍ਹਾ ਫੀਲਡ ਟ੍ਰੇਨਰ ਵਲੋਂ ਟ੍ਰੇਨਿੰਗ ਲੈਣ ਪਹੁੰਚੇ ਅਧਿਆਪਕਾਂ ਨੂੰ ਜਨਗਣਨਾ ਦੀ ਪੂਰੀ ਪ੍ਰਕਿਰਿਆ, ਘਰ-ਘਰ ਸਰਵੇਖਣ, ਡਾਟਾ ਇਕੱਠਾ ਕਰਨਾ, ਡਿਜੀਟਲ ਐਂਟਰੀ, ਗੋਪਨੀਯਤਾ ਦੇ ਨਿਯਮ ਅਤੇ ਮੈਦਾਨ ਵਿੱਚ ਆਉਣ ਵਾਲੀਆਂ ਚੁਣੌਤੀਆਂ ਨਾਲ ਨਿਪਟਣ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਨਗਣਨਾ ਦੌਰਾਨ ਜਦੋਂ ਅਧਿਕਾਰੀ ਉਨ੍ਹਾਂ ਦੇ ਘਰ ਆਉਣ ਤਾਂ ਉਨ੍ਹਾਂ ਨੂੰ ਸਹੀ ਅਤੇ ਪੂਰੀ ਜਾਣਕਾਰੀ ਦੇਣ ਤਾਂ ਜੋ ਵਿਕਾਸ ਯੋਜਨਾਵਾਂ ਦਾ ਲਾਭ ਸਹੀ ਲੋਕਾਂ ਤੱਕ ਪਹੁੰਚ ਸਕੇ।ਟ੍ਰੇਨਿੰਗ ਵਿੱਚ ਸ਼ਾਮਲ ਅਧਿਆਪਕਾਂ ਨੇ ਸਮੂਹਕ ਤੌਰ ਤੇ ਕਿਹਾ ਕਿ ਇਸ ਕੈਂਪ ਨਾਲ ਉਨ੍ਹਾਂ ਨੂੰ ਬਹੁਤ ਕੁਝ ਨਵਾਂ ਸਿੱਖਣ ਨੂੰ ਮਿਲਿਆ ਹੈ। ਉਨ੍ਹਾਂ ਨੇ ਖਾਸ ਤੌਰ 'ਤੇ ਤਹਿਸੀਲ ਦਫਤਰ ਵੱਲੋਂ ਕੀਤੀ ਵਿਵਸਥਾ, ਸਾਫ਼-ਸਫ਼ਾਈ, ਬੈਠਣ ਦੀ ਉਚਿਤ ਵਿਵਸਥਾ ਦੀ ਸਰਾਹਨਾ ਕੀਤੀ।

# ਸ਼੍ਰੋਮਣੀ ਅਕਾਲੀ ਦਲ (ਬ) ਨੇ ਔਰਤਾਂ ਨੂੰ ਹਮੇਸ਼ਾ ਪਾਰਟੀ 'ਚ ਉੱਚਾ ਦਰਜਾ ਦਿੱਤਾ: ਰਾਜਪੂਤ



ਚੋਹਲਾ ਸਾਹਿਬ (ਰਮਨ ਚੱਢਾ)-ਸ਼੍ਰੋਮਣੀ ਅਕਾਲ ਦਲ ਬਾਦਲ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਬੀਤੇ ਦਿਨੀਂ ਸਰਪੰਚ ਅਵਤਾਰ ਸਿੰਘ ਬਿੱਲ ਸ਼ੇਰੋ ਦੀ ਧਰਮਪਤਨੀ ਬੀਬੀ ਰਮਨਦੀਪ ਕੌਰ ਖਹਿਰਾ ਨੂੰ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਦਾ ਇੰਚਾਰਜ ਲਗਾਉਣ 'ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜੀਓਬਾਲਾ ਤੋਂ ਨੌਜਵਾਨ ਆਗੂ ਜਰਨੈਲ ਸਿੰਘ ਰਾਜਪੂਤ ਜੀਓਬਾਲਾ, ਸੁਖਜੀਤ ਸਿੰਘ ਢਿਲੋਂ ਜੀਓਬਾਲਾ, ਬਲਦੇਵ ਸਿੰਘ ਮੈਂਬਰ ਪੰਚਾਇਤ ਜੀਓਬਾਲਾ ਅਤੇ ਜ਼ਸਬੀਰ ਸਿੰਘ ਜੀਓਬਾਲਾ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਇਨ੍ਹਾਂ ਨੇ ਸਾਂਝੇ ਰੂਪ ਵਿੱਚ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਨੇ ਹਮੇਸ਼ਾ ਮਹਿਲਾਵਾਂ ਨੂੰ ਮਾਣ ਸਤਿਕਾਰ ਦਿੱਤਾ ਹੈ ਅਤੇ ਖਾਸ ਕਰਕੇ ਪਾਰਟੀ ਵਿੱਚ ਮਹਿਲਾਵਾਂ ਨੂੰ ਵਿਸ਼ੇਸ਼ ਜਗ੍ਹਾ ਦੇ ਕੇ ਨਿਵਾਜਿਆ ਹੈ।

ਉਨ੍ਹਾਂ ਕਿਹਾ ਕਿ ਬੀਬੀ ਰਮਨਦੀਪ ਕੌਰ ਖਹਿਰਾ ਨੂੰ ਹਲਕਾ ਖਡੂਰ ਸਾਹਿਬ ਦੀ ਵੱਡੀ ਜ਼ਿੰਮੇਵਾਰੀ ਸੌਂਪੀ ਹੈ ਜਿਸ 'ਤੇ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਬੀਬੀ ਰਮਨਦੀਪ ਕੌਰ ਖਹਿਰਾ ਨੇ ਕਿਹਾ ਕਿ ਪਾਰਟੀ ਵੱਲੋਂ ਜਿਹੜੀ ਜ਼ਿੰਮੇਵਾਰੀ ਦਿੱਤੀ ਗਈ ਹੈ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਅਪੀਲ ਕੀਤੀ ਲੋਕ ਵੱਧ ਤੋਂ ਵੱਧ ਪਾਰਟੀ ਦਾ ਸਾਥ ਦੇਣ।

ਇਸ ਸਮੇਂ ਜਰਨੈਲ ਸਿੰਘ ਰਾਜਪੂਤ ਨੇ ਕਿਹਾ ਕਿ ਉਹ ਹਮੇਸ਼ਾ ਪਾਰਟ ਨਾਲ ਚਟਾਨ ਵਾਂਗ ਖੜ੍ਹੇ ਹਨ ਅਤੇ ਪਾਰਟੀ ਦੀ ਭਲਾਈ ਲਈ ਰਾਤ-ਦਿਨ ਇੱਕ ਕਰਦੇ ਰਹਿਣਗੇ।

# ਰਾਜ ਸਭਾ ਮੈਂਬਰਾਂ ਨੇ 'ਆਪ' ਨੂੰ ਛੱਡ ਕੇ ਪੰਜਾਬ ਤੇ ਪੰਜਾਬੀਆਂ ਨਾਲ ਗੱਦਾਰੀ ਕੀਤੀ : ਗਿੱਲ



ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਦੇ ਪੰਜਾਬ ਨਾਲ ਸਬੰਧਤ 7 ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਛੱਡ ਕੇ ਭਾਜਪਾ ਵਿਚ ਸ਼ਾਮਲ ਹੋਣ 'ਤੇ ਐਤਵਾਰ ਮਜੀਠਾ ਵਿਖੇ ਭਾਰੀ ਰੋਸ ਮੁਜ਼ਾਹਰਾ ਕਰਨ ਦੌਰਾਨ ਇਨ੍ਹਾਂ ਦੇ ਪੁਤਲੇ ਫੂਕਣ ਉਪਰੰਤ ਗੱਲਬਾਤ ਕਰਦਿਆਂ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਨ੍ਹਾਂ ਰਾਜ ਸਭਾ ਮੈਂਬਰਾਂ ਨੇ ਆਪਣੀ ਮਾਂ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ ਵਿਚ ਜਾ ਕੇ ਪੰਜਾਬ ਅਤੇ ਪੰਜਾਬੀਆਂ ਨਾਲ ਬਹੁਤ ਵੱਡੀ ਗੱਦਾਰੀ ਕੀਤੀ ਹੈ ਅਤੇ ਪਾਰਟੀ ਨਾਲ ਧ੍ਰੋਹ ਕਮਾਇਆ ਹੈ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਨ੍ਹਾਂ ਵਿਅਕਤੀਆਂ ਨੂੰ ਪਾਰਟੀ ਨੇ ਇੰਨੇ ਵੱਡੇ ਅਹੁਦਿਆਂ 'ਤੇ ਬਿਠਾ ਕੇ ਪੂਰਾ ਮਾਣ ਸਤਿਕਾਰ ਦਿੱਤਾ ਸੀ ਪਰ ਇਹ ਵਿਅਕਤੀ ਪਾਰਟੀ ਵੱਲੋਂ ਦਿੱਤੇ ਮਾਣ ਸਨਮਾਨ ਨੂੰ ਹਜ਼ਮ ਨਹੀਂ ਕਰ ਸਕੇ।ਗਿੱਲ ਨੇ ਕਿਹਾ ਕਿ ਪੰਜਾਬ ਵਿਚਲੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਨਾਲ ਇੱਕਜੁੱਟ ਹੈ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਮਜ਼ਬੂਤ ਹੈ ਅਤੇ 2027 ਦੀਆਂ ਚੋਣਾਂ ਵਿਚ ਇੱਕਜੁਟਤਾ ਨਾਲ ਪੰਜਾਬ ਵਿਚ ਦੁਬਾਰਾ ਸਰਕਾਰ ਬਣਾਵੇਗੀ।

ਇਸ ਮੌਕੇ ਤਲਬੀਰ ਸਿੰਘ ਗਿੱਲ ਦੇ ਨਾਲ ਬਲਜਿੰਦਰ ਸਿੰਘ ਛੀਨਾ ਸਿਆਸੀ ਸਕੱਤਰ ਗਿੱਲ, ਹਰਭੁਪਿੰਦਰ ਸਿੰਘ ਸ਼ਾਹ, ਜਸਵੰਤ ਸਿੰਘ ਪੰਨੂੰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਚੇਅਰਮੈਨ ਬਲਾਕ ਸੰਮਤੀ ਯਾਦਵਿੰਦਰ ਸਿੰਘ, ਸਾਹਿਬ ਸਿੰਘ ਰੰਗੀਲਪੁਰਾ, ਸਰਪੰਚ ਪਰਮਿੰਦਰ ਸਿੰਘ ਰੁਮਾਣਾ ਚੱਕ, , ਜੈਪਾਲ ਮਹਾਜਨ, ਨੀਰਜ ਸ਼ਰਮਾ, ਪ੍ਰਵੀਨ ਕੁਮਾਰ ਮਜੀਠਾ, ਨਿਰਮਲ ਸਿੰਘ ਨਿੰਮਾਂ ਟਾਇਰਾਂ ਵਾਲਾ, ਨਿਰਮਲ ਸਿੰਘ ਪਾਖਰਪੁਰਾ, ਜਸਵੰਤ ਸਿੰਘ ਸਰਪੰਚ ਵੀਰਮ, ਚੰਨਪ੍ਰੀਤ ਸਿੰਘ ਸਰਪੰਚ ਅਜੈਬਵਾਲੀ, ਰਾਜ ਕੁਮਾਰ ਸਰਪੰਚ ਲੁੱਧੜ, ਚਰਨਜੀਤ ਸਿੰਘ ਸਰਪੰਚ ਵਡਾਲਾ, ਬਲਦੇਵ ਸਿੰਘ ਡੱਡੀਆਂ, ਰਵੀਇੰਦਰ ਸਿੰਘ ਸਰਪੰਚ, ਹਰਜੀਤ ਸਿੰਘ ਸਰਪੰਚ ਉਦੋਕੇ, ਹਰਪਾਲ ਸਿੰਘ ਸਰਪੰਚ ਮੱਤੇਵਾਲ, ਹਰਚਰਨ ਸਿੰਘ ਸੋਹੀ, ਸੁਖਵਿੰਦਰ ਸਿੰਘ ਸੋਹੀ, ਜੋਗਿੰਦਰ ਸਿੰਘ ਜੇਠੂਨੰਗਲ, ਬਲਵਿੰਦਰ ਸਿੰਘ ਮਰੜ੍ਹੀ, ਸੁਖਚੈਨ ਸਿੰਘ ਸੁੱਖ ਭੰਗਵਾ, ਪਰੇਮ ਸਿੰਘ ਸੋਨੀ, ਮਨਜੀਤ ਸਿੰਘ, ਗੁਰਪਿੰਦਰ ਸਿੰਘ, ਦਿਲਬਾਗ ਸਿੰਘ, ਰਵਿੰਦਰ ਸਿੰਘ ਹਦੈਤਪੁਰਾ, ਪਰੇਮ ਸਿੰਘ ਸੋਨੀ ਆਦਿ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਪਲੇਠੀ ਅਧਿਆਪਕ-ਮਾਪੇ ਮਿਲਣੀ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਨਵੇਂ ਸੈਸ਼ਨ 2026-27 ਦੀ ਪਹਿਲੀ (ਪੀਟੀ ਮੀਟ) ਅਧਿਆਪਕ ਮਾਪੇ ਮਿਲਣੀ ਰੱਖੀ ਗਈ ਜਿਸ ਵਿੱਚ ਸਕੂਲ ਦੇ ਸਾਰੇ ਬੱਚਿਆਂ ਦੇ ਮਾਪਿਆਂ ਨੇ ਬੜੇ ਉਤਸ਼ਾਹ ਅਤੇ ਉਤਸੁਕਤਾ ਨਾਲ ਹਿੱਸਾ ਲਿਆ।ਮਾਪਿਆਂ ਨੇ ਆਪਣੇ ਬੱਚਿਆਂ ਦੇ ਅਧਿਆਪਕਾਂ ਕੋਲ ਬੈਠ ਕੇ ਬੱਚਿਆਂ ਦੇ ਸਰਬਪੱਖੀ ਵਿਕਾਸ ਬਾਰੇ ਵਿਚਾਰਾਂ ਕੀਤੀਆਂ।ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਤੇ ਉਨ੍ਹਾਂ ਦਾ ਭਵਿੱਖ ਉਜਵਲ ਕਰਨ ਲਈ ਮਾਪਿਆਂ ਦੀ ਸਲਾਹ ਲਈ ਗਈ।ਉਨ੍ਹਾਂ ਵੱਲੋਂ ਦਿੱਤੀਆਂ ਗਈਆਂ ਸਲਾਹਾਂ ਨੂੰ ਵੀ ਪ੍ਰਮੁੱਖਤਾ ਨਾਲ ਪੂਰਾ ਕਰਨ ਦਾ ਵਾਅਦਾ ਕੀਤਾ ਗਿਆ।ਮਾਪਿਆਂ ਨੇ ਸਕੂਲ ਦੇ ਪ੍ਰਬੰਧ 'ਤੇ ਤਸੱਲੀ ਪ੍ਰਗਟ ਕੀਤੀ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ , ਡਾਇਰੈਕਟਰ ਪ੍ਰਿੰ. ਡਾ. ਅਮਰਪ੍ਰੀਤ ਕੌਰ, ਪ੍ਰਿੰ. ਸੰਦੀਪ ਸ਼ਰਮਾ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਅਤੇ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਨੇ ਵੀ ਮਾਪਿਆਂ ਨਾਲ ਵੱਖਰੇ ਤੌਰ 'ਤੇ ਮੀਟਿੰਗ ਕੀਤੀ ਅਤੇ ਉਨ੍ਹਾਂ ਦੇ ਸੁਝਾਅ ਵੀ ਲਏ। ਆਏ ਹੋਏ ਮਾਪਿਆਂ ਨਾਲ ਗੱਲਬਾਤ ਕਰਦੇ ਹੋਏ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਮਾਪੇ ਅਧਿਆਪਕ ਮਿਲਣੀ ਬੱਚਿਆਂ ਦੇ ਬਹੁਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ ।ਬੱਚਿਆਂ ਨੂੰ ਕਿਸੇ ਚੰਗੇ ਅਹੁਦੇ 'ਤੇ ਪਹੁੰਚਾਉਣ ਲਈ ਉਨ੍ਹਾਂ ਦਾ ਸਹੀ ਮਾਰਗਦਰਸ਼ਨ ਕਰਨ ਲਈ ਸਮੇਂ-ਸਮੇਂ 'ਤੇ ਅਧਿਆਪਕ ਅਤੇ ਬੱਚਿਆਂ ਦੇ ਮਾਪਿਆਂ ਦਾ ਮਿਲਣਾ ਬਹੁਤ ਜ਼ਰੂਰੀ ਹੈ।ਇਸ ਲਈ ਸਕੂਲ ਵਿੱਚ ਸਮੇਂ ਸਮੇਂ ਤੇ ਅਧਿਆਪਕ ਮਾਪੇ ਮਿਲਣੀ ਦਾ ਪ੍ਰੋਗਰਾਮ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਕੂਲ ਦੇ ਕਈ ਵਿਦਿਆਰਥੀ ਅੰਤਰਰਾਸ਼ਟਰੀ ਹਾਕੀ ਖਿਡਾਰੀ, ਡਾਕਟਰ, ਇੰਜੀਨੀਅਰ, ਜੱਜ, ਵਕੀਲ, ਤਹਿਸੀਲਦਾਰ, ਪੁਲਸ ਅਫਸਰ ਅਤੇ ਹੋਰ ਵੱਡੇ-ਵੱਡੇ ਅਹੁਦਿਆਂ 'ਤੇ ਪਹੁੰਚੇ ਹਨ ਜੋ ਕਿ ਸਕੂਲ ਮੈਨੇਜਮੈਂਟ, ਅਧਿਆਪਕ ਅਤੇ ਮਾਪਿਆਂ ਦੇ ਆਪਸੀ ਤਾਲਮੇਲ ਸਦਕਾ ਹੀ ਹੈ ਅਤੇ ਇਹ ਲਗਾਤਾਰ ਜਾਰੀ ਰਹਿਣਾ ਚਾਹੀਦਾ ਹੈ।

**ਵਰ੍ਹੇਗੰਢ ਮੁਬਾਰਕ**



ਮੰਗਾ ਭਾਟੀਆ ਅਤੇ ਮਮਤਾ ਭਾਟੀਆ ਵਾਸੀ ਕਾਦੀਆਂ ਨੇ ਆਪਣੇ ਵਿਆਹ ਦੀ 23ਵੀਂ ਵਰ੍ਹੇਗੰਢ ਮਨਾਈ।



ਸੰਜੈ ਗੁਪਤਾ ਤੇ ਸੋਨੀਆ ਗੁਪਤਾ ਨੇ ਆਪਣੇ ਵਿਆਹ ਦੀ 18ਵੀਂ ਵਰ੍ਹੇਗੰਢ ਮਨਾਈ।

## ਸਾਲਾਨਾ ਚੌਥੀ ਬਰਸੀ ਭਲਕੇ

**ਕਪੂਰਥਲਾ (ਮਨਜੀਤ ਮਾਨ)**-ਪੰਜਾਬੀ ਗੀਤਕਾਰੀ 'ਚ ਨਾਮਣਾ ਖੱਟਣ ਵਾਲੇ ਸੂਫ਼ੀ ਸ਼ਾਇਰ ਉਸਤਾਦ ਅਲਮਸਤ ਦੇਸਰਪੁਰੀ ਦੀ ਸਾਲਾਨਾ ਚੌਥੀ ਬਰਸੀ 29 ਅਪ੍ਰੈਲ ਨੂੰ ਉਨ੍ਹਾਂ ਦੇ ਜੱਦੀ ਪਿੰਡ ਦੇਸਰਪੁਰ (ਜਲੰਧਰ) ਵਿਖੇ ਮਨਾਈ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅਲਮਸਤ ਦੇ ਸਪੁੱਤਰ ਸਾਗਰ ਦੇਸਰਪੁਰੀ ਨੇ ਦੱਸਿਆ ਕਿ ਜੰਗਬੰਦੀ ਕਾਰਨ ਇਸ ਵਾਰ ਵਿਦੇਸ਼ ਤੋਂ ਆਉਣ ਵਿਚ ਬਹੁਤ ਮੁਸ਼ਕਿਲ ਹੋ ਰਹੀ ਹੈ, ਜਿਸ ਕਰਕੇ ਇਸ ਵਾਰ ਕੋਈ ਸਟੇਜ ਪ੍ਰੋਗਰਾਮ ਨਹੀਂ ਹੋਵੇਗਾ। ਸਿਰਫ ਰਸਮਾਂ ਹੀ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਅਲਮਸਤ ਦੇਸਰਪੁਰੀ ਦੀ ਮਜ਼ਾਰ 'ਤੇ ਚਾਦਰ ਚੜ੍ਹਾਈ ਜਾਵੇਗੀ, ਚਿਰਾਗ ਰੌਸ਼ਨ ਹੋਣਗੇ। ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਤੇ ਅਤੁੱਟ ਲੰਗਰ ਵਰਤਾਏ ਜਾਣਗੇ।

# ਮੰਡੀਆਂ 'ਚੋਂ ਫਸਲ ਦੀ ਚੁਕਾਈ ਲਈ ਫੌਰੀ ਕਦਮ ਚੁੱਕੇ ਜਾਣ : ਪੀਟਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਪੰਜਾਬ ਦੀਆਂ ਦਾਣਾ ਮੰਡੀਆਂ ਵਿੱਚੋਂ ਬੇਸ਼ੱਕ ਸਰਕਾਰੀ ਏਜੰਸੀਆਂ ਕਣਕ ਦੀ ਖਰੀਦ ਲਗਭਗ ਕਰ ਚੁੱਕੀਆਂ ਹਨ। ਪਰ ਖਰੀਦਿਆ ਮਾਲ ਵਿੱਚੋਂ ਬਹੁਤਾ ਹਿੱਸਾ ਖੁੱਲ੍ਹੇ ਅਸਮਾਨ ਵਿੱਚ ਬੋਰੀਆਂ ਵਿੱਚ ਪਿਆ ਉਡੀਕ ਰਿਹਾ ਹੈ ਕਿ ਕਦੋਂ ਸਰਕਾਰ ਦੀਆਂ ਏਜੰਸੀਆਂ ਇਸ ਨੂੰ ਸਟੋਰਾਂ ਤੱਕ ਪਹੁੰਚਾਉਣ ਗਿਆ। ਮੰਡੀਆਂ ਵਿੱਚ ਹਰ ਰੋਜ਼ ਗਿਣਤੀ ਦੇ ਢੁਆਈ ਲਈ ਟਰੱਕ ਭੇਜੇ ਜਾ ਰਹੇ ਜੋ ਲੋੜ ਤੋਂ ਕਿਤੇ ਘੱਟ ਹਨ।ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਅੱਜ ਜਲੰਧਰ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕਰਨ ਤੋਂ ਬਾਅਦ ਕਿਹਾ ਲਗਭਗ ਸਾਰੀਆਂ ਮੰਡੀਆਂ ਵਿੱਚ ਢੁਆਈ ਦਾ ਕੰਮ ਜੂ ਦੀ ਤੁਰੇ ਤੁਰਿਆ ਹੋਇਆ ਹੈ।ਮੰਡੀਆਂ ਵਿੱਚ ਮਜ਼ਦੂਰਾਂ ਲਈ ਬੁਨਿਆਦੀ ਸਹੂਲਤਾਂ ਦੀ ਥੋੜ ਦੇ ਬਾਵਜੂਦ ਕਣਕ ਦੀ ਸਾਂਭ ਸੰਭਾਲ ਦਾ ਕੰਮ ਲਗਭਗ ਨਿਬੇੜ ਕੇ ਮੰਡੀਆਂ ਵਿੱਚ ਮਜ਼ਦੂਰ ਵੇਹਲਾ ਬੈਠਾ ਫਸਲ ਚੁੱਕੇ ਜਾਣ ਦੀ ਉਡੀਕ ਕਰਨ ਲਈ ਮਜਬੂਰ ਹੈ। ਮੰਡੀਆਂ ਦੇ ਮਜ਼ਦੂਰ ਫਿਕਰਮੰਦ ਹਨ ਕਿ ਜੇ ਸਰਕਾਰੀ ਏਜੰਸੀਆਂ ਨੇ ਫੌਰੀ ਇਹ ਫਸਲ ਮੰਡੀਆਂ ਵਿੱਚੋਂ ਨਾ ਚੁੱਕੀ ਤਾਂ ਮਜ਼ਦੂਰਾਂ ਨੇ ਜੋ ਕਮਾਇਆ ਹੈ ਉਹ ਮੰਡੀ ਵਿੱਚ ਬੈਠ ਕੇ ਖਾ ਲੈਣਗੇ ਤਾਂ ਘਰ ਕੀ ਲੈ ਕੇ ਜਾਣਗੇ। ਪ੍ਰਵਾਸੀ ਮਜ਼ਦੂਰਾਂ ਦੀ ਹਾਲਤ ਤਾਂ ਹੋਰ ਖਸਤਾ ਹੈ। ਉਹਨਾਂ ਨੂੰ ਬਲੈਕ ਵਿੱਚ ਗੈਸ ਤੇ ਮਹਿੰਗਾ ਬਾਲਣ ਲੈ ਕੇ ਆਪਣਾ ਚੁੱਲਾ ਤਪਾਉਣਾ ਪੈ ਰਿਹਾ ਹੈ। ਯੂਨੀਅਨ ਦੇ ਪ੍ਰਧਾਨ ਤਰਸੇਮ ਪੀਟਰ ਨੇ ਵੱਖ-ਵੱਖ ਮੰਡੀਆਂ ਵਿੱਚ ਮਜ਼ਦੂਰਾਂ ਨਾਲ ਮੀਟਿੰਗਾਂ ਕਰਕੇ ਦੋਸ਼ ਲਾਇਆ ਕਿ



ਮਾਰਕੀਟ ਕਮੇਟੀਆਂ ਲੱਖਾਂ ਰੁਪਈਆ ਦਾਣਾ ਮੰਡੀਆਂ ਤੋਂ ਕਮਾਉਂਦੀਆਂ ਹਨ ਪਰ ਮੰਡੀ ਮਜ਼ਦੂਰ ਲਈ ਨਾ ਤਾਂ ਬਾਥਰੂਮ ਅਤੇ ਨਾ ਪਖਾਨਿਆਂ ਦਾ ਪੁਖਤਾ ਪ੍ਰਬੰਧ ਹੈ। ਉਨਾਂ ਨੇ ਕਿਹਾ ਕਿ ਦਾਣਾ ਮੰਡੀ ਮਹਿਤਪੁਰ ਵਿੱਚ 500 ਮਜ਼ਦੂਰਾਂ ਲਈ ਸਿਰਫ ਛੇ ਪਖਾਨੇ ਅਤੇ ਬਾਥਰੂਮ ਹਨ ਉਹਨਾਂ ਵਿੱਚੋਂ ਵੀ ਔਰਤਾਂ ਲਈ ਰਾਖਵੇ ਕੀਤੇ ਗਏ ਪਖਾਨਿਆਂ ਨੂੰ ਜਿੰਦੇ ਲਾਏ ਗਏ ਹਨ। ਉਹਨਾਂ ਨੇ ਪ੍ਰਸ਼ਾਸਨ ਕੋਲ ਮੰਗ ਕੀਤੀ ਕਿ ਮੰਡੀਆਂ ਵਿੱਚੋਂ ਫਸਲ ਦੀ ਚੁਕਾਈ ਲਈ ਫੌਰੀ ਕਦਮ ਚੁੱਕੇ ਜਾਣ ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ 'ਰੁਖ਼ਸਤ-ਏ-ਮਹਿਫ਼ਲ' ਸਮਾਗਮ

**ਜਲੰਧਰ (ਕਮਲਜੀਤ ਥਾਬਲਕੇ)**

ਲਾਡੋਵਾਲੀ ਰੋਡ ਸਥਿਤ ਯੂਨੀਵਰਸਿਟੀ ਕਾਲਜ ਵਿੱਚ ਆਖਰੀ ਸਾਲ ਦੇ ਵਿਦਿਆਰਥੀਆਂ ਲਈ 'ਰੁਖ਼ਸਤ-ਏ-ਮਹਿਫ਼ਲ' ਨਾਮ ਹੇਠ ਸ਼ਾਨਦਾਰ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਕਾਲਜ ਦਾ ਮਾਹੌਲ ਖ਼ੁਸ਼ੀ, ਉਤਸ਼ਾਹ ਅਤੇ ਵਿਛੋੜੇ ਦੇ ਜਜ਼ਬਾਤਾਂ ਨਾਲ ਰੰਗਿਆ ਹੋਇਆ ਨਜ਼ਰ ਆਇਆ। ਵਿਦਿਆਰਥੀਆਂ ਨੇ ਆਪਣੇ ਕਾਲਜ ਜੀਵਨ ਦੇ ਆਖਰੀ ਦਿਨਾਂ ਨੂੰ ਖੁਸ਼ਗਵਾਰ ਬਣਾਉਂਦੇ ਹੋਏ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਇਸ ਮੌਕੇ 'ਤੇ ਕਾਲਜ ਦੀ ਓ ਐੱਸ ਡੀ ਡਾ. ਨਵਜੋਤ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ, ਅੱਜ ਦਾ ਦਿਨ ਖ਼ੁਸ਼ੀ ਤੇ ਵਿਛੋੜੇ ਦੋਵਾਂ ਭਾਵਨਾਵਾਂ ਨਾਲ ਭਰਿਆ ਹੋਇਆ ਹੈ। ਤੁਸੀਂ ਸਾਡੇ ਲਈ ਸਿਰਫ ਵਿਦਿਆਰਥੀ ਨਹੀਂ, ਸਾਡੇ ਪਰਿਵਾਰ ਦਾ ਹਿੱਸਾ ਹੋ। ਕਾਲਜ ਵਿੱਚ ਬਿਤਾਏ ਇਹ ਪਲ ਤੁਹਾਡੀ ਜ਼ਿੰਦਗੀ ਦੀਆਂ ਸਭ ਤੋਂ ਕੀਮਤੀ ਯਾਦਾਂ ਬਨਣਗੇ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਤੁਸੀਂ ਆਪਣੇ ਜੀਵਨ ਵਿੱਚ ਵੱਡੀਆਂ ਕਾਮਯਾਬੀਆਂ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰੋਗੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਮਾਨਦਾਰੀ, ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ




ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗਿੱਧਾ, ਭੰਗੜਾ, ਗੀਤ-ਸੰਗੀਤ ਅਤੇ ਹੋਰ ਮਨੋਰੰਜਕ ਪ੍ਰਸਤੁਤੀਆਂ ਨੇ ਸਭ ਦਾ ਮਨ ਮੋਹ ਲਿਆ। ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਉਤਸ਼ਾਹ ਨੇ ਸਮਾਗਮ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ। ਮੰਚ ਸੰਚਾਲਨ ਡਾ. ਮਾਨਸੀ ਚੋਪੜਾ ਅਤੇ ਦੀਪਿਕਾ ਸ਼ਰਮਾ ਵੱਲੋਂ ਬਹੁਤ ਸੁਚੱਜੇ ਢੰਗ ਨਾਲ ਕੀਤਾ ਗਿਆ, ਜਿਸ ਨਾਲ ਪ੍ਰੋਗਰਾਮ ਬਿਨਾ ਕਿਸੇ ਰੁਕਾਵਟ ਦੇ ਸੁਚਾਰੂ ਤਰੀਕੇ ਨਾਲ ਚੱਲਦਾ ਰਿਹਾ।

ਵੱਖ-ਵੱਖ ਖ਼ਿਤਾਬਾਂ ਲਈ ਕਰਵਾਏ ਗਏ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਜੋਸ਼ ਨਾਲ ਭਾਗ ਲਿਆ। ਮੁੱਖ ਖ਼ਿਤਾਬਾਂ ਵਿੱਚ ਹਰਮਨ ਸਿੰਘ ਨੂੰ ਮਿਸਟਰ ਫੇਅਰਵੈਲ , ਇਸ਼ਾਂਤ ਨੂੰ ਮਿਸਟਰ ਹੈਂਡਸਮ, ਦੇਵਾਂਸ਼ੂ ਨੂੰ ਮਿਸਟਰ ਟ੍ਰੈਂਡੀ ਅਤੇ ਸੁਦਿਨ ਨੂੰ ਮਿਸਟਰ ਪਰਫੈਕਟ ਦੇ ਖ਼ਿਤਾਬ ਨਾਲ ਨਵਾਜਿਆ ਗਿਆ। ਇਸੇ ਤਰ੍ਹਾਂ ਦਿਨਾਂਸ਼ੀ ਨੂੰ ਮਿਸ ਫੇਅਰਵੈਲ , ਕੋਮਲ ਨੂੰ ਮਿਸ ਸਨਸ਼ਾਈਨ, ਦ੍ਰਿਸ਼ਟੀ ਨੂੰ ਮਿਸ ਚਾਰਮਿੰਗ, ਆਇਸ਼ਾ ਨੂੰ ਮਿਸ ਫੋਟੋਜੈਨਿਕ ਅਤੇ ਦੀਪਾਕਸ਼ੀ ਨੂੰ ਮਿਸ ਡੀਵਾ ਦਾ ਖ਼ਿਤਾਬ ਨਾਲ ਸਨਮਾਨਤ ਕੀਤਾ ਗਿਆ। ਜਿਨ੍ਹਾਂ ਨੂੰ ਡਾ . ਨਵਜੋਤ ਵੱਲੋਂ ਇਨਾਮ ਅਤੇ ਸਨਮਾਨ ਪੱਤਰ ਭੇਂਟ ਕਰਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਵੀ ਕੀਤੀ ਗਈ।ਇਸ ਸਮਾਗਮ ਵਿੱਚ ਡਾ. ਅਸ਼ੀਸ਼ ਅਰੋੜਾ, ਡਾ. ਲਖਵੀਰ ਸਿੰਘ, ਡਾ. ਸੋਨੀਆ ਕੁੰਦਰਾ, ਡਾ. ਪਰਵਿੰਦਰ ਕੌਰ ਢਿੱਲੋਂ ਸਮੇਤ ਸਮੂਹ ਅਧਿਆਪਨ ਸਟਾਫ ਮੌਜੂਦ ਰਹੇ। ਸਾਰੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਆਪਣੇ ਜੀਵਨ ਵਿੱਚ ਨਵੀਆਂ ਉਚਾਈਆਂ ਨੂੰ ਛੂਹਣ।ਸਮਾਗਮ ਦੇ ਅੰਤ 'ਤੇ ਵਿਦਿਆਰਥੀਆਂ ਨੇ ਆਪਣੇ ਕਾਲਜ ਦੇ ਯਾਦਗਾਰ ਪਲਾਂ ਨੂੰ ਸਾਂਝਾ ਕੀਤਾ ਅਤੇ ਇਕ-ਦੂਜੇ ਨਾਲ ਭਾਵੁਕ ਮਾਹੌਲ ਵਿੱਚ ਵਿਦਾਈ ਲਈ। ਇਹ ਸਮਾਗਮ ਸਾਰੇ ਵਿਦਿਆਰਥੀਆਂ ਲਈ ਇਕ ਅਮਿੱਟ ਯਾਦ ਬਣ ਕੇ ਰਹਿ ਗਿਆ।

# ਇਨੋਸੈਂਟ ਹਾਰਟਸ ਸਪੋਰਟਸ ਹੱਬ ਲੋਹਾਰਾਂ 'ਚ ਸ਼ੂਟਿੰਗ ਚੈਂਪੀਅਨਸ਼ਿਪ ਸੰਪੰਨ




**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਸਪੋਰਟਸ ਹੱਬ ਲੋਹਾਰਾਂ ਵਿੱਚ 23 ਅਪ੍ਰੈਲ ਤੋਂ 25 ਅਪ੍ਰੈਲ ਤੱਕ ਸ਼ੂਟਿੰਗ ਆਯੋਜਿਤ ਕਿਤਾ ਗਿਆ।ਇਸ ਤਿੰਨ ਦਿਨਾ ਪ੍ਰਤੀਯੋਗਤਾ ਵਿੱਚ 87 ਭਾਗੀਦਾਰਾਂ ਨੇ ਆਪਣੀ ਸ਼ਾਨਦਾਰ ਨਿਸ਼ਾਨੇਬਾਜ਼ੀ ਕਲਾ ਦਾ ਪ੍ਰਦਰਸ਼ਨ ਕੀਤਾ। ਕੁੱਲ 22 ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਪ੍ਰਤੀਯੋਗਤਾ ਵਿੱਚ ਮੇਅਰ ਵਰਲਡ ਸਕੂਲ, ਐਮਜੀਐਨ ਆਦਰਸ਼ ਨਗਰ, ਪੁਲਸ ਡੀ ਏ ਵੀ ਸਕੂਲ, ਇਨੋਸੈਂਟ ਹਾਰਟਸ ਸਕੂਲ ਲੋਹਾਰਾਂ, ਇਨੋਸੈਂਟ ਹਾਰਟਸ ਸਕੂਲ ਗ੍ਰੀਨ ਮਾਡਲ ਟਾਊਨ, ਇਨੋਸੈਂਟ ਹਾਰਟਸ ਕਪੂਰਥਲਾ ਰੋਡ, ਆਈ ਵੀ ਵਰਲਡ ਸਕੂਲ, ਸਵਾਮੀ ਸੰਤ ਦਾਸ ਸਕੂਲ, ਖਾਲਸਾ ਸਕੂਲ ਜਲੰਧਰ, ਖਾਲਸਾ ਕਾਲਜ ਜਲੰਧਰ, ਸੀਟੀ ਕਾਲਜ, ਸੀ ਟੀ ਵਰਲਡ ਸਕੂਲ, ਲਾ ਬਲਾਸਮ ਸਕੂਲ, ਡਿਪਸ ਨੂਰਮਹਿਲ, ਮਨੂ ਵਾਟਿਕਾ ਸਕੂਲ ਮਾਨਸਾ, ਸ਼ਾਰਪ ਸ਼ੂਟਰ ਅਕੈਡਮੀ ਅਤੇ ਡੀ ਆਈ ਐਸ ਐਚ ਐਸ ਪੀ ਸਮੇਤ ਕਈ ਪ੍ਰਸਿੱਧ ਸੰਸਥਾਵਾਂ ਨੇ ਭਾਗ ਲਿਆ।ਸਮਾਪਨ ਸਮਾਰੋਹ ਵਿੱਚ ਡਿਪਟੀ ਡਾਇਰੈਕਟਰ ਸਪੋਰਟਸ ਰਾਜੀਵ ਪਾਲੀਵਾਲ ਅਤੇ ਇਨੋਸੈਂਟ ਹਾਰਟਸ ਸਕੂਲ ਲੋਹਾਰਾਂ ਦੀ ਪ੍ਰਿੰਸੀਪਲ ਕੁਮਾਰੀ ਸ਼ਾਲੂ ਸਹਿਗਲ ਨੇ ਵਿਜੇਤਾਵਾਂ ਨੂੰ ਇਨਾਮ ਵੰਡੇ। ਇਸ ਮੌਕੇ ਅਭਿਸ਼ੇਕ ਰਾਣਾ ਨੇ ਸਭ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।ਟੀਮ ਪ੍ਰਤੀਯੋਗਤਾਵਾਂ ਵਿੱਚ ਇਨੋਸੈਂਟ ਹਾਰਟਸ ਸਕੂਲ ਲੋਹਾਰਾਂ, ਸੀਟੀ ਵਰਲਡ ਸਕੂਲ, ਦਿੱਲੀ ਇੰਟਰਨੈਸ਼ਨਲ ਸਕੂਲ ਹੁਸ਼ਿਆਰਪੁਰ, ਮਨੂ ਵਾਟਿਕਾ ਸਕੂਲ ਮਾਨਸਾ, ਸ਼ਾਰਪ ਸ਼ੂਟਰ ਅਕੈਡਮੀ, ਆਈਵੀ ਵਰਲਡ ਸਕੂਲ ਅਤੇ ਇਨੋਸੈਂਟ ਹਾਰਟਸ ਸਕੂਲ ਗ੍ਰੀਨ ਮਾਡਲ ਟਾਊਨ ਦੀਆਂ ਟੀਮਾਂ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਇਸ ਦੇ ਨਾਲ ਹੀ ਕਈ ਭਾਗੀਦਾਰਾਂ ਨੇ ਵਿਅਕਤੀਗਤ ਪੱਧਰ 'ਤੇ ਵੀ ਤਗ਼ਮੇ ਜਿੱਤੇ।ਅੰਤ ਵਿੱਚ ਆਯੋਜਕਾਂ, ਕੋਚਾਂ ਅਤੇ ਭਾਗੀਦਾਰਾਂ ਦੇ ਸਹਿਯੋਗ ਨਾਲ ਇਸ ਆਯੋਜਨ ਨੂੰ ਸਫਲ ਬਣਾਉਣ ਲਈ ਸਭ ਦਾ ਧੰਨਵਾਦ ਕੀਤਾ ਗਿਆ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਵੱਲੋਂ ਦੋ ਬੱਸਾਂ ਰਵਾਨਾ



**ਮੁਹਾਲੀ (ਗੁਰਜੀਤ ਬਿੱਲਾ)**-ਮੋਹਾਲੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਸ. ਕੁਲਵੰਤ ਸਿੰਘ ਵੱਲੋਂ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸ਼ਰਧਾਲੂਆਂ ਨਾਲ ਭਰੀਆਂ 27ਵੀਂ ਅਤੇ 28ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਬੱਸਾਂ ਗੁਰਦੁਆਰਾ ਸਿੰਘ ਸਭਾ ਸੈਕਟਰ-71 ਅਤੇ ਪਿੰਡ ਕੁੰਭੜਾ ਤੋਂ ਹਲਕਾ ਕੋਆਰਡੀਨੇਟਰ ਫੂਲਰਾਜ ਸਿੰਘ (ਸਟੇਟ ਐਵਾਰਡੀ) ਦੀ ਮੌਜੂਦਗੀ ਵਿੱਚ ਰਵਾਨਾ ਹੋਈਆਂ।ਇਸ ਮੌਕੇ ਵਿਧਾਇਕ ਸ. ਕੁਲਵੰਤ ਸਿੰਘ ਨੇ ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਤੀਰਥ ਯਾਤਰਾ ਸ਼ਰਧਾ ਅਤੇ ਆਤਮਿਕ ਸ਼ਾਂਤੀ ਦੇ ਨਾਲ-ਨਾਲ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇਕ ਮਹੱਤਵਪੂਰਨ ਮਾਧਿਅਮ ਹੈ।ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਜਲਿਆਂਵਾਲਾ ਬਾਗ ਅਤੇ ਵਾਹਗਾ ਬਾਰਡਰ ਦੇ ਦਰਸ਼ਨ ਕਰਨਗੇ। ਇਹ ਯਾਤਰਾ ਅਤੇ ਰਹਿਣ-ਸਹਿਣ ਦੀ ਸਾਰੀ ਵਿਵਸਥਾ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਹੈ ਅਤੇ ਸ਼ਰਧਾਲੂਆਂ ਤੋਂ ਕੋਈ ਵੀ ਖਰਚਾ ਨਹੀਂ ਲਿਆ ਜਾ ਰਿਹਾ।

# ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਜ ਦਾ ਨਤੀਜਾ ਰਿਹਾ ਸ਼ਾਨਦਾਰ




**ਕਪੂਰਥਲਾ (ਮਨਜੀਤ ਮਾਨ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚੋਂ ਬੀ. ਕੌਮ ਪੰਜਵੇਂ ਸਮੈਸਟਰ ਵਿੱਚੋਂ ਸੁਖਪ੍ਰੀਤ ਕੌਰ ਨੇ ਪਹਿਲਾ, ਹਰਪ੍ਰੀਤ ਕੌਰ ਤੇ ਸਿਮਰਨ ਨੇ ਦੂਜਾ ਤੇ ਕਿਰਨਦੀਪ ਕੌਰ ਤੇ ਸਿਮਰਨਜੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਬੀ ਸੀ ਏ ਪਹਿਲੇ ਸਮੈਸਟਰ ਵਿੱਚੋਂ ਸੁਖਮਨਪ੍ਰੀਤ ਕੌਰ ਨੇ ਪਹਿਲਾਂ, ਜਸਲੀਨ ਕੌਰ ਨੇ ਦੂਸਰਾ ਤੇ ਹਰਲੀਨ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਨੇ ਪ੍ਰਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿੱਥੇ ਤੁਸੀਂ ਅਧਿਆਪਕਾਂ ਦਾ ਨਾਂਅ ਰੌਸ਼ਨ ਕੀਤਾ ਹੈ ਉੱਥੇ ਆਪਣੇ ਅਧਿਆਪਕਾਂ ਤੇ ਮਾਪਿਆਂ ਦਾ ਮਾਣ ਵੀ ਵਧਾਇਆ ਹੈ। ਉਨਾਂ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਆ।

# ਐੱਲ ਪੀ ਯੂ ਇਨਕਿਊਬੇਟਿਡ ਸਟਾਰਟਅੱਪਸ ਨੇ 2.65 ਕਰੋੜ ਦੀ ਫੰਡਿੰਗ ਕੀਤੀ ਪ੍ਰਾਪਤ




**ਜਲੰਧਰ (ਸ਼ੈਲੀ ਐਲਬਰਟ)**

ਵਿਦਿਆਰਥੀਆਂ ਦੀ ਅਗਵਾਈ ਵਾਲੀ ਨਵੀਨਤਾ ਵਿੱਚ ਨਿਵੇਸ਼ਕਾਂ ਦੇ ਮਜ਼ਬੂਤ ਵਿਸ਼ਵਾਸ ਦਾ ਸੰਕੇਤ ਦਿੰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਇਨਕਿਊਬੇਟਿਡ ਸਟਾਰਟਅੱਪਸ ਨੇ ਫਾਊਂਡਰਜ਼ ਗੇਟਵੇ-ਓਪਨਿੰਗ ਡੋਰਸ ਟੂ ਪਾਥਫਾਈਂਡਰ 3.0 ਵਿਖੇ 2.65 ਕਰੋੜ ਦੀ ਫੰਡਿੰਗ ਪ੍ਰਾਪਤ ਕੀਤੀ। ਵਿਬਗਿਓਰ ਸਲਿਊਸ਼ਨਜ਼ ਦੇ ਸਹਿਯੋਗ ਨਾਲ ਆਯੋਜਿਤ ਇਹ ਪ੍ਰੋਗਰਾਮ ਇੱਕ ਬਹੁ-ਸੰਸਥਾਗਤ ਸਟਾਰਟਅੱਪ-ਨਿਵੇਸ਼ਕ ਪਲੇਟਫਾਰਮ ਵਜੋਂ ਕੰਮ ਕਰਦਾ ਸੀ, ਜਿਸ ਨਾਲ ਉੱਭਰ ਰਹੇ ਉਦਯੋਗਾਂ ਨੂੰ ਨਿਵੇਸ਼ਕਾਂ ਨਾਲ ਸਿੱਧੇ ਜੁੜਨ, ਪੂੰਜੀ ਤੱਕ ਪਹੁੰਚ ਕਰਨ ਅਤੇ ਆਪਣੀ ਵਪਾਰਕ ਸੰਭਾਵਨਾ ਨੂੰ ਸਾਬਤ ਕਰਨ ਦੀ ਆਗਿਆ ਮਿਲਦੀ ਸੀ।ਇਸ ਪ੍ਰੋਗਰਾਮ ਵਿੱਚ 20 ਤੋਂ ਵੱਧ ਸਟਾਰਟਅੱਪ ਇਕੱਠੇ ਹੋਏ, ਜਿਨ੍ਹਾਂ ਵਿੱਚੋਂ ਛੇ ਨੂੰ ਫੰਡਿੰਗ ਪ੍ਰਾਪਤ ਹੋਈ ਜਿਸ ਵਿੱਚ ਐਲਪੀਯੂ ਇਨਕਿਊਬੇਟਿਡ ਸਟਾਰਟਅੱਪਸ ਤੋਂ ਪੰਜ ਸ਼ਾਮਲ ਸਨ। ਇਹ ਡੀਪ-ਟੈਕ, ਖਪਤਕਾਰ ਬ੍ਰਾਂਡ, ਸਮਾਜਿਕ ਪਲੇਟਫਾਰਮ ਅਤੇ ਗਤੀਸ਼ੀਲਤਾ ਵਰਗੇ ਵਿਭਿੰਨ ਖੇਤਰਾਂ ਵਿੱਚ ਮਜ਼ਬੂਤ ਨਿਵੇਸ਼ਕਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਆਕਸੀਟ੍ਰੀਅਮ ਪ੍ਰਾਈਵੇਟ ਲਿਮਟਿਡ (ਰਿਬੇਲਿਵ), ਦ ਅਪਲਾਈਬਲ, ਪ੍ਰੋਵਾ ਵਰਲਡ ਪ੍ਰਾਈਵੇਟ ਲਿਮਟਿਡ (ਚਿਕਲਜ਼), ਮੈਕਬੀਜ਼ ਕਨੈਕਸ਼ਨ ਪ੍ਰਾਈਵੇਟ ਲਿਮਟਿਡ, ਡ੍ਰਿਫਟ ਐਕਸ, ਅਤੇ ਰੇਮੇਡੀਓ ਵੈਟ ਵਰਗੇ ਸਟਾਰਟਅੱਪਸ ਨੂੰ ਨਿਵੇਸ਼ ਦੇ ਨਾਲ-ਨਾਲ ਰਣਨੀਤਕ ਸਹਾਇਤਾ ਵੀ ਮਿਲੀ।ਸੀਨੀਅਰ ਇੰਡਸਟਰੀ ਲੀਡਰ- ਸ਼ਿਬਾਨੰਦ ਦਾਸ, ਲੁਧਿਆਣਾ ਏਂਜਲ ਨੈੱਟਵਰਕਸ ਦੇ ਸੀਈਓ, ਅਤੇ ਸਚਿਨ ਕੇ. ਸ਼ਿਓਰਨ, ਵੈਂਚਰ ਸਟੂਡੀਓ ਅਤੇ ਗਲੋਬਲ ਈਕੋਸਿਸਟਮ ਲੀਡਰ ਨੇ ਭਾਗ ਲੈਣ ਵਾਲੇ ਸਟਾਰਟਅੱਪਸ ਨਾਲ ਗੱਲਬਾਤ ਕੀਤੀ, ਆਪਣੀਆਂ ਉੱਦਮੀ ਯਾਤਰਾਵਾਂ ਅਤੇ ਉੱਦਮ ਬਣਾਉਣ ਅਤੇ ਸਕੇਲਿੰਗ ਕਰਨ ਦੇ ਆਪਣੇ ਤਜ਼ਰਬਿਆਂ ਤੋਂ ਅਸਲ-ਸੰਸਾਰ ਦੀਆਂ ਸਿੱਖਿਆਵਾਂ ਸਾਂਝੀਆਂ ਕੀਤੀਆਂ। ਉਨ੍ਹਾਂ ਦੇ ਸੈਸ਼ਨਾਂ ਨੇ ਫੰਡਿੰਗ ਰਣਨੀਤੀਆਂ, ਸਟਾਰਟਅੱਪਸ ਨੂੰ ਸਕੇਲਿੰਗ ਕਰਨ ਅਤੇ ਗਲੋਬਲ ਉੱਦਮੀ ਵਾਤਾਵਰਣ ਨੂੰ ਨੈਵੀਗੇਟ ਕਰਨ ਵਿੱਚ ਕੀਮਤੀ ਸਮਝ ਪ੍ਰਦਾਨ ਕੀਤੀ।

# ਬਲਵਿੰਦਰ ਨਗਦੀਪੁਰੀ ਦਾ ਨਵਾਂ ਗੀਤ 'ਮੁੰਡਾ ਜੀਭ ਥੱਲੇ ਗੋਲੀ ਰੱਖਦਾ' ਚਰਚਾ 'ਚ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** : ਪ੍ਰਸਿੱਧ ਪੰਜਾਬੀ ਗਾਇਕ ਬਲਵਿੰਦਰ ਨਗਦੀਪੁਰੀ ਦਾ ਨਵਾਂ ਗੀਤ 'ਮੁੰਡਾ ਜੀਭ ਥੱਲੇ ਗੋਲੀ ਰੱਖਦਾ' ਮੈਗਨਾ ਪ੍ਰੋਡਕਸ਼ਨਜ਼ ਇੰਡੀਆ ਵੱਲੋਂ ਬੀਤੇ ਦਿਨੀਂ ਰਿਲੀਜ਼ ਕੀਤਾ ਗਿਆ ਜੋ ਇਹ ਗੀਤ ਦਰਸ਼ਕਾਂ ਵਲੋਂ ਪਸੰਦ ਕੀਤਾ ਜਾ ਰਿਹਾ ਹੈ। ਗੀਤ ਰਾਹੀਂ ਸਮਾਜ 'ਚ ਵਧ ਰਹੇ ਨਸ਼ਿਆਂ 'ਤੇ ਤਿੱਖਾ ਵਿਅੰਗ ਕੱਸਿਆ ਗਿਆ ਹੈ। ਗੀਤਕਾਰ ਰੌਨੀ ਸਿੰਘ ਨੇ ਗੀਤ ਦੇ ਬੋਲ ਲਿਖੇ ਹਨ ਤੇ ਸੰਗੀਤ ਜੱਸੀ ਬ੍ਰਦਰਜ਼ ਨੇ ਦਿੱਤਾ ਹੈ। ਵੀਡੀਓ ਦਾ ਨਿਰਦੇਸ਼ਨ ਅਜੀਤ ਬੈਂਸ ਵਲੋਂ ਕੀਤਾ ਗਿਆ ਹੈ ਜਦਕਿ ਡੀ ਓ ਪੀ ਆਕਾਸ਼, ਹਨੀ ਸਟੂਡੀਓ ਦਾ ਵੀ ਵਿਸ਼ੇਸ਼ ਸਹਿਯੋਗ ਰਿਹਾ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਬਲਵਿੰਦਰ ਨਗਦੀਪੁਰੀ ਪਹਿਲਾਂ ਵੀ ਕਈ ਪਰਵਾਰਕ ਗੀਤਾਂ ਨਾਲ ਸਰੋਤਿਆਂ ਦੀ ਕਚਹਿਰੀ 'ਚ ਹਾਜ਼ਰੀ ਲਗਵਾ ਚੁੱਕੇ ਹਨ ਅਤੇ ਬਲਵਿੰਦਰ ਨਗਦੀਪੁਰੀ ਦੇ ਗੀਤ ਪਰਿਵਾਰਿਕ ਹੁੰਦੇ ਹਨ ਗੱਲਬਾਤ ਕਰਦਿਆਂ ਗਾਇਕ ਬਲਵਿੰਦਰ ਨਗਦੀਪੁਰੀ ਨੇ ਦੱਸਿਆ ਕਿ 'ਜੀਭ ਥੱਲੇ ਗੋਲੀ ਰੱਖਦਾ' ਗੀਤ ਦਰਸ਼ਕਾਂ ਵਲੋਂ ਖੂਬ ਪਸੰਦ ਕੀਤਾ ਜਾ ਰਿਹਾ ਹੈ। ਇਸ ਗੀਤ ਦਾ ਮਤਲਬ ਇਹ ਹੈ ਕਿ ਇਕ ਕੁੜੀ ਵੱਲੋਂ ਆਪਣੀ ਮਾਂ ਨੂੰ ਕਿਹਾ ਗਿਆ ਕਿ ਮੈਨੂੰ ਦੌਲਤਾਂ ਸ਼ੋਰਤਾ ਜਾ ਥਾਰਾ ਨਹੀਂ ਚਾਹੀਦੀਆਂ ਜਦ ਕਿ ਮੁੰਡਾ ਨਸ਼ਿਆ ਤੋ ਰਹਿਤ ਹੋਣਾ ਚਾਹੀਦਾ ਹੈ ਜਿਸ ਨਾਲ ਪੂਰੀ ਉਮਰ ਦਾ ਸਾਥ ਵਧੀਆ ਲੰਘ ਸਕੇ। ਇਸ ਗੀਤ ਦੇ ਬੋਲ ਹਨ, ਕੋਲੋ ਲੰਘੇ ਲੈ ਕੇ ਥਾਰ, ਕਹਿੰਦਾ ਬਾਪੂ ਏ ਬੀਮਾਰ, ਖੜਾ ਹੌਸਪੀਟਲ ਚ ਲੱਗੀ ਲੰਬੀ ਜੋ ਕਤਾਰ,ਕੀਤੀ ਪੜਤਾਲ ਪਤਾ ਲੱਗਿਆ ਚਿੱਟਾ ਪੀ ਗਿਆ ਕਿੰਨੇ ਲੱਖ ਦਾ, ਸਾਕ ਨੀ ਕਰਾਉਣਾ ਬੇਬੇ ਮੇਰੀਏ ਮੁੰਡਾ ਜੀਭ ਥੱਲੇ ਗੋਲੀ ਰੱਖਦਾ। ਅਖੀਰ ਓਹਨਾਂ ਕਿਹਾ ਕਿ ਇਹ ਗੀਤ ਮੈਗਨਾ ਮਿਊਜ਼ਿਕ ਦੇ ਯੂਟਿਊਬ ਚੈਨਲ 'ਤੇ ਉਪਲਬਧ ਹੈ।

# ਗਊ ਦੀ ਰੱਖਿਆ ਲਈ ਨਾਇਬ ਤਹਿਸੀਲਦਾਰ ਨੂੰ ਦਿੱਤਾ ਮੰਗ ਪੱਤਰ



**ਬਲਾਚੌਰ (ਜਸਵਿੰਦਰ ਬੈਂਸ)**

ਭਾਜਪਾ ਦੇ ਆਗੂਆਂ ਦੇ ਵੱਲੋਂ ਗਊ ਸਨਮਾਨ ਦਿਵਸ 'ਤੇ ਸਰਕਾਰ ਦੇ ਨਾਂ ਇੱਕ ਮੰਗ ਪੱਤਰ ਨਾਇਬ ਤਹਿਸੀਲਦਾਰ ਓਂਕਾਰ ਸਿੰਘ ਬਲਾਚੌਰ ਨੂੰ ਦਿੱਤਾ ਗਿਆ ਅਤੇ ਉਨ੍ਹਾਂ ਨੇ ਇਸ ਮੰਗ ਪੱਤਰ ਵਿੱਚ ਮੰਗ ਕੀਤੀ ਹੈ ਕਿ ਗਊ ਨੂੰ ਰਾਸ਼ਟਰੀ ਸਨਮਾਨ ਦਿੱਤਾ ਜਾਵੇ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਸਰਕਾਰਾਂ ਗਊਸ਼ਾਲਾਵਾਂ ਵਿਚ ਉਨ੍ਹਾਂ ਗਊਆਂ ਦੀ ਸੰਭਾਲ ਕਰਨ ਵਿਚ ਅਸਫਲ ਰਹੀ ਹੈ, ਜਿਨ੍ਹਾਂ ਨੂੰ ਉਨ੍ਹਾਂ ਦੇ ਮਾਲਕ ਦੁੱਧ ਦੇਣਾ ਬੰਦ ਕਰਨ ਤੋਂ ਬਾਅਦ ਛੱਡ ਜਾਂਦੇ ਹਨ। ਵਿਜੇ ਭਾਟੀਆ ਨੇ ਕਿਹਾ ਕਿ ਸਰਕਾਰ ਲੋਕਾਂ ਤੋਂ ਗਊ ਸੈੱਸ ਦੇ ਨਾਂਅ 'ਤੇ ਟੈਕਸ ਇਕੱਠਾ ਕਰ ਰਹੀ ਹੈ, ਪਰ ਜਦੋਂ ਗੱਲ ਗਊਆਂ ਦੀ ਸਹੀ ਦੇਖਭਾਲ ਤੇ ਸੰਭਾਲ ਦੀ ਆਉਂਦੀ ਹੈ ਤਾਂ ਪ੍ਰਬੰਧ ਨਜ਼ਰ ਨਹੀਂ ਆਉਂਦਾ। ਉਨ੍ਹਾਂ ਨੇ ਸਵਾਲ ਕੀਤਾ ਕਿ ਜਦੋਂ ਸਰਕਾਰਾਂ ਗਊ ਰੱਖਿਆ ਦੇ ਨਾਂਅ 'ਤੇ ਰਕਮ ਵਸੂਲ ਰਹੀਆਂ ਹਨ ਤਾਂ ਫਿਰ ਗਊਸ਼ਾਲਾਵਾਂ ਵਿਚ ਢਾਂਚਾਗਤ ਸੁਵਿਧਾਵਾਂ, ਚਾਰੇ ਦਾ ਪ੍ਰਬੰਧ ਤੇ ਡਾਕਟਰੀ ਸਹੂਲਤਾਂ ਕਿਉਂ ਨਹੀਂ ਮੁਹੱਈਆ ਕਰਵਾਈਆਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਇਲਾਕਿਆਂ ਵਿਚ ਛੱਡੀਆਂ ਗਈਆਂ ਗਊਆਂ ਸੜਕਾਂ 'ਤੇ ਘੁੰਮਦੀਆਂ ਦਿਖਾਈ ਦਿੰਦੀਆਂ ਹਨ, ਜਿਸ ਨਾਲ ਟ੍ਰੈਫਿਕ ਹਾਦਸਿਆਂ ਦਾ ਖਤਰਾ ਵੱਧ ਰਿਹਾ ਹੈ ਤੇ ਕਿਸਾਨਾਂ ਦੀਆਂ ਫਸਲਾਂ ਨੂੰ ਨੁਕਸਾਨ ਪਹੁੰਚ ਰਿਹਾ ਹੈ। ਗਊਸ਼ਾਲਾਵਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਚਲਾਇਆ ਜਾਵੇ ਤੇ ਗਊ ਸੈੱਸ ਦੀ ਰਕਮ ਦਾ ਸਹੀ ਇਸਤੇਮਾਲ ਯਕੀਨੀ ਬਣਾਇਆ ਜਾਵੇ। ਇਸ ਮੌਕੇ ਵਿਜੇ ਭਾਟੀਆ , ਬਾਬਾ ਟੀਚਰ ਕਾਲੋਨੀ ਵਾਲੇ, ਗੁਰਨਾਮ ਕਿਸਾਨਾ ਸਰਪੰਚ ਬਿੰਦਰ ਰੁੜਕੀ, ਰੋਸ਼ਨ ਲਾਲ , ਮੇਲੂ ਲੰਬੜਦਾਰ ਰੁੜਕੀ, ਕੁਲਵੰਤ ਭੌਰ, ਪਰਮਜੀਤ ਰੱਤੇਵਾਲ, ਐਡਵੋਕੇਟ ਦਿਨੇਸ਼ ਭਾਰਦਵਾਜ ਆਦਿ ਹਾਜ਼ਰ ਸਨ।

# ਬੁੱਧ ਜਯੰਤੀ ਦਾ ਮੁੱਖ ਸਮਾਗਮ 3 ਨੂੰ

**ਜਲੰਧਰ (ਰਾਜੇਸ਼ ਥਾਪਾ)**-ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਦੀ ਪ੍ਰਧਾਨਗੀ ਹੇਠ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਹੋਈ। ਮੀਟਿੰਗ ਵਿੱਚ 14 ਅਪ੍ਰੈਲ ਨੂੰ ਮਨਾਈ ਗਈ 135ਵੀਂ ਅੰਬੇਡਕਰ ਜਯੰਤੀ ਦੇ ਸਮਾਗਮ ਦੀ ਸਮੀਖਿਆ ਕੀਤੀ ਗਈ। ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਨੇ ਸਾਰੇ



ਅਹੁਦੇਦਾਰਾਂ, ਮੈਂਬਰਾਂ, ਦਰਸ਼ਕਾਂ ਅਤੇ ਸਹਿਯੋਗੀ ਮਿਸ਼ਨਰੀ ਸਾਥੀਆਂ ਦਾ ਸਮਾਗਮ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਪ੍ਰਧਾਨ ਨੇ ਕਿਹਾ ਕਿ ਇਹਨਾਂ ਸਾਥੀਆਂ ਦਾ ਸਹਿਯੋਗ ਹੀ ਸਾਡੀ ਤਾਕਤ ਹੈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਇਹ ਵੀ ਫ਼ੈਸਲਾ ਕੀਤਾ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ 2560 ਵੀ ਬੁੱਧ ਜਯੰਤੀ ਬੜੀ ਧੂਮਧਾਮ ਤੇ ਸ਼ਰਧਾ ਨਾਲ 3 ਮਈ ਨੂੰ ਡਾ. ਅੰਬੇਡਕਰ ਦੀ ਚਰਨ-ਛੋਹ ਪ੍ਰਾਪਤ ਇਤਿਹਾਸਿਕ ਸਥਾਨ ਅੰਬੇਡਕਰ ਭਵਨ ਜਲੰਧਰ ਵਿਖੇ ਮਨਾਈ ਜਾਏਗੀ। ਸੁਸਾਇਟੀ ਦੇ ਸਰਪ੍ਰਸਤ ਡਾ. ਜੀ. ਸੀ. ਕੌਲ ਤੇ ਮੁੱਖ ਸਲਾਹਕਾਰ ਚਰਨ ਦਾਸ ਸੰਧੂ ਬੁੱਧ ਦਰਸ਼ਨ 'ਤੇ ਆਪਣੇ ਵਿਚਾਰ ਪੇਸ਼ ਕਰਨਗੇ। ਇਸ ਮੌਕੇ ਬਲਦੇਵ ਰਾਜ ਭਾਰਦਵਾਜ, ਪਰਮਿੰਦਰ ਸਿੰਘ ਖੁੱਤਣ, ਚਰਨ ਦਾਸ ਸੰਧੂ, ਕਮਲ ਕੁਮਾਰ, ਸੇਵਾਮੁਕਤ ਪ੍ਰਿੰਸੀਪਲ ਡਾ.ਕੇ ਐੱਸ ਫੁੱਲ, ਮਨਜੀਤ ਸਿੰਘ, ਤਿਲਕ ਰਾਜ ਤੇ ਡਾ: ਮਹਿੰਦਰ ਸੰਧੂ ਹਾਜ਼ਰ ਸਨ। ਇਹ ਜਾਣਕਾਰੀ ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈੱਸ ਬਿਆਨ ਵਿੱਚ ਦਿੱਤੀ।

# ਗੈਬਰੀਅਲ ਇੰਡੀਆ ਲਿਮਿਟਡ ਵਿਖੇ ਉਦਯੋਗਿਕ ਐਕਸਪੋਜ਼ਰ ਦੌਰਾ ਕਰਵਾਇਆ



**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਦੇ ਉਦਯੋਗ ਤੇ ਵਪਾਰ ਵਿਭਾਗ ਵੱਲੋਂ ਮਗਸੀਪਾ ਰਾਹੀਂ ਭਾਰਤ ਸਰਕਾਰ ਦੀ ਰੈਂਪ ਸਕੀਮ ਤਹਿਤ ਗੈਬਰੀਅਲ ਇੰਡੀਆ ਲਿਮਿਟਡ, ਪਰਵਾਣੂ (ਹਿਮਾਚਲ ਪ੍ਰਦੇਸ਼) ਵਿਖੇ ਇੱਕ ਅੰਤਰ-ਰਾਜੀ ਉਦਯੋਗਿਕ ਐਕਸਪੋਜ਼ਰ ਦੌਰਾ ਸਫਲਤਾਪੂਰਵਕ ਕਰਵਾਇਆ ਗਿਆ।ਇਹ ਦੌਰਾ ਡਾ. ਸੰਜੀਵ ਚੱਢਾ, ਹੈੱਡ ਅਤੇ ਪ੍ਰੋਫੈਸਰ, ਮਗਸੀਪਾ ਅਤੇ ਪ੍ਰਿੰਸੀਪਲ ਇਨਵੈਸਟੀਗੇਟਰ-ਰੈਂਪ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸਦਾ ਮੁੱਖ ਉਦੇਸ਼ ਪੰਜਾਬ ਵਿੱਚ ਐੱਮ ਐੱਸ ਐੱਮ ਈ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਸਮਰੱਥਾ ਵਿਕਾਸ ਅਤੇ ਉਦਯੋਗਿਕ ਜਾਣ-ਪਛਾਣ ਨੂੰ ਉਤਸ਼ਾਹਿਤ ਕਰਨਾ ਸੀ।ਇਸ ਦੌਰੇ ਵਿੱਚ ਐੱਸ ਏ ਐੱਸ ਨਗਰ ਦੇ ਮਹੱਤਵਪੂਰਨ ਉਦਯੋਗਿਕ ਜ਼ਿਲ੍ਹੇ ਨਾਲ ਸੰਬੰਧਿਤ ਐੱਮ ਐੱਸ ਐੱਮ ਈ ਉਦਯੋਗਪਤੀਆਂ ਦੇ ਵਫ਼ਦ ਨੇ ਭਾਗ ਲਿਆ। ਇਸ ਉਪਰਾਲੇ ਨੂੰ ਜ਼ਿਲ੍ਹਾ ਉਦਯੋਗ ਕੇਂਦਰ ਦੇ ਸਹਿਯੋਗ ਨਾਲ ਸੁਚਾਰੂ ਤਰੀਕੇ ਨਾਲ ਅਮਲ ਵਿੱਚ ਲਿਆਂਦਾ ਗਿਆ।

# ਸਾਬਕਾ ਕੌਂਸਲਰ ਵਿਜੈ ਕੁਮਾਰ ਬਿੱਲਾ ਨੂੰ ਸਦਮਾ, ਨੂੰਹ ਦਾ ਦੇਹਾਂਤ

**ਫਿਲੌਰ (ਨਿਰਮਲ)**-ਵਿਜੈ ਕੁਮਾਰ ਬਿੱਲਾ ਦੀ ਨੂੰਹ ਵਿਸ਼ਾਲੀ ਕੌਸ਼ਿਕ (50) ਅਚਾਨਕ ਬਿਮਾਰ ਹੋ ਗਈ ਉਸ ਨੂੰ ਤੁਰੰਤ ਸਥਾਨਕ ਪ੍ਰਾਈਵੇਟ ਹਸਪਤਾਲ 'ਚ ਲਿਜਾਇਆ ਗਿਆ ਪਰ ਉਥੋਂ ਉਸ ਨੂੰ ਰੈਫਰ ਕਰਕੇ ਲੁਧਿਆਣੇ ਭੇਜ ਦਿੱਤਾ ਗਿਆ ਜਿੱਥੇ ਡਾਕਟਰਾਂ ਨੇ ਵਿਸ਼ਾਲੀ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਵਿਸ਼ਾਲੀ ਕੌਸ਼ਿਕ ਸਥਾਨਕ ਡੀ ਏ ਵੀ ਪਬਲਿਕ ਸਕੂਲ ਵਿਖੇ ਪਿਛਲੇ 20 ਸਾਲ ਤੋਂ ਅਧਿਆਪਕ ਸੀ। ਇਲਾਕੇ ਦੇ ਪਤਵੰਤੇ ਹਲਕਾ ਫਿਲੌਰ ਦੇ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਤੇ ਉਹਨਾਂ ਦੀ ਮਾਤਾ ਬੀਬੀ ਕਰਮਜੀਤ ਕੌਰ ਚੌਧਰੀ ਉਚੇਚੇ ਤੌਰ 'ਤੇ ਵਿਜੈ ਕੁਮਾਰ ਬਿੱਲਾ ਦੇ ਗ੍ਰਹਿ ਵਿਖੇ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਪਹੁੰਚੇ। ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਪ੍ਰਮੋਦ ਬਸੰਦਰਾਏ, ਸੀਨੀਅਰ ਪੱਤਰਕਾਰ ਨਿਰਮਲ ਕੁਮਾਰ , ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ ਮੱਖਣ ਸਿੰਘ ਖਹਿਰਾ, ਸਾਬਕਾ ਮੰਤਰੀ ਪੰਜਾਬ ਗੁਰਬਿੰਦਰ ਸਿੰਘ ਅਟਵਾਲ ਦੇ ਸਪੁੱਤਰ ਰਾਜਪਾਲ ਸਿੰਘ ਅਟਵਾਲ, ਡਾ ਕੁਲਦੀਪ ਰਾਏ , ਕੌਂਸਲਰ ਰਾਜੇਸ਼ ਰੌਕਸੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਪਹੁੰਚੇ। ਵਿਸ਼ਾਲੀ ਕੌਸ਼ਿਕ ਦਾ ਅੰਤਿਮ ਸਸਕਾਰ 28 ਅਪ੍ਰੈਲ ਨੂੰ ਸ਼ਾਮ ਸਾਢੇ ਚਾਰ ਵਜੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਫਿਲੌਰ ਦੇ ਪਿਛਲੇ ਪਾਸੇ ਸਥਿਤ ਸ਼ਮਸ਼ਾਨ ਘਾਟ ਵਿਖੇ ਕੀਤਾ ਜਾਵੇਗਾ।

# ਫੁੱਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਆਰੰਭ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਠੱਕਰਵਾਲ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਸਟੇਡੀਅਮ ਠੱਕਰਵਾਲ ਹੁਸ਼ਿਆਰਪੁਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਠੱਕਰਵਾਲ ਵੱਲੋਂ ਸਲਾਨਾ ਸਾਈਵਨ ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ 24 ਅਪ੍ਰੈਲ ਤੋਂ ਇੱਕ ਮਈ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਕਲੱਬ ਦੇ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ 7 ਸਾਈਡ ਨਾਇਟ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਵਿੱਚ ਪੰਜਾਬ ਦੀਆਂ ਨਾਮਵਰ ਟੀਮਾਂ ਹਿੱਸਾ ਲੈ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਾਲਾਨਾ 7 ਸਾਈਡ ਨਾਇਟ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਨੇ ਅਰਦਾਸ ਹੋਣ ਤੋਂ ਬਾਅਦ ਰੀਬਨ ਕੱਟ ਕੇ ਉਦਘਾਟਨ ਕੀਤਾ ਤੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਉਦਘਾਟਨੀ ਮੈਚ ਭੁੰਗਰਨੀ ਤੇ ਮੁੱਖਲਿਆਣਾ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਭੁੰਗਰਨੀ ਦੀ ਟੀਮ ਜੇਤੂ ਰਹੀ। ਉਨ੍ਹਾਂ ਦੱਸਿਆ ਕਿ 1 ਮਈ ਨੂੰ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ। ਇਸ ਮੌਕੇ ਕਲੱਬ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ, ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ, ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਜਥੇਦਾਰ ਰਘਵੀਰ ਸਿੰਘ ਠੱਕਰਵਾਲ,




ਜਰਨੈਲ ਸਿੰਘ ਪਟਵਾਰੀ, ਮਨਵੀਰ ਸਿੰਘ ਮੰਝ, ਰਾਜੇਸ਼ ਕੁਮਾਰ ਰਾਜਾ ਠੱਕਰਵਾਲ, ਦਲਜੀਤ ਸਿੰਘ ਜੀਤਾ, ਪਰਮਜੀਤ ਸਿੰਘ ਰਾਜੂ, ਸਰਪੰਚ ਰਣਜਿੰਦਰ ਸਿੰਘ ਮੌਜੋਮਜਾਰਾ, ਸਰਬਜੀਤ ਸਿੰਘ ਮੰਝ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਪ੍ਰਿੰਸੀਪਲ ਸੁਖਇੰਦਰ ਸਿੰਘ ਮਿਨਹਾਸ ਰਿੱਕੀ, ਕਮਲਜੀਤ ਸਿੰਘ ਮੰਝ, ਤਰਲੋਚਨ ਸਿੰਘ ਮੰਝ, ਮਨਜੀਤ ਸਿੰਘ ਮੰਝ, ਹਰਭਜਨ ਸਿੰਘ ਕਲਸੀ,ਹਰਦੇਵ ਸਿੰਘ, ਪਿਰਥੀਪਾਲ ਸਿੰਘ ਮੰਝ, ਮਨਪ੍ਰੀਤ ਕੌਰ ਬਲਾਕ ਸੰਮਤੀ ਮੈਂਬਰ, ਮਾਸਟਰ ਹਰਭਜਨ ਸਿੰਘ ਅਜਨੋਹਾ, ਪ੍ਰਦੀਪ ਸਿੰਘ ਜੂਨਾਂ, ਖੜਕ ਸਿੰਘ ਮੰਝ, ਦਰਸ਼ਨ ਸਿੰਘ ਰਾਜਾ, ਚਰਨਜੀਤ ਸਿੰਘ ਰਾਜੂ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

# ਕੈਂਸਰ ਨੂੰ ਹਰਾਉਣ ਵਾਲੀ ਵਿਲੱਖਣ ਸ਼ਾਇਰਾ ਪ੍ਰਭਜੋਤ ਕੌਰ ਜੋਤ ਨਾਲ ਰੂਬਰੂ

**ਚੰਡੀਗੜ੍ਹ (ਸੁਰਜੀਤ ਸੁਮਨ)**

ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ 'ਲਾਈਮ ਲਾਈਟ ਡਾਇਮੰਡ ਸ਼ੋਅਰੂਮ' ਮੁਹਾਲੀ ਵਿਖੇ ਕੈਂਸਰ ਵਰਗੀ ਭਿਆਨਕ ਬਿਮਾਰੀ ਨੂੰ ਹਰਾਉਣ ਵਾਲੀ ਸ਼ਾਇਰਾ ਪ੍ਰਭਜੋਤ ਕੌਰ ਜੋਤ ਦਾ ਰੂਬਰੂ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਡਾ. ਮਨਜੀਤ ਸਿੰਘ ਬੱਲ ਅਤੇ ਡਾ. ਸ਼ਸ਼ੀ ਪ੍ਰਭਾ ਨੇ ਕੀਤੀ। ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਆਏ ਸਾਰੇ ਸਾਹਿਤਕਾਰਾਂ ਨੂੰ ਜੀ ਆਇਆਂ ਕਿਹਾ ਤੇ ਇਸ ਵਿਸ਼ੇਸ਼ ਸਮਾਗਮ ਬਾਰੇ ਜਾਣੂੰ ਕਰਵਾਇਆ। ਪ੍ਰਧਾਨਗੀ ਕਰ ਰਹੇ ਡਾ. ਮਨਜੀਤ ਸਿੰਘ ਬੱਲ ਨੇ ਕੈਂਸਰ ਦੀਆਂ ਕਿਸਮਾਂ, ਲੱਛਣਾਂ ਅਤੇ ਇਸ ਦੇ ਇਲਾਜ ਬਾਰੇ ਭਰਪੂਰ ਜਾਣਕਾਰੀ ਦਿੱਤੀ ਅਤੇ ਪ੍ਰਭਜੋਤ ਕੌਰ ਨੂੰ ਜ਼ਿੰਦਾਦਿਲ ਸ਼ੇਰਨੀ ਕਿਹਾ। ਡਾ. ਸ਼ਸ਼ੀ ਪ੍ਰਭਾ ਨੇ ਕਿਹਾ ਕਿ ਸਾਨੂੰ ਹਰ ਇੱਕ ਦੁੱਖ ਦਾ ਹਿੰਮਤ ਨਾਲ ਸਾਹਮਣਾ ਕਰਨਾ ਚਾਹੀਦਾ ਹੈ ਅਤੇ ਆਪਣੀਆਂ ਪਸੰਦੀਦਾ ਰਚਨਾਵਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਪਰਮਜੀਤ ਕੌਰ ਪਰਮ ਨੇ ਕਿਹਾ ਕਿ ਇਹਨਾਂ ਨੂੰ ਮਾਣਮੱਤੀ ਮੁਟਿਆਰ ਦਾ ਸਨਮਾਨ ਮਿਲਿਆ ਹੈ ਅਤੇ ਇਹਨਾਂ ਨੇ ਬਹੁਤ ਸਾਰੇ ਸਾਂਝੇ ਕਾਵਿ ਸੰਗ੍ਰਹਿ ਅਤੇ ਬਹੁਤ ਮਹਾਨ ਸ਼ਖ਼ਸੀਅਤਾਂ ਦੀ ਜੀਵਨੀ ਲਿਖੀ ਹੈ। ਡਾ. ਨੀਨਾ ਸੈਣੀ ਨੇ ਕਿਹਾ ਕਿ ਇੰਨਾ ਦਰਦ ਹੋਣ ਦੇ ਬਾਵਜੂਦ ਵੀ ਇਹਨਾਂ ਨੇ ਦੁੱਖ ਨੂੰ ਆਪਣੇ ਤੇ ਹਾਵੀ ਨਹੀਂ ਹੋਣ ਦਿੱਤਾ। ਕੰਵਲਜੀਤ ਕੌਰ ਨੇ ਕਿਹਾ ਕਿ ਅਜਿਹੀ ਸ਼ਖ਼ਸੀਅਤ ਨੂੰ ਮੈਂ ਸਲਾਮ ਕਰਦੀ ਹਾਂ। ਪ੍ਰਭਜੋਤ ਨੇ ਕਿਹਾ ਕਿ ਮੈਂ ਪ੍ਰਮਾਤਮਾ ਦੀ ਰਜ਼ਾ ਵਿੱਚ ਖੁਸ਼ ਹਾਂ। ਪਰਵਾਰ ਅਤੇ ਦੋਸਤਾਂ ਦਾ ਸਾਥ ਦਰਦ ਨੂੰ ਸਹਿਣ ਦਾ ਹੌਸਲਾ ਦਿੰਦਾ ਹੈ। ਇਸ ਦੇ ਨਾਲ ਹੀ ਉਹਨਾਂ ਨੇ ਕੈਂਸਰ ਨੂੰ ਮਾਤ ਪਾਉਂਦੀਆਂ ਕਵਿਤਾਵਾਂ ਸਾਂਝੀਆਂ ਕੀਤੀਆਂ। ਬਲਵਿੰਦਰ ਢਿੱਲੋਂ ਅਤੇ ਭਰਪੂਰ ਸਿੰਘ ਨੇ ਗੀਤਾਂ ਨਾਲ ਆਪਣੀ ਹਾਜ਼ਰੀ ਲਵਾਈ। ਮੰਚ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਨਿਭਾਇਆ। ਸੰਸਥਾ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਆਏ ਹੋਏ ਮਹਿਮਾਨਾਂ ਅਤੇ ਸ਼ੋਅਰੂਮ ਦੇ ਸਟਾਫ ਮੈਂਬਰਾਂ ਦਾ ਧੰਨਵਾਦ ਕੀਤਾ। ਨਰਿੰਦਰ ਕੌਰ ਲੌਂਗੀਆ, ਨਰਿੰਦਰ ਸਿੰਘ ਡੋਰਕਾ, ਚਰਨਜੀਤ ਕਲੇਰ, ਸਿੰਮੀ ਮੁਹਾਲੀ, ਜਸਬੀਰ ਸਿੰਘ, ਗੁਰਵਿੰਦਰ ਕੌਰ, ਰਤਨ ਬਾਬਕਵਾਲਾ, ਸਰਬਜੀਤ ਸਿੰਘ ਪੱਡਾ, ਪਰਨੀਤਾ ਬਿਸਵਾਸ ਅਤੇ ਪਰਲਾਦ ਸਿੰਘ ਵੀ ਹਾਜ਼ਰ ਸਨ।




# ਵਿਸ਼ਵ ਮਲੇਰੀਆ ਦਿਵਸ ਮੌਕੇ ਜਾਗਰੂਕਤਾ ਮੁਹਿੰਮ ਕਰਵਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਵਿਸ਼ਵ ਮਲੇਰੀਆ ਦਿਵਸ ਦੇ ਮੌਕੇ 'ਤੇ ਸਿਹਤ ਵਿਭਾਗ ਵੱਲੋਂ ਲੋਕਾਂ ਵਿੱਚ ਮਲੇਰੀਆ ਬਾਰੇ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਦੌਰਾਨ ਵੱਖ-ਵੱਖ ਪਿੰਡਾਂ ਅਤੇ ਸਕੂਲਾਂ ਵਿੱਚ ਸਿਹਤ ਟੀਮਾਂ ਵੱਲੋਂ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ ਅਤੇ ਲੋਕਾਂ ਨੂੰ ਦੱਸਿਆ ਗਿਆ ਕਿ ਮਲੇਰੀਆ ਦੇ ਮੁੱਖ ਲੱਛਣ ਬੁਖ਼ਾਰ, ਕੰਬਣ, ਸਿਰ ਦਰਦ ਅਤੇ ਉਲਟੀਆਂ ਹਨ। ਜੇਕਰ ਇਹ ਲੱਛਣ ਦਿਖਾਈ ਦੇਣ, ਤਾਂ ਤੁਰੰਤ ਨੇੜਲੇ ਸਿਹਤ ਕੇਂਦਰ ਵਿੱਚ ਜਾ ਕੇ ਜਾਂਚ ਕਰਵਾਉਣੀ ਚਾਹੀਦੀ ਹੈ।ਇਸ ਸੰਬੰਧ ਵਿੱਚ ਵਧੇਰੇ ਜਾਣਕਾਰੀ ਦਿੰਦਿਆ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਨੇ ਦੱਸਿਆ ਕਿ ਜਿਵੇਂ ਜਿਵੇਂ ਤਾਪਮਾਨ ਵਿੱਚ ਵਾਧਾ ਹੋ ਰਿਹਾ, ਮੱਛਰਾਂ ਦੇ ਵੱਧਣ ਦਾ ਖਤਰਾ ਵੀ ਵੱਧ ਰਿਹਾ ਹੈ। ਉਨਾਂ ਕਿਹਾ ਕਿ ਮੱਛਰ ਕਈ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਸਕਦੇ ਹਨ ਜਿਨਾਂ ਵਿੱਚੋ ਮਲੇਰੀਆ ਇੱਕ ਹੈ।ਮੱਛਰਾਂ ਤੋਂ ਬਚਣ ਲਈ ਕੱਪੜੇ ਅਜਿਹੇ ਪਾਓ ਕਿ ਸਰੀਰ ਪੂਰੀ ਤਰ੍ਹਾ ਨਾਲ ਢੱਕਿਆ ਰਹੇ। ਰਾਤ ਨੂੰ ਸੋਣ ਸਮੇਂ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਆਦਿ ਦੀ ਵਰਤੋ ਕੀਤੀ ਜਾਵੇ ਅਤੇ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ।



# ਬੀ ਏ/ਬੀ ਸੀ ਏ/ਬੀ ਕਾਮ ਛੇਵੇਂ ਸਮੈਸਟਰ ਦੇ ਵਿਦਿਆਰਥੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ



**ਕਪੂਰਥਲਾ (ਮਨਜੀਤ ਮਾਨ)**

ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਵਿਖੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਦੀ ਅਗਵਾਈ ਹੇਠ ਸੀ ਏ ਵਿਭਾਗ ਦੇ ਇੰਚਾਰਜ ਮਿਸ ਸਿਮੀ ਬੱਗਾ, ਰਣਦੀਪ ਕੌਰ, ਰਜਨੀ ਦੇ ਸਹਿਯੋਗ ਨਾਲ ਬੀ ਏ/ਬੀ ਕਾਮ/ਬੀ ਸੀ ਏ ਦੇ ਵਿਦਿਆਰਥੀਆਂ ਨੂੰ ਜੂਨੀਅਰ ਕਲਾਸ ਦੇ ਵਿਦਿਆਰਥੀਆਂ ਵੱਲੋਂ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ। ਜਿਸ ਵਿੱਚ ਬੀ ਏ/ਬੀ ਕਾਮ/ਬੀ ਸੀ ਏ ਚੌਥੇ ਸਮੈਸਟਰ ਦੇ ਵਿਦਿਆਰਥੀਆਂ ਨੇ ਆਪਣੇ ਸੀਨੀਅਰ ਦਾ ਤੇ ਪ੍ਰਿੰਸੀਪਲ ਅਤੇ ਅਧਿਆਪਕ ਸਾਹਿਬਾਨ ਦਾ ਸਵਾਗਤ ਰਿਬਨ ਕੱਟ ਕੇ ਤੇ ਫੁੱਲਾਂ ਦੀ ਵਰਖਾ ਨਾਲ ਕੀਤਾ।ਸਮਾਗਮ ਦਾ ਆਰੰਭ ਸਤਿਗੁਰੂ ਦੇ ਆਸਰੇ ਤੇ ਸ਼ਬਦ ਗਾਇਨ ਨਾਲ ਕੀਤਾ ਗਿਆ। ਜੂਨੀਅਰ ਵਿਦਿਆਰਥੀਆਂ ਨੇ ਆਪਣੇ ਸੀਨੀਅਰ ਵਿਦਿਆਰਥੀਆਂ ਲਈ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਜਿਸ ਵਿੱਚ ਗੀਤ, ਸੰਗੀਤ, ਡਾਂਸ ਤੇ ਗੇਮ ਆਦਿ ਦੀ ਪੇਸ਼ਕਾਰੀ ਕੀਤੀ ਗਈ। ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਲਈ ਵੀ ਮਾਣ ਸਤਿਕਾਰ ਵਜੋਂ ਗੀਤ ਪੇਸ਼ ਕੀਤੇ।ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀ. ਸੀਤਲ ਸਿੰਘ ਸੰਘਾ ਨੇ ਵਿਦਿਆਰਥੀਆਂ ਨੂੰ ਆਪਣੇ ਜੀਵਨ ਵਿੱਚ ਮਿਹਨਤ ਕਰਨ ਲਈ ਪ੍ਰੇਰਿਆ।ਡਾਇਰੈਕਟਰ ਡਾ. ਰਾਮ ਮੂਰਤੀ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਸਮਾਜ ਸੇਵਾ ਸੰਬੰਧਿਤ ਕਾਰਜ ਕਰਨ ਲਈ ਪ੍ਰੇਰਿਆ ਤੇ ਕਾਲਜ ਵਿੱਚ ਬਿਤਾਏ ਪਲਾਂ ਨੂੰ ਯਾਦ ਵਜੋਂ ਗ੍ਰਹਿਣ ਕਰਨ ਲਈ ਪ੍ਰੇਰਿਆ।ਇਸ ਮੌਕੇ ਤੇ ਕਾਲਜ ਦੀ ਐੱਸ ਐੱਚ ਡੀ ਕੇ ਐੱਮ ਵੀ ਮਿਸ ਜਸਜੀਤ ਕੌਰ, ਮਿਸ ਏਲੀਗੈਂਟ ਹਰਪ੍ਰੀਤ ਕੌਰ, ਮਿਸ ਸਿਮਰਨਜੀਤ ਕੌਰ ਰੰਨਰ ਅਪ ਆਦੀ ਨੂੰ ਕਾਲਜ ਵੱਲੋਂ ਸਨਮਾਨਤ ਚਿੰਨ ਦਿੱਤੇ ਗਏ ਤੇ ਬੀ ਏ/ਬੀ ਕਾਮ/ਬੀ ਸੀ ਏ ਦੇ ਵਿਦਿਆਰਥੀ ਨੂੰ ਕਾਲਜ ਵੱਲੋਂ ਸਨਮਾਨਤ ਚਿੰਨ ਦਿੱਤਾ ਗਿਆ।